ਸੋਮਵਾਰ, 1 ਜੂਨ, 2026
18 ਜੇਠ { ਨਾਨਕਸ਼ਾਹੀ 558, ਬਿਕਰਮੀ 2083 }
ਜਿਲਦ/VOL. : 74
ਅੰਕ/NO. : 361

ਰੋਜ਼ਾਨਾ
# ਨਵਾਂ ਜ਼ਮਾਨਾ
75 ਜਲੰਧਰ | 1952

You Tube nawan zamana TV

DAILY NAWAN ZAMANA • MONDAY, 1 JUNE, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪ੍ਰੀਖਿਆਰਥੀ ਨਾਲੇ 'ਚ ਡਿੱਗੇ



**ਕਾਨਪੁਰ :** ਉੱਤਰ ਪ੍ਰਦੇਸ਼ ਬੀ ਐੱਡ ਸਾਂਝੀ ਪ੍ਰਵੇਸ਼ ਪ੍ਰੀਖਿਆ ਦੇਣ ਆਏ ਲਗਭਗ ਦੋ ਦਰਜਨ ਉਮੀਦਵਾਰ ਸਲੈਬ ਬੈਠ ਜਾਣ ਕਾਰਨ ਸੀਵਰੇਜ ਨਾਲੇ ਵਿੱਚ ਡਿੱਗ ਗਏ। ਮੈਕਰਾਬਰਟਗੰਜ ਦੇ ਐੱਚ ਐੱਨ ਮਿਸ਼ਰਾ ਪੀ ਜੀ ਕਾਲਜ ਵਿੱਚ ਬਣੇ ਪ੍ਰੀਖਿਆ ਕੇਂਦਰ ਵਿੱਚ ਦਾਖਲ ਹੋਣ ਤੋਂ ਪਹਿਲਾਂ ਉਮੀਦਵਾਰ ਲੋੜੀਂਦੇ ਦਸਤਾਵੇਜ਼ਾਂ ਦੀਆਂ ਕਾਪੀਆਂ ਕਰਾਉਣ ਲਈ ਨੇੜਲੀ ਫੋਟੋ ਕਾਪੀ ਦੀ ਦੁਕਾਨ 'ਤੇ ਗਏ ਸਨ। ਨਾਲੇ ਨੂੰ ਢੱਕਣ ਵਾਲੀ ਪੁਰਾਣੀ ਕੰਕਰੀਟ ਸਲੈਬ ਉਨ੍ਹਾਂ ਦੇ ਭਾਰ ਕਾਰਨ ਦੱਬ ਗਈ ਤੇ ਨਤੀਜੇ ਵਜੋਂ 20 ਤੋਂ 25 ਉਮੀਦਵਾਰ ਸੀਵਰੇਜ ਨਾਲ ਭਰੇ ਨਾਲੇ ਵਿੱਚ ਡਿੱਗ ਗਏ। ਚਾਰ ਦੇ ਸੱਟਾਂ ਲੱਗਈਆਂ, ਜਦਕਿ ਕਈਆਂ ਦੇ ਕੱਪੜੇ, ਕਿਤਾਬਾਂ, ਐਡਮਿਟ ਕਾਰਡ ਅਤੇ ਹੋਰ ਦਸਤਾਵੇਜ਼ ਖਰਾਬ ਹੋ ਗਏ। ਉਮੀਦਵਾਰ ਖੁਸ਼ੀ ਨੇ ਦੱਸਿਆ ਕਿ ਉਮੀਦਵਾਰਾਂ ਨੂੰ ਆਖਰੀ ਸਮੇਂ 'ਤੇ ਸੂਚਿਤ ਕੀਤਾ ਗਿਆ ਸੀ ਕਿ ਉਨ੍ਹਾਂ ਦੇ ਆਧਾਰ ਕਾਰਡਾਂ ਦੀਆਂ ਫੋਟੋ ਕਾਪੀਆਂ ਦੀ ਲੋੜ ਹੈ, ਜਿਸ ਕਾਰਨ ਉਹ ਨੇੜਲੀਆਂ ਦੁਕਾਨਾਂ ਵੱਲ ਭੱਜੇ।

## ਪਠਾਨਕੋਟ-ਪਪਰੋਲਾ ਰੇਲ ਬਹਾਲ

**ਪਠਾਨਕੋਟ :** ਕਾਂਗੜਾ ਵਾਦੀ ਦੇ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ, ਜਦੋਂ ਪਠਾਨਕੋਟ-ਬੈਜਨਾਥ-ਪਪਰੋਲਾ-ਜੋਗਿੰਦਰ ਨਗਰ ਨੈਰੋਗੇਜ ਰੇਲਵੇ ਸੈਕਸ਼ਨ 'ਤੇ ਦੋ ਜੂਨ ਤੋਂ ਰੇਲ ਸੇਵਾ ਬਹਾਲ ਹੋ ਜਾਵੇਗੀ। ਪਠਾਨਕੋਟ ਤੋਂ ਸਵੇਰੇ ਪੰਜ ਵਜੇ ਚੱਲਣ ਵਾਲੀ ਗੱਡੀ ਦੁਪਹਿਰੇ ਪਪਰੋਲਾ ਪੁੱਜੇਗੀ, ਜਦਕਿ ਸਵੇਰੇ 7 ਵਜੇ ਚੱਲਣ ਵਾਲੀ ਗੱਡੀ ਬਾਅਦ ਦੁਪਹਿਰ 1.40 ਵਜੇ ਪਪਰੋਲਾ ਪੁੱਜੇਗੀ।

## ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਅੱਜ

**ਚੰਡੀਗੜ੍ਹ :** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਕ ਜੂਨ ਨੂੰ ਮੁੜ ਤੋਂ ਮੰਤਰੀ ਮੰਡਲ ਦੀ ਮੀਟਿੰਗ ਸੱਦ ਲਈ ਹੈ। ਇਹ ਮੀਟਿੰਗ 1 ਜੂਨ ਨੂੰ ਦੁਪਹਿਰ 12 ਵਜੇ ਚੰਡੀਗੜ੍ਹ ਸਥਿਤ ਮੁੱਖ ਮੰਤਰੀ ਦੀ ਸਰਕਾਰੀ ਰਿਹਾਇਸ਼ ਉੱਤੇ ਹੋਵੇਗੀ।

## ਬਿੱਟੂ ਨੇ ਮੰਗੀ ਮੁਆਫੀ

**ਅੰਮ੍ਰਿਤਸਰ :** ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਨਗਰ ਕੌਂਸਲ ਚੋਣਾਂ ਦੌਰਾਨ ਐੱਸ ਸੀ ਭਾਈਚਾਰੇ ਬਾਰੇ ਕਹੇ ਗਏ ਕਥਿਤ ਇਤਰਾਜ਼ਯੋਗ ਸ਼ਬਦਾਂ ਲਈ ਇੱਥੇ ਭਾਈਚਾਰੇ, ਐੱਸ ਸੀ ਕਮਿਸ਼ਨ, ਵੱਖ-ਵੱਖ ਜਥੇਬੰਦੀਆਂ ਅਤੇ ਸੰਤਾਂ-ਮਹਾਂਪੁਰਸ਼ਾਂ ਕੋਲੋਂ ਜਨਤਕ ਤੌਰ 'ਤੇ ਮੁਆਫੀ ਮੰਗੀ ਹੈ। ਜ਼ਰੂਰਤ ਪਈ ਤਾਂ ਉਹ ਐੱਸ ਸੀ ਕਮਿਸ਼ਨ ਅੱਗੇ ਪੱਖ ਰੱਖਣਗੇ ਅਤੇ ਮੁਆਫੀ ਮੰਗਣਗੇ।

# ਜੇ ਭਾਰਤ ਨੇ ਸਾਡੇ ਇਲਾਕੇ ਦੱਬੇ ਤਾਂ ਅਸੀਂ ਵੀ ਦੱਬੇ ਹਨ : ਬਾਲੇਨ ਸ਼ਾਹ

### ਸਰਹੱਦੀ ਵਿਵਾਦ ਹੱਲ ਕਰਨ ਲਈ ਬ੍ਰਿਟੇਨ ਨੂੰ ਵੀ ਵਿੱਚ ਪਾਉਣ 'ਤੇ ਜ਼ੋਰ



**ਕਠਮੰਡੂ (ਨਵਾਂ ਜ਼ਮਾਨਾ ਸਰਵਿਸ)**

ਨੇਪਾਲ ਦੇ ਪ੍ਰਧਾਨ ਮੰਤਰੀ ਬਾਲੇਨ ਸ਼ਾਹ ਨੇ ਭਾਰਤ-ਨੇਪਾਲ ਸਰਹੱਦੀ ਵਿਵਾਦ 'ਤੇ ਵੱਡਾ ਬਿਆਨ ਦਿੰਦਿਆਂ ਕਿਹਾ ਕਿ ਭਾਰਤ ਨੇ ਹੀ ਨੇਪਾਲੀ ਜ਼ਮੀਨ 'ਤੇ ਕਬਜ਼ਾ ਨਹੀਂ ਕੀਤਾ, ਨੇਪਾਲ ਨੇ ਵੀ ਕਈ ਭਾਰਤੀ ਇਲਾਕਿਆਂ 'ਤੇ ਕਬਜ਼ਾ ਕੀਤਾ ਹੈ।

ਐਤਵਾਰ ਸੰਸਦ ਵਿੱਚ ਇੱਕ ਸਵਾਲ ਦੇ ਜਵਾਬ ਵਿੱਚ ਸ਼ਾਹ ਨੇ ਕਿਹਾ, 'ਮੈਨੂੰ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਇਸ ਬਾਰੇ ਪਤਾ ਲੱਗਾ। ਦੋਵਾਂ ਦੇਸ਼ਾਂ ਨੂੰ ਇਕੱਠੇ ਬੈਠ ਕੇ ਇਸ ਮਾਮਲੇ ਦੀ ਜਾਂਚ ਕਰਨੀ ਚਾਹੀਦੀ ਹੈ।'

ਲਿਪੁਲੇਖ ਅਤੇ ਲਿੰਪੀਆਧੁਰਾ ਰਾਹੀਂ ਭਾਰਤ ਅਤੇ ਚੀਨ ਵਿਚਕਾਰ ਵਪਾਰ ਬਾਰੇ ਇੱਕ ਸਵਾਲ ਦੇ ਜਵਾਬ ਵਿੱਚ ਸ਼ਾਹ ਨੇ ਕਿਹਾ ਕਿ ਵਿਵਾਦਾਂ ਨੂੰ ਕੂਟਨੀਤਕ ਗੱਲਬਾਤ ਰਾਹੀਂ ਹੱਲ ਕੀਤਾ ਜਾਵੇਗਾ।

ਉਨ੍ਹਾ ਕਿਹਾ ਕਿ ਨੇਪਾਲ ਪਹਿਲਾਂ ਹੀ ਭਾਰਤ ਨੂੰ ਇੱਕ ਅਧਿਕਾਰਤ ਕੂਟਨੀਤਕ ਨੋਟ ਭੇਜ ਚੁੱਕਾ ਹੈ ਅਤੇ ਭਾਰਤ ਤੋਂ ਜਵਾਬ ਵੀ ਪ੍ਰਾਪਤ ਹੋਇਆ ਹੈ। ਉਨ੍ਹਾ ਕਿਹਾ ਕਿ ਸਰਹੱਦੀ ਵਿਵਾਦ ਬਾਰੇ ਨਾ ਸਿਰਫ ਭਾਰਤ ਅਤੇ ਚੀਨ ਨਾਲ, ਸਗੋਂ ਬ੍ਰਿਟੇਨ ਨਾਲ ਵੀ ਚਰਚਾ ਕੀਤੀ ਗਈ ਹੈ।

ਸ਼ਾਹ ਨੇ ਕਿਹਾ ਕਿ ਨੇਪਾਲ ਦਾ ਮੰਨਣਾ ਹੈ ਕਿ ਬ੍ਰਿਟੇਨ ਨੂੰ ਵੀ ਇਸ ਮੁੱਦੇ ਵਿੱਚ ਦਿਲਚਸਪੀ ਲੈਣੀ ਚਾਹੀਦੀ ਹੈ, ਕਿਉਂਕਿ ਇਸ ਦੀਆਂ ਜੜ੍ਹਾਂ ਉਸ ਸਮੇਂ ਵਿੱਚ ਹਨ, ਜਦੋਂ ਅੰਗਰੇਜ਼ਾਂ ਦਾ ਰਾਜ ਸੀ।

ਕਠਮੰਡੂ ਦੇ ਮੇਅਰ ਵਜੋਂ ਸੇਵਾ ਨਿਭਾਉਂਦੇ ਹੋਏ ਬਾਲੇਨ ਸ਼ਾਹ ਨੇ ਆਪਣੇ ਦਫਤਰ ਵਿੱਚ ਗ੍ਰੇਟਰ ਨੇਪਾਲ ਦਾ ਇੱਕ ਨਕਸ਼ਾ ਪ੍ਰਦਰਸ਼ਤ ਕੀਤਾ ਸੀ। ਇਸ ਵਿੱਚ ਹਿਮਾਚਲ ਪ੍ਰਦੇਸ਼ ਦੇ ਪੱਛਮੀ ਕਾਂਗੜਾ ਤੋਂ ਪੱਛਮੀ ਬੰਗਾਲ ਵਿੱਚ ਪੂਰਬੀ ਤੀਸਤਾ ਨਦੀ ਤੱਕ ਦੇ ਖੇਤਰ ਨੂੰ ਗ੍ਰੇਟਰ ਨੇਪਾਲ ਦੇ ਹਿੱਸੇ ਵਜੋਂ • ਬਾਕੀ ਸਫਾ 2 'ਤੇ

## ਸਰਕਾਰ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਦੀਆਂ ਮੰਗਾਂ ਫੌਰੀ ਮੰਨੇ : ਬਰਾੜ, ਧਾਲੀਵਾਲ



**ਜਲੰਧਰ (ਨਵਾਂ ਜ਼ਮਾਨਾ ਸਰਵਿਸ)**-ਮਜ਼ਦੂਰਾਂ, ਮੁਲਾਜ਼ਮਾਂ ਤੇ ਕਿਰਤੀਆਂ ਦੀ ਸਿਰਮੌਰ ਜਥੇਬੰਦੀ ਏਟਕ ਦੇ ਪੰਜਾਬ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਪੰਜਾਬ ਸਰਕਾਰ 'ਤੇ ਜ਼ੋਰ ਪਾਇਆ ਹੈ ਕਿ ਸੇਵਾ ਕੇਂਦਰ ਮੁਲਾਜ਼ਮਾਂ ਦੀਆਂ ਮੰਗਾਂ ਦਾ ਫੌਰੀ ਤੌਰ 'ਤੇ ਨਿਪਟਾਰਾ ਕੀਤਾ ਜਾਵੇ। ਮੁਲਾਜ਼ਮ ਅਣਮਿਥੇ ਸਮੇਂ ਲਈ ਹੜਤਾਲ 'ਤੇ ਹਨ ਅਤੇ ਆਮ ਲੋਕਾਂ ਦੀ ਖੱਜਲਖੁਆਰੀ ਹੋ ਰਹੀ ਹੈ। ਮੁਲਾਜ਼ਮਾਂ ਦੀ ਮੰਗ ਹੈ ਕਿ ਠੇਕੇਦਾਰੀ ਖਤਮ ਕਰਕੇ ਉਹਨਾਂ ਨੂੰ ਰੈਗੂਲਰ ਮੁਲਾਜ਼ਮ ਬਣਾਇਆ ਜਾਵੇ। ਆਗੂਆਂ ਕਿਹਾ ਕਿ ਬੜੀ ਹੈਰਾਨੀ ਹੈ ਕਿ ਸੇਵਾ ਕੇਂਦਰ ਦੇ ਕੁਝ ਮੁਲਾਜ਼ਮਾਂ ਨੂੰ 11-11 ਮਹੀਨੇ ਤੋਂ ਤਨਖਾਹ ਨਹੀਂ ਦਿੱਤੀ ਗਈ। ਜਿਹੜੇ ਮੁਲਾਜ਼ਮ ਘਰ-ਘਰ ਜਾ ਕੇ ਸੇਵਾਵਾਂ ਦਿੰਦੇ ਹਨ, ਉਨ੍ਹਾਂ ਨੂੰ ਵਕਤ ਸਿਰ ਟੀ ਏ ਨਹੀਂ ਮਿਲਦਾ। ਆਮ ਹੀ ਮੁਲਾਜ਼ਮਾਂ ਨੂੰ ਪ੍ਰਾਈਵੇਟ ਕੰਪਨੀਆਂ ਸਮੇਂ ਸਿਰ ਤਨਖਾਹ ਨਹੀਂ ਦਿੰਦੀਆਂ। ਸੇਵਾ ਕੇਂਦਰਾਂ ਦੇ ਮੁਲਾਜ਼ਮ ਕੋਈ ਵੱਡੇ ਸ਼ਾਹੂਕਾਰਾਂ ਦੇ ਪੁੱਤ ਨਹੀਂ ਹਨ, ਉਹ ਗਰੀਬ ਘਰਾਂ ਦੇ ਬੇਰੁਜ਼ਗਾਰ ਨੌਜਵਾਨ ਮੁੰਡੇ-ਕੁੜੀਆਂ ਹਨ। ਇਨ੍ਹਾਂ ਗਰੀਬਾਂ ਦੇ ਘਰ ਲੱਕ ਤੋੜਵੀਂ ਮਹਿੰਗਾਈ ਵਿੱਚ ਕਿਸ ਤਰ੍ਹਾਂ ਚਲਦੇ ਹੋਣਗੇ।ਆਗੂਆਂ ਕਿਹਾ ਕਿ ਬਹੁਤ ਹੀ ਚਿੰਤਾ ਵਾਲਾ ਮਸਲਾ ਹੈ ਕਿ ਮਹਿੰਗਾਈ ਦੇ ਦੌਰ ਵਿੱਚ ਸੇਵਾ ਕੇਂਦਰਾਂ ਦੇ ਮੁਲਾਜ਼ਮ 10-10 ਸਾਲ ਤੋਂ ਨਿਗੂਣੀ ਜਿਹੀ ਤਨਖਾਹ 'ਤੇ ਕੰਮ ਕਰ ਰਹੇ • ਬਾਕੀ ਸਫਾ 2 'ਤੇ

## ਮੋਦੀ ਤਾਨਾਸ਼ਾਹੀ ਰਾਜ ਕਾਇਮ ਕਰਨ ਵੱਲ : ਬਰਾੜ

### ਕੇਂਦਰ ਪੰਜਾਬ ਦੇ ਬੁਨਿਆਦੀ ਮਸਲੇ ਤੁਰੰਤ ਹੱਲ ਕਰੇ : ਅਰਸ਼ੀ




**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਮੋਦੀ ਸਰਕਾਰ ਵੱਲੋਂ ਈ ਡੀ, ਸੀ ਬੀ ਆਈ, ਹੋਰ ਜਾਂਚ ਏਜੰਸੀਆਂ ਅਤੇ ਭਾਰਤੀ ਚੋਣ ਕਮਿਸ਼ਨ ਦੀ ਦੁਰਵਰਤੋਂ ਕਰਕੇ ਜਿਸ ਤਰ੍ਹਾਂ ਦੇਸ਼ ਦੇ ਸੰਵਿਧਾਨ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ ਅਤੇ ਤਾਨਾਸ਼ਾਹੀ ਰਾਜ ਸਥਾਪਤ ਕੀਤਾ ਜਾ ਰਿਹਾ ਹੈ, ਉਹ ਸਾਰੇ ਦੇਸ਼ ਵਾਸੀਆਂ ਲਈ ਇੱਕ ਬਹੁਤ ਵੱਡੀ ਚੁਣੌਤੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਅਤੇ ਪਾਰਟੀ ਦੇ ਸਾਬਕਾ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਐਤਵਾਰ ਸਥਾਨਕ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਭਵਨ ਵਿਖੇ ਪਾਰਟੀ ਦੀ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਕੀਤਾ।

ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਕਿਹਾ ਕਿ ਮੋਦੀ ਸਰਕਾਰ ਨੇ ਕਾਰਪੋਰੇਟ ਸੈਕਟਰ ਦੇ ਦਬਾਅ ਹੇਠ ਆਪਣੇ 12 ਸਾਲਾਂ ਦੇ ਰਾਜ ਦੌਰਾਨ ਬੇਰੁਜ਼ਗਾਰੀ ਅਤੇ ਮਹਿੰਗਾਈ ਵਿੱਚ ਰਿਕਾਰਡ ਤੋੜ ਵਾਧਾ ਕੀਤਾ ਹੈ। ਇਸ ਕਾਰਨ ਮਜ਼ਦੂਰਾਂ ਅਤੇ ਛੋਟੇ ਕਾਰੋਬਾਰੀਆਂ ਲਈ ਘਰ ਦਾ ਗੁਜ਼ਾਰਾ ਚਲਾਉਣਾ ਵੀ ਮੁਸ਼ਕਲ ਹੋ ਗਿਆ ਹੈ। ਉਨ੍ਹਾ ਦੋਸ਼ ਲਾਇਆ ਕਿ ਲੋਕਾਂ ਦੀ ਵਧ ਰਹੀ ਬੇਚੈਨੀ ਤੋਂ ਧਿਆਨ ਭਟਕਾਉਣ ਲਈ ਦੇਸ਼ ਵਿੱਚ ਫਿਰਕੂ ਜ਼ਹਿਰ ਘੋਲਿਆ ਜਾ ਰਿਹਾ ਹੈ, ਜਿਸ ਦੀ ਮਿਸਾਲ ਭਾਜਪਾ ਸ਼ਾਸਿਤ ਰਾਜਾਂ ਵਿੱਚ ਬਕਰੀਦ ਮੌਕੇ ਮੁਸਲਿਮ ਭਾਈਚਾਰੇ 'ਤੇ ਲਾਈਆਂ ਪਾਬੰਦੀਆਂ ਤੋਂ ਮਿਲਦੀ ਹੈ। ਉਨ੍ਹਾ ਕਿਹਾ ਕਿ ਕੇਂਦਰ ਵੱਲੋਂ ਦੇਸ਼ ਦੇ ਸੰਘੀ (ਫੈਡਰਲ) ਢਾਂਚੇ ਨੂੰ ਖ਼ਤਮ ਕਰਨ ਦੀਆਂ • ਬਾਕੀ ਸਫਾ 2 'ਤੇ

## ਪਾਵਰ ਸੈਕਟਰ ਨੂੰ ਨਿੱਜੀ ਹੱਥਾਂ 'ਚ ਦੇਣ ਦੇ ਇਰਾਦੇ ਦੇਸ਼ ਲਈ ਘਾਤਕ

### ਸਮਾਰਟ ਮੀਟਰ ਲਗਾਉਣ ਦੀ ਨੀਤੀ ਨਿੱਜੀਕਰਨ ਨੂੰ ਬੜ੍ਹਾਵਾ ਦੇਣ ਵਾਲੀ : ਮੋਹਨ ਸ਼ਰਮਾ




**ਤ੍ਰਿਸੂਰ (ਨਵਾਂ ਜ਼ਮਾਨਾ ਸਰਵਿਸ)**

ਕੁੱਲ ਹਿੰਦ ਬਿਜਲੀ ਫੈਡਰੇਸ਼ਨ ਦੇ ਸੈਂਟਰਲ ਅਹੁਦੇਦਾਰਾਂ ਦੀ ਮੀਟਿੰਗ ਵਰਕਿੰਗ ਪ੍ਰਧਾਨ ਸ਼ਮੀਮਉਲਾ ਖਾਨ ਦੀ ਪ੍ਰਧਾਨਗੀ ਹੇਠ ਕੇਰਲਮ ਦੇ ਸ਼ਹਿਰ ਤ੍ਰਿਸੂਰ 'ਚ ਏ ਐੱਨ ਰਾਜਨ ਹਾਲ ਵਿੱਚ ਹੋਈ। ਮੀਟਿੰਗ ਦੇ ਸ਼ੁਰੂ ਵਿੱਚ ਬਿਜਲੀ ਫੈਡਰੇਸ਼ਨ ਨਾਲ ਸੰਬੰਧਤ ਵਿਛੋੜਾ ਦੇ ਚੁੱਕੇ ਸਾਬਕਾ ਪ੍ਰਧਾਨ ਗੁਰਨਾਮ ਸਿੰਘ ਗਿੱਲ ਅਤੇ ਹੋਰ ਆਗੂਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ । ਮੀਟਿੰਗ ਦਾ ਏਜੰਡਾ ਫੈਡਰੇਸ਼ਨ ਦੇ ਜਨਰਲ ਸਕੱਤਰ ਮੋਹਨ ਸ਼ਰਮਾ • ਬਾਕੀ ਸਫਾ 2 'ਤੇ

## ਪੰਜਾਬ ਨੂੰ ਦੇਸ਼ ਦਾ ਮੋਹਰੀ ਸਿੱਖਿਆ ਕੇਂਦਰ ਬਣਾਵਾਂਗੇ : ਮਾਨ




**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**

ਪੰਜਾਬ ਦੇ ਸਿੱਖਿਆ ਢਾਂਚੇ ਵਿੱਚ ਇਨਕਲਾਬੀ ਬਦਲਾਅ ਲਿਆਉਣ ਦੇ ਚਾਰ ਸਾਲਾਂ ਬਾਅਦ ਭਗਵੰਤ ਸਿੰਘ ਮਾਨ ਸਰਕਾਰ ਹੁਣ ਵੱਡੇ ਟੀਚੇ 'ਤੇ ਨਜ਼ਰਾਂ ਟਿਕਾਈ ਬੈਠੀ ਹੈ। ਇਸ ਟੀਚੇ ਤਹਿਤ ਪੰਜਾਬ ਨੂੰ ਦੇਸ਼ ਦਾ ਮੋਹਰੀ ਸਿੱਖਿਆ ਕੇਂਦਰ ਬਣਾਉਣਾ ਅਤੇ ਇਸ ਪੁਰਾਤਨ ਧਾਰਨਾ ਨੂੰ ਬਦਲਣਾ ਦੇਣਾ ਹੈ ਕਿ ਮਿਆਰੀ ਸਿੱਖਿਆ ਸਿਰਫ ਵਿਦੇਸ਼ਾਂ ਵਿੱਚ ਹੀ ਮਿਲ ਸਕਦੀ ਹੈ।

ਕੌਮੀ ਸਿੱਖਿਆ ਰੈਂਕਿੰਗ ਵਿੱਚ ਕੇਰਲ ਨੂੰ ਪਛਾੜ ਕੇ ਪੰਜਾਬ ਵੱਲੋਂ ਵੱਡੀ ਪੁਲਾਂਘ ਪੁੱਟਣ, ਬੋਰਡ ਟੌਪਰਾਂ ਵਿੱਚ ਲੜਕੀਆਂ ਦੇ ਵਧਦੇ ਦਬਦਬੇ ਅਤੇ ਜੇ ਈ ਈ ਮੇਨ ਵਿੱਚ ਸਰਕਾਰੀ ਸਕੂਲਾਂ ਦੇ 359 ਵਿਦਿਆਰਥੀਆਂ ਦੀ ਸਫਲਤਾ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੀ 'ਸਿੱਖਿਆ ਕ੍ਰਾਂਤੀ' ਦੇ ਜ਼ਮੀਨੀ ਪੱਧਰ 'ਤੇ ਸਾਰਥਕ ਨਤੀਜੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ। ਐਤਵਾਰ ਇੱਥੇ ਟੈਗੋਰ • ਬਾਕੀ ਸਫਾ 2 'ਤੇ




| ਲੜੀ ਨੰਬਰ | ਖੇਤਰ | ਤੋਂ | ਤੱਕ | ਬਿਜਲੀ ਦੀ ਸਪਲਾਈ |
|---|---|---|---|---|
| 1 | ਸਾਰੇ ਪੰਜਾਬ ਵਿੱਚ ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ) | 15 ਮਈ, 2026 | 31 ਮਈ, 2026 | ਘੱਟੋ-ਘੱਟ 8 ਘੰਟੇ ਰੋਜ਼ਾਨਾ |
| 2 | ਗੁਰਦਾਸਪੁਰ, ਪਠਾਨਕੋਟ, ਸ੍ਰੀ ਅੰਮ੍ਰਿਤਸਰ ਸਾਹਿਬ, ਤਰਨ ਤਾਰਨ, ਰੂਪਨਗਰ, ਐਸ.ਏ.ਐਸ. ਨਗਰ (ਮੋਹਾਲੀ), ਸ੍ਰੀ ਫ਼ਤਹਿਗੜ੍ਹ ਸਾਹਿਬ ਅਤੇ ਹੁਸ਼ਿਆਰਪੁਰ | 01 ਜੂਨ, 2026 | ਫ਼ਸਲ ਪੱਕਣ ਤੱਕ | ਘੱਟੋ-ਘੱਟ 8 ਘੰਟੇ ਰੋਜ਼ਾਨਾ |
| 3 | ਫ਼ਰੀਦਕੋਟ, ਬਠਿੰਡਾ, ਫ਼ਿਰੋਜ਼ਪੁਰ, ਸ੍ਰੀ ਮੁਕਤਸਰ ਸਾਹਿਬ, ਫ਼ਾਜ਼ਿਲਕਾ | 05 ਜੂਨ, 2026 | ਫ਼ਸਲ ਪੱਕਣ ਤੱਕ | ਘੱਟੋ-ਘੱਟ 8 ਘੰਟੇ ਰੋਜ਼ਾਨਾ |
| 4 | ਲੁਧਿਆਣਾ, ਮਾਲੇਰਕੋਟਲਾ, ਮਾਨਸਾ, ਮੋਗਾ, ਪਟਿਆਲਾ, ਸੰਗਰੂਰ, ਬਰਨਾਲਾ, ਕਪੂਰਥਲਾ, ਜਲੰਧਰ ਅਤੇ ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ) | 09 ਜੂਨ, 2026 | ਫ਼ਸਲ ਪੱਕਣ ਤੱਕ | ਘੱਟੋ-ਘੱਟ 8 ਘੰਟੇ ਰੋਜ਼ਾਨਾ |

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

## ਡਾ. ਕਲਾਮ ਇੰਟਰਨੈਸ਼ਨਲ ਸਕੂਲ 'ਚ ਦੁੱਧ ਦਿਵਸ ਧੂਮਧਾਮ ਨਾਲ ਮਨਾਇਆ




**ਬਾਘਾ ਪੁਰਾਣਾ** (ਮਨੀ ਸਿੰਗਲਾ)-ਇਲਾਕੇ ਦੀ ਪ੍ਰਸਿੱਧ ਸਿੱਖਿਆ ਸੰਸਥਾ ਡਾ. ਕਲਾਮ ਇੰਟਰਨੈਸ਼ਨਲ ਸਕੂਲ ਵਿਖੇ ਦੁੱਧ ਦਿਵਸ ਬੜੀ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਭਾਗ ਲੈ ਕੇ ਇਸ ਦਿਨ ਨੂੰ ਯਾਦਗਾਰ ਬਣਾਇਆ।ਪ੍ਰੋਗਰਾਮ ਦੌਰਾਨ ਸਕੂਲ ਦੀ ਪ੍ਰਿੰਸੀਪਲ ਗੁਰਪ੍ਰੀਤ ਸ਼ਰਮਾ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੁੱਧ ਇੱਕ ਸੰਪੂਰਨ ਖੁਰਾਕ ਹੈ।ਉਨ੍ਹਾਂ ਦੱਸਿਆ ਕਿ ਦੁੱਧ ਵਿੱਚ ਕੈਲਸ਼ੀਅਮ, ਪ੍ਰੋਟੀਨ ਤੇ ਵੱਖ-ਵੱਖ ਪ੍ਰਕਾਰ ਦੇ ਵਿਟਾਮਿਨ ਭਰਪੂਰ ਮਾਤਰਾ ਵਿੱਚ ਹੁੰਦੇ ਹਨ, ਜੋ ਸਰੀਰ ਦੀ ਵਾਧ ਤੇ ਵਿਕਾਸ ਲਈ ਬਹੁਤ ਜ਼ਰੂਰੀ ਹਨ।ਉਨ੍ਹਾਂ ਕਿਹਾ ਕਿ ਦੁੱਧ ਪੀਣ ਨਾਲ ਹੱਡੀਆਂ ਤੇ ਦੰਦ ਮਜ਼ਬੂਤ ਹੁੰਦੇ ਹਨ ਤੇ ਬੱਚਿਆਂ ਨੂੰ ਰੋਜ਼ਾਨਾ ਆਪਣੀ ਖੁਰਾਕ ਵਿੱਚ ਦੁੱਧ ਸ਼ਾਮਲ ਕਰਨਾ ਚਾਹੀਦਾ ਹੈ।ਇਸ ਮੌਕੇ ਵਿਦਿਆਰਥੀਆਂ ਵੱਲੋਂ ਦੁੱਧ ਤੋਂ ਬਣੀਆਂ ਵਸਤਾਂ ਜਿਵੇਂ ਪਨੀਰ, ਦਹੀਂ, ਲੱਸੀ ਤੇ ਖੋਏ ਦੀ ਸੁੰਦਰ ਪ੍ਰਦਰਸ਼ਨੀ ਲਗਾਈ ਗਈ।ਬੱਚਿਆਂ ਨੇ ਰੰਗ-ਬਿਰੰਗੇ ਪੋਸਟਰ ਤੇ ਚਾਰਟ ਤਿਆਰ ਕਰਕੇ ਰੋਜ਼ ਦੁੱਧ ਪੀਓ, ਤੰਦਰੁਸਤ ਰਹੋ ਵਰਗੇ ਸਲੋਗਨ ਰਾਹੀਂ ਜਾਗਰੂਕਤਾ ਫੈਲਾਈ।ਇਸ ਤੋਂ ਇਲਾਵਾ ਕਈ ਵਿਦਿਆਰਥੀਆਂ ਨੇ ਦੁੱਧ ਦੀ ਮਹੱਤਤਾ 'ਤੇ ਕਵਿਤਾਵਾਂ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ।ਅਧਿਆਪਕਾਂ ਵੱਲੋਂ ਬੱਚਿਆਂ ਨੂੰ ਡੇਅਰੀ ਫਾਰਮ ਤੋਂ ਲੈ ਕੇ ਦੁੱਧ ਦੀ ਪੈਕਿੰਗ ਤੱਕ ਦੀ ਪੂਰੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਤੇ ਨਾਲ ਹੀ ਬੱਚਿਆਂ ਨੂੰ ਮਿਲਾਵਟੀ ਦੁੱਧ ਤੋਂ ਸਾਵਧਾਨ ਰਹਿਣ ਦੀ ਵੀ ਸਲਾਹ ਦਿੱਤੀ ਗਈ।ਛੋਟੇ ਬੱਚਿਆਂ ਲਈ ਦੁੱਧ ਪੀਣ ਦਾ ਰੌਚਕ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਮੈਨੇਜਮੈਂਟ ਵੱਲੋਂ ਸਾਰੇ ਬੱਚਿਆਂ ਨੂੰ ਦੁੱਧ ਦੇ ਗਲਾਸ ਵੰਡੇ ਗਏ ਤੇ ਰੋਜ਼ਾਨਾ ਇੱਕ ਗਲਾਸ ਦੁੱਧ ਪੀਣ ਦਾ ਸੁਨੇਹਾ ਦਿੱਤਾ ਗਿਆ।ਇਸ ਮੌਕੇ ਮਾਪਿਆਂ ਨੇ ਸਕੂਲ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਬੱਚਿਆਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਵਿੱਚ ਮਦਦਗਾਰ ਸਾਬਿਤ ਹੁੰਦੇ ਹਨ।

# ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਕਮਿਸ਼ਨ ਵਚਨਬੱਧ : ਜਤਿੰਦਰ ਸ਼ੰਟੀ

**ਭੈਣੀ ਬੜਿੰਗਾਂ 'ਚ ਮਨੁੱਖੀ ਅਧਿਕਾਰ ਕਮਿਸ਼ਨ ਨੇ ਸੁਣੀਆਂ ਲੋਕਾਂ ਦੀਆਂ ਸ਼ਿਕਾਇਤਾਂ**



**ਜਗਰਾਉਂ** (ਨਛੱਤਰ ਸੰਧੂ)-ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਪੂਰੀ ਤਰ੍ਹਾਂ ਵਚਨਬੱਧ ਤੇ ਯਤਨਸ਼ੀਲ ਹੈ।ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਸੂਰਤ ਵਿਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਰਾਜ ਅੰਦਰ ਮਨੁੱਖੀ ਅਧਿਕਾਰਾਂ ਦੀ ਰੱਖਿਆ ਤੇ ਉਲੰਘਣਾ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਨਿਰੰਤਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮੈਂਬਰ ਪੰਜਾਬ ਰਾਜ ਤੇ ਚੰਡੀਗੜ੍ਹ (ਯੂ.ਟੀ) ਮਨੁੱਖੀ ਅਧਿਕਾਰ ਕਮਿਸ਼ਨ ਜਤਿੰਦਰ ਸਿੰਘ ਸ਼ੰਟੀ (ਪਦਮਸ਼੍ਰੀ ਐਵਾਰਡੀ) ਨੇ ਗੁਰਦੁਆਰਾ ਸਿੱਧਸਰ, ਪਿੰਡ ਭੈਣੀ ਬੜਿੰਗਾਂ ਵਿਖੇ ਖੁੱਲ੍ਹੀ ਸੁਣਵਾਈ ਕੈਂਪ ਵਿੱਚ ਸ਼ਿਰਕਤ ਕਰਦਿਆਂ ਕੀਤਾ। ਕੈਂਪ ਦੀ ਪ੍ਰਧਾਨਗੀ ਕਰਦਿਆਂ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਹੈ ਕਿ ਹਰ ਨਾਗਰਿਕ ਨੂੰ ਸੰਵਿਧਾਨ ਅਨੁਸਾਰ ਪ੍ਰਾਪਤ ਮੌਲਿਕ ਅਧਿਕਾਰਾਂ ਦੀ ਪੂਰੀ ਸੁਰੱਖਿਆ ਮਿਲੇ ਤੇ ਕਿਸੇ ਵੀ ਤਰ੍ਹਾਂ ਦਾ ਅਨਿਆਂ ਨਾ ਹੋਵੇ।ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਮੁਲਜ਼ਮਾ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇਗੀ।ਉਨ੍ਹਾਂ ਪ੍ਰਸ਼ਾਸਨ ਤੇ ਪੁਲਸ ਵਿਭਾਗ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੇ ਮੱਦੇਨਜ਼ਰ ਹੁਣ ਤੱਕ ਕੀਤੇ ਗਏ ਕਾਰਜਾਂ ਦੀ ਜਿੱਥੇ ਸਮੀਖਿਆ ਕੀਤੀ, ਉਥੇ ਹੀ ਉਨ੍ਹਾਂ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੰਦਿਆਂ ਮਨੁੱਖੀ ਅਧਿਕਾਰਾਂ ਨੂੰ ਹੋਰ ਬਿਹਤਰ ਬਣਾਉਣ ਲਈ ਸੁਝਾਅ ਵੀ ਲਏ।ਸ੍ਰੀ ਸ਼ੰਟੀ ਨੇ ਇਹ ਵੀ ਦੱਸਿਆ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਪਿਛਲੇ ਸਮੇਂ ਦੌਰਾਨ ਐਡਵਾਈਜਰੀ ਜਾਰੀ ਕੀਤੀਆਂ ਗਈਆਂ ਹਨ, ਜਿਸ ਤਹਿਤ ਕੋਈ ਵੀ ਹਸਪਤਾਲ ਮਰੀਜ਼ ਦੀ ਮੌਤ ਉਪਰੰਤ ਲਾਸ਼ ਨੂੰ ਹਸਪਤਾਲ ਦਾ ਬਿੱਲ ਨਾ ਦੇਣ ਦੇ ਮਾਮਲਿਆਂ ਵਿੱਚ ਲਾਸ਼ ਨੂੰ ਰੱਖ ਨਹੀਂ ਸਕਦਾ ਤੇ ਸਬੰਧਤ ਪਰਵਾਰ ਨੂੰ ਮ੍ਰਿਤਕ ਦੀ ਲਾਸ਼ ਦੇਣੀ ਲਾਜ਼ਮੀ ਕੀਤੀ ਗਈ ਹੈ।ਸਿਹਤ ਸੇਵਾਵਾਂ ਸਬੰਧੀ ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਜਾਰੀ ਅਡਵਾਈਜਰੀ ਦੇ ਬੋਰਡ ਹਸਪਤਾਲਾਂ ਵਿੱਚ ਲਵਾਉਣੇ ਹੋਣਗੇ।ਉਨ੍ਹਾਂ ਹਸਪਤਾਲਾਂ ਵਿੱਚ ਸਾਫ਼ ਸਫਾਈ ਵਿਵਸਥਾ ਨੂੰ ਹੋਰ ਬਿਹਤਰ ਬਣਾਉਣ ਲਈ ਕਿਹਾ ਗਿਆ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਸਫ਼ਾਈ ਕ੍ਰਮਚਾਰੀਆਂ ਦੀ ਭਲਾਈ ਲਈ ਵੀ ਐਡਵਾਈਜਰੀ ਜਾਰੀ ਕੀਤੀ ਗਈ ਹੈ, ਜਿਸ ਤਹਿਤ ਠੇਕੇਦਾਰਾਂ ਲਈ ਇਹ ਲਾਜ਼ਮੀ ਕੀਤਾ ਗਿਆ ਹੈ ਕਿ ਉਹ ਸਫ਼ਾਈ ਕ੍ਰਮਚਾਰੀਆਂ ਨੂੰ ਦਸਤਾਨੇ, ਕੱਪੜੇ, ਮਾਸਕ ਤੇ ਬੀਮਾ ਮੁਹੱਈਆ ਕਰਾਏਗਾ।ਇਸ ਮੌਕੇ ਮੈਂਬਰ ਪੰਜਾਬ ਰਾਜ ਅਤੇ ਚੰਡੀਗੜ੍ਹ (ਯੂ.ਟੀ) ਮਨੁੱਖੀ ਅਧਿਕਾਰ ਕਮਿਸ਼ਨ ਜਤਿੰਦਰ ਸਿੰਘ ਸ਼ੰਟੀ ਨੂੰ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਤੇ ਪਿੰਡਾਂ ਦੇ ਪੰਚਾਂ-ਸਰਪੰਚਾਂ ਅਤੇ ਜ਼ਿਲ੍ਹਾ ਭਰ ਤੋਂ ਆਏ ਵਸਨੀਕਾਂ ਵੱਲੋਂ ਆਪਣੀਆਂ ਮੁਸ਼ਕਲਾਂ ਵੀ ਦੱਸੀਆਂ ਗਈਆਂ, ਜਿਨ੍ਹਾਂ ਨੂੰ ਸਬੰਧਿਤ ਵਿਭਾਗ ਦੇ ਅਧਿਕਾਰੀਆਂ ਵਲੋਂ ਹੱਲ ਕਰਨ ਦਾ ਯਕੀਨ ਦਿਵਾਇਆ ਗਿਆ

## ਪੱਕਾ ਕਾਲੇਵਾਲਾ 'ਚ ਕੁੱਟਮਾਰ ਦੇ ਦੋਸ਼ 'ਚ 5 ਨਾਮਜ਼ਦ

**ਜਲਾਲਾਬਾਦ** (ਜੀਤ ਕੁਮਾਰ)-ਥਾਣਾ ਵੈਰੋਕੇ ਦੀ ਪੁਲਸ ਨੇ ਪਿੰਡ ਪੱਕਾ ਕਾਲੇਵਾਲਾ ਵਿਖੇ ਹੋਈ ਲੜਾਈ ਝਗੜੇ ਦੇ ਸਬੰਧ ਵਿੱਚ 5 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਏ.ਐਸ.ਆਈ. ਮਹਿੰਦਰ ਪਾਲ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਭੋਲਾ ਸਿੰਘ ਪੁੱਤਰ ਬਲੀ ਸਿੰਘ ਵਾਸੀ ਪੱਕਾ ਕਾਲੇਵਾਲਾ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਹਨ ਕਿ 18 ਮਈ ਦੀ ਰਾਤ ਨੂੰ ਕਰੀਬ 9.30 ਵਜੇ ਉਹ ਆਪਣੇ ਪਰਵਾਰ ਸਮੇਤ ਰੋਟੀ ਖਾ ਕੇ ਸੌਣ ਲੱਗਾ ਤਾਂ ਅਚਾਨਕ ਉਨ੍ਹਾਂ ਨੂੰ ਗੇਟ ਦੇ ਕੋਲ ਗਾਲੀ ਗਾਲੀ ਕੱਢਣ ਦੀ ਅਵਾਜ ਸੁਣਾਈ ਦਿੱਤੀ। ਜਦੋਂ ਉਸ ਨੇ ਬਾਹਰ ਆ ਕੇ ਦੇਖਿਆ ਤਾਂ ਗੁਰਪ੍ਰੀਤ ਸਿੰਘ ਉਸ ਨੂੰ ਗਾਲ੍ਹਾਂ ਕੱਢ ਰਿਹਾ ਸੀ, ਜਿਸ ਨੂੰ ਅਜਿਹਾ ਕਰਨ ਤੋਂ ਰੋਕਿਆ ਤਾਂ ਉਸ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਉਸਦੀ ਕੁੱਟਮਾਰ ਕੀਤੀ ਹੈ, ਜਿਸ 'ਤੇ ਥਾਣਾ ਵੈਰੋਕੇ ਵਿਖੇ ਸ਼ਿਕਾਇਤਕਰਤਾ ਭੋਲਾ ਸਿੰਘ ਦੇ ਬਿਆਨਾਂ ਦੇ ਅਧਾਰ ਦੇ ਗੁਰਪ੍ਰੀਤ ਸਿੰਘ, ਸਾਜਨ ਸਿੰਘ, ਜਗਰੂਪ ਸਿੰਘ, ਦਲਜੀਤ ਸਿੰਘ ਅਤੇ ਰਾਜੂ ਸਿੰਘ ਵਾਸੀਆਨ ਪੱਕਾ ਕਾਲੇਵਾਲਾ ਦੇ ਖਿਲਾਫ਼ ਮੁਕੱਦਮਾ ਨੰਬਰ 73 ਮਿਤੀ 30 ਮਈ 2026 ਨੂੰ ਧਾਰਾ 115(2), 118(1), 191(3),190 ਬੀ.ਐਨ.ਐਸ. ਅਧੀਨ ਦਰਜ ਕੀਤਾ ਹੈ।

## ਅੱਜ-ਨਾਮਾ

ਕਦੀ ਵੀ ਹੋਈ ਨਾ ਸਹਿਮਤੀ ਕਿਸੇ ਗੱਲੋਂ,
ਹਰ ਇੱਕ ਬਾਤ ਦਾ ਕੱਢੀਦਾ ਖੋਟ ਮੀਆਂ।
ਨੁਕਤੇ ਦੇਸ਼ ਦੇ ਭਲੇ ਲਈ ਕਹਿਣ ਭਾਵੇਂ,
ਅੰਦਰ ਦੀ ਹੁੰਦੀ ਸੁਆਰਥੀ ਚੋਟ ਮੀਆਂ।
ਕਿਸੇ ਦੀ ਸੋਚ ਦੀ ਸੂਈ ਆ ਟਿਕੀ ਏਥੇ,
ਵਧਦੇ ਕਿੱਦਾਂ ਕੁਝ ਹੋਵਣਗੇ ਵੋਟ ਮੀਆਂ।
ਕਿਸੇ ਦੀ ਰੋਕੀ ਨਾ ਡਿੱਗਦੀ ਲਾਰ ਜਾਂਦੀ,
ਹਰ ਇੱਕ ਗੱਲ ਤੋਂ ਭਾਲਦਾ ਨੋਟ ਮੀਆਂ।
ਨੋਟ, ਵੋਟ, ਕੰਮ ਲੋਟ ਲਈ ਕੁੱਲ ਚੱਕਰ,
ਕਿਹੜੇ ਵਿਚਾਰ ਜਾਂ ਕਿੱਥੇ ਅਸੂਲ ਮੀਆਂ।
ਬਾਕੀ ਬਾਤਾਂ ਨੇ ਸਾਰੀਆਂ ਕਹਿਣ ਖਾਤਰ,
ਲੁਕਵਾਂ ਮਗਰ ਸਵਾਰਥ ਦਾ ਮੂਲ ਮੀਆਂ।

-ਤੀਸ ਮਾਰ ਖਾਂ

## ਨਵੇਂ ਗੈਸ ਕੁਨੈਕਸ਼ਨ ਜਾਰੀ ਕਰਨ ਲਈ ਇੰਡੀਅਨ ਆਇਲ ਕਾਰਪੋਰੇਸ਼ਨ ਨੂੰ ਪੱਤਰ ਲਿਖਿਆ



**ਧੂਰੀ** (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-'ਧੂਰੀ ਵਿਕਾਸ ਮੰਚ' (ਰਜਿ.) ਵੱਲੋਂ ਇੰਡੀਅਨ ਆਇਲ ਕਾਰਪੋਰੇਸ਼ਨ ਦੇ ਅਧਿਕਾਰੀਆਂ ਨੂੰ ਪੱਤਰ ਲਿਖਕੇ ਨਵੇਂ ਗੈਸ ਕੁਨੈਕਸ਼ਨ ਜਾਰੀ ਕਰਨ ਦੀ ਮੰਗ ਕੀਤੀ ਹੈ।ਸੰਸਥਾ ਦੇ ਉਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਪ੍ਰਧਾਨ ਅਮਨ ਗਰਗ, ਜਨਰਲ ਸਕੱਤਰ ਹੰਸ ਰਾਜ ਬਜਾਜ, ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ ਤੇ ਮੈਂਬਰ ਰਾਕੇਸ਼ ਕੁਮਾਰ ਚੀਨੂ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਇੰਡੀਅਨ ਆਇਲ ਕਾਰਪੋਰੇਸ਼ਨ ਵੱਲੋਂ ਨਵੇ ਕੁਨੈਕਸ਼ਨ ਜਾਰੀ ਨਹੀਂ ਕੀਤੇ ਜਾ ਰਹੇ, ਜਿਸ ਕਾਰਨ ਕਈ ਲੋੜਵੰਦ ਲੋਕ ਗੈਸ ਕੁਨੈਕਸ਼ਨਾਂ ਤੋਂ ਵਾਂਝੇ ਹਨ ਤੇ ਉਨ੍ਹਾਂ ਨੂੰ ਆਪਣੀਆਂ ਰਸੋਈ ਦੀਆਂ ਲੋੜਾਂ ਪੂਰਾ ਕਰਨ ਲਈ ਕਥਿਤ ਤਰੀਕੇ ਨਾਲ ਗੈਸ ਸਿਲੰਡਰ ਲੈਣ ਲਈ ਮਜਬੂਰ ਹੋਣਾ ਪੈ ਰਿਹਾ ਹੈ, ਜਿਸ ਕਾਰਨ ਵਾਧੂ ਆਰਥਿਕ ਬੋਝ ਵੀ ਝੱਲਣਾ ਪੈਂਦਾ ਹੈ।ਮੰਚ ਨੇ ਮੰਗ ਪੱਤਰ ਰਾਹੀਂ ਇੰਡੀਅਨ ਆਇਲ ਦੇ ਉੱਚ ਅਧਿਕਾਰੀਆਂ ਨੂੰ ਵਿਸ਼ੇਸ ਕੈਂਪ ਲਵਾ ਕੇ ਨਵੇਂ ਗੈਸ ਕੁਨੈਕਸ਼ਨ ਜਾਰੀ ਕਰਨ ਦੀ ਮੰਗ ਕੀਤੀ ਹੈ।

## ਵਾਰਡ ਨੰਬਰ 10 'ਚ ਕੰਵਲਜੀਤ ਸਿੰਘ ਬਿੱਟੂ ਦੀ ਲਗਾਤਾਰ ਪਕੜ ਕਾਇਮ

**ਦੋਰਾਹਾ** (ਹਰਮਿੰਦਰ ਸੇਠ)-ਨਗਰ ਕੌਂਸਲ ਚੋਣਾਂ 'ਚ ਵਾਰਡ ਨੰਬਰ 10 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕੰਵਲਜੀਤ ਸਿੰਘ ਬਿੱਟੂ ਨੇ ਜਿੱਤ ਦਰਜ ਕਰਕੇ ਸਿਆਸੀ ਪਕੜ ਕਾਇਮ ਰੱਖੀ ਹੈ।ਵਾਰਡ ਦੇ ਲੋਕਾਂ ਨਾਲ ਕਰੀਬੀ ਸਬੰਧ ਤੇ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਸੇਵਾ ਦਾ ਫਲ ਉਨ੍ਹਾਂ ਨੂੰ ਇੱਕ ਵਾਰ ਫਿਰ ਚੋਣ ਨਤੀਜਿਆਂ ਵਿੱਚ ਮਿਲਿਆ।ਜ਼ਿਕਰਯੋਗ ਹੈ ਕਿ ਕਵਲਜੀਤ ਸਿੰਘ ਬਿੱਟੂ ਪਿਛਲੇ ਕਰੀਬ 15 ਸਾਲਾਂ ਤੋਂ ਸਥਾਨਕ ਰਾਜਨੀਤੀ ਵਿੱਚ ਸਰਗਰਮ ਹਨ ਤੇ ਕਈ ਵਾਰ ਲੋਕ ਪ੍ਰਤੀਨਿਧੀ ਵਜੋਂ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ।ਉਨ੍ਹਾਂ ਦੀ ਧਰਮਪਤਨੀ ਵੀ ਪਹਿਲਾਂ ਕੌਂਸਲਰ ਰਹਿ ਚੁੱਕੀ ਹੈ।ਇਸ ਤੋਂ ਇਲਾਵਾ ਬਿੱਟੂ ਦੋਰਾਹਾ ਸ਼ਹਿਰ ਦੇ ਸੀਨੀਅਰ ਮੀਤ ਪ੍ਰਧਾਨ ਵਜੋਂ ਵੀ ਜ਼ਿੰਮੇਵਾਰੀਆਂ ਨਿਭਾ ਚੁੱਕੇ ਹਨ।ਚੋਣ ਨਤੀਜਿਆਂ ਤੋਂ ਬਾਅਦ ਵਾਰਡ ਵਿੱਚ ਸਮਰਥਕਾਂ ਵੱਲੋਂ ਖੁਸ਼ੀ ਮਨਾਈ ਗਈ।ਜੇਤੂ ਉਮੀਦਵਾਰ ਕੰਵਲਜੀਤ ਸਿੰਘ ਬਿੱਟੂ ਨੇ ਵਾਰਡ ਵਾਸੀਆਂ, ਆਮ ਆਦਮੀ ਪਾਰਟੀ ਦੀ ਲੀਡਰਸ਼ਿਪ, ਹਲਕਾ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਤੇ ਦੋਰਾਹਾ ਪ੍ਰਧਾਨ ਸੁਦਰਸ਼ਨ ਕੁਮਾਰ ਪੱਪੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਲੋਕਾਂ ਦੇ ਭਰੋਸੇ ਤੇ ਵਿਕਾਸ ਦੀ ਰਾਜਨੀਤੀ ਦੀ ਜਿੱਤ ਹੈ।ਉਨ੍ਹਾਂ ਦੇ ਭਰਾ ਸ਼ਰਨਜੀਤ ਸਿੰਘ ਮਿੱਠੂ ਨੇ ਵੀ ਸਮੂਹ ਵੋਟਰਾਂ ਅਤੇ ਸਮਰਥਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਾਰਡ ਦੇ ਵਿਕਾਸ ਕਾਰਜ ਪਹਿਲਾਂ ਨਾਲੋਂ ਵੱਧ ਤੇਜ਼ੀ ਨਾਲ ਕਰਾਏ ਜਾਣਗੇ।

# ਆਸਰਾ ਗਰੁੱਪ ਦੇ ਕਨਵੋਕੇਸ਼ਨ ਸਮਾਗਮ 'ਚ 500 ਤੋਂ ਵੱਧ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ



**ਭਵਾਨੀਗੜ੍ਹ** (ਰਾਜ ਖੁਰਮੀ)-ਪਟਿਆਲਾ-ਸੰਗਰੂਰ ਨੈਸ਼ਨਲ ਹਾਈਵੇਅ ਸਥਿਤ ਆਸਰਾ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਸਾਲਾਨਾ ਕਨਵੋਕੇਸ਼ਨ ਸਮਾਗਮ ਬੜੀ ਸ਼ਾਨੋ-ਸ਼ੌਕਤ ਤੇ ਉਤਸ਼ਾਹ ਨਾਲ ਕਰਾਇਆ ਗਿਆ।ਸਮਾਗਮ ਦੌਰਾਨ ਐਮ.ਬੀ.ਏ, ਐਮ.ਸੀ.ਏ, ਬੀ.ਬੀ.ਏ, ਬੀ.ਸੀ.ਏ, ਬੀ.ਕਾਮ, ਐਮ.ਕਾਮ, ਬੀ.ਏ, ਬੀ.ਐਡ. ਤੇ ਇੰਜੀਨੀਅਰਿੰਗ ਸਮੇਤ ਵੱਖ-ਵੱਖ ਕੋਰਸਾਂ ਦੇ 500 ਤੋਂ ਵੱਧ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕਰਕੇ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਮਾਣਯੋਗ ਜਸਟਿਸ ਸੰਜੀਵ ਬੇਰੀ ਅਤੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੀਵ ਸ਼ਰਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਫਾਇਨਾਂਸ ਅਫ਼ਸਰ ਤੇ ਐਡੀਸ਼ਨਲ ਕੰਟਰੋਲਰ ਪ੍ਰੋ. (ਡਾ.) ਬੀ.ਬੀ. ਸਿੰਗਲਾ ਨੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀ ਭਰੀ। ਸਮਾਗਮ ਦੀ ਸ਼ੁਰੂਆਤ ਦੀਪ ਪ੍ਰਜਵਲਿਤ ਕਰਕੇ ਤੇ ਸਰਸਵਤੀ ਵੰਦਨਾ ਨਾਲ ਕੀਤੀ ਗਈ।ਆਸਰਾ ਗਰੁੱਪ ਦੇ ਚੇਅਰਮੈਨ ਡਾ. ਆਰ.ਕੇ. ਗੋਇਲ ਨੇ ਮੁੱਖ ਮਹਿਮਾਨਾਂ, ਅਧਿਆਪਕਾਂ, ਮਾਪਿਆਂ ਤੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਮਿਹਨਤ, ਲਗਨ ਤੇ ਨਵੀਂ ਤਕਨੀਕਾਂ ਨਾਲ ਤਾਲਮੇਲ ਹੀ ਨੌਜਵਾਨਾਂ ਨੂੰ ਸਫ਼ਲਤਾ ਦੀਆਂ ਉਚਾਈਆਂ ਤੱਕ ਲੈ ਕੇ ਜਾ ਸਕਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਸਮੇਂ ਦੇ ਹਿਸਾਬ ਨਾਲ ਆਪਣੇ ਆਪ ਨੂੰ ਤਿਆਰ ਕਰਨ ਅਤੇ ਆਧੁਨਿਕ ਤਕਨੀਕਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ।ਜਸਟਿਸ ਸੰਜੀਵ ਬੇਰੀ ਨੇ ਡਿਗਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਨੌਜਵਾਨਾਂ ਨੂੰ ਸਿਰਫ਼ ਸਰਕਾਰੀ ਨੌਕਰੀਆਂ ਤੱਕ ਸੀਮਿਤ ਨਹੀਂ ਰਹਿਣਾ ਚਾਹੀਦਾ, ਸਗੋਂ ਸਵੈ-ਰੋਜ਼ਗਾਰ ਤੇ ਉਦਯੋਗਪਤੀ ਬਣਨ ਵੱਲ ਵੀ ਕਦਮ ਵਧਾਉਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨੌਜਵਾਨਾਂ ਲਈ ਵੱਖ-ਵੱਖ ਸਿਖਲਾਈ ਪ੍ਰੋਗਰਾਮਾਂ, ਤਕਨੀਕੀ ਸਹਾਇਤਾ ਤੇ ਅਸਾਨ ਕਰਜ਼ਾ ਸਹੂਲਤਾਂ ਰਾਹੀਂ ਰੁਜ਼ਗਾਰ ਦੇ ਨਵੇਂ ਮੌਕੇ ਮੁਹੱਈਆ ਕਰਵਾਏ ਜਾ ਰਹੇ ਹਨ।ਵਾਈਸ ਚਾਂਸਲਰ ਪ੍ਰੋ. (ਡਾ.) ਸੰਜੀਵ ਸ਼ਰਮਾ ਨੇ ਵਿਦਿਆਰਥੀਆਂ ਨੂੰ ਚੰਗੇ ਨਾਗਰਿਕ ਬਣਨ, ਸਮਾਜਿਕ ਬੁਰਾਈਆਂ ਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।

## ਭਾਰਤ ਵਿਕਾਸ ਪ੍ਰੀਸ਼ਦ ਮੈਂਬਰਾਂ ਨੇ ਪੰਛੀਆਂ ਲਈ ਪਾਣੀ ਦੇ ਕਟੋਰੇ ਵੰਡੇ



**ਸਮਾਣਾ** (ਇਕਬਾਲ ਸਿੰਘ ਬੱਲ)-ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਚਿਲਡਰਨ ਮੈਮੋਰੀਅਲ ਪਾਰਕ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ।ਇਸ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਨਗਰ ਕੌਂਸਲ ਸਮਾਣਾ ਦੇ ਸਾਬਕਾ ਪ੍ਰਧਾਨ ਸ੍ਰੀ ਯਸ਼ਪਾਲ ਸਿੰਗਲਾ, ਕਲੱਬ ਕੋਆਰਡੀਨੇਟਰ ਐਡਵੋਕੇਟ ਵਿਜੇ ਡਾਬਰ ਤੇ ਪ੍ਰੋਜੈਕਟ ਚੇਅਰਮੈਨ ਸ੍ਰੀ ਸੀਤਾ ਰਾਮ ਗੁਪਤਾ ਦੀ ਅਗਵਾਈ ਹੇਠ ਤਹਿਸੀਲ ਪਾਰਕ ਯੋਗਾ ਕਲੱਬ ਦੇ ਮੈਂਬਰਾਂ ਨੂੰ ਪੰਛੀਆਂ ਦੇ ਪਾਣੀ ਪੀਣ ਲਈ ਕਟੋਰੇ ਵੰਡੇ ਗਏ।ਇਸ ਤੋਂ ਪਹਿਲਾਂ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਸਤੀ ਮੰਦਰ ਵਿਖੇ ਵੀ ਯੋਗਾ ਕਰਨ ਵਾਲੇ ਸ਼ਰਧਾਲੂਆਂ ਨੂੰ ਪੰਛੀਆਂ ਲਈ ਪਾਣੀ ਦੇ ਕਟੋਰੇ ਵੰਡੇ ਗਏ ਸਨ। ?ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਯਸ਼ਪਾਲ ਸਿੰਗਲਾ ਤੇ ਐਡਵੋਕੇਟ ਵਿਜੇ ਡਾਬਰ ਨੇ ਕਿਹਾ ਕਿ ਅੱਜਕੱਲ੍ਹ ਗਰਮੀ ਦਾ ਪ੍ਰਕੋਪ ਬਹੁਤ ਜ਼ਿਆਦਾ ਵੱਧ ਗਿਆ ਹੈ, ਜਿਸ ਕਾਰਨ ਪਾਣੀ ਦੇ ਕੁਦਰਤੀ ਸਰੋਤ ਲਗਾਤਾਰ ਸੁੱਕਦੇ ਜਾ ਰਹੇ ਹਨ।ਅਜਿਹੇ ਸਮੇਂ ਵਿੱਚ ਪੰਛੀਆਂ ਦੀ ਜਾਨ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਆਪਣੇ ਘਰਾਂ ਦੀਆਂ ਛੱਤਾਂ, ਬਾਲਕੋਨੀਆਂ ਤੇ ਬਗੀਚਿਆਂ ਵਿੱਚ ਪਾਣੀ ਦੇ ਕਟੋਰੇ ਭਰ ਕੇ ਰੱਖਣੇ ਚਾਹੀਦੇ ਹਨ ਤਾਂ ਜੋ ਕੋਈ ਵੀ ਬੇਜ਼ੁਬਾਨ ਪੰਛੀ ਪਿਆਸ ਨਾਲ ਤੜਫ ਕੇ ਨਾ ਮਰੇ।ਉਨ੍ਹਾਂ ਕਿਹਾ ਕਿ ਮਨੁੱਖ ਵੱਲੋਂ ਕੀਤੀਆਂ ਜਾਣ ਵਾਲੀਆਂ ਸੇਵਾਵਾਂ ਵਿੱਚੋਂ ਇਹ ਬੇਜ਼ੁਬਾਨਾਂ ਦੀ ਸੇਵਾ ਸਭ ਤੋਂ ਮਹਾਨ ਤੇ ਉੱਤਮ ਸੇਵਾ ਹੈ।ਪ੍ਰੋਗਰਾਮ ਦੇ ਅਖੀਰ ਵਿੱਚ ਯੋਗਾ ਕਲੱਬ ਦੇ ਇੰਸਟ੍ਰਕਟਰ ਤੇ ਸਮੂਹ ਮੈਂਬਰਾਂ ਵੱਲੋਂ ਭਾਰਤ ਵਿਕਾਸ ਪ੍ਰੀਸ਼ਦ ਦੇ ਇਸ ਸ਼ਲਾਘਾਯੋਗ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ ਗਈ ਤੇ ਪ੍ਰੀਸ਼ਦ ਦੇ ਸਾਰੇ ਅਹੁਦੇਦਾਰਾਂ ਤੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

## ਹੋਣਹਾਰ ਵਿਦਿਆਰਥੀਆਂ ਦਾ ਸਨਮਾਨ, ਮਾਪੇ-ਅਧਿਆਪਕ ਮਿਲਣੀ ਨੇ ਸਾਂਝ ਕੀਤੀ ਮਜ਼ਬੂਤ



**ਮਾਨਸਾ** (ਆਤਮਾ ਸਿੰਘ ਪਮਾਰ)-ਸਕੂਲ ਸਿੱਖਿਆ ਵਿਭਾਗ ਪੰਜਾਬ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਨੀਲਮ ਰਾਣੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਿੱਖਿਆ ਦੇ ਮਹਾਂ ਜਸ਼ਨ ਤਹਿਤ ਮਾਪੇ ਅਧਿਆਪਕ ਮਿਲਣੀ ਤੇ ਮਾਪੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਲੜੀ ਤਹਿਤ ਭਾਈ ਬਹਿਲੋ ਸਰਕਾਰੀ ਸੈਕੰਡਰੀ ਸਕੂਲ ਫਫੜੇ ਭਾਈ ਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਰਮਜੀਤ ਭੋਗਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਕਿਹਾ ਕਿ ਬੱਚਿਆਂ ਦੇ ਚੰਗੇ ਭਵਿੱਖ ਲਈ ਮਾਪੇ ਅਧਿਆਪਕ ਮਿਲਣੀਆਂ ਬਹੁਤ ਹੀ ਲਾਹੇਵੰਦ ਸਾਬਤ ਹੋ ਰਹੀਆਂ ਹਨ।ਮਿਲਣੀ ਦਾ ਉਦੇਸ਼ ਸਿੱਖਿਆ ਪ੍ਰਤੀ ਜਾਗਰੂਕਤਾ ਵਧਾਉਣਾ, ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰਨਾ ਤੇ ਸਕੂਲਾਂ ਨੂੰ ਸਮਾਜ ਨਾਲ ਹੋਰ ਮਜ਼ਬੂਤੀ ਨਾਲ ਜੋੜਨਾ ਹੈ।ਪ੍ਰਿੰਸੀਪਲ ਕੁਲਦੀਪ ਸਿੰਘ ਚਹਿਲ ਨੇ ਕਿਹਾ ਕਿ ਸਿੱਖਿਆ ਦਾ ਮਹਾਂਜਸ਼ਨ ਸਾਡੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ, ਅਧਿਆਪਕਾਂ ਦਾ ਸਮਰਪਨ, ਮਿਹਨਤ ਤੇ ਮਾਪਿਆਂ ਦੇ ਅਟੁੱਟ ਸਹਿਯੋਗ ਦਾ ਸਾਂਝਾ ਉਤਸਵ ਹੈ। ਸਿੱਖਿਆ ਸਿਰਫ਼ ਕਿਤਾਬੀ ਗਿਆਨ ਤੱਕ ਹੀ ਸੀਮਤ ਨਹੀਂ, ਸਗੋਂ ਚੰਗੇ ਚਰਿੱਤਰ, ਨੈਤਿਕ ਕਦਰਾਂ-ਕੀਮਤਾਂ ਅਤੇ ਜੀਵਨ ਦੇ ਹੁਨਰਾਂ ਦੀ ਉਸਾਰੀ ਦਾ ਸਾਧਨ ਵੀ ਹੈ।ਇਸ ਮਹਾਂਜਸ਼ਨ ਰਾਹੀਂ ਅਸੀਂ ਆਪਣੇ ਵਿਦਿਆਰਥੀਆਂ ਦੀਆਂ ਛੁਪੀਆਂ ਪ੍ਰਤਿਭਾਵਾਂ ਨੂੰ ਉਜਾਗਰ ਕਰ ਸਕਦੇ ਹਾਂ।ਸਮਾਗਮ ਦੌਰਾਨ ਲੈਕਚਰਾਰ ਰਾਜਿੰਦਰ ਸਿੰਘ ਵੱਲੋਂ ਬਾਰ੍ਹਵੀਂ ਸ਼੍ਰੇਣੀ ਵੋਕੇਸ਼ਨਲ ਦੇ ਮਨਜੋਤ ਸਿੰਘ, ਬਲਵੀਰ ਸਿੰਘ ਤੇ ਬੇਅੰਤ ਸਿੰਘ, ਬਾਰ੍ਹਵੀਂ ਜਮਾਤ ਆਰਟਸ ਏ ਗੁਰਸੇਵਕ ਸਿੰਘ, ਪ੍ਰਦੀਪ ਸਿੰਘ, ਮਨਜਿੰਦਰ ਸਿੰਘ, ਬਾਰ੍ਹਵੀਂ ਬੀ ਦੇ ਨਵਜੋਤ ਸਿੰਘ, ਜਸਵੀਰ ਸਿੰਘ, ਜਸਪ੍ਰੀਤ ਸਿੰਘ, ਜਮਾਤ ਦਸਵੀਂ ਦੇ ਮਨਰਾਜਪ੍ਰੀਤ ਸਿੰਘ, ਦੀਪ ਸਿੰਘ, ਮਨਿੰਦਰਪਾਲ ਸਿੰਘ, ਜਮਾਤ ਅੱਠਵੀਂ ਦੇ ਪ੍ਰਦੀਪ ਸਿੰਘ, ਸਹਿਲਪ੍ਰੀਤ ਸਿੰਘ ਤੇ ਅਰਵਨ ਆਦੀਵਾਲ ਨੂੰ ਕ੍ਰਮਵਾਰ ਸਕੂਲ ਚੋਂ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਲਈ ਸਨਮਾਨਤ ਕੀਤਾ ਵੀ ਗਿਆ।

## ਨਗਰ ਪੰਚਾਇਤ ਚੋਣ 'ਚ ਸਾਡੇ ਨਾਲ ਧੱਕਾ ਹੋਇਆ : ਪ੍ਰਵੀਨ ਰਾਣੀ



**ਬਠਿੰਡਾ** (ਰਾਜੀਵ ਗੋਇਲ)-ਬੀਤੇ ਦਿਨੀਂ ਨਗਰ ਪੰਚਾਇਤ ਭਗਤਾ ਦੀ ਚੋਣ ਨੂੰ ਲੈ ਕੇ ਆਏ ਨਤੀਜਿਆਂ ਦੌਰਾਨ ਵਾਰਡ ਨੰਬਰ 11 ਤੋਂ ਅਜ਼ਾਦ ਉਮੀਦਵਾਰ ਵਜੋਂ ਚੋਣ ਲੜਨ ਵਾਲੀ ਪ੍ਰਵੀਨ ਰਾਣੀ ਵੱਲੋਂ ਖੁਦ ਨਾਲ ਧੱਕਾ ਕੀਤੇ ਜਾਣ ਦਾ ਖਦਸ਼ਾ ਜ਼ਾਹਰ ਕੀਤਾ ਗਿਆ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਵੋਟਾਂ ਦੀ ਕੀਤੀ ਗਈ ਗਿਣਤੀ ਮੁਤਾਬਿਕ ਉਨ੍ਹਾਂ ਨੂੰ 77 ਵੋਟਾਂ ਹਾਸਲ ਹੋਈਆਂ ਦੱਸਿਆ ਗਿਆ ਹੈ, ਜਦਕਿ ਇਸ ਤੋਂ ਪਹਿਲਾਂ ਸੈਂਕੜੇ ਲੋਕ ਉਨ੍ਹਾਂ ਦੇ ਗ੍ਰਹਿ ਵਿਖੇ ਆ ਚੁੱਕੇ ਹਨ ਤੇ ਕਹਿ ਰਹੇ ਹਨ 'ਸਾਡੀਆਂ ਵੋਟਾਂ ਦੱਸੋ, ਕਿੱਧਰ ਗਈਆਂ' ਅਸੀਂ ਤੁਹਾਨੂੰ ਹੀ ਵੋਟਾਂ ਪਾਈਆਂ ਹਨ ਅਤੇ ਦੁੱਖ ਪ੍ਰਗਟਾਉਣ ਆਉਣ ਵਾਲੇ ਲੋਕਾਂ ਦਾ ਇਹ ਵੀ ਕਹਿਣਾ ਸੀ ਕਿ ਉਨ੍ਹਾਂ ਨੇ ਪ੍ਰਵੀਨ ਰਾਣੀ ਨੂੰ ਵੋਟ ਸਿਰਫ ਅਜ਼ਾਦ ਉਮੀਦਵਾਰ ਕਰਕੇ ਪਾਈ ਹੈ ਨਾ ਕਿ ਕਿਸੇ ਪਾਰਟੀ ਦੇ ਨਿਸ਼ਾਨ ਹੇਠ।ਇਸ ਵਾਰਡ ਵਿੱਚ ਹਿੰਦੂ ਵੋਟ ਦੇ ਨਾਲ-ਨਾਲ ਕਿਸਾਨੀ ਵੋਟ ਬੈਂਕ ਦਾ ਵੀ ਵੱਡਾ ਹਿੱਸਾ ਸ਼ਾਮਲ ਹੈ।ਪ੍ਰਵੀਨ ਰਾਣੀ ਦਾ ਪਤੀ ਸੁਖਚੈਨ ਚੰਦ ਮੁੰਦਰੀ ਸਿੰਗਲਾ ਬਿਜਲੀ ਠੇਕੇਦਾਰ ਹੈ, ਜਿਸ ਦਾ ਕਿਸਾਨਾਂ ਨਾਲ ਚੰਗਾ ਵਾਹ ਵਾਸਤਾ ਹੈ ਤੇ ਆਏ ਦਿਨ ਖੇਤਾਂ ਵਿੱਚ ਬਿਜਲੀ ਸੰਬੰਧੀ ਸਮੱਸਿਆਵਾਂ ਨੂੰ ਲੈ ਕੇ ਉਹ ਕਿਸਾਨਾਂ ਦੇ ਕੰਮ ਧੰਦੇ ਕਰਵਾਉਂਦੇ ਆ ਰਹੇ ਹਨ।ਇਸ ਸੰਬੰਧੀ ਸਮੂਹ ਸਿੰਗਲਾ ਪਰਵਾਰ ਨੂੰ ਸ਼ੱਕ ਹੈ ਕਿ ਇਨ੍ਹਾਂ ਚੋਣਾਂ ਵਿੱਚ ਉਨ੍ਹਾਂ ਦੇ ਪਰਵਾਰ ਨੂੰ ਨੀਵਾਂ ਦਿਖਾਉਣ ਲਈ ਧਾਂਦਲੀ ਦੀ ਸੰਭਾਵਨਾ ਹੈ।ਉਧਰ ਦੂਜੇ ਪਾਸੇ ਆਮ ਲੋਕਾਂ ਵਿੱਚ ਵੋਟਾਂ ਤੱਕ ਭਾਵੇਂ ਹੀ ਇਸ ਵਾਰਡ ਵਿੱਚੋਂ ਚਾਰ ਧਨਾਢ ਪਰਵਾਰ ਮੈਦਾਨ ਵਿੱਚ ਸਨ, ਪਰ ਜ਼ਿਆਦਾਤਰ ਚਰਚਾ ਪ੍ਰਵੀਨ ਰਾਣੀ ਤੇ ਚੈਰੀ ਬਾਲਾ ਦੇ ਮੁਕਾਬਲੇ ਦੀ ਹੀ ਸੀ।ਪ੍ਰਵੀਨ ਰਾਣੀ ਨੂੰ ਨਿਕਲੀਆਂ ਇਨ੍ਹਾਂ ਵੋਟਾਂ ਦੀ ਗਿਣਤੀ ਨੂੰ ਲੈ ਕੇ ਆਮ ਲੋਕ ਵੀ ਸੋਚ ਰਹੇ ਹਨ।ਇਸ ਮਸਲੇ ਨੂੰ ਲੈ ਕੇ ਸਿੰਗਲਾ ਪਰਵਾਰ ਵੱਲੋਂ ਦੁੱਧ ਦਾ ਦੁੱਧ, ਪਾਣੀ ਦਾ ਪਾਣੀ ਕਰਨ ਲਈ ਮਾਣਯੋਗ ਹਾਈਕੋਰਟ ਦਾ ਰੁੱਖ ਕਰਨ ਦੇ ਨਾਲ-ਨਾਲ ਚੋਣ ਕਮਿਸ਼ਨ ਤੱਕ ਵੀ ਪਹੁੰਚ ਕੀਤੀ ਜਾ ਸਕਦੀ ਹੈ।

## ਸਫਾ 1 ਦੇ ਬਾਕੀ...

### ਮੋਦੀ ਤਾਨਾਸ਼ਾਹੀ ਰਾਜ...

ਕੋਝੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ। ਪੰਜਾਬ ਦੇ ਬੁਨਿਆਦੀ ਮਸਲੇ-ਜਿਵੇਂ ਪਾਣੀਆਂ ਦੀ ਰਾਖੀ, ਦੂਜੇ ਰਾਜਾਂ ਨੂੰ ਦਿੱਤੇ ਜਾ ਰਹੇ ਪਾਣੀ ਦੀ ਕੀਮਤ ਵਸੂਲਣਾ, ਰਾਜਧਾਨੀ ਚੰਡੀਗੜ੍ਹ ਪੰਜਾਬ ਨੂੰ ਸੌਂਪਣਾ ਅਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦਾ ਖ਼ਤਮ ਕੀਤਾ ਹਿੱਸਾ ਬਹਾਲ ਕਰਨਾ-ਮੋਦੀ ਸਰਕਾਰ ਤੁਰੰਤ ਹੱਲ ਕਰੇ।ਜ਼ਿਲ੍ਹਾ ਕਾਰਜਕਾਰੀ ਸਕੱਤਰ ਪ੍ਰੇਮ ਚਾਵਲਾ ਨੇ ਕਿਹਾ ਕਿ ਦੇਸ਼ ਦੇ ਕਿਰਤੀ ਵਰਗ ਵੱਲੋਂ ਲੰਮੇ ਸੰਘਰਸ਼ਾਂ ਰਾਹੀਂ ਹਾਸਲ ਕੀਤੀਆਂ ਪ੍ਰਾਪਤੀਆਂ ਨੂੰ ਕਾਰਪੋਰੇਟਾਂ ਦੇ ਇਸ਼ਾਰੇ 'ਤੇ ਖ਼ਤਮ ਕੀਤਾ ਜਾ ਰਿਹਾ ਹੈ।ਕਨਵੈਨਸ਼ਨ ਵਿੱਚ ਮਤੇ ਪਾਸ ਕਰਕੇ ਮੰਗ ਕੀਤੀ ਗਈ ਕਿ ਪੰਜਾਬ ਸਰਕਾਰ ਮਜ਼ਦੂਰਾਂ ਦੀ ਘੱਟੋ-ਘੱਟ ਉਜਰਤ ਵਧਾ ਕੇ 30,000 ਰੁਪਏ ਮਹੀਨਾ ਕਰੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕੀਤੀ ਜਾਵੇ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਅਨੁਸਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਕੇਂਦਰੀ ਪੈਟਰਨ 'ਤੇ 60 ਫੀਸਦੀ ਮਹਿੰਗਾਈ ਭੱਤਾ ਦਿੱਤਾ ਜਾਵੇ ਅਤੇ ਅਦਾਲਤ ਨੂੰ ਗੁੰਮਰਾਹ ਕਰਨਾ ਬੰਦ ਕੀਤਾ ਜਾਵੇ। ਕੇਂਦਰ ਸਰਕਾਰ ਤੋਂ ਪੁਰਾਣੀ ਮਨਰੇਗਾ ਸਕੀਮ ਬਹਾਲ ਕਰਨ, ਮਹਿੰਗਾਈ ਨੂੰ ਨੱਥ ਪਾਉਣ ਅਤੇ ਪੈਟਰੋਲ-ਡੀਜ਼ਲ ਦੀਆਂ ਵਧੀਆਂ ਕੀਮਤਾਂ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਗਈ।ਕਨਵੈਨਸ਼ਨ ਦੌਰਾਨ ਲੰਡੇ ਪਿੰਡ ਦੇ ਮਰਹੂਮ ਕਾਮਰੇਡ ਸਮਿੱਤਰ ਸਿੰਘ ਬਰਾੜ ਦੀ ਯਾਦ ਨੂੰ ਤਾਜ਼ਾ ਕਰਦਿਆਂ ਉਨ੍ਹਾ ਦੇ ਪਰਵਾਰਕ ਮੈਂਬਰਾਂ ਪੈਨਸ਼ਨਰ ਆਗੂ ਪ੍ਰਦੀਪ ਸਿੰਘ ਬਰਾੜ ਅਤੇ ਪ੍ਰਿੰਸੀਪਲ ਗੁਰਦੀਪ ਕੌਰ ਬਰਾੜ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਆਗੂਆਂ ਐਲਾਨ ਕੀਤਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 7 ਜੂਨ ਨੂੰ ਪਿੰਡ ਔਲਖ ਵਿਖੇ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਅਤੇ ਉਨ੍ਹਾ ਦੇ ਛੇ ਸਾਥੀਆਂ ਦੀ ਸ਼ਹਾਦਤ ਨੂੰ ਪ੍ਰਨਾਮ ਕਰਦਿਆਂ 35ਵਾਂ ਬਰਸੀ ਸਮਾਗਮ ਪੂਰੇ ਇਨਕਲਾਬੀ ਜੋਸ਼ ਨਾਲ ਮਨਾਇਆ ਜਾਵੇਗਾ।ਕਨਵੈਨਸ਼ਨ ਦੀ ਸਮਾਪਤੀ ਤੋਂ ਬਾਅਦ ਹੁਕਮਰਾਨਾਂ ਦੀਆਂ ਗਰੀਬ-ਵਿਰੋਧੀ ਨੀਤੀਆਂ ਅਤੇ ਮਹਿੰਗਾਈ ਖ਼ਿਲਾਫ਼ ਇੱਕ ਵਿਸ਼ਾਲ ਰੋਸ ਮਾਰਚ ਕੱਢਿਆ ਗਿਆ। ਹੱਥਾਂ ਵਿੱਚ ਲਾਲ ਝੰਡੇ ਫੜੀ ਕਾਰਕੁਨਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੁੰਦੇ ਹੋਏ ਭਾਈ ਘਨਈਆ ਚੌਕ ਵਿਖੇ ਪਹੁੰਚ ਕੇ ਮਾਰਚ ਦੀ ਸਮਾਪਤੀ ਕੀਤੀ।ਕਨਵੈਨਸ਼ਨ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਜਿੰਦਰ ਸਿੰਘ ਤੁੰਬੜਭੰਨ, ਨਰੇਗਾ ਯੂਨੀਅਨ ਦੇ ਵੀਰ ਸਿੰਘ ਕੰਮੇਆਣਾ, ਗੋਰਾ ਸਿੰਘ ਪਿਪਲੀ, ਪੈਨਸ਼ਨਰ ਆਗੂ ਹਰਪਾਲ ਸਿੰਘ ਮਚਾਕੀ, ਕੁਲਵੰਤ ਸਿੰਘ ਚਾਨੀ, ਗੁਰਚਰਨ ਸਿੰਘ ਮਾਨ, ਆਊਟਸੋਰਸ ਮੁਲਾਜ਼ਮ ਆਗੂ ਬਲਕਾਰ ਸਿੰਘ ਸਹੋਤਾ ਅਤੇ ਨਰੇਗਾ ਆਗੂ ਲਵਪ੍ਰੀਤ ਕੌਰ ਪਿਪਲੀ ਨੇ ਵੀ ਸੰਬੋਧਨ ਕੀਤਾ।ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਜਗਤਾਰ ਸਿੰਘ ਭਾਣਾ, ਮੁਖਤਿਆਰ ਸਿੰਘ ਭਾਣਾ, ਗੁਰਦੀਪ ਸਿੰਘ ਦੀਪ ਸਿੰਘ ਵਾਲਾ, ਬੋਹੜ ਸਿੰਘ ਔਲਖ, ਰੇਸ਼ਮ ਸਿੰਘ ਜਟਾਣਾ, ਜਸਵੰਤ ਸਿੰਘ ਨਿੱਕਾ ਔਲਖ, ਸ਼ਿਵ ਕੁਮਾਰ ਸ਼ਰਮਾ, ਜਗਤਾਰ ਸਿੰਘ ਪੱਪੀ ਰਾਜੋ ਵਾਲਾ, ਹਰਵਿੰਦਰ ਸ਼ਰਮਾ, ਸੋਮ ਨਾਥ ਅਰੋੜਾ, ਨਾਹਰ ਸਿੰਘ ਗਿੱਲ, ਸੁਖਦੇਵ ਸਿੰਘ ਮੱਲ੍ਹੀ, ਸ਼ਵਿੰਦਰ ਪਾਲ ਸਿੰਘ ਸੰਧੂ, ਕਿਸਾਨ ਆਗੂ ਜਤਿੰਦਰ ਸਿੰਘ, ਮੇਜਰ ਸਿੰਘ ਜੌਹਲ, ਇਕਬਾਲ ਸਿੰਘ ਰਣ ਸਿੰਘ ਵਾਲਾ, ਅਮਰਜੀਤ ਸਿੰਘ ਕਲੇਰ, ਜਸਵਿੰਦਰ ਸਿੰਘ ਦੀਪ ਸਿੰਘ ਵਾਲਾ, ਸਤਨਾਮ ਸਿੰਘ ਸਿਰਸੜੀ ਸਮੇਤ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਨਰੇਗਾ ਤੇ ਖੇਤ ਮਜ਼ਦੂਰ ਹਾਜ਼ਰ ਸਨ।

### ਜੇ ਭਾਰਤ ਨੇ ਸਾਡੇ ...

ਦਰਸਾਇਆ ਗਿਆ ਸੀ। ਮਾਰਚ ਵਿੱਚ ਹੋਈਆਂ ਚੋਣਾਂ ਜਿੱਤ ਕੇ ਸੱਤਾ ਸੰਭਾਲਣ ਤੋਂ ਬਾਅਦ ਸ਼ਾਹ ਨੇ ਪਹਿਲੀ ਵਾਰ ਸੰਸਦ ਵਿੱਚ ਭਾਸ਼ਣ ਦਿੱਤਾ। ਵਿਰੋਧੀ ਧਿਰ ਦੇ ਸੰਸਦ ਮੈਂਬਰ ਮੰਗ ਕਰ ਰਹੇ ਸਨ ਕਿ ਪ੍ਰਧਾਨ ਮੰਤਰੀ ਸੰਸਦ ਵਿੱਚ ਆਉਣ ਅਤੇ ਮਹੱਤਵਪੂਰਨ ਰਾਸ਼ਟਰੀ ਮੁੱਦਿਆਂ ਨੂੰ ਸੰਬੋਧਨ ਕਰਨ। ਫਿਰ ਬਲੇਨ ਸ਼ਾਹ ਨੇ ਸੰਸਦ ਨੂੰ ਸੰਬੋਧਨ ਕੀਤਾ ਅਤੇ ਸੰਸਦ ਮੈਂਬਰਾਂ ਦੇ ਸਵਾਲਾਂ ਦੇ ਜਵਾਬ ਦਿੱਤੇ।

ਪ੍ਰਧਾਨ ਮੰਤਰੀ ਨੇ ਉਪਰੋਕਤ ਟਿੱਪਣੀਆਂ ਭਾਰਤ ਅਤੇ ਨੇਪਾਲ ਵਿਚਕਾਰ ਲੰਮੇ ਸਮੇਂ ਤੋਂ ਚੱਲ ਰਹੇ ਸਰਹੱਦੀ ਵਿਵਾਦ 'ਤੇ ਸੰਸਦ ਸੈਸ਼ਨ ਦੌਰਾਨ ਸ਼੍ਰਮਿਕ ਸ਼ਕਤੀ ਪਾਰਟੀ ਦੇ ਸੰਸਦ ਮੈਂਬਰ ਅਰੇਨ ਰਾਏ ਵੱਲੋਂ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਕੀਤੀਆਂ। ਸ਼ਾਹ ਦੇ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਭਾਰਤ ਅਤੇ ਨੇਪਾਲ ਵਿਚਕਾਰ ਰਵਾਇਤੀ ਕੂਟਨੀਤਕ ਅਤੇ ਰਣਨੀਤਕ ਸੰਬੰਧਾਂ ਵਿੱਚ ਮਹੱਤਵਪੂਰਨ ਬਦਲਾਅ ਅਤੇ ਬੇਚੈਨੀ ਦੇਖੀ ਗਈ ਹੈ। ਪਿਛਲੇ ਦੋ ਮਹੀਨਿਆਂ ਵਿੱਚ ਘੱਟੋ-ਘੱਟ ਚਾਰ ਘਟਨਾਵਾਂ ਨੇ ਦੋਵਾਂ ਦੇਸ਼ਾਂ ਦੇ ਸੰਬੰਧਾਂ ਨੂੰ ਪ੍ਰਭਾਵਤ ਕੀਤਾ ਹੈ। ਬਾਲੇਨ ਸ਼ਾਹ ਪ੍ਰਸ਼ਾਸਨ ਨੇ ਭਾਰਤ ਅਤੇ ਚੀਨ ਦੇ ਲਿਪੁਲੇਖ ਦੱਰੇ ਰਾਹੀਂ ਕੈਲਾਸ਼ ਮਾਨਸਰੋਵਰ ਯਾਤਰਾ ਨੂੰ ਮੁੜ ਸ਼ੁਰੂ ਕਰਨ ਦੇ ਫੈਸਲੇ 'ਤੇ ਸਖਤ ਇਤਰਾਜ਼ ਜਤਾਇਆ। ਨੇਪਾਲ ਦੇ ਵਿਦੇਸ਼ ਮੰਤਰਾਲੇ ਨੇ ਦ੍ਰਿੜ੍ਹ ਸਟੈਂਡ ਲੈਂਦੇ ਹੋਏ ਦੁਹਰਾਇਆ ਕਿ 1816 ਦੀ ਸੁਗੌਲੀ ਸੰਧੀ ਦੇ ਅਨੁਸਾਰ ਲਿਪੁਲੇਖ, ਕਾਲਾਪਾਣੀ ਅਤੇ ਲਿੰਪੀਆਧੁਰਾ ਨੇਪਾਲ ਦੇ ਅਨਿੱਖੜਵੇਂ ਅੰਗ ਹਨ। ਮਈ ਵਿੱਚ ਭਾਰਤੀ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਪ੍ਰਧਾਨ ਮੰਤਰੀ ਮੋਦੀ ਵੱਲੋਂ ਬਾਲੇਨ ਸ਼ਾਹ ਨੂੰ ਭਾਰਤ ਆਉਣ ਦਾ ਅਧਿਕਾਰਤ ਸੱਦਾ ਦੇਣ ਲਈ ਨੇਪਾਲ ਦਾ ਦੌਰਾ ਕਰਨਾ ਸੀ। ਹਾਲਾਂਕਿ ਪ੍ਰਧਾਨ ਮੰਤਰੀ ਬਾਲੇਨ ਸ਼ਾਹ ਨੇ ਭਾਰਤੀ ਵਿਦੇਸ਼ ਸਕੱਤਰ ਨਾਲ ਮੁਲਾਕਾਤ ਤੋਂ ਇਨਕਾਰ ਕਰ ਦਿੱਤਾ, ਜਿਸ ਕਾਰਨ ਭਾਰਤ ਨੂੰ ਦੌਰਾ ਮੁਲਤਵੀ ਕਰਨਾ ਪਿਆ। ਜਦੋਂ ਵੀ ਨੇਪਾਲ ਵਿੱਚ ਨਵੀਂ ਸਰਕਾਰ ਬਣਦੀ ਹੈ, ਤਾਂ ਨਵਾਂ ਪ੍ਰਧਾਨ ਮੰਤਰੀ ਰਵਾਇਤੀ ਤੌਰ 'ਤੇ ਭਾਰਤੀ ਰਾਜਦੂਤ ਨਾਲ ਵੱਖਰੀ ਸ਼ਿਸ਼ਟਾਚਾਰ ਮੁਲਾਕਾਤ ਕਰਦਾ ਹੈ। ਹਾਲਾਂਕਿ ਬਾਲੇਨ ਸ਼ਾਹ ਨੇ ਭਾਰਤੀ ਰਾਜਦੂਤ ਨੂੰ ਵੱਖਰੇ ਤੌਰ 'ਤੇ ਮਿਲਣ ਦੀ ਬਜਾਏ ਸਾਰੇ ਵਿਦੇਸ਼ੀ ਰਾਜਦੂਤਾਂ ਨਾਲ ਇਕੱਠੇ (ਸਮੂਹਕ ਤੌਰ 'ਤੇ) ਮੁਲਾਕਾਤ ਕੀਤੀ। ਇਸ ਨਾਲ ਨਵੀਂ ਦਿੱਲੀ ਨੂੰ ਸੁਨੇਹਾ ਗਿਆ ਕਿ ਉਸ ਦੀ ਸਰਕਾਰ ਭਾਰਤ ਨੂੰ ਕੋਈ ਵਿਸ਼ੇਸ਼ ਜਾਂ ਰਵਾਇਤੀ ਤਰਜੀਹੀ ਸਲੂਕ ਨਹੀਂ ਦੇਣਾ ਚਾਹੁੰਦੀ। ਨੇਪਾਲ ਦੀ ਆਮ ਪਰੰਪਰਾ ਹੈ ਕਿ ਪ੍ਰਧਾਨ ਮੰਤਰੀ ਅਹੁਦਾ ਸੰਭਾਲਣ ਤੋਂ ਬਾਅਦ ਭਾਰਤ ਦਾ ਦੌਰਾ ਕਰਦੇ ਹਨ। ਹਾਲਾਂਕਿ, ਬਾਲੇਨ ਨੇ ਅਹੁਦਾ ਸੰਭਾਲਣ ਤੋਂ ਤੁਰੰਤ ਬਾਅਦ ਐਲਾਨ ਕੀਤਾ ਕਿ ਉਹ ਆਪਣੇ ਪਹਿਲੇ ਸਾਲ ਦੌਰਾਨ ਕਿਸੇ ਵੀ ਦੇਸ਼ ਦਾ ਕੋਈ ਅਧਿਕਾਰਤ ਦੌਰਾ ਨਹੀਂ ਕਰਨਗੇ।

### ਪਾਵਰ ਸੈਕਟਰ ਨੂੰ ...

ਨੇ ਪੇਸ਼ ਕਰਦੇ ਹੋਏ ਦੇਸ਼ ਦੇ ਸਮੁੱਚੇ ਪਾਵਰ ਸੈਕਟਰ ਨੂੰ ਵੱਡੇ ਪੂੰਜੀਪਤੀਆਂ ਦੇ ਹਵਾਲੇ ਕਰਨ ਦੇ ਕੇਂਦਰ ਤੇ ਸੂਬਾ ਸਰਕਾਰਾਂ ਦੇ ਇਰਾਦਿਆਂ ਨੂੰ ਦੇਸ਼ ਦੇ ਲੋਕਾਂ ਲਈ ਘਾਤਕ ਦੱਸਿਆ। ਮੋਹਨ ਸ਼ਰਮਾ ਨੇ ਕਿਹਾ ਕਿ ਦੇਸ਼ ਦੇ ਲੋਕਾਂ ਦੇ ਟੈਕਸਾਂ ਨਾਲ ਉਸਰੇ ਬਹੁਤ ਵੱਡੇ ਅਕਾਰ ਵਾਲੇ ਪਾਵਰ ਸੈਕਟਰ ਨੂੰ ਪੂੰਜੀਪਤੀਆਂ ਦੇ ਹਵਾਲੇ ਕਰਨ ਦੀ ਲੋਕ ਵਿਰੋਧੀ ਨੀਤੀ ਤਹਿਤ ਹੀ ਪੂਰੇ ਦੇਸ਼ ਵਿੱਚ ਸਮਾਰਟ ਮੀਟਰ ਲਗਾਉਣ ਦੇ ਕੰਮ ਨੂੰ ਬੜ੍ਹਾਵਾ ਦਿੱਤਾ ਜਾ ਰਿਹਾ ਹੈ। ਇਸ ਮੀਟਿੰਗ ਵਿੱਚ ਵੱਖ- ਵੱਖ ਸੂਬਿਆਂ ਤੋਂ ਪਹੁੰਚੇ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਸਰਿੰਦਰਪਾਲ ਲਹੌਰੀਆ (ਪੰਜਾਬ) , ਗਣਪਤੀ (ਆਂਧਰਾ ਪ੍ਰਦੇਸ਼) , ਕੇਸ਼ਵ ਵਿਆਸ, ਪਵਨ ਕੁਮਾਰ (ਰਾਜਸਥਾਨ), ਅਮਿਤਕਾਰ (ਅਸਾਮ) , ਸਤਿਆਬਾਦੀ ਬਾਗ, ਰਾਮ ਕ੍ਰਿਸ਼ਨਾ (ਓਡੀਸ਼ਾ), ਪੀ ਵੀ ਨਾਇਡੂ, ਕ੍ਰਿਸ਼ਨਾ ਬਿਉਰ, ਮੰਜੂ ਵਰਮਾ (ਮਹਾਰਾਸ਼ਟਰ), ਮਹਿੰਦਰ ਰਾਏ, ਜਵਾਹਰ ਲਾਲ (ਯੂ ਪੀ) , ਕੁਰੀਆਕੋਸ , ਕਵਿਤਾ ਰਾਜਨ, ਗੋਪਕੁਮਾਰ (ਕੇਰਲਮ), ਸਾਈਬਾਬਾ, ਵਿੰਮਉਨਾਰੀ ਵੈਨਕਟੈਸਵਰਲੂ (ਤੇਲੰਗਾਨਾ) ਆਦਿ ਨੇ ਬਿਜਲੀ ਕਰਮਚਾਰੀਆਂ ਦੀਆਂ ਕਠਿਨ ਕੰਮ ਹਾਲਤਾਂ ਨੂੰ ਮੁੱਖ ਰੱਖਦੇ ਹੋਏ ਪੂਰੇ ਦੇਸ਼ ਵਿੱਚ ਇਕੋ ਤਰਜ਼ 'ਤੇ ਹਰੇਕ ਕਰਮਚਾਰੀ ਦਾ ਇਕ ਕਰੋੜ ਰੁਪਏ ਦਾ ਦੁਰਘਟਨਾ ਬੀਮਾ ਸ਼ੁਰੂ ਕਰਨ ਦੀ ਜ਼ੋਰਦਾਰ ਮੰਗ ਕੀਤੀ। ਮੀਟਿੰਗ ਨੇ ਮਤਾ ਪਾਸ ਕਰਕੇ ਪਾਵਰ ਸੈਕਟਰ ਵਿੱਚ ਕਰਮਚਾਰੀਆਂ ਦੀ ਲਗਾਤਾਰ ਘਟ ਰਹੀ ਗਿਣਤੀ 'ਤੇ ਚਿੰਤਾ ਦਾ ਪ੍ਰਗਟਾਵਾ ਕਰਦੇ ਹੋਏ ਦੇਸ਼ ਦੇ ਪਾਵਰ ਸੈਕਟਰ ਵਿੱਚ ਲੱਖਾਂ ਦੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰੇ ਜਾਣ ਅਤੇ ਪਾਵਰ ਸੈਕਟਰ ਵਿੱਚ ਕੰਮ ਕਰ ਰਹੇ ਸਾਰੇ ਕੱਚੇ ਕਾਮਿਆਂ ਨੂੰ ਪੱਕਾ ਕਰਨ ਦੀ ਜ਼ੋਰਦਾਰ ਮੰਗ ਕੀਤੀ। ਮੀਟਿੰਗ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ 29 ਕਿਰਤ ਕਾਨੂੰਨ ਖਤਮ ਕਰਕੇ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰਨ ਵਾਲੇ ਚਾਰ ਲੇਬਰ ਕੋਡ ਲਾਗੂ ਕਰਨ ਦੀ ਵੀ ਨਿੰਦਾ ਕੀਤੀ। ਮੀਟਿੰਗ ਨੇ ਵੱਖਰੇ ਮਤੇ ਰਾਹੀਂ ਬਿਜਲੀ ਸੋਧ ਬਿੱਲ 2025 ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ. ਮੀਟਿੰਗ ਨੇ ਯੂ ਪੀ ਦੀ ਯੋਗੀ ਸਰਕਾਰ ਵੱਲੋਂ ਬਿਜਲੀ ਕੰਪਨੀਆਂ ਨੂੰ ਨਿੱਜੀ ਹੱਥਾਂ ਵਿੱਚ ਦੇਣ ਵਿਰੁੱਧ ਬਿਜਲੀ ਕਰਮਚਾਰੀਆਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਨੂੰ ਦਬਾਉਣ ਲਈ ਹੜਤਾਲੀ ਕਰਮਚਾਰੀਆਂ 'ਤੇ ਕੀਤੇ ਜਾ ਰਹੇ ਜਬਰ ਨੂੰ ਬੰਦ ਕਰਨ ਦੀ ਮੰਗ ਕੀਤੀ। ਮੀਟਿੰਗ ਨੇ ਕੇਰਲਾ ਇਲੈਕਟ੍ਰੀਸਿਟੀ ਵਰਕਰ ਫੈਡਰੇਸ਼ਨ ਦੇ ਅਹੁਦੇਦਾਰਾਂ ਵੱਲੋਂ ਪ੍ਰਧਾਨ ਐੱਮ ਪੀ ਗੋਪਕੁਮਾਰ ਅਤੇ ਜਨਰਲ ਸਕੱਤਰ ਏ ਐੱਮ ਸ੍ਰੀਰਾਸ ਦੀ ਅਗਵਾਈ ਹੇਠ ਮੀਟਿੰਗ ਦੀ ਕਾਮਯਾਬੀ ਬਾਰੇ ਕੀਤੇ ਸ਼ਾਨਦਾਰ ਪ੍ਰਬੰਧਾਂ ਲਈ ਧੰਨਵਾਦ ਕੀਤਾ।

### ਪੰਜਾਬ ਨੂੰ ਦੇਸ਼ ਦਾ...

ਥੀਏਟਰ ਵਿਖੇ 'ਸਿਤਾਰੇ ਜ਼ਮੀਨ 'ਤੇ' ਪ੍ਰੋਗਰਾਮ ਦੌਰਾਨ 8ਵੀਂ, 10ਵੀਂ ਅਤੇ 12ਵੀਂ ਜਮਾਤ ਵਿੱਚ ਸਾਰੇ ਜ਼ਿਲ੍ਹਿਆਂ ਵਿੱਚੋਂ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲ ਹੁਣ ਪਛਾਣ ਲਈ ਸੰਘਰਸ਼ ਨਹੀਂ ਕਰ ਰਹੇ, ਸਗੋਂ ਦੇਸ਼ ਭਰ ਵਿੱਚ ਉੱਤਮਤਾ, ਆਤਮ-ਵਿਸ਼ਵਾਸ਼ ਅਤੇ ਮੌਕਿਆਂ ਦੇ ਨਵੇਂ ਮਾਪਦੰਡ ਸਥਾਪਤ ਕਰ ਰਹੇ ਹਨ। ਇਸ ਇਕੱਠ ਦੀਆਂ ਕੁਝ ਝਲਕੀਆਂ 'ਐੱਕਸ' 'ਤੇ ਸਾਂਝੀਆਂ ਕਰਦਿਆਂ ਮੁੱਖ ਮੰਤਰ ਨੇ ਲਿਖਿਆ, "ਅੱਜ ਚੰਡੀਗੜ੍ਹ ਵਿਖੇ 'ਸਿਤਾਰੇ ਜ਼ਮੀਨ 'ਤੇ' ਪ੍ਰੋਗਰਾਮ ਦੌਰਾਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ 8ਵੀਂ, 10ਵੀਂ ਅਤੇ 12ਵੀਂ ਜਮਾਤ ਦੇ ਹੋਣਹਾਰ ਟੌਪਰਾਂ ਨੂੰ ਸਨਮਾਨਿਤ ਕਰਨ ਦਾ ਮਾਣ ਹਾਸਲ ਹੋਇਆ। ਉਨ੍ਹਾ ਕਿਹਾ ਕਿ ਸੂਬੇ ਦੀ 'ਸਿੱਖਿਆ ਕ੍ਰਾਂਤੀ' ਨੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੀਆਂ ਇੱਛਾਵਾਂ ਨੂੰ ਬਦਲ ਦਿੱਤਾ ਹੈ ਅਤੇ ਉਨ੍ਹਾਂ ਲਈ ਮੌਕਿਆਂ ਦੇ ਨਵੇਂ ਰਾਹ ਖੋਲ੍ਹੇ ਹਨ।" ਮਾਨ ਨੇ ਕਿਹਾ, 'ਮੈਂ ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਾ ਹਾਂ, ਜਿਨ੍ਹਾਂ ਆਪਣੀ ਮਿਹਨਤ ਅਤੇ ਲਗਨ ਸਦਕਾ ਆਪਣੇ ਮਾਪਿਆਂ, ਅਧਿਆਪਕਾਂ ਅਤੇ ਸਮਾਜ ਦਾ ਨਾਂਅ ਰੌਸ਼ਨ ਕੀਤਾ ਹੈ। ਅਤੀਤ ਵਿੱਚ ਅਜਿਹੇ ਸਮਾਗਮ ਕਦੇ ਨਹੀਂ ਕਰਵਾਏ ਗਏ, ਕਿਉਂਕਿ ਪਿਛਲੀਆਂ ਸਰਕਾਰਾਂ ਨੇ ਸਿੱਖਿਆ, ਖਾਸ ਕਰਕੇ ਸਰਕਾਰੀ ਸਕੂਲਾਂ ਵੱਲ ਕਦੇ ਧਿਆਨ ਨਹੀਂ ਦਿੱਤਾ।' ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, 'ਜਦੋਂ ਮੈਂ ਅਹੁਦਾ ਸੰਭਾਲਿਆ ਸੀ ਤਾਂ ਪੰਜਾਬ ਵਿੱਚ ਲਗਭਗ ਚਾਰ ਲੱਖ ਬੱਚੇ ਫਰਸ਼ 'ਤੇ ਬੈਠ ਕੇ ਪੜ੍ਹ ਰਹੇ ਸਨ। ਅੱਜ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਇੱਕ ਵੀ ਬੱਚਾ ਫਰਸ਼ 'ਤੇ ਬੈਠ ਕੇ ਪੜ੍ਹਨ ਲਈ ਮਜਬੂਰ ਨਹੀਂ ਹੈ।' ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਦੇਸ਼ ਦੀ ਪ੍ਰੀਖਿਆ ਪ੍ਰਣਾਲੀ ਵਿੱਚ ਵਿਆਪਕ ਸੁਧਾਰਾਂ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾ ਕਿਹਾ, 'ਦੇਸ਼ ਵਿੱਚ ਪੁਰਾਣੀ ਪ੍ਰੀਖਿਆ ਪ੍ਰਣਾਲੀ ਨੂੰ ਬਦਲਣਾ ਚਾਹੀਦਾ ਹੈ। ਨੀਟ ਵਰਗੀਆਂ ਪ੍ਰੀਖਿਆਵਾਂ ਦੇ ਲੀਕ ਹੋਣ ਵਰਗੀਆਂ ਘਟਨਾਵਾਂ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨੂੰ ਬਰਬਾਦ ਕਰ ਰਹੀਆਂ ਹਨ।'

### ਸਰਕਾਰ ਸੇਵਾ ਕੇਂਦਰਾਂ...

ਹਨ। ਇਨ੍ਹਾਂ ਮੁਲਾਜ਼ਮਾਂ ਤੋਂ ਕੰਪਨੀਆਂ ਵਾਧੂ ਕੰਮ ਵੀ ਕਰਾਉਂਦੀਆਂ ਹਨ। ਕੰਪਨੀਆਂ ਹੜਤਾਲ ਤੁੜਾਉਣ ਵਾਸਤੇ ਮੁਲਾਜ਼ਮਾਂ ਨਾਲ ਧੱਕੇਸ਼ਾਹੀ ਕਰ ਰਹੀਆਂ ਹਨ। ਮੁਲਾਜ਼ਮਾਂ ਨੂੰ ਡਰਾਇਆ-ਧਮਕਾਇਆ ਜਾ ਰਿਹਾ ਹੈ। ਆਗੂਆਂ ਕਿਹਾ ਕਿ ਸੇਵਾ ਕੇਂਦਰ ਬੰਦ ਹੋਣ ਨਾਲ ਆਮ ਕੰਮਕਾਰ ਠੱਪ ਹੋਇਆ ਪਿਆ ਹੈ। ਲੋਕ ਘਰਾਂ ਤੋਂ ਸੇਵਾ ਕੇਂਦਰਾਂ ਵਿੱਚ ਪਹੁੰਚਦੇ ਹਨ, ਪਰ ਅੱਗੇ ਮੁਲਾਜ਼ਮਾਂ ਦੀ ਹੜਤਾਲ ਕਾਰਨ ਸੇਵਾ ਕੇਂਦਰ ਬੰਦ ਹੁੰਦੇ ਹਨ।ਆਗੂਆਂ ਨੇ ਸੇਵਾ ਕੇਂਦਰ ਮੁਲਾਜ਼ਮਾਂ ਦੇ ਹੱਕ ਵਿੱਚ ਏਟਕ ਨਾਲ ਸੰਬੰਧਤ ਜਥੇਬੰਦੀਆਂ ਨੂੰ ਸੱਦਾ ਦਿੱਤਾ ਕਿ ਉਨ੍ਹਾਂ ਜਥੇਬੰਦੀਆਂ ਦੇ ਮੁੱਖ ਆਗੂ ਤੇ ਵਰਕਰ ਝੰਡੇ ਲੈ ਕੇ ਸੇਵਾ ਕੇਂਦਰ ਮੁਲਾਜ਼ਮਾਂ ਦੇ ਜਲਸਿਆਂ, ਮੁਜ਼ਾਹਰਿਆਂ ਵਿੱਚ ਸ਼ਾਮਲ ਹੋਣ, ਤਾਂ ਕਿ ਉਨ੍ਹਾਂ ਉੱਤੇ ਹੋ ਰਹੇ ਜ਼ੁਲਮ ਤੇ ਤਸ਼ੱਦਦ ਮੌਕੇ ਉਨ੍ਹਾਂ ਦੀ ਮਦਦ ਕਰ ਸਕੀਏ।

## ਕੰਚਨ ਵਰਮਾ ਨੇ ਜਿੱਤਦਿਆਂ ਹੀ ਕੰਮ ਸ਼ੁਰੂ ਕੀਤੇ



**ਸੁਨਾਮ** (ਅਸ਼ੋਕ ਬਾਂਸਲ, ਹਾਕਮ ਭੱਟੀ)-ਨਗਰ ਕੌਂਸਲ ਚੋਣਾਂ ਦੇ ਨਤੀਜੇ ਆਉਣ ਤੋਂ ਅਗਲੇ ਹੀ ਦਿਨ ਵਾਰਡ ਨੰਬਰ 21 ਤੋਂ ਜਿੱਤੀ ਅਜ਼ਾਦ ਉਮੀਦਵਾਰ ਕੰਚਨ ਵਰਮਾ ਤੇ ਉਨ੍ਹਾਂ ਦੇ ਪਤੀ ਸੋਨੂੰ ਵਰਮਾ ਨੇ ਵਾਰਡ ਵਾਸੀਆਂ ਵਿੱਚ ਵਿਚਰਦੇ ਹੋਏ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਉਨ੍ਹਾਂ ਦੇ ਨਿਪਟਾਰੇ ਲਈ ਯਤਨਸ਼ੀਲ ਰਹੇ।ਉਹ ਮੰਦਰ ਸ੍ਰੀ ਭੱਦਰਕਾਲੀ ਵਿਖੇ ਅਤੇ ਸਨਾਤਨ ਧਰਮ ਰਾਮਲੀਲਾ ਵਿਖੇ ਬੈਠ ਕੇ ਵਾਰਡ ਵਾਸੀਆਂ ਨੂੰ ਮਿਲੇ।ਵਰਮਾ ਜੋੜੀ ਨੇ ਜਿਥੇ ਵਾਰਡ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ। ਉਥੇ ਉਨ੍ਹਾਂ ਵੱਲੋਂ ਦੱਸੇ ਗਏ ਕੰਮਾਂ ਨੂੰ ਨੋਟ ਕਰਕੇ ਉਹ ਕੰਮ ਕਰਾਉਂਦੇ ਹੋਏ ਨਜ਼ਰ ਆਏ।ਉਨ੍ਹਾਂ ਦੀ ਇਸ ਅਨੋਖੀ ਪਹਿਲ 'ਤੇ ਜਿੱਥੇ ਵਾਰਡ ਵਾਸੀ ਹੈਰਾਨ ਸਨ, ਉਥੇ ਉਨ੍ਹਾਂ ਵਿੱਚ ਇਸ ਗੱਲ ਦੀ ਖੁਸ਼ੀ ਵੀ ਸੀ ਕਿ ਉਨ੍ਹਾਂ ਨੇ ਸਹੀ ਨੁਮਾਇੰਦੇ ਨੂੰ ਚੁਣਿਆ ਹੈ। ਵਾਰਡ ਵਾਸੀ ਨੰਦਨੀ ਬਾਲਾ, ਪ੍ਰਵੀਨ ਬਿੱਟੂ, ਮਧੂ ਸੂਦਨ, ਸਤੀਸ਼ ਗੋਇਲ ਨੇ ਕੰਚਨ ਵਰਮਾ, ਸੋਨੂੰ ਵਰਮਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਪਹਿਲੀ ਵਾਰ ਦੇਖਿਆ ਹੈ ਕਿ ਚੋਣਾਂ ਜਿੱਤਣ ਤੋਂ ਤੁਰੰਤ ਬਾਅਦ ਕੋਈ ਉਮੀਦਵਾਰ ਵਾਰਡ ਵਾਸੀਆਂ ਵਿੱਚ ਜਾ ਕੇ ਸੇਵਾ ਵਿੱਚ ਹਾਜ਼ਰ ਹੋਇਆ ਹੋਵੇ।

## ਸਤਿਆ ਭਾਰਤੀ ਸਕੂਲ ਬਿਸ਼ਨਪੁਰਾ 'ਚ ਟ੍ਰੈਫ਼ਿਕ ਨਿਯਮਾਂ ਸਬੰਧੀ ਜਾਗਰੂਕਤਾ ਸੈਮੀਨਾਰ



**ਦੋਰਾਹਾ** (ਹਰਮਿੰਦਰ ਸੇਠ)-ਜ਼ਿਲ੍ਹਾ ਪੁਲਿਸ ਮੁਖੀ ਖੰਨਾ ਡਾ. ਦਰਪਣ ਆਹਲੂਵਾਲੀਆ ਦੇ ਦਿਸ਼ਾ-ਨਿਰਦੇਸ਼ਾਂ ਹੇਠ ਡੀਐਸਪੀ ਟ੍ਰੈਫਿਕ ਕਰਮਵੀਰ ਤੂਰ ਦੀ ਦੇਖ-ਰੇਖ ਵਿੱਚ ਤੇ ਟ੍ਰੈਫਿਕ ਇੰਚਾਰਜ ਜਗਤਾਰ ਸਿੰਘ ਤੇ ਏ.ਐੱਸ.ਆਈ ਮਾਨ ਸਿੰਘ ਵੱਲੋਂ ਪੁਲਸ ਸਟੇਸ਼ਨ ਪਾਇਲ ਅਧੀਨ ਪੈਂਦੇ ਸਤਿਆ ਭਾਰਤੀ ਸਕੂਲ, ਬਿਸ਼ਨਪੁਰਾ ਵਿਖੇ ਟ੍ਰੈਫ਼ਿਕ ਨਿਯਮਾਂ ਸਬੰਧੀ ਜਾਗਰੂਕਤਾ ਸੈਮੀਨਾਰ ਕਰਾਇਆ ਗਿਆ।ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ, ਦੋਪਹੀਆ ਵਾਹਨ ਚਲਾਉਂਦੇ ਸਮੇਂ ਹੈਲਮਟ ਪਹਿਨਣ, ਸੀਟ ਬੈਲਟ ਦੀ ਵਰਤੋਂ ਕਰਨ ਤੇ ਨਾਬਾਲਗਾਂ ਵੱਲੋਂ ਵਾਹਨ ਨਾ ਚਲਾਉਣ ਬਾਰੇ ਜਾਗਰੂਕ ਕੀਤਾ ਗਿਆ।ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਟ੍ਰੈਫ਼ਿਕ ਸੰਕੇਤਾਂ ਤੇ ਸੜਕਾਂ 'ਤੇ ਸੁਰੱਖਿਅਤ ਢੰਗ ਨਾਲ ਆਵਾਜਾਈ ਕਰਨ ਸਬੰਧੀ ਵੀ ਜਾਣਕਾਰੀ ਦਿੱਤੀ ਗਈ।ਪੁਲਸ ਅਧਿਕਾਰੀਆਂ ਨੇ ਕਿਹਾ ਕਿ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਕੇ ਹੀ ਸੜਕ ਹਾਦਸਿਆਂ ਵਿੱਚ ਕਮੀ ਲਿਆਂਦੀ ਜਾ ਸਕਦੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਪਰਵਾਰਾਂ ਤੇ ਸਮਾਜ ਵਿੱਚ ਵੀ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ।

## ਲੋਕ ਭਲਾਈ ਤੇ ਪੰਜਾਬ ਦੀ ਤਰੱਕੀ ਲਈ 'ਆਪ' ਦੇ ਫੈਸਲਿਆਂ ਤੋਂ ਲੋਕ ਖੁਸ਼ : ਬਰਸਟ

**ਸਮਾਣਾ** (ਇਕਬਾਲ ਸਿੰਘ ਬੱਲ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚਾਰ ਸਾਲਾਂ ਦੌਰਾਨ ਲਏ ਗਏ ਸਾਰੇ ਫੈਸਲੇ ਤੇ ਵਿਕਾਸ ਕਾਰਜ ਕੇਵਲ ਤੇ ਕੇਵਲ ਲੋਕਾਂ ਦੀ ਭਲਾਈ ਅਤੇ ਸੂਬੇ ਦੀ ਤਰੱਕੀ ਨੂੰ ਮੁੱਖ ਰੱਖਦਿਆਂ ਕੀਤੇ ਗਏ ਹਨ, ਜਿਸ ਤੋਂ ਲੋਕ ਬਹੁਤ ਖੁਸ਼ ਹਨ, ਜਿਸਦਾ ਸਬੂਤ ਹਾਲ ਹੀ ਵਿੱਚ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਵੱਲੋਂ ਦਰਜ਼ ਕੀਤੀ ਗਈ ਇਤਿਹਾਸਕ ਜਿੱਤ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਚੰਦ ਸਿੰਘ ਬਰਸਟ, ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ, ਪੰਜਾਬ ਤੇ ਚੇਅਰਮੈਨ, ਪੰਜਾਬ ਮੰਡੀ ਬੋਰਡ ਵੱਲੋਂ ਸਮਾਣਾ ਦਫ਼ਤਰ ਵਿਖੇ ਲੋਕ ਮਿਲਣੀ ਦੌਰਾਨ ਕੀਤਾ ਗਿਆ।ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ ਦਫ਼ਤਰ ਵਿਖੇ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ।ਬਰਸਟ ਵੱਲੋਂ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਅਤੇ ਪਾਰਟੀ ਵਲੰਟੀਅਰਾਂ ਨਾਲ ਮੁਲਾਕਾਤ ਕੀਤੀ ਗਈ।ਲੋਕਾਂ ਵੱਲੋਂ ਬਰਸਟ ਨੂੰ ਆਪਣੀਆਂ ਸਮੱਸਿਆਵਾਂ ਅਤੇ ਮੁੱਦਿਆਂ ਤੋਂ ਜਾਣੂ ਕਰਾਇਆ ਗਿਆ, ਜਿਸ ਨੂੰ ਬਰਸਟ ਵੱਲੋਂ ਬੜੇ ਹੀ ਧਿਆਨ ਨਾਲ ਸੁਣਿਆ ਗਿਆ ਤੇ ਮੌਕੇ 'ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ।ਹਾਜ਼ਰ ਲੋਕਾਂ ਤੇ ਪਾਰਟੀ ਵਲੰਟੀਅਰਾਂ ਨੂੰ ਸੰਬੋਧਨ ਕਰਦਿਆਂ ਬਰਸਟ ਨੇ ਪੰਜਾਬ ਦੀ ਜਨਤਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪੰਜਾਬ ਦੇ ਲੋਕਾਂ ਦੀ ਜਿੱਤ ਹੈ, ਜਿਨ੍ਹਾਂ ਨੇ ਆਮ ਆਦਮੀ ਪਾਰਟੀ ਤੇ ਭਰੋਸਾ ਜਤਾਇਆ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪੰਜਾਬ ਦਾ ਚਹੁੰਪਖੀ ਵਿਕਾਸ ਕੀਤਾ ਜਾ ਰਿਹਾ ਹੈ।'ਆਪ' ਸਰਕਾਰ ਵੱਲੋਂ ਚਾਰ ਸਾਲਾਂ ਦੌਰਾਨ ਸਾਰੀਆਂ ਗਰੰਟੀਆਂ ਪੂਰੀਆਂ ਕੀਤੀ ਗਈਆਂ ਹਨ, ਜਿਸ ਤੋਂ ਲੋਕ ਸੰਤੁਸ਼ਟ ਹਨ।

## ਛੁੱਟੀਆਂ 'ਚ ਲਾਇਆ ਜਾਵੇਗਾ ਬਾਲ ਸਿਰਜਣਾਤਮਕ ਕੈਂਪ



**ਲੁਧਿਆਣਾ** (ਸਤੀਸ਼ ਸਚਦੇਵਾ)-ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ (ਰਜਿ:) ਦੀ ਮੀਟਿੰਗ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ ਕੀਤੀ ਗਈ।ਮੀਟਿੰਗ 'ਚ ਨੌਜਵਾਨ ਸਭਾ ਵੱਲੋਂ ਜੂਨ ਦੀਆਂ ਛੁੱਟੀਆਂ ਦੌਰਾਨ ਲਗਾਏ ਜਾਣ ਵਾਲੇ ਬਾਲ ਸਿਰਜਣਾਤਮਕ ਕੈਂਪ ਦੀਆਂ ਤਿਆਰੀਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਨੌਜਵਾਨ ਸਭਾ ਦੇ ਪ੍ਰਧਾਨ ਐਡਵੋਕੇਟ ਹਰਪ੍ਰੀਤ ਜ਼ੀਰਖ ਤੇ ਜਨਰਲ ਸਕੱਤਰ ਰਾਕੇਸ਼ ਆਜ਼ਾਦ ਨੇ ਕਿਹਾ ਸਭਾ ਵੱਲੋਂ ਇਹ ਤੀਜਾ ਬਾਲ ਸਿਰਜਣਾਤਮਕ ਕੈਂਪ ਲਾਇਆ ਜਾਵੇਗਾ, ਜੋ ਸ਼ਹੀਦ ਬਾਬਾ ਭਾਨ ਸਿੰਘ ਗ਼ਦਰ ਮੈਮੋਰੀਅਲ ਟ੍ਰੱਸਟ ਦੇ ਬਾਨੀ ਪ੍ਰਧਾਨ ਮਰਹੂਮ ਕਰਨਲ ਜਗਦੀਸ਼ ਸਿੰਘ ਬਰਾੜ ਨੂੰ ਸਮਰਪਤ ਹੋਵੇਗਾ।ਕੈਂਪ ਬੱਚਿਆਂ 'ਚ ਸਰਵਪੱਖੀ ਵਿਕਾਸ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬ ਦੇ ਵਿਰਸੇ ਤੇ ਸ਼ਹੀਦਾਂ ਬਾਰੇ ਜਾਣਕਾਰੀ ਪ੍ਰਦਾਨ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ।ਬੱਚਿਆਂ ਨੂੰ ਕੋਰਿਓਗ੍ਰਾਫ਼ੀ, ਚਿੱਤਰ ਕਲਾ , ਭਾਸ਼ਣ ਕਲਾ, ਗੀਤ ਸੰਗੀਤ ਆਦਿ ਦੀ ਸਿਖਲਾਈ ਦਿੱਤੀ ਜਾਵੇਗੀ।ਬੱਚਿਆਂ 'ਚ ਵਿਗਿਆਨਕ ਚੇਤਨਾ ਵਿਕਸਤ ਕਰਨ ਲਈ ਵਿਸ਼ੇਸ਼ ਤੌਰ 'ਤੇ ਯਤਨ ਕੀਤੇ ਜਾਣਗੇ।ਇਹ ਕੈਂਪ ਸੱਤ ਜੂਨ ਤੋਂ ਸ਼ੁਰੂ ਹੋ ਕੇ ਚੌਦਾਂ ਜੂਨ ਤੱਕ ਜਾਰੀ ਰਹੇਗਾ, ਜਿਸ 'ਚ ਕਿਸੇ ਕਿਸਮ ਦੀ ਕੋਈ ਫ਼ੀਸ ਨਹੀਂ ਲਈ ਜਾਵੇਗੀ।

## ਸਰਕਾਰੀ ਪ੍ਰਾਇਮਰੀ ਸਕੂਲ ਰੱਤਾ ਖੇੜਾ 'ਚ ਮੈਗਾ ਪੀ ਟੀ ਐਮ ਦਾ ਆਯੋਜਨ

**ਜਲਾਲਾਬਾਦ** (ਜੀਤ ਕੁਮਾਰ)-ਸਰਕਾਰੀ ਪ੍ਰਾਇਮਰੀ ਸਕੂਲ ਰੱਤਾ ਖੇੜਾ ਵਿਖੇ ਮੈਗਾ ਪੀਟੀਐਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਾਪਿਆਂ, ਐਸਐਮਸੀ ਮੈਂਬਰਾਂ ਤੇ ਪਿੰਡ ਦੇ ਹੋਰ ਪਤਵੰਤੇ ਸੱਜਣਾਂ ਨੂੰ ਸੱਦਾ ਦਿੱਤਾ ਗਿਆ। ਸਾਰਿਆਂ ਨੇ ਇਸ ਮੀਟਿੰਗ ਵਿੱਚ ਹੁਮਹੁਮਾ ਕੇ ਹਿੱਸਾ ਲਿਆ। ਮੁੱਖ ਅਧਿਆਪਕਾ ਸ਼੍ਰੀਮਤੀ ਰਿਤੂ ਰਾਗਿਨੀ ਵੱਲੋਂ ਸਭ ਨੂੰ ਸਕੂਲ ਦੀਆਂ ਕਾਰਗੁਜ਼ਾਰੀਆਂ ਬਾਰੇ ਦੱਸਿਆ ਗਿਆ ਸਾਰੇ ਪੇਰੈਂਟਸ ਤੇ ਹਾਜ਼ਰ ਮੈਂਬਰਾਂ ਨੂੰ ਪੰਫਲੈਟ ਵੰਡੇ ਗਏ ਅਤੇ ਦੱਸਿਆ ਗਿਆ ਕਿ ਪੰਜਾਬ ਨੇ ਸਕੂਲੀ ਸਿੱਖਿਆ ਵਿੱਚ ਨੰਬਰ ਵਨ ਦਰਜਾ ਹਾਸਲ ਕੀਤਾ ਹੈ। ਸਾਰਿਆਂ ਵੱਲੋਂ ਸਰਕਾਰ ਦੁਆਰਾ ਸਕੂਲੀ ਸਿੱਖਿਆ ਦਾ ਮਿਆਰ ਉੱਚਾ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਸਾਰੇ ਅਧਿਆਪਕਾਂ, ਨੋਨ ਟੀਚਿੰਗ ਸਟਾਫ ਤੇ ਬੱਚਿਆਂ ਨੂੰ ਸਨਮਾਨ ਪੱਤਰ ਦਿੱਤੇ ਗਏ। ਸਾਰੇ ਮਾਪਿਆਂ ਨੂੰ ਮੀਟਿੰਗ ਦੇ ਮੁੱਖ ਅਜੰਡਿਆਂ ਤੋਂ ਜਾਣੂ ਕਰਾਇਆ ਗਿਆ ਅਤੇ ਉਨ੍ਹਾਂ ਨੂੰ ਬੱਚਿਆਂ ਨੂੰ ਛੁੱਟੀਆਂ ਦਾ ਕੰਮ ਕਰਨ ਅਤੇ ਛੁੱਟੀਆਂ ਤੋਂ ਬਾਅਦ ਸਕੂਲ ਭੇਜਣ ਲਈ ਪ੍ਰੇਰਿਆ ਗਿਆ। ਪਿੰਡ ਦੇ ਸਮਾਜ ਸੇਵੀ ਤੇ ਪਤਵੰਤੇ ਸੱਜਣ ਜਰਨੈਲ ਸਿੰਘ ਜੀ ਵੱਲੋਂ ਸਕੂਲ ਦੀ ਬਹੁਤ ਸ਼ਲਾਘਾ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਵੀ ਮਾਪਿਆਂ ਨੂੰ ਸੰਦੇਸ਼ ਦਿੱਤਾ ਗਿਆ ਉਹ ਸਕੂਲ ਦੀ ਤਰੱਕੀ ਵੇਖ ਕੇ ਬਹੁਤ ਖੁਸ਼ ਸਨ। ਮੈਗਾ ਪੀਟੀਐਮ ਬਹੁਤ ਸਫ਼ਲ ਰਹੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਨੂੰ ਹਮਾਇਤ

**ਧਾਰੀਵਾਲ (ਮਨਦੀਪ ਵਿੱਕੀ)**- ਜ਼ਿਲ੍ਹੇ ਭਰ ਤੋਂ ਇਕੱਤਰ ਹੋਏ ਸੀਨੀਅਰ ਆਗੂਆਂ ਦੀ ਇੱਕ ਅਹਿਮ ਮੀਟਿੰਗ ਸੁਖਵੰਤ ਸਿੰਘ ਸਠਿਆਲੀ, ਜੋਗਿੰਦਰ ਸਿੰਘ ਖੰਨਾ ਚਮਾਰਾਂ ਅਤੇ ਚਰਨਜੀਤ ਸਿੰਘ ਲੱਖੋਵਾਲ ਉਪਰ ਆਧਾਰਤ ਪ੍ਰਧਾਨਗੀ ਮੰਡਲ ਦੀ ਪ੍ਰਧਾਨਗੀ ਹੇਠ ਹਰਦੋਛੰਨੀ ਰੋਡ ਉਪਰ ਤਰਸੇਮ ਸਿੰਘ ਬੱਲ ਦੇ ਗ੍ਰਹਿ ਵਿਖੇ ਹੋਈ ਜਿਸ ਵਿੱਚ ਕਿਸਾਨਾਂ ਮਜ਼ਦੂਰਾਂ ਸਮੇਤ ਸਮੂਹ ਮਿਹਨਤਕਸ਼ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ-ਮੁਸ਼ਕਲਾਂ ਅਤੇ ਇਨ੍ਹਾਂ ਦੇ ਹੱਲ ਬਾਰੇ ਭਰਵਾਂ ਵਿਚਾਰ ਵਟਾਂਦਰਾ ਕਰਦਿਆਂ ਹੋਇਆਂ ਕਈ ਫੈਸਲੇ ਲਏ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਬੀਰ ਸਿੰਘ ਰੰਧਾਵਾ ਨੇ ਦੱਸਿਆ ਕਿ ਮੀਟਿੰਗ ਵਿੱਚ ਸਰਬਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਕਿਸਾਨਾਂ ਮਜ਼ਦੂਰਾਂ ਦੀਆਂ ਭਖਵੀਆਂ ਮੰਗਾਂ-ਮੁਸ਼ਕਲਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ 2 ਜੂਨ ਨੂੰ ਪੰਜਾਬ ਭਰ ਦੇ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਸਾਹਮਣੇ ਧਰਨੇ ਦੇਣ ਦੇ ਦਿੱਤੇ ਗਏ ਸੱਦੇ ਦੀ ਹਮਾਇਤ ਕੀਤੀ ਅਤੇ ਅਮਲੀ ਹਮਾਇਤ ਵਜੋਂ ਇਸ ਸੱਦੇ ਦੇ ਤਹਿਤ ਮੋਰਚੇ ਵੱਲੋਂ ਡਿਪਟੀ




ਕਮਿਸ਼ਨਰ ਗੁਰਦਾਸਪੁਰ ਦੇ ਦਫਤਰ ਸਾਹਮਣੇ ਦਿੱਤੇ ਜਾ ਰਹੇ ਧਰਨੇ ਵਿੱਚ ਸ਼ਾਮਿਲ ਹੋਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਵੱਲੋਂ ਪਾਸ ਇੱਕ ਹੋਰ ਮਤੇ ਰਾਹੀਂ ਬੀਤੇ ਅਗਸਤ 2025 ਵਿੱਚ ਦਰਿਆ ਰਾਵੀ ਵਿੱਚ ਆਏ ਹੜ੍ਹਾਂ ਦੌਰਾਨ ਨੁਕਸਾਨੀਆਂ ਗਈਆਂ ਫਸਲਾਂ ਦੇ ਕਿਸਾਨਾਂ ਨੂੰ ਦਿੱਤੇ ਗਏ ਮੁਆਵਜ਼ੇ ਤੋਂ ਵਾਂਝੇ ਰੱਖੇ ਗਏ ਇਲਾਕਾ ਡੇਰਾ ਬਾਬਾ ਨਾਨਕ ਦੇ ਪ੍ਰਦੇਸ਼ ਸਰਕਾਰ ਦੀ ਮਾਲਕੀ ਵਾਲੀ ਜਮੀਨ ਦੇ ਕਾਸ਼ਤਕਾਰਾਂ ਅਤੇ ਇਸੇ ਇਲਾਕੇ ਦੇ ਪਿੰਡ ਹਰ ਦੋਰਵਾਲ ਦੇ ਨਿੱਜੀ ਮਾਲਕੀ ਵਾਲੀ ਜਮੀਨ ਦੇ ਕਾਸ਼ਤਕਾਰ ਕਿਸਾਨਾਂ ਸਮੇਤ ਹੁਣ ਤੱਕ ਮੁਆਵਜੇ ਤੋਂ ਵਾਂਝੇ ਸਮੂਹ ਕਿਸਾਨਾਂ-ਮਜ਼ਦੂਰਾਂ ਤੇ ਹੋਰ ਲੋਕਾਂ ਨੂੰ ਹੜ੍ਹਾਂ ਨਾਲ ਉਹਨਾਂ ਦੀਆਂ ਫਸਲਾਂ, ਘਰਾਂ, ਪਸ਼ੂਆਂ, ਮਸ਼ੀਨਰੀ ਤੇ ਹੋਏ ਹੋਰ ਨੁਕਸਾਨਾ ਦਾ ਮੁਆਵਜ਼ਾ ਤੁਰੰਤ ਦਿੱਤੇ ਜਾਣ ਦੀ ਮੰਗ ਕੀਤੀ ਗਈ।ਮੀਟਿੰਗ ਵੱਲੋਂ ਮਜ਼ਦੂਰ ਪਰਿਵਾਰਾਂ ਨੂੰ ਮਨਰੇਗਾ ਦੇ ਤਹਿਤ ਤੁਰੰਤ ਕੰਮ ਮੁਹੱਈਆ ਕਰਵਾਏ ਜਾਣ ਦੀ ਮੰਗ ਵੀ ਕੀਤੀ ਗਈ।ਮੀਟਿੰਗ ਵਿੱਚ ਸ: ਬਲਬੀਰ ਸਿੰਘ ਰੰਧਾਵਾ ਸ਼ਮਸ਼ੇਰਪੁਰ, ਸ: ਸਤਬੀਰ ਸਿੰਘ ਲਾਲੀ ਖੋਦੇ ਬੇਟ, ਮਾ: ਸੁੱਚਾ ਸਿੰਘ ਰਾਮਦਵਾਲੀ, ਅਵਤਾਰ ਸਿੰਘ ਰੰਧਾਵਾ ਸਿੰਘਪੁਰਾ, ਕਾ: ਸਰਵਣ ਸਿੰਘ ਭੋਲਾ, ਚਮਨ ਮਸੀਹ ਲੱਖੋਵਾਲ, ਸ.ਗੁਰਪਾਲ ਸਿੰਘ ਭਾਗੋ ਕਾਵਾਂ, ਗੁਰਪਿੰਦਰ ਸਿੰਘ ਉੱਚਾ ਧਕਾਲਾ, ਨਰਿੰਦਰ ਸਿੰਘ ਤਲਵੰਡੀ ਹਿੰਦੂਆਂ, ਕੁਲਜੀਤ ਸਿੰਘ ਬਹਿਰਾਮਪੁਰ, ਸਰਦਾਰ ਲਖਵਿੰਦਰ ਸਿੰਘ ਜਾਗੋਵਾਲ ਬੇਟ, ਜਸਬੀਰ ਸਿੰਘ ਫੇਰੋਚੇਚੀ, ਨਵਦੀਪ ਸਿੰਘ ਤੁੰਗ, ਕੈਪਟਨ ਗੁਰਨਾਮ ਸਿੰਘ ਭਾਗੋ ਕਾਵਾਂ, ਬਲਕਾਰ ਸਿੰਘ ਹਰਦੋਵਾਲ, ਸਰਬਜੀਤ ਸਿੰਘ ਤਲਵੰਡੀ ਹਿੰਦੂਆਂ, ਸਮਸ਼ੇਰ ਸਿੰਘ ਸ਼ੇਰਾ, ਸ:ਝਿਰਮਲ ਸਿੰਘ ਝੰਗੀ, ਮਾ : ਕਰਨੈਲ ਸਿੰਘ ਚਿੱਟੀ, ਸੂਬੇਦਾਰ ਬਲਬੀਰ ਸਿੰਘ ਸਿੰਘੋਵਾਲ, ਮਾ: ਸੁਖਵਿੰਦਰ ਪਾਲ ਸਿੰਘ, ਮੁਖਵਿੰਦਰ ਸਿੰਘ, ਅਮਨਦੀਪ ਸਿੰਘ ਉੱਚਾ ਧਕਾਲਾ, ਸੁਖਬੀਰ ਸਿੰਘ ਰੰਧਾਵਾ ਸ਼ਮਸ਼ੇਰਪੁਰ, ਕਾ: ਵਿਆਸ ਦੇਵ ਭੱਟੀਆਂ, ਸਤਨਾਮ ਸਿੰਘ ਖੁਸ਼ੀਪੁਰ, ਹਰਪਾਲ ਸਿੰਘ ਸਾਬੂ, ਅਵਤਾਰ ਸਿੰਘ ਹਯਾਤ ਨਗਰ, ਸੂਰਜ ਸਿੰਘ ਲਾਡੀ ਬਹਿਰਾਮਪੁਰ, ਲਖਵਿੰਦਰ ਸਿੰਘ ਲੱਕੀ ਅਤੇ ਅਨਿਲ ਕੁਮਾਰ ਆਦਿ ਆਗੂ ਹਾਜ਼ਰ ਸਨ।

# ਤਰੁਣ ਚੁੱਘ ਨੇ ਸ਼੍ਰੀ ਅੰਜਨੇਯ ਸਵਾਮੀ ਮੰਦਰ ਮੱਥਾ ਟੇਕਿਆ



**ਛੇਹਰਟਾ, (ਮਨੋਜ ਕੁਮਾਰ)** : ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਚੇਨਈ ਦੇ ਪਵਿੱਤਰ ਨੰਗਨਲੂਰ ਸਥਿਤ ਸ਼੍ਰੀ ਅੰਜਨੇਯ ਸਵਾਮੀ ਮੰਦਰ ਵਿਚ ਮੱਥਾ ਟੇਕਿਆ ਅਤੇ ਦੇਸ਼ ਦੀ ਖੁਸ਼ਹਾਲੀ ਤੇ ਵਿਕਾਸ ਲਈ ਪ੍ਰਾਰਥਨਾ ਕੀਤੀ। ਚੁੱਘ ਨੇ ਕਿਹਾ ਕਿ ਭਾਰਤ ਦੀ ਸਨਾਤਨ ਸੰਸਕ੍ਰਿਤੀ ਤੇ ਅਧਿਆਤਮਿਕ ਪਰੰਪਰਾਵਾਂ ਸਿਰਫ਼ ਵਿਸ਼ਵਾਸ ਦਾ ਵਿਸ਼ਾ ਨਹੀਂ ਹਨ, ਸਗੋਂ ਦੇਸ਼ ਦੀ ਆਤਮਾ ਤੇ ਸਾਡੀ ਸੱਭਿਅਤਾ ਦੀ ਸਭ ਤੋਂ ਵੱਡੀ ਤਾਕਤ ਹਨ। ਉਨ੍ਹਾਂ ਕਿਹਾ ਕਿ ਸ਼੍ਰੀ ਅੰਜਨੇਯ ਸਵਾਮੀ ਮੰਦਰ ਵਰਗੇ ਅਸਥਾਨ ਸਾਡੀ ਸੱਭਿਆਚਾਰਕ ਵਿਰਾਸਤ ਦੇ ਜੀਵਤ ਪ੍ਰਤੀਕ ਹਨ, ਜੋ ਸਮਾਜ ਨੂੰ ਜੋੜਨ ਅਤੇ ਲੋਕਾਂ ਵਿਚ ਸੇਵਾ ਤੇ ਸਮਪਰਣ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਚੁੱਘ ਨੇ ਕਿਹਾ ਕਿ ਭਗਵਾਨ ਹਨੂੰਮਾਨ ਸ਼ਕਤੀ, ਹਿੰਮਤ, ਵਫ਼ਾਦਾਰੀ ਤੇ ਸ਼ਰਧਾ ਦਾ ਪ੍ਰਤੀਕ ਹਨ। ਉਨ੍ਹਾਂ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਜਦੋਂ ਦ੍ਰਿੜਤਾ, ਸਮਰਪਣ ਤੇ ਸੇਵਾ ਦੀ ਭਾਵਨਾ ਮਿਲਦੇ ਹਨ, ਤਾਂ ਅਸੰਭਵ ਟੀਚਿਆਂ ਨੂੰ ਵੀ ਪ੍ਰਾਪਤ ਕੀਤਾ ਜਾ ਸਕਦਾ ਹੈ।

# ਸੀਟੂ ਨੇ ਧੂਮਧਾਮ ਨਾਲ ਮਨਾਇਆ 56ਵਾਂ ਸਥਾਪਨਾ ਦਿਵਸ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਐਤਵਾਰ ਨੂੰ ਸੀਟੂ ਦਫ਼ਤਰ ਪੁਤਲੀਘਰ ਵਿਚ ਸੀਟੂ ਨੇ ਆਪਣਾ 56ਵਾਂ ਸਥਾਪਨਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ। ਇਸ ਮੌਕੇ ਪੱਤਰਕਾਰਾਂ



ਨਾਲ ਗੱਲਬਾਤ ਕਰਦੇ ਹੋਏ ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ 30 ਮਈ 1970 ਨੂੰ ਸੀਟੂ ਦੀ ਸਥਾਪਨਾ ਹੋਈ ਸੀ। ਉਸ ਦਿਨ ਵਿਚਾਰਧਾਰਕ ਤੇ ਸੰਘਰਸ਼ਸ਼ੀਲ ਮਜ਼ਦੂਰ ਵਰਕਰਾਂ ਨੇ ਇਕੱਠ ਕਰਕੇ ਸੁਧਾਰਵਾਦੀ ਵਿਚਾਰਾਂ ਵਿਰੁੱਧ ਸੀਟੂ ਦੀ ਸਥਾਪਨਾ ਕੀਤੀ ਸੀ ਅਤੇ ਪੰਜਾਬ ਦੇ ਪਹਿਲੇ ਪ੍ਰਧਾਨ ਪੰਡਿਤ ਕਿਸ਼ੋਰੀ ਲਾਲ ਜੋ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਸਾਥੀ ਸਨ, ਨੂੰ ਬਣਾਇਆ ਗਿਆ। ਉਨ੍ਹਾਂ ਦੀ ਅਗਵਾਈ ਵਿਚ ਮਜ਼ਦੂਰ ਜਮਾਤ ਨੇ ਕਈ ਹੜਤਾਲਾਂ ਕੀਤੀਆਂ ਤੇ ਵੱਡੀਆਂ ਪ੍ਰਾਪਤੀਆਂ ਕੀਤੀਆਂ; ਜਿਨ੍ਹਾਂ ਵਿਚ ਮਜ਼ਦੂਰਾਂ ਨੂੰ ਛੁੱਟੀਆਂ, ਬੋਨਸ ਤੇ ਤਨਖਾਹਾਂ ਵਿਚ ਵਾਧਾ ਕਰਵਾਇਆ ਗਿਆ। ਅੱਜ ਕੇਂਦਰ ਸਰਕਾਰ ਵੱਲੋਂ ਲੇਬਰ ਐਕਟ ਨੂੰ ਤੋੜ ਕੇ ਚਾਰ ਲੇਬਰ ਕੋਡ ਬਣਾ ਕੇ ਗਰੀਬ ਵਰਕਰਾਂ ਨੂੰ ਮਾਲਕਾਂ ਦੇ ਰਹਿਮੋ ਕਰਮ 'ਤੇ ਛੱਡ ਦਿੱਤਾ ਗਿਆ ਹੈ। ਅੱਠ ਘੰਟੇ ਦੀ ਥਾਂ 'ਤੇ 12 ਘੰਟੇ ਦਿਹਾੜੀ ਕਰ ਦਿੱਤੀ ਹੈ ਜਿਸ ਕਾਰਨ ਵਰਕਰਾਂ ਵਿਚ ਭਾਰੀ ਰੋਸ ਹੈ। ਵਰਕਰ ਆਪ ਮੁਹਾਰੇ ਸੰਘਰਸ਼ਾਂ ਦੇ ਰਾਹ ਪੈ ਗਏ ਹਨ। ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਕਿਹਾ ਕਿ ਅਸੀਂ ਸੀਟੂ ਨੂੰ ਮਜ਼ਬੂਤ ਕਰਕੇ ਆਪਣੇ ਹੱਕਾਂ ਦੀ ਰਾਖੀ ਕਰਾਂਗੇ। ਇਸ ਮੌਕੇ ਕਾਮਰੇਡ ਚਰਨਜੀਤ ਮਜੀਠਾ, ਕਿਰਪਾ ਰਾਮ, ਵਿਜੇ ਕੁਮਾਰ, ਸੂਰਜ, ਪ੍ਰੇਮ ਵਿਲਾਸ, ਧਰਮਪਾਲ, ਸਤਨਾਮ ਸਿੰਘ, ਜਸਵੰਤ ਸਿੰਘ, ਪ੍ਰਤਾਪ ਸਿੰਘ ਆਦਿ ਸਾਥੀ ਹਾਜ਼ਰ ਸਨ।

# ਸੰਤ ਬਾਬਾ ਖੜਕ ਸਿੰਘ ਤੇ ਬਾਬਾ ਦਰਸ਼ਨ ਸਿੰਘ ਦੀ ਸਾਲਾਨਾ ਬਰਸੀ ਮਨਾਈ

## ਕਰਨਬੀਰ ਸਿੰਘ ਬੁਰਜ, ਕੰਚਨਪ੍ਰੀਤ ਕੌਰ ਤੇ ਧਾਰਮਿਕ ਆਗੂਆਂ ਨੇ ਕੀਤੇ ਸ਼ਰਧਾ ਦੇ ਫੁੱਲ ਭੇਟ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਕਾਰਸੇਵਾ ਦੇ ਮਹਾਨ ਪੁੰਜ ਸੰਤ ਬਾਬਾ ਖੜਕ ਸਿੰਘ ਜੀ ਬੀੜ ਸਾਹਿਬ ਵਾਲਿਆਂ ਅਤੇ ਸੰਤ ਬਾਬਾ ਦਰਸ਼ਨ ਸਿੰਘ ਬੀੜ ਸਾਹਿਬ ਵਾਲਿਆਂ ਦੀ ਸਾਲਾਨਾ ਬਰਸੀ




ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ ਵਿਖੇ ਬਾਬਾ ਸੰਤੋਖ ਸਿੰਘ ਦੀ ਅਗਵਾਈ ਅਤੇ ਸੰਗਤ ਦੇ ਸਹਿਯੋਗ ਨਾਲ ਬੜੀ ਸ਼ਰਧਾ-ਭਾਵਨਾ ਨਾਲ ਮਨਾਈ ਗਈ।ਇਸ ਸਬੰਧੀ ਜਥੇਦਾਰ ਬਾਬਾ ਭੋਲਾ ਸਿੰਘ ਨੇ ਦੱਸਿਆ ਕਿ ਇਸ ਮੌਕੇ ਗੁਰਦੁਆਰਾ ਸੰਤ ਨਿਵਾਸ ਵਿਖੇ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ 21 ਭੋਗ ਪਾਏ ਗਏ।ਧਾਰਮਿਕ ਦੀਵਾਨਾਂ ਵਿੱਚ ਪਹੁੰਚੀਆਂ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਬਾਬਾ ਸੰਤੋਖ ਸਿੰਘ ਜੀ ਬੀੜ ਸਾਹਿਬ, ਬਾਬਾ ਚੜ੍ਹਤ ਸਿੰਘ, ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ, ਸੰਤ ਬਾਬਾ ਅਮੀਰ ਸਿੰਘ ਜਵੰਦੀ ਕਲਾਂ, ਬਾਬਾ ਭੋਲਾ ਸਿੰਘ ਬੀੜ ਸਾਹਿਬ ਵਾਲੇ, ਬਾਬਾ ਗੁਰਪ੍ਰੀਤ ਸਿੰਘ ਖਡੂਰ ਸਾਹਿਬ, ਬਾਬਾ ਸੇਵਾ ਸਿੰਘ, ਸਾਬਕਾ ਚੇਅਰਮੈਨ ਗੁਰਬਖਸ਼ ਸਿੰਘ ਬੁਰਜ, ਸਾਬਕਾ ਚੇਅਰਮੈਨ ਲਖਬੀਰ ਸਿੰਘ ਬੁਰਜ, ਕਾਂਗਰਸ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕੰਚਨਪ੍ਰੀਤ ਕੌਰ, ਸਾਬਕਾ ਸਰਪੰਚ ਬੱਬੂ ਪਲਾਸੌਰ, ਬਲਾਕ ਪ੍ਰਧਾਨ ਨਿਹਾਲ ਸਿੰਘ ਕਸੇਲ, ਪ੍ਰਧਾਨ ਗੁਰਪਾਲ ਸਿੰਘ ਜਗਤਪੁਰਾ, ਚੇਅਰਮੈਨ ਹਰਵੰਤ ਸਿੰਘ ਝਬਾਲ, ਸਾਬਕਾ ਸਰਪੰਚ ਅਜਮੇਰ ਸਿੰਘ ਕਾਕਾ ਛਾਪਾ, ਸਰਪੰਚ ਸੋਨੂੰ ਬਰਾੜ ਦੋਦੇ, ਪੂਰਨ ਸਿੰਘ ਝਬਾਲ, ਕਾਲਜ ਕਮੇਟੀ ਮੈਂਬਰ ਰਣਜੀਤ ਸਿੰਘ ਗੰਡੀਵਿੰਡ, ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ, ਚੇਅਰਮੈਨ ਖਾਲੜਾ ਮਿਸ਼ਨ ਕਮੇਟੀ ਬਲਵਿੰਦਰ ਸਿੰਘ ਝਬਾਲ, ਸੈਕਟਰੀ ਜਗੀਰ ਸਿੰਘ, ਪ੍ਰਿੰਸੀਪਲ ਡਾ. ਕਰਨਜੀਤ ਸਿੰਘ, ਕਾਲਜ ਕਮੇਟੀ ਮੈਂਬਰ ਕਸ਼ਮੀਰ ਸਿੰਘ ਬਘਿਆੜੀ, ਦਲਜੀਤ ਸਿੰਘ ਪੰਜਵੜ, ਗੁਰਜਿੰਦਰ ਸਿੰਘ ਸੰਧੂ, ਸਾਬਕਾ ਸਰਪੰਚ ਸ਼ਾਮ ਸਿੰਘ ਕੋਟ, ਵਿੱਕੀ ਝਬਾਲ ਖੁਰਦ, ਹਰਜੋਤ ਸਿੰਘ ਛਾਪਾ, ਪੱਪੂ ਪਹਿਲਵਾਨ ਠੱਠਾ, ਅੰਮ੍ਰਿਤਸਰ ਸਿੰਘ ਮੰਨਣ, ਬਲਾਕ ਪ੍ਰਧਾਨ ਪ੍ਰਦੀਪ ਸਿੰਘ ਪੰਡੋਰੀ, ਅੰਮ੍ਰਿਤਬੀਰ ਸਿੰਘ ਭੁੱਚਰ, ਚਰਨਜੀਤ ਸਿੰਘ ਭੁੱਚਰ, ਬਾਬਾ ਗੁਰਦੇਵ ਸਿੰਘ ਠੱਠਾ, ਮਲਕੀਅਤ ਸਿੰਘ ਛਾਪਾ, ਰਜਵੰਤ ਸਿੰਘ ਜੱਜ ਕਸੇਲ, ਭਾਈ ਕਸ਼ਮੀਰ ਸਿੰਘ ਬਘਿਆੜੀ, ਨਿਰਮਲ ਸਿੰਘ ਬਘਿਆੜੀ, ਡਾ. ਨਰਿੰਦਰ ਬਘਿਆੜੀ, ਸਾਬਕਾ ਸਰਪੰਚ ਜਗਤਾਰ ਸਿੰਘ ਸਵਰਗਾਪੁਰੀ, ਡਾ. ਇੰਦਰਜੀਤ ਸਿੰਘ ਚੇਅਰਮੈਨ ਆਈ. ਟੀ. ਆਈ. ਕਾਲਜ ਭਗਵਾਨਪੁਰਾ, ਮੁਖਤਾਰ ਸਿੰਘ ਬਘਿਆੜੀ, ਪ੍ਰਤਾਪ ਸਿੰਘ ਠੱਠਾ, ਗੁਰਮੀਤ ਸਿੰਘ ਝਬਾਲ ਖੁਰਦ, ਗਿਆਨੀ ਹਰਭਜਨ ਸਿੰਘ ਭੁਸੇ, ਮਹਿੰਦਰ ਸਿੰਘ ਪਤਾਸਿਆਂ ਵਾਲੇ, ਜਥੇਦਾਰ ਬਲਜੀਤ ਸਿੰਘ, ਜਥੇਦਾਰ ਬਹਾਲ ਸਿੰਘ ਗੱਗੋਬੂਹਾ, ਪ੍ਰੋ. ਇੰਦਰਜੀਤ ਸਿੰਘ ਕਸੇਲ, ਕੁਲਵੰਤ ਸਿੰਘ ਕਾਲਾ ਮਸਤਗੜ੍ਹ, ਰਛਪਾਲ ਸਿੰਘ ਦੂਹਲ ਸਰਪੰਚ ਸਰਪੰਚ ਮੋਤਾ ਸਿੰਘ ਬਘਿਆੜੀ, ਗੁਰਨਾਮ ਸਿੰਘ ਚੜ੍ਹਦੀਕਲਾਂ ਤੋਂ ਇਲਾਵਾ ਐਮਾ, ਮੁਸੇ, ਭੁਸੇ, ਮੰਨਣ, ਝਬਾਲ, ਬਘਿਆੜੀ, ਮੀਆਂਪੁਰ, ਬਾਸਰਕੇ ਸਾਹਿਬ, ਢੰਡ, ਗੰਡੀਵਿੰਡ, ਦੋਦੇ ਆਦਿ ਪਿੰਡਾਂ ਦੀ ਸੰਗਤ ਹਾਜ਼ਰ ਸੀ।

# ਇੰਟਰ-ਹਾਊਸ ਕੁਇੱਜ਼ ਪ੍ਰਸ਼ਨੋਤਰੀ ਮੁਕਾਬਲਾ ਕਰਵਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਚੀਫ ਖਾਲਸਾ ਦੀਵਾਨ ਦੇ ਪ੍ਰਧਾਨ ਸ. ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਇੰਟਰ-ਹਾਊਸ ਕੁਇੱਜ਼ ਮੁਕਾਬਲਾ ਕਰਵਾਇਆ ਗਿਆ।ਸਕੂਲ ਦੇ ਚਾਰ ਹਾਊਸਾਂ ਵਿਚਕਾਰ ਹੋਏ ਇਸ ਮੁਕਾਬਲੇ 'ਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਜਿਸ ਵਿੱਚੋਂ ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ ਨੇ ਪਹਿਲਾ ਸਥਾਨ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਨੇ ਦੂਸਰਾ ਸਥਾਨ, ਸਾਹਿਬਜ਼ਾਦਾ ਫਤਿਹ ਸਿੰਘ ਹਾਊਸ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤ ਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਕੁਰਬਾਨੀਆਂ ਸਾਨੂੰ ਸੱਚ, ਧਰਮ ਅਤੇ ਮਨੁੱਖਤਾ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦੀਆਂ ਹਨ।ਇਸ ਲਈ ਗੁਰੂ ਸਾਹਿਬ ਦੇ ਪਾਏ ਪੂਰਨਿਆਂ 'ਤੇ ਤੁਰ ਕੇ ਸਿੱਖੀ ਸਿਧਾਂਤਾਂ ਅਨੁਸਾਰ ਆਪਣਾ ਜੀਵਨ ਜਿਊਣ ਦੀ ਲੋੜ ਹੈ।

# ਭੇਤਭਰੇ ਹਾਲਾਤ 'ਚ ਵਿਅਕਤੀ ਦੀ ਲਾਸ਼ ਮਿਲੀ

**ਗੁਰਦਾਸਪੁਰ (ਜਨਕ ਮਹਾਜਨ)**- ਹਰਦੋਛੰਨੀ ਰੋਡ ਤੇ ਪਿੰਡ ਹਯਾਤ ਨਗਰ ਨੇੜੇ ਸਥਿਤ ਪੀਰ ਬਾਬੇ ਦੀ ਦਰਗਾਹ ਨੇੜੇ ਇੱਕ ਵਿਅਕਤੀ ਦੀ ਭੇਤਭਰੇ ਹਾਲਾਤ ਵਿੱਚ ਲਾਸ਼ ਮਿਲਣ ਕਾਰਨ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ।ਜਾਣਕਾਰੀ ਅਨੁਸਾਰ ਮ੍ਰਿਤਕ ਵਿਅਕਤੀ ਸਵੇਰੇ ਤੜਕਸਾਰ ਮੋਟਰਸਾਈਕਲ 'ਤੇ ਕਿਤੇ ਜਾ ਰਿਹਾ ਸੀ ਕਿ ਰਸਤੇ ਵਿੱਚ ਉਸ ਨਾਲ ਇਹ ਭਾਣਾ ਵਾਪਰ ਗਿਆ।ਮ੍ਰਿਤਕ ਦੇ ਸਿਰ ਤੋਂ ਖੂਨ ਵਗ ਰਿਹਾ ਸੀ ਜਦਕਿ ਉਸ ਦਾ ਮੋਟਰਸਾਈਕਲ ਬਿਲਕੁਲ ਠੀਕ-ਠਾਕ ਸੜਕ ਦੇ ਕਿਨਾਰੇ ਪਿਆ ਸੀ।ਮੌਕੇ 'ਤੇ ਡੀਐੱਸਪੀ ਸ਼ਾਹਬਾਜ਼ ਸਿੰਘ ਅਤੇ ਐੱਸਐੱਚਓ ਸਦਰ ਅਮਨਦੀਪ ਸਿੰਘ ਪਹੁੰਚੇ ਅਤੇ ਫੋਰੈਂਸਿਕ ਟੀਮ ਨੂੰ ਵੀ ਬੁਲਾਇਆ ਗਿਆ ।ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਇਹ ਕੋਈ ਵਾਰਦਾਤ ਹੈ ਜਾਂ ਫਿਰ ਦੁਰਘਟਨਾ।ਮ੍ਰਿਤਕ ਦੀ ਪਹਿਚਾਣ ਅਮਨਦੀਪ ਸਿੰਘ (43) ਵਾਸੀ ਡੇਰਾ ਬਾਬਾ ਨਾਨਕ ਦੇ ਤੌਰ 'ਤੇ ਹੋਈ ਹੈ ਜੋ ਹੁਣ ਸ਼ਹਿਰ ਦੇ ਪ੍ਰੇਮ ਨਗਰ ਇਲਾਕੇ ਵਿੱਚ ਕਿਰਾਏ 'ਤੇ ਰਹਿ ਰਿਹਾ ਸੀ।ਪੁਲਸ ਵੱਲੋਂ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ ਅਤੇ ਮ੍ਰਿਤਕ ਦੇ ਪਰਿਵਾਰ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

# ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਗੁਰਦਾਸਪੁਰ ਦਾ ਡੈਲੀਗੇਟ ਅਜਲਾਸ

**ਧਾਰੀਵਾਲ, ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ)**- ਕੁੱਲ ਹਿੰਦ ਕਿਸਾਨ ਸਭਾ ਜਿਲਾ ਗੁਰਦਾਸਪੁਰ ਦਾ ਡੈਲੀਗੇਟ ਅਜਲਾਸ ਵਿਧਾਨ ਸਭਾ ਹਲਕਾ ਹਰਗੋਬਿੰਦਪੁਰ ਦੇ ਪਿੰਡ ਮਹੇਸ਼ ਡੋਗਰ ਵਿਖੇ ਕਿਸਾਨ ਆਗੂ ਰਣਜੀਤ ਸਿੰਘ ਦੇ ਫਾਰਮ ਹਾਊਸ ਵਿਖੇ ਬਲਦੇਵ ਸਿੰਘ ਖਹਿਰਾ, ਗੁਰਚਰਨ ਸਿੰਘ ਵਾਲੀਆ ਅਤੇ ਗੁਰਮੁਖ

**● 23 ਸਾਥੀਆਂ ਦੀ ਨਵੀਂ ਜ਼ਿਲ੍ਹਾ ਕੌਂਸਲ ਦੀ ਹੋਈ ਚੋਣ**

ਸਿੰਘ ਦੀ ਪ੍ਰਧਾਨਗੀ ਹੇਠ ਹੋਇਆ। ਅਜਲਾਸ ਦੇ ਸ਼ੁਰੂ ਵਿੱਚ ਪਿਛਲੇ ਸਮੇਂ ਅੰਦਰ ਕਿਸਾਨ ਲਹਿਰ ਅੰਦਰ ਵਿਛੋੜਾ ਦੇ ਗਏ ਸਾਥੀਆਂ ਨੂੰ ਸ਼ਰਧਾਜਲੀ ਭੇਟ ਕੀਤੀ ਗਈ।ਉਥੇ ਕਿਸਾਨ ਸਭਾ ਵੱਲੋਂ ਪਿਛਲੇ ਸਮੇਂ ਵਿੱਚ ਕੀਤੇ ਗਏ ਕੰਮਾਂ ਦੀ ਰਿਪੋਰਟ ਕਿਸਾਨ ਆਗੂ ਗੁਲਜ਼ਾਰ ਸਿੰਘ ਬਸੰਤ ਕੋਟ ਨੇ ਪੇਸ਼ ਕੀਤੀ।ਹਾਜ਼ਰ ਡੈਲੀਗੇਟਾਂ ਵਿੱਚੋਂ ਬਲਬੀਰ ਸਿੰਘ ਕੱਤੋਵਾਲ, ਜਗਜੀਤ ਸਿੰਘ ਅਲੂਣਾ, ਸੁਰਿੰਦਰ ਸਿੰਘ ਧਾਰੋਵਾਲੀ, ਗੁਰਜੀਤ ਸਿੰਘ ਘੋੜੇਵਾਹ, ਬਲਦੇਵ ਸਿੰਘ ਖਹਿਰਾ ਅਤੇ ਜਸਵਿੰਦਰ ਸਿੰਘ ਅਠਵਾਲ ਨੇ ਰਿਪੋਰਟ ਉਪਰ ਆਪਣੇ ਵਿਚਾਰ ਪੇਸ਼ ਕੀਤੇ।ਹਾਜ਼ਰ ਡੈਲੀਗੇਟਾਂ ਨੇ ਕੁਝ ਵਾਧਿਆਂ ਨਾਲ ਰਿਪੋਰਟ ਸਰਬਸੰਮਤੀ ਨਾਲ ਪਾਸ ਕੀਤੀ।ਉਪਰੰਤ ਡੈਲੀਗੇਟ ਹਾਊਸ ਨੇ 23 ਸਾਥੀਆਂ ਦੀ ਨਵੀਂ ਜ਼ਿਲਾ ਕੌਂਸਲ ਦੀ ਚੋਣ ਕੀਤੀ ਜਿਸ ਨੇ ਸਾਥੀ ਬਲਬੀਰ ਸਿੰਘ ਕੱਤੋਵਾਲ ਨੂੰ ਪ੍ਰਧਾਨ, ਬਲਦੇਵ ਸਿੰਘ ਖਹਿਰਾ ਨੂੰ ਸੀਨੀਅਰ ਮੀਤ ਪ੍ਰਧਾਨ, ਜਗਜੀਤ ਸਿੰਘ ਅਲੂਣਾ ਮੀਤ ਪ੍ਰਧਾਨ, ਸਕੱਤਰ ਜੱਸਵਿੰਦਰ ਸਿੰਘ ਅਠਵਾਲ, ਮੀਤ ਸਕੱਤਰ ਕੈਪਟਨ ਜੱਸਵੰਤ ਸਿੰਘ ਮਹੇਸ਼ ਡੋਗਰ, ਗੁਰਜੀਤ ਸਿੰਘ ਘੋੜੇਵਾਹ ਅਤੇ ਖਜਾਨਚੀ ਮਿਹਰਬਾਨ ਸਿੰਘ ਕਲੀਜਪੁਰ ਦੀ ਚੋਣ ਕੀਤੀ।ਅੱਜ ਦੇ ਅਜਲਾਸ ਵਿੱਚ 60 ਦੇ ਕਰੀਬ ਵੱਖ-ਵੱਖ ਬਲਾਕਾਂ ਦੇ ਡੈਲੀਗੇਟਾਂ ਨੇ ਹਿੱਸਾ ਲਿਆ।ਸੂਬੇ ਵੱਲੋਂ ਨਿਗਰਾਨ ਦੇ ਤੌਰ ਤੇ ਸਾਥੀ ਲਖਬੀਰ ਸਿੰਘ ਨਿਜ਼ਾਮਪੁਰ ਹਾਜ਼ਰ ਸਨ ਜਿਨ੍ਹਾਂ ਨੇ ਕਿਸਾਨ ਸਭਾ ਦੇ ਇਤਿਹਾਸ ਅਤੇ ਇਤਿਹਾਸਕ ਕਿਸਾਨ ਅੰਦੋਲਨ ਅੰਦਰ ਜਥੇਬੰਦੀ ਵੱਲੋਂ ਪਾਏ ਯੋਗਦਾਨ ਬਾਰੇ ਵਿਸਥਾਰ ਵਿੱਚ ਦੱਸਿਆ।ਉਥੇ ਉਨ੍ਹਾਂ ਨੇ ਕਿਸਾਨ ਅੰਦੋਲਨ ਤੋਂ ਬਾਅਦ ਖੇਤੀ ਸੈਕਟਰ ਤੇ ਕਾਰਪੋਰੇਟਾਂ ਦੇ ਕਬਜ਼ੇ ਬਾਰੇ ਨੀਤੀਆਂ ਦੀ ਚਰਚਾ ਕੀਤੀ।ਅਮਰੀਕਾ ਨਾਲ ਭਾਰਤ ਵੱਲੋਂ



ਕੀਤੇ ਜਾ ਰਹੇ ਸਮਝੌਤੇ ਅੰਦਰ ਖੇਤੀ ਜਿਨਸਾਂ ਵਾਸਤੇ ਭਾਰਤ ਦੇ ਦਰਵਾਜ਼ੇ ਖੋਲ੍ਹਣ ਅਤੇ ਇਸ ਦੇ ਪੈਣ ਵਾਲੇ ਪ੍ਰਭਾਵਾਂ ਬਾਰੇ ਖੁੱਲ੍ਹ ਕੇ ਗੱਲ ਕੀਤੀ ਅਤੇ ਕਿਹਾ ਕਿ ਜੇਕਰ ਕੇਂਦਰ ਸਰਕਾਰ ਨੇ ਅਮਰੀਕਾ ਦੇ ਦਬਾਅ ਥੱਲੇ ਆ ਕੇ ਇਸ ਸਮਝੌਤੇ ਵਿੱਚੋਂ ਖੇਤੀ ਸੈਕਟਰ ਨੂੰ ਸ਼ਾਮਲ ਕੀਤਾ ਤਾਂ ਦੇਸ਼ ਦੀਆਂ ਕਿਸਾਨ ਜਥੇਬੰਦੀਆਂ ਸੰਯੁਕਤ ਕਿਸਾਨ ਮੋਰਚੇ ਦੇ ਝੰਡੇ ਹੇਠ ਇੱਕ ਵੱਡਾ ਜਨ ਅੰਦੋਲਨ ਕਰਨਗੀਆਂ।ਇਸ ਤੋਂ ਇਲਾਵਾ ਅਜਲਾਸ ਅੰਦਰ ਡੀਜ਼ਲ, ਪਟਰੋਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਨੂੰ ਵਾਪਿਸ ਲੈਣ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਅੰਦਰ ਪੰਜਾਬ ਦੀ ਪ੍ਰਤੀਨਿੱਧਤਾ ਬਹਾਲ ਕਰਨ, ਦਰਿਆਈ ਪਾਣੀਆਂ ਦੀ ਰਿਪੇਰੀਅਨ ਕਨੂੰਨ ਅਨੁਸਾਰ ਵੰਡ, ਐੱਮਐੱਸਪੀ, ਖ੍ਰੀਦ ਗਰੰਟੀ ਕਾਨੂੰਨ ਬਣਾਉਣ ਅਤੇ ਕਿਸਾਨਾਂ, ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ ਨੂੰ ਮੁਆਫ ਕਰਨ ਦੀ ਮੰਗ ਸਬੰਧੀ ਮਤੇ ਪ੍ਰਵਾਨ ਕੀਤੇ ਗਏ।ਅੱਜ ਦੇ ਅਜਲਾਸ ਵੱਲੋਂ ਸੰਯੁਕਤ ਕਿਸਾਨ ਮੋਰਚੇ ਪੰਜਾਬ ਦੇ ਸੱਦੇ ਉਪਰ 2 ਜੂਨ ਨੂੰ ਡਿਪਟੀ ਕਮਿਸ਼ਨਰ ਗੁਰਦਾਸਪੁਰ ਸਾਹਮਣੇ ਦਿੱਤੇ ਜਾਣ ਵਾਲੇ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਫੈਸਲਾ ਕੀਤਾ ਗਿਆ।

# ਸ਼ਹੀਦ ਏ ਐੱਸ ਆਈ ਜੋਗਾ ਸਿੰਘ ਨੂੰ ਸ਼ਰਧਾਂਜਲੀ ਭੇਟ

**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਡੀ. ਜੀ. ਪੀ. ਪੰਜਾਬ ਨੇ ਬਟਾਲਾ ਪੁਲਸ ਦੇ ਸ਼ਹੀਦ ਏ. ਐੱਸ. ਆਈ. ਜੋਗਾ ਸਿੰਘ ਦੇ ਘਰ ਜਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕੀਤੀ।ਏ. ਐੱਸ. ਆਈ. ਜੋਗਾ ਸਿੰਘ ਨੇ ਪੰਜਾਬ ਪੁਲਸ ਦੀਆਂ ਉੱਚਤਮ ਪਰੰਪਰਾਵਾਂ ਦੀ ਉਦਾਹਰਣ ਦਿੰਦੇ ਹੋਏ ਡਿਊਟੀ ਦੌਰਾਨ ਸ ਰ ਬ ਉ_ ੱਚ ਬਲੀਦਾਨ ਦਿੱਤਾ।



ਉਨ੍ਹਾਂ ਦੀ ਕੁਰਬਾਨੀ ਨੂੰ ਹਮੇਸ਼ਾ ਮਾਣ ਅਤੇ ਸਨਮਾਨ ਨਾਲ ਯਾਦ ਕੀਤਾ ਜਾਵੇਗਾ।ਡੀ ਜੀ ਪੀ ਪੰਜਾਬ ਨੇ ਜੋਗਾ ਸਿੰਘ ਦੇ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਇਸ ਮੁਸ਼ਕਲ ਸਮੇਂ ਵਿੱਚ ਪੰਜਾਬ ਪੁਲਸ ਉਨ੍ਹਾਂ ਦੇ ਨਾਲ ਖੜੀ ਹੈ ਅਤੇ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।ਇਸ ਘਿਨਾਉਣੇ ਅਪਰਾਧ ਦੇ ਜ਼ਿੰਮੇਵਾਰਾਂ ਨੂੰ ਜਲਦ ਹੀ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ।

# ਦੀਨਾਨਗਰ, ਗੁਰਦਾਸਪੁਰ ਤੇ ਕਾਦੀਆਂ ਨਗਰ ਕੌਂਸਲ ਦੀਆਂ ਚੋਣਾਂ 13 ਜੂਨ ਨੂੰ

**ਗੁਰਦਾਸਪੁਰ, ਬਟਾਲਾ (ਜਨਕ ਮਹਾਜਨ, ਡਾ. ਮਲਵਿੰਦਰ ਸਿੰਘ)**- ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਐਲਾਨੇ ਚੋਣ ਪ੍ਰੋਗਰਾਮ ਅਨੁਸਾਰ ਗੁਰਦਾਸਪੁਰ, ਦੀਨਾਨਗਰ ਤੇ ਕਾਦੀਆਂ ਨਗਰ ਕੌਂਸਲ ਦੀਆਂ ਚੋਣਾਂ 13 ਜੂਨ ਨੂੰ ਹੋਣਗੀਆਂ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਪ੍ਰੀਤ ਸਿੰਘ ਗਿੱਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਚੋਣਕਾਰ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਗੁਰਦਾਸਪੁਰ ਨਗਰ ਕੌਂਸਲ ਲਈ ਨਾਮਜ਼ਦਗੀ ਪੱਤਰ ਕੋਰਟ ਰੂਮ ਨੰਬਰ 119, ਦਫਤਰ ਐੱਸ. ਡੀ. ਐੱਮ. ਗੁਰਦਾਸਪੁਰ ਵਿਖੇ, ਦੀਨਾਨਗਰ ਲਈ ਕੋਰਟ ਰੂਮ ਦਫਤਰ ਐੱਸ.ਡੀ.ਐੱਮ. ਦਫਤਰ ਦੀਨਾਨਗਰ ਵਿਖੇ ਅਤੇ ਕਾਦੀਆਂ ਲਈ ਮਾਰਕਿਟ ਕਮੇਟੀ ਕਾਦੀਆਂ ਵਿਖੇ ਨਾਮਜ਼ਦਗੀ ਪੱਤਰ ਜਮ੍ਹਾ ਹੋਣਗੇ।ਉਨ੍ਹਾਂ ਅੱਗੇ ਦੱਸਿਆ ਕਿ ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਮਿਤੀ 3 ਜੂਨ ਹੈ।ਨਾਮਜ਼ਦਗੀ ਪੱਤਰਾਂ ਦੀ ਪੜਤਾਲ 4 ਜੂਨ ਨੂੰ ਹੋਵੇਗੀ।ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ 5 ਜੂਨ ਦੁਪਹਿਰ 3 ਵਜੇ ਤੱਕ ਹੈ।ਉਨ੍ਹਾਂ ਦੱਸਿਆ ਕਿ ਪੋਲਿੰਗ 13 ਜੂਨ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਹੋਵੇਗੀ 'ਤੇ ਵੋਟਾਂ ਦੀ ਗਿਣਤੀ ਵੋਟਾਂ ਪੈਣ ਉਪਰੰਤ ਉਸੇ ਦਿਨ ਕੀਤੀ ਜਾਵੇਗੀ।

# ਪੰਜਾਬ ਨੂੰ ਡਬਲ ਇੰਜਣ ਵਾਲੀ ਸਰਕਾਰ ਦੀ ਲੋੜ : ਤਰੁਣ ਚੁੱਘ

**ਛੇਹਰਟਾ, (ਮਨੋਜ ਕੁਮਾਰ)** : ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਐਤਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰਸਿੱਧ ਰੇਡੀਓ ਪ੍ਰੋਗਰਾਮ 'ਮਨ



ਕੀ ਬਾਤ' ਦੀ 134ਵੀਂ ਲੜੀ ਨੂੰ ਪਾਰਟੀ ਵਰਕਰਾਂ ਤੇ ਅਹੁਦੇਦਾਰਾਂ ਨਾਲ ਆਪਣੇ ਲਾਹੌਰੀ ਗੇਟ ਦਫ਼ਤਰ ਵਿਚ ਸੁਣਿਆ। ਪ੍ਰੋਗਰਾਮ ਤੋਂ ਬਾਅਦ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਚੁੱਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਇਕ ਵਾਰ ਫਿਰ ਦੇਸ਼ ਵਾਸੀਆਂ ਨੂੰ ਪ੍ਰੇਰਨਾ, ਸੇਵਾ, ਖੇਡਾਂ, ਸੱਭਿਆਚਾਰ, ਪਾਣੀ ਦੀ ਸੰਭਾਲ ਤੇ ਸਮਾਜਿਕ ਜਾਗਰੂਕਤਾ ਦਾ ਸੁਨੇਹਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਪਾਣੀ ਦੀ ਸੰਭਾਲ ਨੂੰ ਲੋਕ ਲਹਿਰ ਬਣਾਉਣ ਦਾ ਸੱਦਾ ਦਿੱਤਾ ਹੈ। ਇਹ ਮੁੱਦਾ ਪੰਜਾਬ ਵਰਗੇ ਖੇਤੀਬਾੜੀ ਪ੍ਰਧਾਨ ਰਾਜ ਲਈ ਬਹੁਤ ਮਹੱਤਵਪੂਰਨ ਹੈ। ਸਾਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਜਲ ਸਰੋਤਾਂ ਦੀ ਰੱਖਿਆ ਕਰਨ ਦਾ ਪ੍ਰਣ ਲੈਣਾ ਚਾਹੀਦਾ ਹੈ ਅਤੇ ਸਮਾਜ ਦੇ ਹਰ ਵਰਗ ਨੂੰ ਇਸ ਕਾਰਜ ਵਿਚ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਦੇਸ਼ ਦੇ ਖਿਡਾਰੀਆਂ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰਦਿਆਂ ਨੌਜਵਾਨਾਂ ਨੂੰ ਅਨੁਸ਼ਾਸਨ, ਸਮਰਪਣ ਤੇ ਦੇਸ਼ ਭਗਤੀ ਦਾ ਸੰਦੇਸ਼ ਦਿੱਤਾ ਹੈ। ਪੰਜਾਬ ਨੇ ਹਮੇਸ਼ਾ ਸ਼ਾਨਦਾਰ ਖਿਡਾਰੀ ਪੈਦਾ ਕੀਤੇ ਹਨ, ਪਰ ਬਦਕਿਸਮਤੀ ਨਾਲ ਨਸ਼ੇ ਨੌਜਵਾਨਾਂ ਦੀ ਪ੍ਰਤਿਭਾ ਤੇ ਊਰਜਾ ਨੂੰ ਪ੍ਰਭਾਵਿਤ ਕਰ ਰਹੇ ਹਨ। ਤਰੁਣ ਚੁੱਘ ਨੇ ਕਿਹਾ ਕਿ ਪੰਜਾਬ ਨੂੰ ਬਚਾਉਣ ਦਾ ਸਮਾਂ ਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਪੰਜਾਬ ਦੀ ਕਾਨੂੰਨ ਵਿਵਸਥਾ ਦੀ ਵਿਗੜਦੀ ਸਥਿਤੀ 'ਤੇ ਵੀ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦਾ ਟੀਚਾ ਸਿਰਫ਼ ਸਰਕਾਰ ਬਣਾਉਣਾ ਨਹੀਂ ਹੈ, ਸਗੋਂ ਪੰਜਾਬ ਨੂੰ ਵਿਕਾਸ, ਖੁਸ਼ਹਾਲੀ ਤੇ ਸੁਰੱਖਿਆ ਦੇ ਰਾਹ 'ਤੇ ਵਾਪਸ ਲਿਆਉਣਾ ਹੈ। ਚੁੱਘ ਨੇ ਕਿਹਾ ਕਿ ਅੱਜ ਪੰਜਾਬ ਨੂੰ ਡਬਲ ਇੰਜਣ ਵਾਲੀ ਸਰਕਾਰ ਦੀ ਲੋੜ ਹੈ। ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਦੇਸ਼ ਭਰ ਦੇ ਕਈ ਸੂਬਿਆਂ ਨੇ ਵਿਕਾਸ ਦੇ ਨਵੇਂ ਰਿਕਾਰਡ ਕਾਇਮ ਕੀਤੇ ਹਨ। ਚੁੱਘ ਨੇ ਕਿਹਾ ਕਿ ਭਾਜਪਾ ਪੰਜਾਬ ਨੂੰ ਇਕ ਵਾਰ ਫਿਰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਵਚਨਬੱਧ ਹੈ। ਇਸ ਨੂੰ ਪ੍ਰਾਪਤ ਕਰਨ ਲਈ ਹਰ ਵਰਕਰ ਨੂੰ ਘਰ-ਘਰ ਜਾ ਕੇ ਭਾਜਪਾ ਦੀਆਂ ਨੀਤੀਆਂ ਤੇ ਪ੍ਰਧਾਨ ਮੰਤਰੀ ਮੋਦੀ ਦੇ ਵਿਕਾਸ ਮਾਡਲ ਨੂੰ ਜਨਤਾ ਤਕ ਪਹੁੰਚਾਉਣਾ ਚਾਹੀਦਾ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਲਈ ਆਪਣਾ ਮਨ ਬਣਾ ਲਿਆ ਹੈ ਤੇ ਭਵਿੱਖ ਭਾਰਤੀ ਜਨਤਾ ਪਾਰਟੀ ਦਾ ਹੋਵੇਗਾ।

# ਵਣ ਵਿਭਾਗ ਨੇ ਜਾਗਰੂਕਤਾ ਰੈਲੀ 'ਚ ਜੰਗਲਾਂ ਦੀ ਸੁਰੱਖਿਆ ਸਬੰਧੀ ਸਾਹਿਤ ਵੰਡਿਆ

**ਪਠਾਨਕੋਟ (ਦਵਿੰਦਰ ਸਿੰਘ)**- ਪੰਜਾਬ ਵਣ ਵਿਭਾਗ ਦੇ ਡੀਐੱਫਓ ਅਟਲ ਮਹਾਜਨ ਆਈਐੱਫਐੱਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜੰਗਲਾਂ ਦੀ ਸੁਰੱਖਿਆ



ਕਰਨ ਅਤੇ ਲੋਕਾਂ ਨੂੰ ਜੰਗਲਾਂ ਦੀ ਮਹੱਤਤਾ ਪ੍ਰਤੀ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਇਸ ਤਹਿਤ ਰੇਂਜ ਅਧਿਕਾਰੀ ਬਖ਼ਸ਼ੀਸ਼ ਸਿੰਘ, ਬਲਾਕ ਅਧਿਕਾਰੀ ਸ਼ਿੰਗਾਰਾ ਸਿੰਘ, ਬਲਾਕ ਅਧਿਕਾਰੀ ਸੰਦੀਪ ਸਿੰਘ ਅਤੇ ਹੋਰ ਅਧਿਕਾਰੀਆਂ ਦੀ ਦੇਖ-ਰੇਖ ਹੇਠ ਪਿੰਡ ਸੁਕਰੇਤ ਵਿੱਚ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਿੰਡ ਵਾਸੀਆਂ ਦੇ ਨਾਲ-ਨਾਲ ਵਿਭਾਗ ਦੇ ਕਰਮਚਾਰੀਆਂ ਨੇ ਵੀ ਵੱਧ-ਚੜ੍ਹ ਕੇ ਹਿੱਸਾ ਲਿਆ।ਇਹ ਜਾਗਰੂਕਤਾ ਰੈਲੀ ਪਿੰਡ ਸੁਕਰੇਤ ਤੋਂ ਸ਼ੁਰੂ ਹੋਈ ਅਤੇ ਰਸਤੇ ਵਿੱਚ ਕਈ ਪਿੰਡਾਂ ਵਿੱਚੋਂ ਹੁੰਦੀ ਹੋਈ ਧਾਰ ਕਲਾਂ ਦਫ਼ਤਰ ਵਿਖੇ ਪਹੁੰਚੀ।ਜਾਗਰੂਕਤਾ ਰੈਲੀ ਅਤੇ ਸੰਪਰਕ ਪ੍ਰੋਗਰਾਮ ਦੌਰਾਨ ਵਣ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਸਾਨੂੰ ਜੀਵਨ ਲਈ ਆਕਸੀਜਨ ਦੀ ਬਹੁਤ ਲੋੜ ਹੈ, ਜੋ ਸਾਨੂੰ ਕੇਵਲ ਰੁੱਖਾਂ ਤੋਂ ਹੀ ਮਿਲਦੀ ਹੈ।ਇਸ ਲਈ ਸਾਨੂੰ ਰੁੱਖਾਂ ਅਤੇ ਜੰਗਲਾਂ ਦੀ ਸੁਰੱਖਿਆ ਲਈ ਖੁਦ ਜਾਗਰੂਕ ਹੋਣ ਦੀ ਲੋੜ ਹੈ।ਉਨ੍ਹਾਂ ਦੱਸਿਆ ਕਿ ਇਸ ਸਮੇਂ ਫਾਇਰ ਸੀਜ਼ਨ ਚੱਲ ਰਿਹਾ ਹੈ ਅਤੇ ਅੱਗ ਲੱਗਣ ਕਾਰਨ ਜੰਗਲਾਂ ਨੂੰ ਭਾਰੀ ਨੁਕਸਾਨ ਝੱਲਣਾ ਪੈਂਦਾ ਹੈ।ਇਸ ਨਾਲ ਨਾ ਸਿਰਫ਼ ਰੁੱਖਾਂ ਨੂੰ ਨੁਕਸਾਨ ਹੁੰਦਾ ਹੈ, ਸਗੋਂ ਜੰਗਲਾਂ ਵਿੱਚ ਰਹਿਣ ਵਾਲੇ ਜੀਵ-ਜੰਤੂਆਂ ਅਤੇ ਵਾਤਾਵਰਣ ਨੂੰ ਵੀ ਵੱਡੀ ਹਾਨੀ ਪਹੁੰਚਦੀ ਹੈ।ਉਨ੍ਹਾਂ ਕਿਹਾ ਕਿ ਜਿੱਥੇ ਸਾਨੂੰ ਰੁੱਖਾਂ ਦੀ ਸੁਰੱਖਿਆ ਲਈ ਅੱਗੇ ਆਉਣ ਦੀ ਲੋੜ ਹੈ, ਉੱਥੇ ਹੀ ਜੰਗਲੀ ਜੀਵਾਂ ਦੀ ਰੱਖਿਆ ਲਈ ਵੀ ਠੋਸ ਕਦਮ ਚੁੱਕਣੇ ਚਾਹੀਦੇ ਹਨ।ਵਣ ਵਿਭਾਗ ਵੱਲੋਂ ਜਾਗਰੂਕਤਾ ਰੈਲੀ ਦੌਰਾਨ ਰਸਤੇ ਵਿੱਚ ਲੋਕਾਂ ਨੂੰ ਜਾਗਰੂਕ ਕਰਨ ਲਈ ਜਾਗਰੂਕਤਾ ਸਾਹਿਤ ਵੀ ਵੰਡਿਆ ਗਿਆ।ਇਸ ਮੌਕੇ ਡੀਐੱਫਓ ਅਟਲ ਮਹਾਜਨ ਆਈਐੱਫਐੱਸ, ਰੇਂਜ ਅਧਿਕਾਰੀ ਬਖ਼ਸ਼ੀਸ਼ ਸਿੰਘ, ਬਲਾਕ ਅਧਿਕਾਰੀ ਸੰਦੀਪ ਸਿੰਘ, ਬਲਾਕ ਅਧਿਕਾਰੀ ਸ਼ਿੰਗਾਰਾ ਰਾਮ ਬੈਂਸ, ਵਣ ਰੱਖਿਅਕ ਨਿਤਿਨ ਕੁਮਾਰ, ਮਨਦੀਪ ਸਿੰਘ, ਸ਼ੁਭਮ, ਭਾਨੂ ਪ੍ਰਤਾਪ ਸੁਕਰੇਤ ਅਤੇ ਹੋਰ ਹਾਜ਼ਰ ਸਨ।

# ਪੱਤਰਕਾਰੀ ਦੀ ਪ੍ਰੀਖਿਆ 'ਚ ਵਿਦਿਆਰਥਣਾਂ ਦਾ ਸ਼ਾਨਦਾਰ ਪ੍ਰਦਰਸ਼ਨ



**ਜਲੰਧਰ (ਸ਼ੈਲੀ ਐਲਬਰਟ)**- ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਪੀ ਜੀ ਮਾਸ ਕਮਿਊਨਿਕੇਸ਼ਨ ਅਤੇ ਵੀਡੀਓ ਪ੍ਰੋਡਕਸ਼ਨ ਦੇ ਵਿਭਾਗ ਦੀ ਬੀ.ਵਾੱਕ (ਪੱਤਰਕਾਰੀ ਅਤੇ ਮੀਡੀਆ) ਸਮੈਸਟਰ-3 ਦੀਆਂ ਵਿਦਿਆਰਥਣਾਂ ਨੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਸ਼ਹਿਸਤਾ ਅਲੀ ਨੇ 9.05 ਐਸਜੀਪੀਏ, ਹਰਸ਼ਿਤਾ ਅੰਗਰੀਸ਼ ਅਤੇ ਸੰਪਿਤਾ ਅੰਗਰਾਲ ਨੇ 9 ਐੱਸ ਜੀ ਪੀ ਏ, ਤਨਵੀਰ ਕੌਰ ਅਤੇ ਗਨੀਤਾ ਨੇ 8.85 ਐਸਜੀਪੀਏ, ਦੀਆ ਲਲੋਤਰਾ ਨੇ 8.75 ਐੱਸ ਜੀ ਪੀ ਏ, ਗੀਤਿਕਾ ਨੇ 8.20 ਐੱਸ ਜੀ ਪੀ ਏ ਅਤੇ ਰਿਤਿਕਾ ਬਿਰਦੀ ਨੇ 8.10 ਐੱਸ ਜੀ ਪੀ ਏ ਪ੍ਰਾਪਤ ਕੀਤੇ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਵਿਭਾਗ ਮੁਖੀ ਡਾ. ਰਮਾ ਸ਼ਰਮਾ ਵੀ ਮੌਜੂਦ ਸਨ।

# ਹਾਈਵੇ 'ਤੇ ਰੋਡ ਸੇਫਟੀ ਨਿਯਮਾਂ ਦੀ ਥਾਂ ਲੱਗੇ ਸ਼ਰਾਬ ਦੇ ਪ੍ਰਚਾਰ ਕਰਦੇ ਬੋਰਡ



**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)**- ਟ੍ਰੈਫਿਕ ਚਿੰਨਾ ਦੀ ਮਹੱਤਤਾ ਨਾਲੋਂ ਵੱਧ ਮਹੱਤਵ ਪੂਰਨ ਬਣਿਆ ਸ਼ਰਾਬ ਦਾ ਪ੍ਰਚਾਰ ।ਟੈਫਿਕ ਚਿੰਨ ਬੋਰਡਾਂ ਦਾ ਸੜਕਾਂ 'ਤੇ ਚਲਣ ਲਈ ਅਤੇ ਐਕਸੀਡੈਂਟਾ ਨੂੰ ਘਟਾਉਣ ਲਈ ਬਹੁਤ ਮਹਤਵ ਪੂਰਨ ਥਾਂ ਰਖਦੇ ਹਨ ਅਤੇ ਹਰ ਵਹੀਕਲ ਚਲਾਉਣ ਵਾਲੇ ਨੂੰ ਰੋਡ ਸੈਫਟੀ ਪ੍ਰਤੀ ਜਾਗਰੂਕ ਕਰਦੇ ਹਨ।ਪਰ ਸਰਕਾਰਾਂ ਦੀਆਂ ਅਣਗਹਿਲੀਆਂ ਕਾਰਨ ਟ੍ਰੈਫਿਕ ਚਿੰਨਾ ਦੀ ਥਾਂ ਸ਼ਰਾਬ ਦੇ ਧੜਲੇ ਨਾਲ ਲੱਗੇ ਬੋਰਡ ਖਿੱਚ ਦਾ ਕੇਂਦਰ ਬਣਾ ਰਹੇ ਹਨ।ਇਸ ਸੰਬੰਧ ਵਿਚ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਪੰਜਾਬ ਸਰਕਾਰ ਦੀਆਂ ਗਲੱਤ ਅਤੇ ਟ੍ਰੈਫਿਕ ਚਿੰਨਾ ਦੀ ਥਾਂ ਸ਼ਰਾਬ ਦੇ ਗੈਰ ਸੰਵਿਧਾਨਕ ਤਰੀਕੇ ਨਾਲ ਬੋਰਡ ਲਗਾਉਣ ਦੀ ਇਜਾਜਤ ਦੇਣ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਸ਼ਰਾਬ ਦਾ ਪ੍ਰਚਾਰ ਕਰ ਰਹੀਆ ਫਲੈਕਸਾਂ ਦੇ ਨਜ਼ਦੀਕ ਸੜਕਾਂ ਕਿਨਾਰੇ ਸ਼ਰਾਬ ਦੀਆਂ ਖਾਲੀ ਬੋਤਲਾਂ ਦੇ ਢੇਰ ਲੱਗੇ ਆਮ ਵੇਖੇ ਜਾ ਸਕਦੇ ਹਨ।ਸਕੂਲਾਂ ਵਿਚ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ ਤੇ ਉਸ ਦੇ ਉਲਟ ਸੜਕਾਂ ਉਤੇ ਟ੍ਰੈਫਿਕ ਚਿੰਨ ਬੋਰਡ ਵੇਖਣ ਨੂੰ ਵੀ ਨਹੀਂ ਮਿਲਦੇ। ਉਨ੍ਹਾਂ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਸੜਕਾਂ ਉਤੇ ਟ੍ਰੈਫਿਕ ਚਿੰਨ ਥਾਂ ਥਾਂ ਲਗਾਏ ਜਾਣ ਤਾਂ ਕਿ ਲੋਕਾਂ ਨੂੰ ਨਿਯਮਾਂ ਬਾਰੇ ਪਤਾ ਲੱਗ ਸਕੇ।

# ਭਗਤ ਪੂਰਨ ਸਿੰਘ ਦਾ 122ਵਾਂ ਜਨਮ ਦਿਹਾੜਾ ਭਲਕ ਤੋਂ : ਡਾ. ਇੰਦਰਜੀਤ ਕੌਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਲਾਵਾਰਸ, ਪਾਗਲਾਂ, ਅਪਾਹਜਾਂ, ਬਜ਼ੁਰਗਾਂ ਤੇ ਮੰਦਬੁੱਧੀ ਬੱਚਿਆਂ ਦੀ ਸੇਵਾ ਸੰਭਾਲ ਕਰਨ ਵਾਲੀ ਸੰਸਥਾ ਪਿੰਗਲਵਾੜਾ ਅੰਮ੍ਰਿਤਸਰ ਦੇ ਸੰਸਥਾਪਕ ਭਗਤ ਪੂਰਨ ਸਿੰਘ ਜੀ ਦਾ 122ਵਾਂ ਜਨਮ ਦਿਹਾੜਾ ਸਮਾਰੋਹ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਹੁਮੰਤਵੀ ਸਮਾਜ ਭਲਾਈ ਕਾਰਜਾਂ ਨੂੰ ਸਮਰਪਿਤ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਭਗਤ ਜੀ ਦੇ ਜਨਮ ਦਿਨ ਨੂੰ ਸਮਰਪਿਤ ਪਿੰਗਲਵਾੜਾ ਪਰਿਵਾਰ ਵੱਲੋਂ 2 ਜੂਨ ਮੰਗਲਵਾਰ ਸਵੇਰੇ 10.00 ਵਜੇ ਤੋਂ 2.00 ਵਜੇ ਤਕ ਇੱਕ ਸੈਮੀਨਾਰ ਕੀਤਾ ਜਾ ਰਿਹਾ ਹੈ ਜਿਸਦਾ ਵਿਸ਼ਾ 'ਗੁਰਮਤਿ ਵਿਚਾਰਧਾਰਾ ਦੀ ਰੌਸ਼ਨੀ ਵਿੱਚ ਕੁਦਰਤ ਦੀ ਸੰਭਾਲ' ਹੈ।ਸੈਮੀਨਾਰ ਵਿੱਚ ਡਾ. ਸਵਰਾਜਬੀਰ ਸਿੰਘ, ਜਸਕੀਰਤ ਸਿੰਘ, ਗਿਆਨੀ ਕੇਵਲ ਸਿੰਘ, ਸਤਨਾਮ ਸਿੰਘ ਮਾਣਕ, ਡਾ. ਇੰਦਰਜੀਤ ਸਿੰਘ ਗੋਗੋਆਣੀ ਅਤੇ ਹਮੀਰ ਸਿੰਘ ਆਦਿ ਸੰਗਤ ਨੂੰ ਵਾਤਾਵਰਨ ਸੰਬੰਧੀ ਆਪਣੇ ਵਿਚਾਰ ਦੱਸਣਗੇ।ਇਸ ਤੋਂ ਇਲਾਵਾ ਡਾ. ਕੁੰਵਰ ਵਿਜੈ ਪ੍ਰਤਾਪ ਇਸ ਸਾਰੇ ਸੈਮੀਨਾਰ ਦੀ ਪ੍ਰਧਾਨਗੀ ਕਰਨਗੇ।3 ਜੂਨ (ਬੁੱਧਵਾਰ) ਨੂੰ ਪਿੰਗਲਵਾੜੇ ਦੇ ਮਰੀਜ਼ਾਂ ਅਤੇ ਸਕੂਲੀ ਬੱਚਿਆਂ ਵੱਲੋਂ ਇੱਕ ਵਿਸ਼ੇਸ਼ ਸੱਭਿਆਚਾਰਕ ਪ੍ਰੋਗਰਾਮ ਕੀਤਾ ਜਾ ਰਿਹਾ ਹੈ। ਪ੍ਰੋਗਰਾਮ ਦੇ ਮੁੱਖ ਮਹਿਮਾਨ ਡਾ. ਇੰਦਰਬੀਰ ਸਿੰਘ ਨਿੱਝਰ ਹੋਣਗੇ ਅਤੇ ਗੈਸਟ ਆਫ਼ ਆਨਰ ਮੀਤ ਰੰਗਰੇਜ਼ ਹੋਣਗੇ। ਸਮਾਰੋਹ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਾ. ਇੰਦਰਜੀਤ ਕੌਰ ਨੇ ਦੱਸਿਆ ਕਿ 4 ਜੂਨ, ਦਿਨ ਵੀਰਵਾਰ ਨੂੰ ਭਗਤ ਪੂਰਨ ਸਿੰਘ ਦੇ ਜਨਮ ਦਿਹਾੜੇ ਵਾਲੇ ਦਿਨ ਮੁੱਖ ਦਫਤਰ, ਪਿੰਗਲਵਾੜਾ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਪਾਇਆ ਜਾਵੇਗਾ ।




ਭਾਈ ਜਸਬੀਰ ਸਿੰਘ ਅਤੇ ਪਿੰਗਲਵਾੜਾ ਸੰਸਥਾ ਦੇ ਬੱਚਿਆਂ ਦੁਆਰਾ ਗੁਰਬਾਣੀ ਕੀਰਤਨ ਕੀਤਾ ਜਾਵੇਗਾ।ਇਸ ਤੋਂ ਇਲਾਵਾ ਮਹਾਨ ਸਮਾਜ ਸੇਵੀ ਅਤੇ ਵਾਤਾਵਰਣ ਪ੍ਰੇਮੀਆਂ ਵੱਲੋਂ ਭਗਤ ਜੀ ਦੇ ਜੀਵਨ ਬਾਰੇ ਵੱਖ-ਵੱਖ ਪਹਿਲੂਆਂ 'ਤੇ ਵਿਚਾਰਾਂ ਕੀਤੀਆਂ ਜਾਣਗੀਆਂ।ਸ਼੍ਰੀ ਦਵਿੰਦਰ ਸ਼ਰਮਾ ਦੀ ਹਿੰਦੀ ਪੁਸਤਕ ਅਤੇ ਸੰਸਥਾ ਵੱਲੋਂ ਹੋਰ ਛਾਪੀਆਂ ਗਈਆਂ ਕਿਤਾਬਾਂ ਰਿਲੀਜ਼ ਕੀਤੀਆਂ ਜਾਣਗੀਆਂ।ਪਿੰਗਲਵਾੜੇ ਵਿੱਚ ਪਿਛਲੇ ਇਕ ਸਾਲ ਵਿੱਚ ਹੋਈਆਂ ਗਤੀਵਿਧੀਆਂ ਦੇ ਇਕ ਸੋਵੀਨਾਰ ਦੀ ਵੀ ਘੁੰਡ-ਚੁਕਾਈ ਕੀਤੀ ਜਾਵੇਗੀ।ਇਹ ਜਾਣਕਾਰੀ ਡਾ. ਇੰਦਰਜੀਤ ਕੌਰ ਮੁੱਖ ਸੇਵਾਦਾਰ, ਡਾ. ਜਗਦੀਪਕ ਸਿੰਘ ਮੀਤ-ਪ੍ਰਧਾਨ, ਮੁਖਤਾਰ ਸਿੰਘ ਆਨਰੇਰੀ ਸਕੱਤਰ, ਰਾਜਬੀਰ ਸਿੰਘ, ਮੈਂਬਰ ਪਿੰਗਲਵਾੜਾ ਸੋਸਾਇਟੀ, ਯੋਗੇਸ਼ ਸੂਰੀ, ਮੁੱਖ ਪ੍ਰਸ਼ਾਸਕ, ਜਨਰਲ ਮੈਨੇਜਰ ਤਿਲਕ ਰਾਜ ਅਤੇ ਹਰਪਾਲ ਸਿੰਘ ਨੇ ਦਿੱਤੀ।

# ਗੁਰਦੁਆਰਾ ਬਾਬਾ ਬਿਸ਼ਨ ਸਿੰਘ ਚੜ੍ਹਦੀ ਪੱਤੀ ਵਿਖੇ ਜੰਗਲਿਆਂ ਦੀ ਕਾਰ ਸੇਵਾ ਸ਼ੁਰੂ



**ਅੱਡਾ ਸਰਾਂ (ਜਸਵੀਰ ਕਾਜਲ)**- ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਚੜ੍ਹਦੀ ਪੱਤੀ, ਪਿੰਡ ਕੰਧਾਲਾ ਜੱਟਾਂ ਦੀ ਇਮਾਰਤ ਉੱਤੇ ਜੰਗਲਿਆਂ ਦੀ ਉਸਾਰੀ ਦੀ ਕਾਰ ਸੇਵਾ ਧਾਰਮਿਕ ਮਾਹੌਲ ਵਿੱਚ ਆਰੰਭ ਹੋ ਗਈ।ਇਹ ਕਾਰ ਸੇਵਾ ਪਿੰਡ ਦੀਆਂ ਸੰਗਤਾਂ, ਇਲਾਕੇ ਦੀਆਂ ਸੰਗਤਾਂ ਅਤੇ ਐੱਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਕੀਤੀ ਜਾ ਰਹੀ ਹੈ।ਕਾਰ ਸੇਵਾ ਦੀ ਸ਼ੁਰੂਆਤ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਨਮੁੱਖ ਅਰਦਾਸ ਬੇਨਤੀ ਕਰਨ ਉਪਰੰਤ ਆਰੰਭ ਕੀਤੀ ਗਈ। ਇਸ ਮੌਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਸੇਵਾ ਭਾਵਨਾ ਨਾਲ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਾਜ਼ਰੀ ਭਰੀ।ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਅਵਤਾਰ ਸਿੰਘ ਅਤੇ ਪ੍ਰਧਾਨ ਇਕਬਾਲ ਸਿੰਘ ਬਾਲੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਹੋਰ ਸੁੰਦਰ ਅਤੇ ਮਜ਼ਬੂਤ ਬਣਾਉਣ ਲਈ ਜੰਗਲਿਆਂ ਦੀ ਉਸਾਰੀ ਦਾ ਇਹ ਕਾਰਜ ਆਰੰਭ ਕੀਤਾ ਗਿਆ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਇਸ ਪਵਿੱਤਰ ਕਾਰਜ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਅਤੇ ਸੇਵਾ ਦਾ ਲਾਭ ਲੈਣ ਦੀ ਅਪੀਲ ਕੀਤੀ।ਇਸ ਮੌਕੇ ਬਾਬਾ ਅਵਤਾਰ ਸਿੰਘ ਹੈੱਡ ਗ੍ਰੰਥੀ, ਪ੍ਰਧਾਨ ਇਕਬਾਲ ਸਿੰਘ ਬਾਲੀ, ਸੈਕਟਰੀ ਮਨਜੀਤ ਸਿੰਘ ਸਕੱਤਰ, ਮਨਜੀਤ ਸਿੰਘ ਧਾਲੀਵਾਲ ਉਪ ਪ੍ਰਧਾਨ, ਇੰਦਰਜੀਤ ਸਿੰਘ ਧਾਲੀਵਾਲ, ਜਸਵੀਰ ਸਿੰਘ ਧਾਲੀਵਾਲ, ਸਤਵਿੰਦਰ ਸਿੰਘ ਧਾਲੀਵਾਲ, ਸੁੱਚਾ ਸਿੰਘ ਲੰਬੜਦਾਰ, ਠੇਕੇਦਾਰ ਸੰਦੀਪ ਸ਼ਰਮਾ, ਮਾਸਟਰ ਜਗਜੀਤ ਸਿੰਘ, ਅਮਰਜੀਤ ਸਿੰਘ ਠੰਡੂ, ਦੀਪਾ ਦੁਕਾਨ ਵਾਲਾ, ਗੁਰਵਿੰਦਰ ਸਿੰਘ, ਹਰਵਿੰਦਰਪਾਲ ਸਿੰਘ, ਕੁਲਵਿੰਦਰ ਸਿੰਘ, ਹਰਪ੍ਰੀਤ ਸਿੰਘ ਧਾਲੀਵਾਲ, ਅਵਤਾਰ ਸਿੰਘ, ਦੀਦਾਰ ਸਿੰਘ, ਅਮਰੀਕ ਸਿੰਘ ਬੱਬੀ, ਮਨਰਾਜ ਸਿੰਘ ਧਾਲੀਵਾਲ, ਜੁਝਾਰ ਸਿੰਘ ਧਾਲੀਵਾਲ, ਮਹਿਰੂਪ ਕੌਰ ਅਤੇ ਹੋਰ ਸੰਗਤਾਂ ਹਾਜ਼ਰ ਸਨ ।

# ਪ੍ਰਧਾਨ ਮੰਤਰੀ ਦੀਆਂ ਨਾਕਾਮੀਆਂ

*ਭਾਰਤ ਇੱਕ ਅਮੀਰ ਲੋਕਤੰਤਰੀ ਵਿਰਾਸਤ ਵਾਲਾ ਦੇਸ਼ ਹੈ, ਜਿੱਥੇ ਸੱਤਾ ਦਾ ਤਬਾਦਲਾ ਸ਼ਾਂਤੀਪੂਰਵਕ ਹੁੰਦਾ ਹੈ, ਭਾਵੇਂ ਹਾਰਨ ਵਾਲੀ ਧਿਰ ਚੋਣ ਨਤੀਜਿਆਂ ਨਾਲ ਆਪਣੀ ਅਸਹਿਮਤੀ ਪ੍ਰਗਟ ਕਰਦੀ ਹੈ, ਇਹ ਕਦੇ ਵੀ ਖੁੱਲ੍ਹ ਕੇ ਭਾਰਤੀ ਲੋਕਤੰਤਰ ਦੇ ਵਿਰੁੱਧ ਨਹੀਂ ਖੜ੍ਹੀ ਹੁੰਦੀ, ਜਿਵੇਂ ਕਿ ਪਾਕਿਸਤਾਨ, ਬੰਗਲਾਦੇਸ਼ ਅਤੇ ਨੇਪਾਲ ਵਰਗੇ ਦੇਸ਼ਾਂ ਵਿੱਚ ਹੁੰਦਾ ਹੈ, ਇਸ ਲਈ ਨਰਿੰਦਰ ਮੋਦੀ ਭਾਰਤ ਦੇ ਪ੍ਰਧਾਨ ਮੰਤਰੀ ਬਣੇ ਹੋਏ ਹਨ, ਵਿਰੋਧੀ ਪਾਰਟੀਆਂ (ਭੇਦਭਾਵ ਨਾਲ ਭਰੀਆਂ) ਚੋਣ ਪ੍ਰਕਿਰਿਆ ਵਿੱਚ ਹਿੱਸਾ ਲੈ ਰਹੀਆਂ ਹਨ ਅਤੇ ਵਿਰੋਧ ਦੇ ਹੋਰ ਲੋਕਤੰਤਰੀ ਤਰੀਕਿਆਂ ਨੂੰ ਅਪਣਾ ਕੇ ਭਾਰਤ ਦੀ ਮਜ਼ਬੂਤ ਵਿਰਾਸਤ ਨੂੰ ਸੁਰੱਖਿਅਤ ਰੱਖ ਰਹੀਆਂ ਹਨ, ਪਰ ਇਸ ਦਾ ਮਤਲਬ ਇਹ ਨਹੀਂ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਸਫਲ ਨਹੀਂ ਹੋਏ ਹਨ। ਉਨ੍ਹਾ ਦੀਆਂ ਅਸਫਲਤਾਵਾਂ ਉਨ੍ਹਾ ਦੇ ਬਿਆਨਾਂ ਵਿੱਚ ਝਲਕਦੀਆਂ ਹਨ। ਪ੍ਰਧਾਨ ਮੰਤਰੀ ਮੋਦੀ ਕੋਲ ਆਰਥਕ ਤੌਰ 'ਤੇ ਦੁਖੀ ਅਤੇ ਪਿਆਸ ਨਾਲ ਜੂਝ ਰਹੇ ਭਾਰਤ ਨੂੰ ਦੇਣ ਲਈ ਨਸੀਹਤਾਂ ਹੀ ਹਨ। ਇੱਕ ਅਸੰਵੇਦਨਸ਼ੀਲ ਰਾਜਾ ਵਾਂਗ ਦਿਖਾਈ ਦਿੰਦੇ ਹੋਏ ਪ੍ਰਧਾਨ ਮੰਤਰੀ ਮੋਦੀ ਚਾਹੁੰਦੇ ਹਨ ਕਿ ਦੇਸ਼ ਵਾਸੀ ਨਿਮਰਤਾ, ਮੁਆਫੀ ਅਤੇ ਚੰਗੇ ਆਚਰਣ ਦੇ ਗਹਿਣੇ ਪਹਿਨਣ ਅਤੇ 'ਵਿਕਸਤ ਭਾਰਤ' ਦੇ ਸੰਕਲਪ ਨੂੰ ਪੂਰਾ ਕਰਨ। ਇਹ ਕੁਝ ਲੋਕਾਂ ਨੂੰ ਇੱਕ ਆਮ ਗੱਲ ਲੱਗ ਸਕਦੀ ਹੈ, ਪਰ ਅਜਿਹਾ ਨਹੀਂ ਹੈ ਅਤੇ ਜੋ ਲੋਕ ਇਸ ਨੂੰ ਆਮ ਸਮਝਦੇ ਹਨ ਉਹ ਪੂਰੀ ਤਰ੍ਹਾਂ ਗਲਤ ਹਨ। ਦਰਅਸਲ, ਜਦੋਂ 1.4 ਅਰਬ ਲੋਕਾਂ ਦਾ ਭਵਿੱਖ ਆਪਣੇ ਹੱਥਾਂ ਵਿੱਚ ਫੜਨ ਵਾਲਾ ਇੱਕ ਨੇਤਾ ਅਜਿਹੀਆਂ ਗੱਲਾਂ ਕਰਨੀਆਂ ਸ਼ੁਰੂ ਕਰ ਦਿੰਦਾ ਹੈ ਤਾਂ ਇਹ ਸਮਝਣਾ ਮਹੱਤਵਪੂਰਨ ਹੈ ਕਿ ਉਹ ਬੁਰੀ ਤਰ੍ਹਾਂ ਹਾਰਨ ਵਾਲਾ ਹੈ ਜਾਂ ਉਸ ਨੇ ਹਾਰ ਮੰਨ ਲਈ ਹੈ। ਉਸ ਨੇ ਸਵੀਕਾਰ ਕਰ ਲਿਆ ਹੈ ਕਿ ਉਹ ਉਸ ਨੂੰ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਪੂਰਾ ਕਰਨ ਵਿੱਚ ਅਸਫਲ ਰਿਹਾ ਹੈ, ਇਸ ਲਈ ਹੁਣ ਉਹ ਆਪਣੇ ਦੇਸ਼ ਵਾਸੀਆਂ ਤੋਂ ਕੁਰਬਾਨੀ, ਸਮਰਪਣ ਅਤੇ ਚੰਗੇ ਆਚਰਣ ਦੀ ਮੰਗ ਕਰਦਾ ਹੈ। ਉਹ ਆਦਮੀ, ਜਿਸ ਨੂੰ ਲੋਕਾਂ ਦੇ ਜੀਵਨ ਨੂੰ ਆਸਾਨ ਬਣਾਉਣ, ਉਨ੍ਹਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਚੁਣਿਆ ਗਿਆ ਸੀ, ਹੁਣ ਲੋਕਾਂ ਨੂੰ ਸਬਰ ਦਾ ਸਬਕ ਸਿਖਾ ਰਿਹਾ ਹੈ।*

*ਪ੍ਰਧਾਨ ਮੰਤਰੀ ਮੋਦੀ ਦੀਆਂ ਅਸਫਲਤਾਵਾਂ ਅਤੇ ਉਨ੍ਹਾ ਦੀ ਆਪਣੀ ਅਯੋਗਤਾ ਉਨ੍ਹਾ ਦੇ ਸਾਹਮਣੇ ਨੱਚ ਰਹੀ ਹੈ ਅਤੇ ਉਸ ਨਾਚ ਨੇ ਉਨ੍ਹਾ ਨੂੰ ਡਰਾਇਆ ਹੋਇਆ ਹੈ। ਉਨ੍ਹਾ ਨੂੰ ਲਗਾਤਾਰ ਤੀਜੀ ਵਾਰ ਭਾਰਤ ਦਾ ਪ੍ਰਧਾਨ ਮੰਤਰੀ ਬਣਨ ਦਾ ਮੌਕਾ ਦਿੱਤਾ ਗਿਆ ਸੀ, ਪਰ ਉਹ ਦੇਸ਼ ਲਈ ਕੁਝ ਵੀ ਮਹੱਤਵਪੂਰਨ ਨਹੀਂ ਦੇ ਸਕੇ। ਕਾਂਗਰਸ ਪਾਰਟੀ ਨਾਲ ਉਨ੍ਹਾ ਦੀ ਨਫਰਤ, ਅੰਬਾਨੀ ਪਰਵਾਰ ਅਤੇ ਅਡਾਨੀ ਸਮੂਹ ਲਈ ਉਨ੍ਹਾ ਦਾ ਬੇਲਗਾਮ ਪਿਆਰ, ਔਰਤਾਂ ਦਾ ਅਪਮਾਨ ਕਰਨ ਵਾਲਿਆਂ 'ਤੇ ਉਨ੍ਹਾ ਦੀ ਚੁੱਪੀ ਅਤੇ ਵਿਦਿਆਰਥੀਆਂ, ਕਿਸਾਨਾਂ ਅਤੇ ਹੋਰ ਭਾਈਚਾਰਿਆਂ ਦੀਆਂ ਸਮੱਸਿਆਵਾਂ ਪ੍ਰਤੀ ਉਨ੍ਹਾ ਦੇ ਜ਼ਿੱਦੀ ਰਵੱਈਏ ਨੇ ਭਾਰਤ ਨੂੰ ਇੱਕ ਅਜਿਹੇ ਬਿੰਦੂ 'ਤੇ ਪਹੁੰਚਾ ਦਿੱਤਾ ਹੈ, ਜਿੱਥੇ ਪਿਛਲੇ 75 ਸਾਲਾਂ ਦੌਰਾਨ ਦੂਜੇ ਪ੍ਰਧਾਨ ਮੰਤਰੀਆਂ ਦੀਆਂ ਸਾਰੀਆਂ ਕੋਸ਼ਿਸ਼ਾਂ ਨੂੰ ਬੇਕਾਰ ਕੀਤਾ ਜਾ ਰਿਹਾ ਹੈ। ਫਿਰ ਵੀ, ਅੱਜ ਵੀ ਪ੍ਰਧਾਨ ਮੰਤਰੀ ਮੋਦੀ ਦੀ ਤਰਜੀਹ ਇਸ ਦੇਸ਼ ਦੇ ਲੋਕ ਨਹੀਂ, ਸਗੋਂ ਖੁਦ ਹਨ। ਉਹ ਆਪਣੀ ਛਵੀ ਬਾਰੇ ਸਭ ਤੋਂ ਵੱਧ ਚਿੰਤਤ ਹਨ ਅਤੇ ਇਸ ਨੂੰ ਬਣਾਈ ਰੱਖਣ ਲਈ ਉਨ੍ਹਾ ਪੂਰੇ ਦੇਸ਼ ਨੂੰ ਦਾਅ 'ਤੇ ਲਗਾ ਦਿੱਤਾ ਹੈ।*

*ਅੱਜ ਭਾਰਤ ਆਪਣੇ ਸਭ ਤੋਂ ਭਿਆਨਕ ਸੰਕਟ ਵਿੱਚ ਹੈ ਅਤੇ ਪ੍ਰਧਾਨ ਮੰਤਰੀ ਮੋਦੀ ਮੀਡੀਆ ਦੀ ਮਦਦ ਨਾਲ ਦੇਸ਼ ਦੀ ਦੁਰਦਸ਼ਾ ਨੂੰ ਸਫਲਤਾਪੂਰਵਕ ਸੰਭਾਲ ਰਹੇ ਹਨ, ਤਾਂ ਜੋ ਲੋਕਾਂ ਨੂੰ ਦੁਰਦਸ਼ਾ ਦਾ ਅਹਿਸਾਸ ਵੀ ਨਾ ਹੋਵੇ! ਇਹ ਕੋਈ ਭੇਤ ਨਹੀਂ ਕਿ ਭਾਰਤ ਦੁਨੀਆ ਦੀ 18 ਫੀਸਦੀ ਆਬਾਦੀ ਦਾ ਘਰ ਹੈ, ਪਰ ਇਸ ਕੋਲ ਦੁਨੀਆ ਦਾ ਸਿਰਫ 4 ਫੀਸਦੀ ਤਾਜ਼ਾ ਪਾਣੀ ਹੈ। ਇਸ ਤਾਜ਼ੇ ਪਾਣੀ ਦਾ 85 ਫੀਸਦੀ ਖੇਤੀਬਾੜੀ ਉਦੇਸ਼ਾਂ ਲਈ ਵਰਤਿਆ ਜਾਂਦਾ ਹੈ, ਜਿਸ ਦੇ ਨਤੀਜੇ ਵਜੋਂ ਭਾਰਤ ਦੇ 60 ਕਰੋੜ ਤੋਂ ਵੱਧ ਲੋਕ ਗੰਭੀਰ ਪਾਣੀ ਦੇ ਸੰਕਟ ਦਾ ਸਾਹਮਣਾ ਕਰ ਰਹੇ ਹਨ। ਭਾਰਤ ਦਾ 70 ਫੀਸਦੀ ਸਤਹੀ ਪਾਣੀ ਪ੍ਰਦੂਸ਼ਤ ਹੈ। ਹਜ਼ਾਰਾਂ ਕਰੋੜ ਰੁਪਏ ਖਰਚ ਕਰਨ ਅਤੇ ਮਾਂ ਗੰਗਾ ਦਾ ਪੁੱਤਰ ਹੋਣ ਦਾ ਦਾਅਵਾ ਕਰਨ ਦੇ ਬਾਵਜੂਦ ਪ੍ਰਧਾਨ ਮੰਤਰੀ 12 ਸਾਲਾਂ ਵਿੱਚ ਗੰਗਾ ਅਤੇ ਯਮੁਨਾ ਵਰਗੀਆਂ ਨਦੀਆਂ ਨੂੰ ਸਾਫ ਨਹੀਂ ਕਰ ਸਕੇ। ਕੇਂਦਰੀ ਜਲ ਕਮਿਸ਼ਨ ਮੁਤਾਬਕ ਦੇਸ਼ ਦੇ 166 ਪ੍ਰਮੁੱਖ ਜਲ ਭੰਡਾਰਾਂ ਵਿੱਚ ਪਾਣੀ ਦਾ ਪੱਧਰ ਕੁੱਲ ਸਮਰੱਥਾ ਦੇ 35-40 ਫੀਸਦੀ ਤੱਕ ਡਿੱਗ ਗਿਆ ਹੈ। ਹੈਦਰਾਬਾਦ, ਮੁੰਬਈ, ਦਿੱਲੀ-ਐੱਨ ਸੀ ਆਰ, ਬੇਂਗਲੁਰੂ, ਜੈਪੁਰ ਅਤੇ ਬਾੜਮੇਰ ਵਰਗੇ ਮਹੱਤਵਪੂਰਨ ਸ਼ਹਿਰ ਪਾਣੀ ਦੇ ਸੰਕਟ ਦਾ ਸਾਹਮਣਾ ਕਰ ਰਹੇ ਹਨ। ਮੋਦੀ ਆਪਣੀ ਦੁਨੀਆ ਵਿੱਚ ਗੁਆਚੇ ਪਏ ਹਨ, ਜਦੋਂ ਕਿ ਇੱਕ ਦਹਾਕੇ ਵਿੱਚ ਸਭ ਤੋਂ ਸੁੱਕਾ ਮਾਨਸੂਨ ਸਾਡੇ ਉੱਤੇ ਹੈ। ਸਮੱਸਿਆ ਸਿਰਫ ਐੱਲ ਨੀਨੋ ਵਰਗੀਆਂ ਭੂ-ਵਿਗਿਆਨਕ ਘਟਨਾਵਾਂ ਦੀ ਨਹੀਂ, ਸਗੋਂ ਇੱਕ ਅਸਫਲ ਪ੍ਰਧਾਨ ਮੰਤਰੀ ਤੇ ਸਿਆਸਤਦਾਨ ਦੀ ਹੈ, ਜੋ ਇਹ ਵੀ ਨਹੀਂ ਜਾਣਦਾ ਕਿ ਦੇਸ਼ ਦੀ ਪਿਆਸ ਕਿਵੇਂ ਬੁਝਾਉਣੀ ਹੈ, ਇਸ ਦੇ ਖੇਤਾਂ ਨੂੰ ਕਿਵੇਂ ਸਿੰਜਣਾ ਹੈ, ਕਿਸਾਨਾਂ ਨੂੰ ਖਾਦ ਕਿਵੇਂ ਪ੍ਰਦਾਨ ਕਰਨੀ ਹੈ! ਕਈ ਰਿਪੋਰਟਾਂ ਨੇ ਚੇਤਾਵਨੀ ਦਿੱਤੀ ਸੀ ਕਿ ਭਾਰਤ ਸ਼ੂਗਰ ਅਤੇ ਮੋਟਾਪੇ ਦੀ ਰਾਜਧਾਨੀ ਬਣਦਾ ਜਾ ਰਿਹਾ ਹੈ, ਪਰ ਮੋਦੀ ਸਰਕਾਰ ਨੇ ਕੋਈ ਧਿਆਨ ਨਹੀਂ ਦਿੱਤਾ। ਐੱਨ ਐੱਫ ਐੱਚ ਐੱਸ-6 ਦੇ ਤਾਜ਼ਾ ਅੰਕੜਿਆਂ ਤੋਂ ਪਤਾ ਚੱਲਦਾ ਹੈ ਕਿ 15-49 ਸਾਲ ਦੀ ਉਮਰ ਦੀਆਂ 30.7 ਫੀਸਦੀ ਔਰਤਾਂ ਅਤੇ 27.3 ਫੀਸਦੀ ਮਰਦ ਮੋਟੇ ਹਨ। ਇਸ ਤੋਂ ਇਲਾਵਾ 15 ਸਾਲ ਤੋਂ ਵੱਧ ਉਮਰ ਦੀਆਂ 17.8 ਫੀਸਦੀ ਔਰਤਾਂ ਅਤੇ 20.9 ਫੀਸਦੀ ਮਰਦ ਸ਼ੂਗਰ ਦੇ ਮਰੀਜ਼ ਹਨ। ਇਸ ਦਾ ਮਤਲਬ ਹੈ ਕਿ ਭਾਰਤ ਦੀ ਸਭ ਤੋਂ ਵੱਧ ਉਤਪਾਦਕ ਆਬਾਦੀ ਹੁਣ ਮੋਟਾਪੇ ਅਤੇ ਸ਼ੂਗਰ ਦਾ ਸ਼ਿਕਾਰ ਹੋ ਰਹੀ ਹੈ ਅਤੇ ਸਰਕਾਰ ਨੂੰ ਇਹ ਵੀ ਨਹੀਂ ਪਤਾ ਕਿ ਕੀ ਕਰਨਾ ਹੈ। ਵਿਦਿਆਰਥੀ ਪੜ੍ਹਾਈ ਕਰਨ ਦੀ ਆਪਣੀ ਪ੍ਰੇਰਣਾ ਗੁਆ ਰਹੇ ਹਨ, ਕਿਉਂਕਿ ਸਰਕਾਰ ਨੇ ਪੇਪਰ ਲੀਕ ਮਾਫੀਆ ਅੱਗੇ ਆਤਮ ਸਮਰਪਣ ਕਰ ਦਿੱਤਾ ਹੈ। ਵਿਸ਼ਵ ਗੁਰੂ ਹੁਣ ਦੁਨੀਆ ਦਾ ਸਭ ਤੋਂ ਵੱਡਾ ਮਜ਼ਾਕ ਹੈ। ਇੱਕ ਦੇਸ਼, ਜੋ ਸਾਫ਼-ਸੁਥਰੇ ਇਮਤਿਹਾਨ ਵੀ ਨਹੀਂ ਕਰਵਾ ਸਕਦਾ, ਉਸ ਨੂੰ ਕੋਈ ਵੀ ਗੰਭੀਰਤਾ ਨਾਲ ਨਹੀਂ ਲਵੇਗਾ। ਇੱਕ ਅਸਫਲ ਪ੍ਰਧਾਨ ਮੰਤਰੀ ਤੋਂ ਇਸ ਤੋਂ ਵੱਧ ਕੁਝ ਵੀ ਉਮੀਦ ਨਹੀਂ ਕੀਤੀ ਜਾ ਸਕਦੀ ਕਿ ਉਹ ਹੰਝੂ ਵਹਾਏ ਜਾਂ ਲੋਕਾਂ ਨੂੰ ਸਮਰਪਣ ਲਈ ਅਪੀਲ ਕਰੇ ਅਤੇ ਇਸ ਦੇਸ਼ ਦੀ ਹਰ ਮਹੱਤਵਪੂਰਨ ਸਮੱਸਿਆ ਨੂੰ ਹੱਲ ਕਰਨ ਲਈ ਨਸੀਹਤਾਂ ਦੇਵੇ।*

# ਪੰਜਾਬ ਨੂੰ ਬਦਲਵੇਂ ਵਿਕਾਸ ਮਾਡਲ ਦੀ ਲੋੜ



ਡਾ. ਅਰੁਣ ਮਿਤਰਾ

ਨਵੇਂ-ਨਵੇਂ ਰਾਜ ਸਭਾ ਲਈ ਚੁਣੇ ਗਏ ਮੈਂਬਰਾਂ ਦਾ ਆਮ ਆਦਮੀ ਪਾਰਟੀ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਜਾਣਾ ਅਜੋਕੇ ਰਾਜਨੀਤਿਕ ਦੌਰ ਵਿੱਚ ਹੈਰਾਨੀ ਵਾਲੀ ਗੱਲ ਤਾਂ ਨਹੀਂ, ਪਰ ਇਹ ਗੰਭੀਰ ਚਿੰਤਾ ਦਾ ਵਿਸ਼ਾ ਜ਼ਰੂਰ ਹੈ।

ਇਹ ਇਸ ਲਈ ਹੋਰ ਵੀ ਮਹੱਤਵਪੂਰਨ ਹੈ, ਕਿਉਂਕਿ ਪੰਜਾਬ ਵਿੱਚ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਹੈ, ਜਿਸ ਨੇ ਕਿ ਪੰਜਾਬ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਹੈ ਅਤੇ ਪੰਜਾਬ ਨੂੰ ਵਿਕਾਸ ਦੇ ਰਾਹ 'ਤੇ ਅੱਗੇ ਤੋਰਨਾ ਹੈ। ਇਸ ਲਈ ਅਜੋਕੀ ਸਥਿਤੀ ਦਾ ਲੇਖਾ-ਜੋਖਾ ਕਰਨਾ ਜ਼ਰੂਰੀ ਹੈ, ਤਾਂ ਜੋ ਆਉਣ ਵਾਲੇ ਸਮੇਂ ਵਿੱਚ ਵਿਕਾਸ ਦਾ ਕੀ ਮਾਡਲ ਹੋਏ, ਉਸ ਬਾਰੇ ਚਰਚਾ ਕੀਤੀ ਜਾ ਸਕੇ।

ਪੰਜਾਬ ਦਾ ਬਕਾਇਆ ਜਨਤਕ ਕਰਜ਼ਾ 31 ਮਾਰਚ, 2027 ਤੱਕ 4.47 ਲੱਖ ਕਰੋੜ ਤੱਕ ਪਹੁੰਚਣ ਦਾ ਅਨੁਮਾਨ ਹੈ। ਰਾਜ ਦੀ ਆਬਾਦੀ ਲਗਭਗ 3.2 ਕਰੋੜ ਹੋਣ ਦੇ ਨਾਲ, ਇਹ ਪ੍ਰਤੀ ਵਿਅਕਤੀ ਲਗਭਗ 1.40 ਲੱਖ ਦਾ ਇੱਕ ਹੈਰਾਨਕੁਨ ਕਰਜ਼ੇ ਦਾ ਬੋਝ ਬਣਾਉਂਦਾ ਹੈ ਅਤੇ 45 ਫੀਸਦੀ ਤੋਂ ਵੱਧ ਦੇ ਕਰਜ਼ੇ ਤੋਂ ਜੀ ਐੱਸ ਡੀ ਪੀ ਅਨੁਪਾਤ ਵਿੱਚ ਅਨੁਵਾਦ ਕਰਦਾ ਹੈ। ਰਾਜ ਦਾ ਕਰਜ਼ਾ-ਤੋਂ-ਜੀ ਐਸ ਡੀ ਪੀ (ਸੂਬੇ ਦਾ ਕੁੱਲ ਉਤਪਾਦ ਅਤੇ ਕਰਜ਼ਾ) ਦਾ ਅਨੁਪਾਤ ਲਗਭਗ 45.65 ਫੀਸਦੀ ਹੈ, ਜੋ ਕਿ ਭਾਰਤ ਵਿੱਚ ਸਭ ਤੋਂ ਵੱਧ ਹੈ। ਇਨ੍ਹਾਂ ਕਰਜ਼ਿਆਂ 'ਤੇ ਵਿਆਜ ਦੀ ਅਦਾਇਗੀ ਰਾਜ ਦੇ ਕੁੱਲ ਮਾਲੀਆ ਪ੍ਰਾਪਤੀਆਂ ਦਾ ਇੱਕ ਮਹੱਤਵਪੂਰਨ ਹਿੱਸਾ ਖਪਤ ਕਰਦੀ ਹੈ। ਕਰਜ਼ਾ ਉਤਾਰਨ ਜਾਂ ਉਸ ਦੇ ਬਿਆਜ ਦੀ ਅਦਾਇਗੀ ਲਈ ਮੁੜ ਕਰਜ਼ਾ ਲਿਆ ਜਾ ਰਿਹਾ ਹੈ, ਜਿਸ ਨਾਲ ਸਥਿਤੀ ਹੋਰ ਵੀ ਗੰਭੀਰ ਬਣਦੀ ਜਾ ਰਹੀ ਹੈ।

ਨੌਜਵਾਨ ਮੁੰਡੇ-ਕੁੜੀਆਂ ਪਿੱਠਾਂ 'ਤੇ ਬੈਗ ਚੁੱਕ ਕੇ ਸਾਰਾ ਦਿਨ ਸਕੂਟਰਾਂ ਅਤੇ ਮੋਟਰਸਾਈਕਲਾਂ 'ਤੇ ਜ਼ੋਮੈਟੋ, ਬਲਿੰਕਿਟ ਜਾਂ ਹੋਰ ਵੱਡੀਆਂ ਕੰਪਨੀਆਂ ਲਈ ਡਲੀਵਰੀਆਂ ਕਰਦੇ ਫਿਰਦੇ ਹਨ। ਥੋੜ੍ਹੀ ਕਮਾਈ ਲਈ ਉਹ ਆਪਣੀ ਜਾਨ ਤੱਕ ਖਤਰੇ ਵਿੱਚ ਪਾਂਦੇ ਹਨ, ਪਰ ਨਾ ਤਾਂ ਸਮਾਜ ਵਿੱਚ ਅਤੇ ਨਾ ਹੀ ਕਾਨੂੰਨੀ ਤੌਰ 'ਤੇ ਉਨ੍ਹਾਂ ਨੂੰ ਇੱਕ ਇੱਜ਼ਤਦਾਰ ਕਾਮੇ ਦਾ ਦਰਜਾ ਮਿਲਦਾ ਹੈ।

ਆਸ਼ਾ ਵਰਕਰਾਂ, ਆਂਗਨਵਾੜੀ ਵਰਕਰਾਂ ਅਤੇ ਮਿਡ-ਡੇ ਮੀਲ ਵਰਕਰਾਂ ਦੀ ਸਥਿਤੀ ਵੀ ਬਹੁਤ ਦੁਖਦਾਈ ਹੈ। ਦਿਨ-ਰਾਤ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਅਤੇ ਬੱਚਿਆਂ ਦੀ ਦੇਖਭਾਲ ਕਰਨ ਦੇ ਬਾਵਜੂਦ ਉਨ੍ਹਾਂ ਨੂੰ ਕਾਮੇ ਦਾ ਪੂਰਾ ਦਰਜਾ ਤੱਕ ਨਹੀਂ ਮਿਲਦਾ। ਮਜਬੂਰੀਆਂ ਕਰਕੇ ਉਹ ਘੱਟ ਤਨਖ਼ਾਹ 'ਤੇ ਕੰਮ ਕਰਨ ਲਈ ਤਿਆਰ ਹਨ।

ਸਫਾਈ ਕਰਮਚਾਰੀਆਂ ਦੀ ਸਥਿਤੀ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਤੇ ਉਹਨਾਂ ਦੇ ਕੰਮ-ਕਾਜ ਦਾ ਆਧੁਨੀਕੀਕਰਨ ਨਾ ਹੋਣ ਕਰਕੇ ਕਰਮਚਾਰੀਆਂ ਦੀ ਸਿਹਤ 'ਤੇ ਬੁਰਾ ਅਸਰ ਪੈ ਰਿਹਾ ਹੈ। ਗਟਰਾਂ ਵਿੱਚ ਜਾਣ ਕਰਕੇ ਕਈਆਂ ਦੀਆਂ ਬੇਵਕਤ ਜਾਨਾਂ ਵੀ ਜਾ ਰਹੀਆਂ ਹਨ।

ਵਧਦੀ ਬੇਰੁਜ਼ਗਾਰੀ ਕਾਰਨ ਨੌਜਵਾਨ ਜਾਂ ਤਾਂ ਵਿਦੇਸ਼ਾਂ ਵੱਲ ਰੁਖ ਕਰ ਰਹੇ ਹਨ ਜਾਂ ਨਸ਼ਿਆਂ ਦੀ ਦਲਦਲ ਵਿੱਚ ਫਸ ਰਹੇ ਹਨ। ਬਹੁਤੇ ਨੌਜਵਾਨ ਆਪਣੀਆਂ ਮੁਸ਼ਕਲਾਂ ਤੋਂ ਬਚਣ ਲਈ ਗਲਤ ਰਸਤੇ 'ਤੇ ਤੁਰ ਪੈਂਦੇ ਹਨ ਅਤੇ ਅਪਰਾਧ ਜਗਤ ਵਿੱਚ ਫਸ ਜਾਂਦੇ ਹਨ। ਸਰਕਾਰਾਂ ਕੋਲ ਪੰਜਾਬ ਦੀ ਜਵਾਨੀ ਨੂੰ ਸੰਭਾਲਣ ਲਈ ਕੋਈ ਢੁਕਵਾਂ ਕਾਰਜਕ੍ਰਮ ਨਜ਼ਰ ਨਹੀਂ ਆਉਂਦਾ। ਸਰਕਾਰੀ ਆਰਥਿਕ ਨੀਤੀਆਂ ਵੱਡੇ ਪੱਧਰ 'ਤੇ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਜਾਂਦੀਆਂ ਹਨ।

ਨਵੀਂ ਸਿੱਖਿਆ ਨੀਤੀ ਦੇ ਨਾਂਅ 'ਤੇ ਆਮ ਲੋਕਾਂ ਦੇ ਬੱਚੇ ਆਧੁਨਿਕ ਅਤੇ ਗੁਣਵੱਤਾਪੂਰਨ ਸਿੱਖਿਆ ਤੋਂ ਵਾਂਝੇ ਹੁੰਦੇ ਜਾ ਰਹੇ ਹਨ। ਨਿੱਜੀ ਸਕੂਲ ਬੇਹੱਦ ਮਹਿੰਗੇ ਹੋ ਰਹੇ ਹਨ ਅਤੇ ਸਿੱਖਿਆ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਨਿਕਲਦੀ ਜਾ ਰਹੀ ਹੈ।

ਸਿਹਤ ਸੇਵਾਵਾਂ ਦਾ ਹਾਲ ਵੀ ਇਸ ਤੋਂ ਵੱਖਰਾ ਨਹੀਂ। ਉੱਚ ਪੱਧਰੀ ਸਿਹਤ ਸੇਵਾਵਾਂ ਕਾਰਪੋਰੇਟ ਘਰਾਣਿਆਂ ਦੇ ਕਬਜ਼ੇ ਹੇਠ ਹਨ ਅਤੇ ਸਰਕਾਰ ਬੀਮਾ ਕੰਪਨੀਆਂ ਰਾਹੀਂ ਸਿਹਤ ਸੇਵਾਵਾਂ ਦੇਣ ਦੀ ਨੀਤੀ ਅਪਣਾ ਰਹੀ ਹੈ। ਸਰਕਾਰ ਸਿੱਧੇ ਤੌਰ 'ਤੇ ਸਿਹਤ ਖੇਤਰ ਵਿੱਚ ਨਿਵੇਸ਼ ਕਰਨ ਦੀ ਬਜਾਏ ਪੀ ਪੀ ਪੀ ਮਾਡਲ ਰਾਹੀਂ ਹਸਪਤਾਲ ਖੋਲ੍ਹਣ ਅਤੇ ਮੈਡੀਕਲ ਸਿੱਖਿਆ ਨੂੰ ਨਿੱਜੀ ਖੇਤਰ ਦੇ ਹਵਾਲੇ ਕਰਨ ਵੱਲ ਵੱਧ ਰਹੀ ਹੈ।

ਪੰਜਾਬ ਦੇ 23 ਜ਼ਿਲ੍ਹਿਆਂ ਵਿੱਚੋਂ ਸਿਰਫ 6 ਜ਼ਿਲ੍ਹਿਆਂ ਵਿੱਚ ਹੀ ਐਮ ਆਰ ਆਈ ਦੀ ਸਹੂਲਤ ਪ੍ਰਾਪਤ ਹੈ। ਜਨਰਲ ਮੈਡੀਕਲ ਅਫਸਰਾਂ ਦੀਆਂ ਹਜ਼ਾਰਾਂ ਅਸਾਮੀਆਂ ਖਾਲੀ ਹਨ ਅਤੇ ਸੈਂਕੜੇ ਸਪੈਸ਼ਲਿਸਟਾਂ ਦੀਆਂ ਅਸਾਮੀਆਂ ਖਾਲੀ ਹਨ। ਬਹੁਤ ਸਾਰੇ ਜ਼ਿਲ੍ਹਿਆਂ ਵਿੱਚ ਆਈ ਸੀ ਯੂ ਵੀ ਕੰਮ ਨਹੀਂ ਕਰਦੇ। ਪੰਜਾਬ ਦੇ ਬਹੁਤ ਸਾਰੇ ਪਰਵਾਰਾਂ ਨੂੰ ਆਪਣਾ ਇਲਾਜ ਕਰਵਾਉਣ ਲਈ, ਜਿਸ 'ਤੇ ਕਿ ਬਹੁਤ ਪੈਸੇ ਖਰਚ ਹੁੰਦੇ ਹਨ, ਆਪਣੇ ਮਕਾਨ ਤੱਕ ਵੇਚਣੇ ਪੈਂਦੇ ਹਨ ਅਤੇ ਵੱਡੀ ਗਿਣਤੀ ਵਿੱਚ ਲੋਕ ਹਰ ਸਾਲ ਗਰੀਬੀ ਰੇਖਾ ਤੋਂ ਹੇਠਾਂ ਧੱਕੇ ਜਾਂਦੇ ਹਨ।

ਬੇਰੁਜ਼ਗਾਰੀ ਲਗਾਤਾਰ ਵਧ ਰਹੀ ਹੈ। ਘੱਟ ਤਨਖ਼ਾਹਾਂ 'ਤੇ ਕੰਮ ਕਰਦੇ ਕੱਚੇ ਮੁਲਾਜ਼ਮ ਜਦੋਂ ਆਪਣੇ ਹੱਕਾਂ ਲਈ ਅੰਦੋਲਨ ਕਰਦੇ ਹਨ। ਈ ਟੀ ਟੀ ਅਧਿਆਪਕਾਂ ਦੀ ਹਾਲਤ ਬਹੁਤ ਮਾੜੀ ਹੈ। ਕਾਲਜਾਂ ਵਿੱਚ ਵੀ ਵੱਡੀ ਗਿਣਤੀ ਵਿੱਚ ਕੱਚੇ ਅਧਿਆਪਕ ਰੱਖੇ ਜਾ ਰਹੇ ਹਨ ਅਤੇ ਉਨ੍ਹਾਂ ਦੀਆਂ ਤਨਖ਼ਾਹਾਂ ਪੱਕੇ ਅਧਿਆਪਕਾਂ ਨਾਲੋਂ ਬਹੁਤ ਘੱਟ ਹਨ।

ਪੇਂਡੂ ਮਜ਼ਦੂਰਾਂ, ਖ਼ਾਸ ਕਰਕੇ ਖੇਤ ਮਜ਼ਦੂਰਾਂ ਦੀ ਹਾਲਤ ਬਹੁਤ ਮਾੜੀ ਹੈ। ਰਿਹਾਇਸ਼ੀ ਸਹੂਲਤਾਂ ਦੀ ਘਾਟ ਹੈ ਅਤੇ ਉਨ੍ਹਾਂ ਦੀਆਂ ਮੰਗਾਂ ਵਾਰ-ਵਾਰ ਰੱਖੇ ਜਾਣ ਦੇ ਬਾਵਜੂਦ ਕੋਈ ਸੁਣਵਾਈ ਨਹੀਂ ਹੁੰਦੀ।

ਆਰਥਕ ਮਾਹਰ ਵਾਰ-ਵਾਰ ਕਹਿੰਦੇ ਹਨ ਕਿ ਕਿਸੇ ਵੀ ਦੇਸ਼ ਦੀ ਤਰੱਕੀ ਲਈ ਸਭ ਤੋਂ ਵੱਧ ਨਿਵੇਸ਼ ਸਿੱਖਿਆ ਅਤੇ ਸਿਹਤ 'ਤੇ ਹੋਣਾ ਚਾਹੀਦਾ ਹੈ।

ਸਿੱਖਿਆ ਬਾਰੇ ਕੋਠਾਰੀ ਕਮਿਸ਼ਨ ਦੀਆਂ ਸਿਫਾਰਿਸ਼ਾਂ ਦੇ ਮੁਤਾਬਕ ਇਹ ਗੱਲ ਕਹੀ ਗਈ ਸੀ ਕਿ ਇਲਾਕਾ ਦੇ ਹਿਸਾਬ ਨਾਲ ਸਕੂਲ ਹੋਣੇ ਚਾਹੀਦੇ ਹਨ, ਜਿੱਥੇ ਇੱਕ ਸਾਰ ਵਿਦਿਆ ਦਿੱਤੀ ਜਾਣੀ ਚਾਹੀਦੀ ਹੈ। ਉਸ ਵਿੱਚ ਇਹ ਵੀ ਕਿਹਾ ਗਿਆ ਕਿ ਉੱਚ ਵਿੱਦਿਆ ਦੀ ਪਹੁੰਚ ਵੱਧ ਤੋਂ ਵੱਧ ਲੋਕਾਂ ਨੂੰ ਹੋਣੀ ਚਾਹੀਦੀ ਹੈ ਅਤੇ ਖੋਜਬੀਨ 'ਤੇ ਖਰਚ ਵੱਧ ਕੀਤਾ ਜਾਣਾ ਚਾਹੀਦਾ ਹੈ। ਇਸ ਵਿੱਚ ਅਕਾਦਮਿਕ, ਕਲਾ ਅਤੇ ਸਰੀਰਕ ਸਿੱਖਿਆ ਨੂੰ ਕਵਰ ਕਰਨ ਵਾਲੇ ਇੱਕ ਵਿਆਪਕ ਪਾਠਕ੍ਰਮ ਦਾ ਸੁਝਾਅ ਦਿੱਤਾ ਗਿਆ। ਅਧਿਆਪਕ ਸਿਖਲਾਈ ਅਤੇ ਚੱਲ ਰਹੇ ਪੇਸ਼ੇਵਰ ਵਿਕਾਸ 'ਤੇ ਵੀ ਜ਼ੋਰ ਦਿੱਤਾ ਗਿਆ। ਮੌਜੂਦਾ ਸਿੱਖਿਆ 'ਤੇ ਜਨਤਕ ਖਰਚ ਕੁਲ ਉਤਪਾਦ (ਜੀ ਡੀ ਪੀ ) ਦਾ ਲਗਭਗ 4.1 ਫੀਸਦੀ ਹੈ। ਕੋਠਾਰੀ ਕਮਿਸ਼ਨ ਨੇ ਸਿਫਾਰਿਸ਼ ਕੀਤੀ ਸੀ ਕਿ ਕੁਲ ਉਤਪਾਦ ਦਾ ਘੱਟੋ ਘੱਟ 6 ਫੀਸਦੀ ਸਿੱਖਿਆ 'ਤੇ ਖਰਚ ਹੋਣਾ ਚਾਹੀਦਾ ਹੈ।

ਕੁੱਲ ਬਜਟ ਦੀ ਗੱਲ ਕਰੀਏ ਤਾਂ ਇਸ ਸਾਲ ਕੇਂਦਰ ਸਰਕਾਰ ਦੇ 5347315 ਕਰੋੜ ਦੇ ਕੁਲ ਬਜਟ ਵਿੱਚੋਂ ਸਿੱਖਿਆ ਨੂੰ 139289 ਕਰੋੜ ਮਤਲਬ 2.6 ਫੀਸਦੀ ਦਿੱਤਾ ਗਿਆ ਹੈ।

ਪੰਜਾਬ ਵਿੱਚ ਕੁੱਲ 260437 ਕਰੋੜ ਬਜਟ ਵਿੱਚੋਂ ਸਿੱਖਿਆ ਤੇ 19279 ਕਰੋੜ ਰੁਪਏ ਅਲਾਟ ਕੀਤੇ ਗਏ ਹਨ, ਜੋ ਕਿ ਬਜਟ ਦਾ ਬਣਦੇ 7.4 ਫੀਸਦੀ ਹਨ। ਕੋਠਾਰੀ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਸਿੱਖਿਆ ਬਜਟ ਨੂੰ ਘੱਟੋ-ਘੱਟ ਤਿੰਨ ਗੁਣਾ ਵਧਾਉਣਾ ਪਵੇਗਾ।

ਸਿਹਤ ਖੇਤਰ ਵਿੱਚ ਵੀ ਸਰਕਾਰੀ ਖਰਚ ਬਹੁਤ ਘੱਟ ਹੈ। ਅੱਜ ਸਰਕਾਰੀ ਪੱਧਰ 'ਤੇ 260437 ਕਰੋੜ ਰੁਪਏ ਦੇ ਕੁੱਲ ਬਜਟ ਵਿੱਚੋਂ ਸਿਹਤ ਲਈ 6879 ਕਰੋੜ ਰੁਪਏ ਅਲਾਟ ਕੀਤੇ ਗਏ ਹਨ, ਜੋ ਕਿ 2.64 ਫੀਸਦੀ ਹੈ। ਜਿਸ ਕਰਕੇ ਲੋਕਾਂ ਨੂੰ ਆਪਣੀ ਜੇਬ ਵਿੱਚੋਂ ਇਲਾਜ ਲਈ ਵੱਡਾ ਖਰਚ ਕਰਨਾ ਪੈਂਦਾ ਹੈ ਅਤੇ ਬਹੁਤੇ ਪਰਵਾਰ ਗਰੀਬੀ ਵੱਲ ਧੱਕੇ ਜਾਂਦੇ ਹਨ। ਇਸ ਨੂੰ ਵਧਾ ਕੇ ਘੱਟੋ-ਘੱਟ 6 ਪ੍ਰਤੀਸ਼ਤ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਬੀਮਾ-ਅਧਾਰਤ ਸਿਹਤ ਮਾਡਲ ਦੀ ਥਾਂ ਸਰਕਾਰ ਸਿੱਧੇ ਤੌਰ 'ਤੇ ਸਿਹਤ ਸੇਵਾਵਾਂ ਮੁਹੱਈਆ ਕਰ ਸਕੇ। ਜ਼ਿਲ੍ਹਾ ਹਸਪਤਾਲਾਂ ਵਿੱਚ ਆਧੁਨਿਕ ਸਿਹਤ ਸਹੂਲਤਾਂ ਯਕੀਨੀ ਬਣਾਉਣੀਆਂ ਚਾਹੀਦੀਆਂ ਹਨ ਅਤੇ ਕਿਸੇ ਵੀ ਕਿਸਮ ਦੇ ਯੂਜ਼ਰ ਚਾਰਜ ਨਹੀਂ ਲਗਾਏ ਜਾਣੇ ਚਾਹੀਦੇ।

ਬੇਰੁਜ਼ਗਾਰੀ ਦੀ ਸਥਿਤੀ ਬਹੁਤ ਗੰਭੀਰ ਹੈ। ਸਮਝਿਆ ਜਾਂਦਾ ਹੈ ਕਿ ਪੰਜਾਬ ਵਿੱਚ ਲਗਭਗ 3 ਲੱਖ ਅਸਾਮੀਆਂ ਖਾਲੀ ਪਈਆਂ ਹਨ, ਜਿਨ੍ਹਾਂ ਵਿੱਚ 50 ਹਜ਼ਾਰ ਅਧਿਆਪਕਾਂ ਅਤੇ 40 ਹਜ਼ਾਰ ਬਿਜਲੀ ਬੋਰਡ ਮੁਲਾਜ਼ਮਾਂ ਦੀਆਂ ਅਸਾਮੀਆਂ ਸ਼ਾਮਲ ਹਨ। ਇਹਨਾਂ ਅਸਾਮੀਆਂ ਨੂੰ ਤੁਰੰਤ ਭਰਿਆ ਜਾਣਾ ਚਾਹੀਦਾ ਹੈ। ਜੇ ਇੱਕ ਲੱਖ ਅਸਾਮੀਆਂ ਲਈ ਔਸਤ 40 ਹਜ਼ਾਰ ਰੁਪਏ ਮਹੀਨਾਵਾਰ ਤਨਖ਼ਾਹ ਮੰਨੀ ਜਾਵੇ ਤਾਂ ਸਾਲਾਨਾ ਲਗਭਗ 5000 ਕਰੋੜ ਰੁਪਏ ਦੀ ਲੋੜ ਪਵੇਗੀ। ਤਿੰਨ ਲੱਖ ਅਸਾਮੀਆਂ ਲਈ ਇਹ ਖਰਚ ਲਗਭਗ 15000 ਕਰੋੜ ਰੁਪਏ ਬਣਦਾ ਹੈ। ਠੇਕਾ ਅਤੇ ਸਕੀਮ ਵਰਕਰਾਂ ਲਈ ਲਗਭਗ 3500 ਕਰੋੜ ਰੁਪਏ ਦੀ ਲੋੜ ਹੋਵੇਗੀ। 2,60,437 ਕਰੋੜ ਰੁਪਏ ਦੇ ਕੁੱਲ ਬਜਟ ਵਿੱਚੋਂ ਇਹ ਰਕਮ ਕੱਢਣਾ ਕੋਈ ਔਖਾ ਕੰਮ ਨਹੀਂ।

ਘਰੇਲੂ, ਛੋਟੇ ਅਤੇ ਮੱਧਮ ਉਦਯੋਗਾਂ ਨੂੰ ਉਤਸ਼ਾਹਤ ਕਰਨ ਦੀ ਲੋੜ ਹੈ। ਸਵੈ-ਰੋਜ਼ਗਾਰ ਨਾਲ ਜੁੜੇ ਲੋਕਾਂ, ਖ਼ਾਸ ਕਰਕੇ ਲੜਕੀਆਂ ਨੂੰ ਵਿਸ਼ੇਸ਼ ਸਹਾਇਤਾ ਦਿੱਤੀ ਜਾਣੀ ਚਾਹੀਦੀ ਹੈ।

ਖੇਤੀਬਾੜੀ ਵਿੱਚ ਵੀ ਵਿਗਿਆਨਕ ਅਤੇ ਖੇਤਰ-ਵਿਸ਼ੇਸ਼ ਯੋਜਨਾਬੰਦੀ ਦੀ ਲੋੜ ਹੈ। ਹਰ ਖੇਤਰ ਦੀ ਭੂਗੋਲਿਕ ਅਤੇ ਫਸਲੀ ਵਿਸ਼ੇਸ਼ਤਾ ਅਨੁਸਾਰ ਖੇਤੀ ਅਤੇ ਐਗਰੋ-ਇੰਡਸਟਰੀ ਦਾ ਵਿਕਾਸ ਕੀਤਾ ਜਾਣਾ ਚਾਹੀਦਾ ਹੈ। ਪੇਂਡੂ ਖੇਤਰਾਂ ਵਿੱਚ ਸਹੂਲਤਾਂ ਵਧਾ ਕੇ ਲੋਕਾਂ ਦਾ ਸ਼ਹਿਰਾਂ ਵੱਲ ਪਰਵਾਸ ਘਟਾਇਆ ਜਾ ਸਕਦਾ ਹੈ।

ਪੰਜਾਬ ਖੇਤੀ ਪ੍ਰਧਾਨ ਸੂਬਾ ਹੈ ਅਤੇ ਇਸ ਦੇ ਸਮਾਜਕ ਤੇ ਆਰਥਿਕ ਵਿਕਾਸ ਵਿੱਚ ਖੇਤੀਬਾੜੀ ਦਾ ਵੱਡਾ ਯੋਗਦਾਨ ਹੈ। ਪੰਜਾਬ ਦੇ ਕਿਸਾਨ ਨਾ ਸਿਰਫ ਆਪਣੀਆਂ ਲੋੜਾਂ ਪੂਰੀਆਂ ਕਰਦੇ ਹਨ, ਸਗੋਂ ਦੇਸ਼ ਦੇ ਅੰਨ ਭੰਡਾਰ ਵਿੱਚ ਵੀ ਮਹੱਤਵਪੂਰਨ ਹਿੱਸਾ ਪਾਉਂਦੇ ਹਨ। ਪੰਜਾਬ ਦੇਸ਼ ਦੇ ਕਣਕ, ਚਾਵਲ, ਕਪਾਹ ਅਤੇ ਦੁੱਧ ਉਤਪਾਦਨ ਵਿੱਚ ਅਹਿਮ ਯੋਗਦਾਨ ਦੇਂਦਾ ਹੈ।

ਕਾਰਪੋਰੇਟ ਖੇਤੀ ਮਾਡਲ ਨਾਲ ਖੇਤੀ ਮਹਿੰਗੀ ਅਤੇ ਅਸੁਰੱਖਿਅਤ ਹੋ ਗਈ ਹੈ। ਕੇਂਦਰ ਸਰਕਾਰ ਵੱਲੋਂ ਲੋਕ ਹੱਕਾਂ, ਸਹੂਲਤਾਂ ਅਤੇ ਕੇਂਦਰੀ ਸਕੀਮਾਂ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ। 90:10 ਵਾਲੀਆਂ ਸਕੀਮਾਂ ਨੂੰ 60:40 ਵਿੱਚ ਬਦਲਣ ਨਾਲ ਸੂਬਿਆਂ 'ਤੇ ਵੱਧ ਬੋਝ ਪਿਆ ਹੈ। ਬਿਜਲੀ ਬਿੱਲ 2025, ਬੀਜ ਬਿੱਲ 2025 ਅਤੇ ਮਨਰੇਗਾ ਦੀ ਥਾਂ ਨਵੀਆਂ ਯੋਜਨਾਵਾਂ ਲਿਆਉਣਾ ਵੀ ਕਿਸਾਨਾਂ ਅਤੇ ਮਜ਼ਦੂਰਾਂ ਲਈ ਚਿੰਤਾ ਦਾ ਵਿਸ਼ਾ ਹੈ।

ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਹੱਕਾਂ ਨੂੰ ਖੋਹਣ ਦੇ ਕਾਰਨ ਸੂਬੇ 'ਤੇ ਪ੍ਰਭਾਵ ਪੈ ਰਿਹਾ ਹੈ। ਇਹ ਦੇਸ਼ ਦੇ ਫੈਡਰਲ ਢਾਂਚੇ ਨਾਲ ਬੇਇਨਸਾਫੀ ਹੈ। ਸੂਬੇ ਨੂੰ ਬਣਦੇ ਹੱਕ ਦਿੱਤੇ ਜਾਣੇ ਚਾਹੀਦੇ ਹਨ ਅਤੇ ਪੰਜਾਬ ਦੇ ਪਾਣੀਆਂ ਤੇ ਚੰਡੀਗੜ੍ਹ ਵਰਗੇ ਮਸਲੇ ਪਹਿਲ ਦੇ ਅਧਾਰ 'ਤੇ ਹੱਲ ਕੀਤੇ ਜਾਣੇ ਚਾਹੀਦੇ ਹਨ।

ਹਰ ਸਵੇਰ ਅਖ਼ਬਾਰ ਖੋਲ੍ਹਦੇ ਹੀ ਪਹਿਲੇ ਸਫ਼ੇ ਤੋਂ ਹਿੰਸਾ ਦੀਆਂ ਖ਼ਬਰਾਂ ਪੜ੍ਹਨ ਨੂੰ ਮਿਲਦੀਆਂ ਹਨ। ਘਰੇਲੂ ਹਿੰਸਾ ਦੇ ਵਧਦੇ ਮਾਮਲੇ ਖ਼ਾਸ ਤੌਰ 'ਤੇ ਚਿੰਤਾਜਨਕ ਹਨ। ਇਹ ਉਹ ਪੰਜਾਬ ਨਹੀਂ ਰਿਹਾ, ਜਿਸ ਦੀ ਪਛਾਣ ਖੁਸ਼ਹਾਲੀ, ਭਰਾਤਰੀ ਭਾਵਨਾ ਅਤੇ ਇੱਕ-ਦੂਜੇ ਦੀ ਮਦਦ ਕਰਨ ਵਾਲੇ ਸਮਾਜ ਵਜੋਂ ਹੁੰਦੀ ਸੀ। ਹੀਰ-ਰਾਂਝਾ ਅਤੇ ਸੱਸੀ-ਪੁੰਨੂੰ ਦੀ ਪ੍ਰੇਮ-ਪਰੰਪਰਾ ਵਾਲਾ ਪੰਜਾਬ ਅੱਜ ਕਿਸ ਪਾਸੇ ਵਧ ਰਿਹਾ ਹੈ, ਇਹ ਵੱਡਾ ਸਵਾਲ ਹੈ।

ਪੰਜਾਬ ਵਿੱਚ ਕਿਸਾਨਾਂ, ਖੇਤ ਮਜ਼ਦੂਰਾਂ ਅਤੇ ਦਿਹਾੜੀਦਾਰ ਮਜ਼ਦੂਰਾਂ ਦੀਆਂ ਆਤਮ ਹੱਤਿਆਵਾਂ ਬਹੁਤ ਚਿੰਤਾਜਨਕ ਹਨ। ਇਹ ਸਿਰਫ਼ ਆਰਥਿਕ ਨਹੀਂ, ਸਗੋਂ ਸਮਾਜਿਕ ਸੰਕਟ ਦੀ ਵੀ ਨਿਸ਼ਾਨੀ ਹੈ।

ਪੰਜਾਬ ਦੇ ਵਾਤਾਵਰਨ ਵਿੱਚ ਲਗਾਤਾਰ ਨਿਘਾਰ ਆ ਰਿਹਾ ਹੈ। ਜੰਗਲਾਂ ਦੀ ਕਟਾਈ ਤਾਂ ਹੋ ਰਹੀ ਹੈ, ਪਰ ਦਰੱਖਤ ਨਹੀਂ ਲਗਾਏ ਜਾ ਰਹੇ। ਇਸ ਕਰਕੇ ਪਰਿਆਵਰਨ ਦੀ ਹਾਲਤ ਖਰਾਬ ਹੋ ਰਹੀ ਹੈ। ਹਰ ਸਾਲ ਅਕਤੂਬਰ ਨਵੰਬਰ ਦੇ ਮਹੀਨਿਆਂ ਵਿੱਚ ਹਵਾ ਵਿੱਚ ਬਹੁਤ ਜ਼ਿਆਦਾ ਪ੍ਰਦੂਸ਼ਣ ਵਧ ਜਾਂਦਾ ਹੈ, ਜਿਸ ਕਰਕੇ ਸਿਹਤ 'ਤੇ ਬੁਰਾ ਪ੍ਰਭਾਵ ਪੈਂਦਾ ਹੈ। ਇਸ ਬਾਰੇ ਢੁਕਵੇਂ ਕਦਮ ਚੁੱਕਣ ਦੀ ਲੋੜ ਹੈ।

**# ਸੰਪਰਕ : 94170-00360**

# ਦਰੱਖਤ ਲਗਾਓ, ਧਰਤੀ ਮਾਂ ਦੇ ਸੀਨੇ ਠੰਢ ਪਾਓ



ਹਰਸੰਤ ਸਿੰਘ ਢੀਂਡਸਾ

ਰੁੱਖ ਕੁਦਰਤੀ ਸੰਪਤੀ ਦਾ ਅਣਮੁੱਲਿਆ ਸਰਮਾਇਆ ਹਨ। ਰੁੱਖਾਂ ਤੋਂ ਬਿਨਾਂ ਧਰਤੀ ਦੇ ਉੱਤੇ ਜਨ-ਜੀਵਨ ਅਸੰਭਵ ਹੈ, ਪਰ ਮਨੁੱਖੀ ਸੁਭਾਅ ਅਨੁਸਾਰ ਅਸੀਂ ਹਰ ਚੀਜ਼ ਦਾ ਮੁੱਲ ਉਸ ਦੀ ਲੋੜ ਵੇਲੇ ਪਾਉਂਦੇ ਹਾਂ। ਸਰਦੀਆਂ ਦੀ ਰੁੱਤੇ, ਦਰੱਖਤਾਂ ਦੀ ਮਹੱਤਤਾ ਨੂੰ ਭੁੱਲ ਜਾਂਦੇ ਹਾਂ। ਅੱਜ ਜਦੋਂ ਗਰਮੀਆਂ ਦੇ ਵਿੱਚ ਜਨਤਕ ਥਾਵਾਂ ਦੇ ਉੱਤੇ ਛਾਂ ਵਿੱਚ ਗੱਡੀਆਂ ਖੜ੍ਹਾਉਣ ਲਈ ਥਾਂ ਨਹੀਂ ਲੱਭਦੀ, ਇੱਕ- ਇੱਕ ਦਰੱਖਤ ਦੇ ਥੱਲੇ ਕਈ-ਕਈ ਗੱਡੀਆਂ ਖੜੀਆਂ ਹੁੰਦੀਆਂ ਹਨ। ਇਥੋਂ ਤੱਕ ਕਿ ਕਈ ਵਾਰ ਤਾਂ ਛਾਂ ਵਿੱਚ ਗੱਡੀ ਪਾਰਕ ਕਰਨ ਲਈ ਆਪਸ ਦੇ ਵਿੱਚ ਤਲਖ-ਕਲਾਮੀ ਵੀ ਹੋ ਜਾਂਦੀ ਹੈ। ਫਿਰ ਉਸ ਸਮੇਂ ਦਰੱਖਤ ਦੀ ਛਾਂ ਦਾ ਮੁੱਲ ਵੇਖਣ ਵਾਲਾ ਹੁੰਦਾ ਹੈ। ਫਿਰ ਚੇਤੇ ਆਉਂਦਾ ਹੈ, ਲਿਖਿਆ ਸਲੋਗਨ: ਇੱਕ ਰੁੱਖ, ਸੌ ਸੁੱਖ। ਜਦੋਂ ਗਰਮੀਆਂ ਖਤਮ ਹੋ ਜਾਂਦੀਆਂ ਹਨ ਤਾਂ ਪੱਤਝੜ ਦੀ ਰੁੱਤ ਆਉਣ ਕਾਰਨ ਦਰੱਖਤਾਂ ਦੇ ਪੱਤੇ ਸਾਡੀਆਂ ਨਜ਼ਰਾਂ ਦੇ ਵਿੱਚ ਗੰਦ ਪਾਉਣ ਲੱਗਦੇ ਹਨ। ਸਾਡੀਆਂ ਸੋਚਾਂ ਬਦਲ ਚੁੱਕੀਆਂ ਹਨ। ਸਵਾਰਥਵਾਦ ਹੱਦਾਂ-ਬੰਨੇ ਟੱਪ ਗਿਆ ਹੈ।ਬਾਹਰਲੇ ਦੇਸ਼ਾਂ ਦੀਆਂ ਬਹੁਤ ਗੱਲਾਂ ਕਰਦੇ ਹਾਂ ਕਿ ਪਰਦੇਸਾਂ ਦੀਆਂ ਧਰਤੀਆਂ 'ਤੇ ਕਿਵੇਂ ਦਰੱਖਤ ਮਨ ਨੂੰ ਸਕੂਨ ਦਿੰਦੇ ਹਨ, ਹਰਾ-ਭਰਾ ਵਾਤਾਵਰਨ ਹੈ। ਜਦੋਂ ਸਾਡੇ ਆਪਣੇ ਖੇਤ ਦੇ ਵਿੱਚ ਦਰੱਖਤ ਲਾਉਣ ਦੀ ਗੱਲ ਆਉਂਦੀ ਹੈ ਤਾਂ ਉਹੀ ਦਰੱਖਤ ਫਸਲ ਦਾ ਨੁਕਸਾਨ ਕਰਨ ਲੱਗ ਪੈਂਦੇ ਹਨ। ਸਾਡੇ ਪੰਜਾਬੀਆਂ ਦੇ ਦੋਹਰੇ ਮਾਪਦੰਡ ਹਨ। ਜਦੋਂ ਸਾਡੀ ਸੋਚ ਅਜਿਹੀ ਹੋ ਗਈ, ਤਾਂ ਸਰਕਾਰਾਂ ਤੋਂ ਕੀ ਆਸਾਂ ਹਨ। ਪਿਛਲੇ ਸਮੇਂ ਵਿੱਚ ਸੜਕਾਂ ਅਪਗ੍ਰੇਡ ਹੋਈਆਂ, ਵੱਡੇ-ਵੱਡੇ ਰੋਡ ਬਣੇ, ਦਰੱਖਤਾਂ ਦੀ ਅੰਧਾ-ਧੁੰਦ ਕਟਾਈ ਹੋਈ। ਦਰੱਖਤਾਂ ਦੀ ਮਹੱਤਤਾ ਨੂੰ ਅੱਖੋਂ-ਪਰੋਖੇ ਕਰ ਦਿੱਤਾ, ਜਿੰਨੇ ਦਰੱਖਤ ਕੱਟੇ ਗਏ, ਉਸ ਦਾ ਦਸਵਾਂ ਹਿੱਸਾ ਵੀ ਨਵੇਂ ਨਹੀਂ ਲਾਏ ਗਏ। ਪੰਜਾਬ ਦੀ ਧਰਤੀ ਉਪਜਾਊ ਹੈ, ਜਿੱਥੇ ਆਸਾਨੀ ਨਾਲ ਦਰੱਖਤ ਲਗਾਏ ਜਾ ਸਕਦੇ ਹਨ।

ਵਰਤਮਾਨ ਅੰਕੜੇ ਨਿਰਾਸ਼ ਕਰਨ ਵਾਲੇ ਹਨ। ਪੰਜਾਬ ਦਾ ਖੇਤੀਬਾੜੀ ਰਕਬਾ 83 ਫੀਸਦੀ ਦੇ ਕਰੀਬ ਹੈ। ਜੇਕਰ ਪੰਜਾਬ ਦੀ ਧਰਤੀ 'ਤੇ ਜੰਗਲਾਂ ਦਾ ਰਕਬਾ ਦੇਖਿਆ ਜਾਵੇ ਤਾਂ 6.59 ਫੀਸਦੀ ਹੈ, ਜੋ ਕਿ ਕੁਦਰਤੀ ਮਾਹਰਾਂ ਦੇ ਅਨੁਸਾਰ ਜੰਗਲਾਂ ਦਾ ਰਕਬਾ 33 ਫੀਸਦੀ ਹੋਣਾ ਚਾਹੀਦਾ ਹੈ। ਸਾਡੇ ਪੰਜਾਬ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦਾ ਖੇਤਰ ਹੀ ਅਜਿਹਾ ਹੈ, ਜਿੱਥੇ 34 ਫੀਸਦੀ ਜੰਗਲ ਦਾ ਏਰੀਆ ਹੈ। ਤੁਸੀਂ ਵੇਖੋ ਹੁਸ਼ਿਆਰਪੁਰ ਦੀ ਹਰਿਆਲੀ ਕਿੰਨੇ ਮਨਮੋਹਕ ਨਜ਼ਾਰੇ ਪੇਸ਼ ਕਰਦੀ ਹੈ।ਜ਼ਿਆਦਾ ਕੁਦਰਤੀ ਪੰਛੀ ਜੰਗਲ ਹੋਣ ਕਾਰਨ ਹੁਸ਼ਿਆਰਪੁਰ ਵਿੱਚ ਰਹਿੰਦੇ ਹਨ।

ਅੱਜ ਲੋੜ ਹੈ ਕਿ ਪੰਜਾਬ ਦੇ ਕੋਨੇ-ਕੋਨੇ ਵਿੱਚ ਦਰਖੱਤ ਲਗਾਏ ਜਾਣ, ਪੰਜਾਬ ਦੇ ਵਿੱਚ ਪੰਚਾਇਤੀ ਜ਼ਮੀਨਾਂ ਦੇ ਸਭ ਤੋਂ ਵੱਧ ਝਗੜੇ ਹੋ ਰਹੇ ਹਨ, ਕਿਉਂਕਿ ਲੋਕ ਕਬਜ਼ਾਧਾਰੀ ਨੀਤੀਆਂ ਕਾਰਨ ਜ਼ਮੀਨਾਂ ਨੱਪਣ ਲੱਗੇ ਹਨ। ਕਿਉਂ ਨਾ ਕੋਈ ਅਜਿਹੀ ਨੀਤੀ ਬਣਾਈ ਜਾਵੇ ਕਿ ਪੰਚਾਇਤੀ ਜ਼ਮੀਨਾਂ ਵਿੱਚ ਵੱਧ ਤੋਂ ਵੱਧ ਰੁੱਖ ਲਗਾਏ ਜਾਣ ਤੇ ਪੰਜਾਬ ਦੇ ਪਿੰਡ ਹਰੇ-ਭਰੇ ਨਜ਼ਰ ਆਉਣ। ਅੱਜ ਸਾਨੂੰ ਨਵੇਂ ਦਰੱਖਤ ਲਾਉਣ ਦੇ ਨਾਲ-ਨਾਲ ਪੁਰਾਣੇ ਦਰੱਖਤਾਂ ਦੀ ਸਾਂਭ ਸੰਭਾਲ ਵੀ ਜ਼ਰੂਰੀ ਹੈ। ਪੰਜਾਬ ਦੇ ਪਾਣੀ ਦਾ ਪੱਧਰ ਨੀਵਾਂ ਹੋਣ ਕਾਰਨ ਅਤੇ ਮੀਂਹ ਘੱਟ ਪੈਣ ਕਾਰਨ ਸਾਡੀ ਧਰਤੀ ਦੀ ਉਪਰਲੀ ਸਤ੍ਹਾ ਸਖਤ ਹੋ ਚੁੱਕੀ ਹੈ, ਜਿਸ ਕਾਰਨ ਨਵੇਂ ਦਰੱਖਤ ਬਹੁਤ ਘੱਟ ਕਾਮਯਾਬ ਹੁੰਦੇ ਹਨ। ਫਿਰ ਕਿਉਂ ਨਾ ਪੁਰਾਣੇ ਦਰੱਖਤਾਂ ਨੂੰ ਸਾਂਭਿਆ ਜਾਵੇ। ਅੱਜ ਲੋੜ ਹੈ ਕਿ ਹਰੇਕ ਕਿਸਾਨ, ਆਪਣੇ ਖੇਤ ਦੇ ਵਿੱਚ ਘੱਟੋ-ਘੱਟ 10 ਬੂਟੇ ਲਾਵੇ, ਸਰਕਾਰ ਇਸ ਸੰਬੰਧੀ ਕੋਈ ਠੋਸ ਨੀਤੀ ਬਣਾਵੇ, ਸਰਕਾਰੀ ਸੰਸਥਾਵਾਂਵਿੱਚ ਵੱਧ ਤੋਂ ਵੱਧ ਰੁੱਖ ਲਗਾਏ ਜਾਣ, ਰੁੱਖ ਲਗਾਉਣ ਤੋਂ ਬਾਅਦ ਉਹਨਾਂ ਨੂੰ ਕਾਮਯਾਬ ਕਰਨ ਤੱਕ, ਨਰੇਗਾ ਵਰਗੀਆਂ ਜਥੇਬੰਦੀਆਂ ਦੀ ਜ਼ਿੰਮੇਵਾਰੀ ਲਗਾਈ ਜਾਵੇ। ਕਿਉਂਕਿ ਅੱਤ ਦੀ ਗਰਮੀ ਦੇ ਵਿੱਚ ਪਾਣੀ ਦੇ ਸੋਕੇ ਕਾਰਨ ਬਹੁਤ ਜ਼ਿਆਦਾ ਦਰੱਖਤ ਸੁੱਕ ਜਾਂਦੇ ਹਨ। ਨਹਿਰਾਂ ਅਤੇ ਰਜਵਾਹਿਆਂ ਦੇ ਉੱਤੇ ਵੱਧ ਤੋਂ ਵੱਧ ਰੁੱਖ ਲਾਉਣ ਦੀ ਲੋੜ ਹੈ। ਅੱਜ ਖੇਤਾਂ ਵਿੱਚ ਸਾਂਝੀਆਂ ਪਾਣੀ ਵਾਲੀਆਂ ਪਾਈਪਾਂ ਪਾਈਆਂ ਜਾ ਰਹੀਆਂ ਹਨ। ਜਿਹੜੀ ਥਾਂ ਹੁਣ ਖਾਲੀ ਹੋਵੇਗੀ, ਉਸ 'ਤੇ ਕਬਜ਼ੇ ਹੋਣੇ ਸ਼ੁਰੂ ਹੋ ਜਾਣਗੇ। ਸਰਕਾਰ ਨੂੰ ਪਹਿਲ ਦੇ ਆਧਾਰ ਦੇ ਉੱਤੇ, ਉਸ ਜਗ੍ਹਾ ਦੇ ਉੱਤੇ ਦਰਖਤ ਲਗਾਉਣ ਦੀ ਜਰੂਰਤ ਹੈ। ਅੱਜ ਲੋਕਾਂ ਦੀ ਨਿੱਜਵਾਦੀ ਸੋਚ ਨੂੰ ਦੇਖਦੇ ਹੋਏ ਅਤੇ ਦਰੱਖਤਾਂ ਦੀ ਮਹੱਤਤਾ ਨੂੰ ਮੱਦੇਨਜ਼ਰ ਰੱਖਦਿਆਂ ਸਰਕਾਰ ਭਾਵੇਂ ਕੋਈ ਅਜਿਹੀ ਨੀਤੀ ਬਣਾਵੇ ਕਿ ਜਿਸ ਦੇ ਖੇਤ ਵਿੱਚੋਂ ਦੀ ਸੜਕ ਗੁਜ਼ਰ ਰਹੀ ਹੈ, ਸੜਕ ਦੇ ਉੱਤੇ ਜੋ ਦਰਖਤ ਹੋਣਗੇ, ਉਹਨਾਂ ਦਾ ਮਾਲਕ ਖੁਦ ਕਿਸਾਨ ਹੋਵੇਗਾ, ਤਾਂ ਕਿ ਲੋਕਾਂ ਨੂੰ ਦਰੱਖਤਾਂ ਦੇ ਨਾਲ ਮੋਹ ਜਾਗੇ। ਅੱਜ ਧਾਰਮਿਕ ਜਥੇਬੰਦੀਆਂ ਪ੍ਰਸ਼ਾਦ ਦੇ ਤੌਰ 'ਤੇ ਬੂਟੇ ਵੰਡਣ ਲੱਗੀਆਂ ਹਨ, ਬਹੁਤ ਹੀ ਸਲਾਹੁਣਯੋਗ ਫੈਸਲਾ ਹੈ। ਲੋਕਾਂ ਨੂੰ ਸਮਝਾਉਣ ਦੀ ਲੋੜ ਹੈ ਕਿ ਕਰੋਨਾ ਦੇ ਸਮੇਂ ਆਕਸੀਜਨ ਦੀ ਕੀਮਤ ਦੇਖੋ, ਉਹ ਆਕਸੀਜਨ ਸਾਡੇ ਦਰੱਖਤ ਹੀ ਦੇ ਰਹੇ ਹਨ। ਪੰਜਾਬੀ ਦੇ ਮਕਬੂਲ ਕਵੀ ਸ਼ਿਵ ਕੁਮਾਰ ਬਟਾਲਵੀ ਦੀਆਂ ਸਤਰਾਂ ਚੇਤੇ ਆ ਗਈਆਂ...

*ਕੁੱਝ ਰੁੱਖ ਮੈਨੂੰ ਪੁੱਤ ਲੱਗਦੇ ਨੇ,*
*ਕੁੱਝ ਰੁੱਖ ਲੱਗਦੇ ਮਾਵਾਂ।*
*ਕੁੱਝ ਮੇਰੇ ਬਾਬੇ ਵਾਂਕਣ,*
*ਪੁੱਤਰ ਟਾਵਾਂ-ਟਾਵਾਂ।*
*ਮੇਰਾ ਵੀ ਦਿਲ ਕਰਦਾ ਏ,*
*ਮੈਂ ਰੁੱਖ ਦੀ ਜੂਨੇ ਆਵਾਂ।*

**# ਸੰਪਰਕ : 98781-97000**

# ਲੋਕਤੰਤਰ ਵਿੱਚ ਵਿਰੋਧ : ਹੱਕ ਵੀ, ਜ਼ਿੰਮੇਵਾਰੀ ਵੀ



ਐੱਮ ਐੱਸ ਭਾਟੀਆ

1929 ਵਿੱਚ ਜਦੋਂ ਅੰਗਰੇਜ਼ ਹਕੂਮਤ ਨੇ ਪਬਲਿਕ ਸੇਫਟੀ ਬਿੱਲ ਅਤੇ ਟ੍ਰੇਡ ਡਿਸਪਿਊਟਸ ਬਿੱਲ ਰਾਹੀਂ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ, ਤਾਂ ਭਗਤ ਸਿੰਘ ਅਤੇ ਬਟੁਕੇਸ਼ਵਰ ਦੱਤ ਨੇ ਦਿੱਲੀ ਦੀ ਸੈਂਟਰਲ ਅਸੈਂਬਲੀ ਵਿੱਚ ਬੰਬ ਸੁੱਟ ਕੇ ਅਤੇ ਪਰਚੇ ਵੰਡ ਕੇ ਆਪਣਾ ਇਤਿਹਾਸਕ ਵਿਰੋਧ ਦਰਜ ਕਰਵਾਇਆ। ਉਹਨਾਂ ਦਾ ਮਕਸਦ ਕਿਸੇ ਦੀ ਹੱਤਿਆ ਕਰਨਾ ਨਹੀਂ ਸੀ। ਉਹ ਖੁਦ ਕਹਿੰਦੇ ਸਨ ਕਿ ਇਹ ਕਾਰਵਾਈ ਬੋਲਿਆ ਨੂੰ ਸੁਣਾਉਣ ਲਈ ਕੀਤੀ ਗਈ ਹੈ। ਉਹ ਦਰਅਸਲ ਉਸ ਹਕੂਮਤ ਨੂੰ ਇਹ ਦੱਸਣਾ ਚਾਹੁੰਦੇ ਸਨ ਕਿ ਜਦੋਂ ਸਰਕਾਰ ਲੋਕਾਂ ਦੀ ਆਵਾਜ਼ ਸੁਣਨੀ ਬੰਦ ਕਰ ਦੇਵੇ, ਤਾਂ ਲੋਕ ਆਪਣੀ ਗੱਲ ਮਨਵਾਉਣ ਲਈ ਵੱਡੇ ਅਤੇ ਨਿਡਰ ਕਦਮ ਚੁੱਕਦੇ ਹਨ।

ਅੱਜ ਲਗਭਗ ਇੱਕ ਸਦੀ ਬਾਅਦ ਵੀ ਇਹ ਸਵਾਲ ਜ਼ਿੰਦਾ ਹੈ ਕਿ ਜਦੋਂ ਸਰਕਾਰਾਂ ਲੋਕਾਂ ਦੇ ਹਿੱਤਾਂ ਦੇ ਵਿਰੁੱਧ ਫੈਸਲੇ ਲੈਣ, ਤਾਂ ਲੋਕਾਂ ਨੂੰ ਕੀ ਕਰਨਾ ਚਾਹੀਦਾ ਹੈ? ਕੀ ਉਹ ਚੁੱਪ ਰਹਿਣ? ਕੀ ਸਿਰਫ ਸੋਸ਼ਲ ਮੀਡੀਆ 'ਤੇ ਗੁੱਸਾ ਜਤਾਉਣਾ ਕਾਫ਼ੀ ਹੈ ਜਾਂ ਲੋਕਾਂ ਨੂੰ ਸੜਕਾਂ 'ਤੇ ਆ ਕੇ ਆਪਣਾ ਵਿਰੋਧ ਦਰਜ ਕਰਵਾਉਣਾ ਚਾਹੀਦਾ ਹੈ?

ਇਤਿਹਾਸ ਸਾਨੂੰ ਸਿਖਾਉਂਦਾ ਹੈ ਕਿ ਲੋਕਤੰਤਰ ਵਿੱਚ ਚੁੱਪ ਰਹਿਣਾ ਸਭ ਤੋਂ ਖ਼ਤਰਨਾਕ ਗੱਲ ਹੁੰਦੀ ਹੈ। ਜਦੋਂ ਲੋਕ ਸਵਾਲ ਪੁੱਛਣੇ ਛੱਡ ਦਿੰਦੇ ਹਨ, ਤਦੋਂ ਹਕੂਮਤਾਂ ਮਨਮਾਨੀ ਕਰਨ ਲੱਗ ਪੈਂਦੀਆਂ ਹਨ। ਲੋਕਾਂ ਦੇ ਅਧਿਕਾਰ ਹੌਲੀ-ਹੌਲੀ ਖ਼ਤਮ ਕੀਤੇ ਜਾਂਦੇ ਹਨ ਅਤੇ ਜਨਤਕ ਸੰਸਥਾਵਾਂ ਨੂੰ ਕਮਜ਼ੋਰ ਕੀਤਾ ਜਾਂਦਾ ਹੈ। ਇਸ ਲਈ ਕਿਸੇ ਵੀ ਜ਼ਿੰਦਾ ਸਮਾਜ ਵਿੱਚ ਲੋਕਾਂ ਦਾ ਵਿਰੋਧ ਕਰਨਾ, ਆਪਣੀ ਗੱਲ ਰੱਖਣਾ ਅਤੇ ਗਲਤ ਨੀਤੀਆਂ ਦੇ ਖਿਲਾਫ ਖੜ੍ਹਾ ਹੋਣਾ ਬਹੁਤ ਜ਼ਰੂਰੀ ਹੁੰਦਾ ਹੈ।

ਅੱਜ ਦਾ ਜ਼ਮਾਨਾ 1929 ਵਾਲਾ ਜ਼ਮਾਨਾ ਨਹੀਂ ਹੈ। ਅੱਜ ਭਾਰਤ ਇੱਕ ਲੋਕਤੰਤਰਿਕ ਦੇਸ਼ ਹੈ, ਜਿੱਥੇ ਲੋਕਾਂ ਕੋਲ ਸੰਵਿਧਾਨਕ ਅਧਿਕਾਰ ਹਨ। ਇਸ ਲਈ ਅੱਜ ਦੀ ਲੜਾਈ ਦਾ ਰੂਪ ਵੀ ਲੋਕਤੰਤਰਿਕ, ਸ਼ਾਂਤਮਈ ਅਤੇ ਸੰਗਠਿਤ ਹੋਣਾ ਚਾਹੀਦਾ ਹੈ। ਭਗਤ ਸਿੰਘ ਦੀ ਸਭ ਤੋਂ ਵੱਡੀ ਸਿੱਖਿਆ ਬੰਬ ਨਹੀਂ ਸੀ। ਉਹਨਾਂ ਦੀ ਅਸਲ ਤਾਕਤ ਉਹਨਾਂ ਦੇ ਵਿਚਾਰ ਸਨ। ਉਹਨਾ ਲਿਖਿਆ ਸੀ ਕਿ ਕ੍ਰਾਂਤੀ ਦੀ ਤਲਵਾਰ ਵਿਚਾਰਾਂ ਦੀ ਸਾਣ 'ਤੇ ਤੇਜ਼ ਹੁੰਦੀ ਹੈ। ਇਸ ਦਾ ਮਤਲਬ ਹੈ ਕਿ ਅਸਲੀ ਤਬਦੀਲੀ ਲੋਕਾਂ ਦੀ ਸੋਚ ਅਤੇ ਚੇਤਨਾ ਵਿੱਚ ਆਉਂਦੀ ਹੈ।

ਅੱਜ ਦੇ ਸਮੇਂ ਵਿੱਚ ਸਰਕਾਰਾਂ ਵੱਖ-ਵੱਖ ਤਰੀਕਿਆਂ ਨਾਲ ਲੋਕਾਂ ਦੀ ਜ਼ਿੰਦਗੀ 'ਤੇ ਅਸਰ ਪਾਉਂਦੀਆਂ ਹਨ। ਕਦੇ ਸਿੱਖਿਆ ਮਹਿੰਗੀ ਕੀਤੀ ਜਾਂਦੀ ਹੈ, ਕਦੇ ਨੌਜਵਾਨਾਂ ਨੂੰ ਰੁਜ਼ਗਾਰ ਨਹੀਂ ਮਿਲਦਾ, ਕਦੇ ਮਜ਼ਦੂਰਾਂ ਦੇ ਕਾਨੂੰਨ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਬਦਲੇ ਜਾਂਦੇ ਹਨ, ਕਦੇ ਕਿਸਾਨਾਂ ਦੀਆਂ ਮੰਗਾਂ ਨੂੰ ਅਣਡਿੱਠਾ ਕੀਤਾ ਜਾਂਦਾ ਹੈ ਅਤੇ ਕਦੇ ਮੀਡੀਆ ਅਤੇ ਜਨਤਕ ਸੰਸਥਾਵਾਂ 'ਤੇ ਦਬਾਅ ਪਾਇਆ ਜਾਂਦਾ ਹੈ। ਇਹ ਸਾਰੇ ਮਸਲੇ ਸਿਰਫ ਕਿਸੇ ਇੱਕ ਵਰਗ ਦੇ ਨਹੀਂ ਹੁੰਦੇ; ਇਹ ਪੂਰੇ ਸਮਾਜ ਦੇ ਭਵਿੱਖ ਨਾਲ ਜੁੜੇ ਹੁੰਦੇ ਹਨ।

ਜੇ ਲੋਕ ਇਹ ਸਭ ਕੁਝ ਦੇਖ ਕੇ ਵੀ ਚੁੱਪ ਰਹਿਣ, ਤਾਂ ਹਕੂਮਤਾਂ ਹੋਰ ਹੌਸਲੇ ਵਿੱਚ ਆ ਜਾਂਦੀਆਂ ਹਨ। ਇਸ ਲਈ ਲੋਕਾਂ ਦਾ ਸੜਕਾਂ 'ਤੇ ਆਉਣਾ, ਰੈਲੀਆਂ ਕਰਨਾ, ਧਰਨੇ ਦੇਣਾ, ਲੇਖ ਲਿਖਣਾ, ਚਰਚਾਵਾਂ ਕਰਨਾ ਅਤੇ ਆਪਣੀ ਆਵਾਜ਼ ਨੂੰ ਇਕੱਠਾ ਕਰਨਾ ਲੋਕਤੰਤਰ ਦਾ ਜ਼ਰੂਰੀ ਹਿੱਸਾ ਹੈ। ਦੁਨੀਆ ਦੇ ਹਰ ਵੱਡੇ ਬਦਲਾਅ ਦੇ ਪਿੱਛੇ ਜਾਗਰੂਕ ਲੋਕਾਂ ਦੀ ਲੜਾਈ ਰਹੀ ਹੈ। ਭਾਰਤ ਦੀ ਆਜ਼ਾਦੀ ਤੋਂ ਲੈ ਕੇ ਅਮਰੀਕਾ ਵਿੱਚ ਕਾਲੇ ਲੋਕਾਂ ਦੇ ਅਧਿਕਾਰਾਂ ਦੀ ਲੜਾਈ ਤੱਕ, ਹਰ ਥਾਂ ਲੋਕਾਂ ਨੇ ਇਕੱਠੇ ਹੋ ਕੇ ਹਕੂਮਤਾਂ ਨੂੰ ਬਦਲਣ ਲਈ ਮਜਬੂਰ ਕੀਤਾ ਹੈ।

ਭਾਰਤ ਵਿੱਚ ਵੀ ਅਸੀਂ ਇਹ ਦੇਖਿਆ ਹੈ ਕਿ ਜਦੋਂ ਕਿਸਾਨ ਦਿੱਲੀ ਦੀਆਂ ਸਰਹੱਦਾਂ 'ਤੇ ਡਟੇ ਰਹੇ, ਤਾਂ ਸਰਕਾਰ ਨੂੰ ਆਪਣੇ ਕਾਨੂੰਨ ਵਾਪਸ ਲੈਣੇ ਪਏ। ਜਦੋਂ ਵਿਦਿਆਰਥੀ ਆਪਣੇ ਹੱਕਾਂ ਲਈ ਆਵਾਜ਼ ਚੁੱਕਦੇ ਹਨ, ਤਾਂ ਸਿੱਖਿਆ ਦੇ ਮਸਲੇ ਰਾਸ਼ਟਰੀ ਚਰਚਾ ਬਣਦੇ ਹਨ। ਜਦੋਂ ਮਜ਼ਦੂਰ ਇਕੱਠੇ ਹੋ ਕੇ ਹੜਤਾਲ ਕਰਦੇ ਹਨ, ਤਾਂ ਮਾਲਕ ਅਤੇ ਸਰਕਾਰ ਦੋਵੇਂ ਉਹਨਾਂ ਦੀ ਗੱਲ ਸੁਣਨ ਲਈ ਮਜਬੂਰ ਹੁੰਦੇ ਹਨ। ਇਹ ਸਾਰੇ ਆਧੁਨਿਕ ਜ਼ਮਾਨੇ ਦੇ ਉਹੀ ਪਰਚੇ ਹਨ, ਜੋ ਕਦੇ ਭਗਤ ਸਿੰਘ ਅਤੇ ਬਟੁਕੇਸ਼ਵਰ ਦੱਤ ਨੇ ਅਸੈਂਬਲੀ ਵਿੱਚ ਸੁੱਟੇ ਸਨ।

ਪਰ ਇੱਕ ਹੋਰ ਮਹੱਤਵਪੂਰਨ ਗੱਲ ਸਮਝਣ ਦੀ ਲੋੜ ਹੈ। ਵਿਰੋਧ ਦਾ ਮਤਲਬ ਨਫ਼ਰਤ ਨਹੀਂ ਹੁੰਦਾ। ਵਿਰੋਧ ਦਾ ਮਤਲਬ ਤਬਾਹੀ ਨਹੀਂ ਹੁੰਦਾ। ਅਸਲੀ ਲੋਕਤੰਤਰਿਕ ਵਿਰੋਧ ਉਹ ਹੁੰਦਾ ਹੈ, ਜੋ ਲੋਕਾਂ ਨੂੰ ਜੋੜੇ, ਜਗਾਏ ਅਤੇ ਉਹਨਾਂ ਨੂੰ ਆਪਣੇ ਅਧਿਕਾਰਾਂ ਬਾਰੇ ਸਚੇਤ ਕਰੇ। ਅੱਜ ਦੇ ਸਮੇਂ ਵਿੱਚ ਸਭ ਤੋਂ ਵੱਡਾ ਖ਼ਤਰਾ ਇਹ ਹੈ ਕਿ ਲੋਕਾਂ ਨੂੰ ਧਰਮ, ਜਾਤੀ ਅਤੇ ਨਫ਼ਰਤ ਦੇ ਨਾਂਅ 'ਤੇ ਵੰਡਿਆ ਜਾ ਰਿਹਾ ਹੈ, ਤਾਂ ਜੋ ਉਹ ਅਸਲੀ ਮਸਲਿਆਂ—ਬੇਰੁਜ਼ਗਾਰੀ, ਸਿੱਖਿਆ, ਸਿਹਤ, ਮਹਿੰਗਾਈ ਅਤੇ ਅਸਮਾਨਤਾ ਤੋਂ ਧਿਆਨ ਹਟਾ ਦੇਣ। ਇਸ ਲਈ ਨਵੇਂ ਜ਼ਮਾਨੇ ਦਾ ਇਨਕਲਾਬ ਇਹ ਹੈ ਕਿ ਲੋਕ ਨਫ਼ਰਤ ਤੋਂ ਉੱਪਰ ਉੱਠ ਕੇ ਆਪਣੇ ਅਸਲੀ ਹੱਕਾਂ ਦੀ ਗੱਲ ਕਰਨ।

ਅੱਜ ਲੋੜ ਕਿਸੇ ਅਸੈਂਬਲੀ ਵਿੱਚ ਬੰਬ ਸੁੱਟਣ ਦੀ ਨਹੀਂ, ਸਗੋਂ ਹਰ ਪਿੰਡ, ਹਰ ਸ਼ਹਿਰ, ਹਰ ਯੂਨੀਵਰਸਿਟੀ ਅਤੇ ਹਰ ਕੰਮਕਾਜ ਵਾਲੀ ਥਾਂ 'ਤੇ ਚੇਤਨਾ ਦੇ ਪਰਚੇ ਵੰਡਣ ਦੀ ਹੈ। ਲੋੜ ਇਹ ਹੈ ਕਿ ਨੌਜਵਾਨ ਕਿਤਾਬਾਂ ਪੜ੍ਹਨ, ਇਤਿਹਾਸ ਨੂੰ ਸਮਝਣ, ਸਵਾਲ ਪੁੱਛਣ ਅਤੇ ਡਰ ਦੇ ਮਾਹੌਲ ਨੂੰ ਤੋੜਨ। ਲੋੜ ਇਹ ਹੈ ਕਿ ਕਲਮ, ਕੈਮਰਾ, ਗੀਤ, ਨਾਟਕ, ਯੂਟਿਊਬ, ਪੋਡਕਾਸਟ ਅਤੇ ਸੋਸ਼ਲ ਮੀਡੀਆ ਨੂੰ ਲੋਕਾਂ ਦੀ ਆਵਾਜ਼ ਬਣਾਇਆ ਜਾਵੇ।

ਭਗਤ ਸਿੰਘ ਅਤੇ ਬਟੁਕੇਸ਼ਵਰ ਦੱਤ ਦੀ ਕੁਰਬਾਨੀ ਸਾਨੂੰ ਇਹ ਨਹੀਂ ਸਿਖਾਉਂਦੀ ਕਿ ਗੁੱਸੇ ਵਿੱਚ ਹਿੰਸਾ ਨੂੰ ਚੁਣਿਆ ਜਾਵੇ। ਉਹ ਸਾਨੂੰ ਇਹ ਸਿਖਾਉਂਦੀ ਹੈ ਕਿ ਜਦੋਂ ਇਨਸਾਫ਼ ਖ਼ਤਰੇ ਵਿੱਚ ਹੋਵੇ, ਤਾਂ ਚੁੱਪ ਰਹਿਣਾ ਸਭ ਤੋਂ ਵੱਡਾ ਜੁਰਮ ਬਣ ਜਾਂਦਾ ਹੈ। ਉਹ ਸਾਨੂੰ ਸਿਖਾਉਂਦੇ ਹਨ ਕਿ ਜ਼ੁਲਮ ਦੇ ਸਾਹਮਣੇ ਡਰਨਾ ਨਹੀਂ, ਸਗੋਂ ਨਿਡਰ ਹੋ ਕੇ ਲੋਕਾਂ ਦੇ ਨਾਲ ਖੜ੍ਹਾ ਹੋਣਾ ਚਾਹੀਦਾ ਹੈ।

ਅੱਜ ਦੇ ਨੌਜਵਾਨਾਂ ਲਈ ਸਭ ਤੋਂ ਵੱਡਾ ਸੰਦੇਸ਼ ਇਹੀ ਹੈ ਕਿ ਜੇ ਤੁਸੀਂ ਦੇਸ਼ ਨਾਲ ਪਿਆਰ ਕਰਦੇ ਹੋ, ਤਾਂ ਸਵਾਲ ਪੁੱਛੋ। ਜੇ ਤੁਸੀਂ ਲੋਕਤੰਤਰ ਨਾਲ ਪਿਆਰ ਕਰਦੇ ਹੋ, ਤਾਂ ਲੋਕਾਂ ਦੇ ਨਾਲ ਖੜ੍ਹੋ ਅਤੇ ਜੇ ਤੁਸੀਂ ਸੱਚਮੁੱਚ ਭਗਤ ਸਿੰਘ ਨੂੰ ਯਾਦ ਕਰਨਾ ਚਾਹੁੰਦੇ ਹੋ, ਤਾਂ ਡਰ ਦੇ ਵਿਰੁੱਧ ਆਵਾਜ਼ ਬਣੋ, ਲੋਕਾਂ ਨੂੰ ਜੋੜੋ ਅਤੇ ਇੱਕ ਹੋਰ ਨਿਆਂਪੂਰਨ ਅਤੇ ਬਰਾਬਰੀ ਵਾਲੇ ਸਮਾਜ ਲਈ ਲੜੋ।

**# ਸੰਪਰਕ : +91 99884-91002**

# ਅਚਰਾਲ ਖੁਰਦ 'ਚ ਮੀਆਂ-ਬੀਵੀ ਵੱਲੋਂ ਬਜ਼ੁਰਗ ਦਾ ਬੇਰਹਿਮੀ ਨਾਲ ਕਤਲ, ਦੋਵੇਂ ਗ੍ਰਿਫ਼ਤਾਰ

## ਘਰ 'ਚ ਚੋਰੀ ਕਰਨ ਆਏ ਸਨ ਮੁਲਜ਼ਮ, ਪੁਲਸ ਨੇ 24 ਘੰਟਿਆਂ 'ਚ ਦਬੋਚੇ

**ਸਮਾਣਾ (ਇਕਬਾਲ ਸਿੰਘ ਬੱਲ)**
ਸਮਾਣਾ ਅਧੀਨ ਪੈਂਦੇ ਪਿੰਡ ਅਚਰਾਲ ਖੁਰਦ ਵਿਖੇ ਲੰਘੀ ਰਾਤ ਚੋਰੀ ਦੇ ਇਰਾਦੇ ਨਾਲ ਘਰ ਵਿੱਚ ਦਾਖਲ ਹੋਏ ਇੱਕ ਨੌਜਵਾਨ ਮੀਆਂ-ਬੀਵੀ ਵੱਲੋਂ ਬਜ਼ੁਰਗ ਮਹਿੰਦਰ ਸਿੰਘ (ਕਰੀਬ 75) ਦਾ ਤੇਜ਼ਧਾਰ ਹਥਿਆਰ (ਖ਼ਪਰੇ/ਕਾਪੇ) ਨਾਲ ਬੇਰਹਿਮੀ ਨਾਲ ਕਤਲ ਕਰਨ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ।ਸਦਰ ਥਾਣਾ ਸਮਾਣਾ ਦੇ ਐੱਸ ਐੱਚ ਓ ਇੰਸਪੈਕਟਰ ਅਜੇ ਪਰੋਚਾ ਦੀ ਅਗਵਾਈ ਹੇਠ ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਦੋਵਾਂ ਮੁਲਜ਼ਮਾਂ ਨੂੰ ਕਰੀਬ 10-12 ਘੰਟਿਆਂ ਵਿੱਚ ਹੀ ਗ੍ਰਿਫ਼ਤਾਰ ਕਰ ਲਿਆ।


ਪੁਲਸ ਪਾਰਟੀ ਗ੍ਰਿਫਤਾਰ ਕੀਤੇ ਦੋਸ਼ੀਆਂ ਨਾਲ (ਇਨਸੈਟ) ਮ੍ਰਿਤਕ ਮਹਿੰਦਰ ਸਿੰਘ ਦੀ ਫਾਈਲ ਫੋਟੋ।

ਡੀ ਐੱਸ ਪੀ ਗੁਰਦੀਪ ਸਿੰਘ ਵਾਧੂ ਚਾਰਜ ਸਮਾਣਾ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਅਚਰਾਲ ਕਲਾਂ ਦਾ ਰਹਿਣ ਵਾਲਾ ਮਹਿੰਦਰ ਸਿੰਘ ਦਾ ਪਰਿਵਾਰ ਆਪਣਾ ਨਵਾਂ ਮਕਾਨ ਬਣਾ ਰਿਹਾ ਸੀ।ਇਸ ਲਈ ਉਨ੍ਹਾਂ ਨੇ ਬੈਂਕ ਤੋਂ ਕਰੀਬ 15 ਲੱਖ ਰੁਪਏ ਦਾ ਲੋਨ ਲਿਆ ਹੋਇਆ ਸੀ ਤੇ ਕੁਝ ਹੋਰ ਨਕਦੀ ਵੀ ਘਰ ਵਿੱਚ ਮੌਜੂਦ ਸੀ।ਮੁਲਜ਼ਮ ਹਰਸੇਵਕ ਸਿੰਘ ਤੇ ਉਸ ਦੀ ਪਤਨੀ ਬਬਲਪ੍ਰੀਤ ਕੌਰ ਨੂੰ ਭਿਣਕ ਸੀ ਕਿ ਘਰ ਵਿੱਚ ਮੋਟੀ ਰਕਮ ਪਈ ਹੈ।

ਇਸੇ ਲਾਲਚ ਦੇ ਤਹਿਤ 30-31 ਮਈ ਦੀ ਦਰਮਿਆਨੀ ਰਾਤ ਨੂੰ ਕਰੀਬ 2 ਤੋਂ 2.30 ਵਜੇ ਦੇ ਵਿਚਕਾਰ ਦੋਵੇਂ ਮੁਲਜ਼ਮ ਚੋਰੀ ਕਰਨ ਦੇ ਇਰਾਦੇ ਨਾਲ ਘਰ ਅੰਦਰ ਵੜ ਗਏ।ਜਦੋਂ ਉਹ ਅੰਦਰ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇ ਰਹੇ ਸੀ, ਤਾਂ 75 ਸਾਲਾ ਬਜ਼ੁਰਗ ਮਹਿੰਦਰ ਸਿੰਘ ਜਾਗ ਪਿਆ।ਆਪਣੀ ਚੋਰੀ ਫੜੇ ਜਾਣ ਦੇ ਡਰੋਂ ਮੁਲਜ਼ਮਾਂ ਨੇ ਆਪਣੇ ਨਾਲ ਲਿਆਂਦੇ ਤੇਜ਼ਧਾਰ ਹਥਿਆਰ (ਖ਼ਪਰੇ) ਨਾਲ ਬਜ਼ੁਰਗ ਮਹਿੰਦਰ ਸਿੰਘ 'ਤੇ ਹਮਲਾ ਕਰ ਦਿੱਤਾ।ਹਮਲਾ ਇੰਨਾ ਘਾਤਕ ਸੀ ਕਿ ਬਜ਼ੁਰਗ ਮਹਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਡੀ ਐੱਸ ਪੀ ਅਨੁਸਾਰ ਰੌਲਾ ਸੁਣ ਕੇ ਬਜ਼ੁਰਗ ਦਾ ਲੜਕਾ ਦਵਿੰਦਰ ਸਿੰਘ (ਜੋ ਕਿ ਮਾਮਲੇ ਵਿੱਚ ਮੁਦਈ ਹੈ) ਆਪਣੇ ਪਿਤਾ ਨੂੰ ਛੁਡਾਉਣ ਲਈ ਅੱਗੇ ਵਧਿਆ।ਜਦੋਂ ਉਸ ਨੇ ਮੁਲਜ਼ਮਾਂ ਨੂੰ ਫੜਨ ਦੀ ਕੋਸ਼ਿਸ਼ ਕੀਤੀ ਤਾਂ ਮੁਲਜ਼ਮਾਂ ਨੇ ਉਸ ਵੱਲ ਵੀ ਤੇਜ਼ਧਾਰ ਹਥਿਆਰ ਤਾਣ ਲਿਆ, ਜਿਸ ਕਾਰਨ ਉਹ ਡਰ ਕੇ ਪਿੱਛੇ ਹਟ ਗਿਆ ਤੇ ਮੁਲਜ਼ਮ ਉੱਥੋਂ ਫਰਾਰ ਹੋ ਗਏ।ਦਵਿੰਦਰ ਸਿੰਘ ਨੇ ਤੁਰੰਤ ਆਪਣੇ ਪਿਤਾ ਨੂੰ ਸੰਭਾਲਿਆ, ਪਰ ਉਦੋਂ ਤੱਕ ਉਹ ਦਮ ਤੋੜ ਚੁੱਕੇ ਸਨ।ਥਾਣਾ ਸਦਰ ਸਮਾਣਾ ਦੀ ਪੁਲਸ ਨੇ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਮੋਰਚਰੀ ਵਿੱਚ ਰਖਵਾ ਦਿੱਤਾ ਹੈ ਤੇ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ। ਪੁਲਸ ਵੱਲੋਂ ਦਵਿੰਦਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਥਾਣਾ ਸਦਰ ਸਮਾਣਾ ਵਿਖੇ ਮੁਕੱਦਮਾ ਨੰਬਰ 119, ਮਿਤੀ 31-05-2026 ਦਰਜ ਕੀਤਾ ਗਿਆ ਹੈ।ਇਹ ਮਾਮਲਾ ਭਾਰਤੀ ਨਿਆਏ ਸੰਹਿਤਾ ਦੀਆਂ ਧਾਰਾਵਾਂ 331(10) ਤੇ 103 (ਜੋ ਪਹਿਲਾਂ ਆਈਪੀਸੀ ਦੀ ਧਾਰਾ 458, 460 ਤੇ 302 ਤਹਿਤ ਆਉਂਦਾ ਸੀ) ਦੇ ਤਹਿਤ ਦਰਜ ਕਰਕੇ ਦੋਵਾਂ ਦੋਸ਼ੀਆਂ (ਮੀਆਂ-ਬੀਵੀ) ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਦੋਨਾਂ ਮੁਲਜ਼ਮਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਲਿਆ ਜਾਵੇਗਾ ਤੇ ਅਗਲੇਰੀ ਪੁੱਛਗਿੱਛ ਕੀਤੀ ਜਾਵੇਗੀ।

# ਲੌਂਗੋਵਾਲ ਦੀ ਜਨਤਾ ਨੇ ਵਿਕਾਸ ਤੇ ਲੋਕ ਪੱਖੀ ਨੀਤੀਆਂ 'ਤੇ ਮੋਹਰ ਲਗਾਈ : ਅਮਨ ਅਰੋੜਾ

## ਕੈਬਨਿਟ ਮੰਤਰੀ ਨੇ ਨਵੇਂ ਚੁਣੇ ਗਏ ਕੌਂਸਲਰਾਂ ਨਾਲ ਕੀਤੀ ਮੁਲਾਕਾਤ, ਜਿੱਤ ਦੀ ਦਿੱਤੀ ਵਧਾਈ

**ਸੁਨਾਮ/ਲੌਂਗੋਵਾਲ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਦੇ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਲੌਂਗੋਵਾਲ ਵਿਖੇ ਸਥਾਨਕ ਸਰਕਾਰਾਂ ਦੀਆਂ ਚੋਣਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਨਵੇਂ ਚੁਣੇ ਗਏ ਕੌਂਸਲਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਵਧਾਈ ਦਿੱਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਲੌਂਗੋਵਾਲ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ, ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਕੰਮਾਂ ਤੇ ਸਾਫ਼-ਸੁਥਰੀ ਰਾਜਨੀਤੀ 'ਤੇ ਆਪਣੀ ਮੋਹਰ ਲਗਾਈ ਹੈ।ਸ੍ਰੀ ਅਰੋੜਾ ਨੇ ਕਿਹਾ ਕਿ ਸਥਾਨਕ ਸਰਕਾਰਾਂ ਦੀਆਂ ਚੋਣਾਂ ਦੇ ਨਤੀਜਿਆਂ ਨੇ ਇੱਕ ਵਾਰ ਫਿਰ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਰਵਾਇਤੀ ਸਿਆਸਤ ਨੂੰ ਨਕਾਰ ਕੇ ਵਿਕਾਸ ਤੇ ਪਾਰਦਰਸ਼ੀ ਪ੍ਰਸ਼ਾਸਨ ਦੇ ਹੱਕ ਵਿੱਚ ਖੜ੍ਹੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਮਿਲਿਆ ਭਰਵਾਂ ਸਮਰਥਨ ਲੋਕਾਂ ਦੇ ਭਰੋਸੇ ਤੇ ਸਰਕਾਰ ਦੀਆਂ ਪ੍ਰਾਪਤੀਆਂ ਦਾ ਨਤੀਜਾ ਹੈ।

ਨਵੇਂ ਚੁਣੇ ਗਏ ਕੌਂਸਲਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਜਿੱਤ ਸਿਰਫ਼ ਇੱਕ ਸਿਆਸੀ ਸਫ਼ਲਤਾ ਨਹੀਂ, ਸਗੋਂ ਲੋਕਾਂ ਵੱਲੋਂ ਸੌਂਪੀ ਗਈ ਵੱਡੀ ਜ਼ਿੰਮੇਵਾਰੀ ਹੈ।ਉਨ੍ਹਾਂ ਕੌਂਸਲਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਵਾਰਡਾਂ ਦੇ ਵਿਕਾਸ, ਸਫ਼ਾਈ ਪ੍ਰਬੰਧ, ਬੁਨਿਆਦੀ ਸਹੂਲਤਾਂ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਨੂੰ ਆਪਣੀ ਪਹਿਲ ਬਣਾਉਣ।ਉਨ੍ਹਾਂ ਭਰੋਸਾ ਦਿਵਾਇਆ ਕਿ ਲੌਂਗੋਵਾਲ ਦੇ ਵਿਕਾਸ ਨਾਲ ਸਬੰਧਤ ਹਰ ਜਾਇਜ਼ ਮੰਗ ਤੇ ਪ੍ਰਾਜੈਕਟ ਨੂੰ ਸਰਕਾਰ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ।ਇਸ ਮੌਕੇ ਨਵੇਂ ਚੁਣੇ ਗਏ ਕੌਂਸਲਰਾਂ ਨੇ ਸ੍ਰੀ ਅਮਨ ਅਰੋੜਾ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀ ਵਿਚਾਰਧਾਰਾ ਤੇ ਲੋਕ ਸੇਵਾ ਦੇ ਮਿਸ਼ਨ ਨੂੰ ਅੱਗੇ ਵਧਾਉਂਦੇ ਹੋਏ ਆਪਣੇ ਇਲਾਕਿਆਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ, ਵਰਕਰ ਤੇ ਵੱਡੀ ਗਿਣਤੀ ਵਿੱਚ ਸਮਰਥਕ ਵੀ ਹਾਜ਼ਰ ਸਨ।

# ਜਗਵੀਰਨ ਕੌਰ ਦਾ ਸੇਵਾ-ਮੁਕਤੀ 'ਤੇ ਜ਼ਿਲ੍ਹਾ ਕਮੇਟੀ ਵੱਲੋਂ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਜਗਵੀਰਨ ਕੌਰ ਲੈਕਚਰਾਰ ਅੰਗਰੇਜ਼ੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੁੜੀਆਂ ਬੁੱਟਰ ਜ਼ਿਲ੍ਹਾ ਸਕੱਤਰ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਜ਼ਿਲ੍ਹਾ ਇਕਾਈ ਮੋਗਾ 31 ਮਈ 2026 ਨੂੰ ਸਿੱਖਿਆ ਵਿਭਾਗ ਤੋਂ ਆਪਣੀ 32 ਸਾਲ ਦੀ ਸੇਵਾ ਨਿਭਾਉਣ ਤੋਂ ਬਾਅਦ ਸੇਵਾ ਮੁਕਤ ਹੋ ਗਏ ਹਨ। ਉਸ ਦੀਆਂ ਜਥੇਬੰਦੀ ਵਿੱਚ ਨਿਭਾਈਆਂ ਸੇਵਾਵਾਂ ਬਦਲੇ ਡੀ ਟੀ ਐੱਫ ਮੋਗਾ ਦੀ ਜ਼ਿਲ੍ਹਾ ਕਮੇਟੀ ਵੱਲੋਂ ਉਨ੍ਹਾਂ ਨੂੰ ਸਨਮਾਨਤ ਕਰਨ ਲਈ ਸਨਮਾਨ ਸਮਾਰੋਹ ਕੀਤਾ ਗਿਆ। ਗੁਰਸ਼ਰਨ ਸਿੰਘ ਜ਼ਿਲ੍ਹਾ ਵਿੱਤ ਸਕੱਤਰ ਵੱਲੋਂ ਉਨ੍ਹਾਂ ਦਾ ਸਨਮਾਨ ਪੱਤਰ ਪੜ੍ਹ ਕੇ ਉਨ੍ਹਾਂ ਦੀਆਂ ਜਥੇਬੰਦੀ ਤੇ ਸਿੱਖਿਆ ਵਿਭਾਗ 'ਚ ਨਿਭਾਈਆਂ ਸੇਵਾਵਾਂ 'ਤੇ ਚਾਨਣਾ ਪਾਇਆ ਗਿਆ।ਸੂਬਾ ਪ੍ਰਧਾਨ ਦਿਗਵਿਜੈਪਾਲ ਸ਼ਰਮਾ, ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ, ਗੁਰਮੀਤ ਸਿੰਘ ਝੋਰੜਾ ਜ਼ਿਲ੍ਹਾ ਪ੍ਰੈੱਸ ਸਕੱਤਰ, ਸੁਰਿੰਦਰ ਸਿੰਘ ਸਾਬਕਾ ਜ਼ਿਲ੍ਹਾ ਪ੍ਰਧਾਨ, ਸਵਰਨਦਾਸ, ਅਮਰਦੀਪ ਸਿੰਘ ਬੁੱਟਰ, ਪ੍ਰੇਮ ਕੁਮਾਰ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਮੋਗਾ, ਮਧੂ ਬਾਲਾ ਆਦਿ ਆਗੂਆਂ ਨੇ ਉਨ੍ਹਾਂ ਜਥੇਬੰਦੀ ਵਿੱਚ ਪਾਏ ਯੋਗਦਾਨ ਤੇ ਸੰਘਰਸ਼ਾਂ ਵਿੱਚ ਉਨ੍ਹਾਂ ਦੀ ਭਾਗੀਦਾਰੀ ਬਾਰੇ ਵਿਸਥਾਰ ਨਾਲ ਜਾਣਕਰੀ ਦਿੱਤੀ।ਆਗੂਆਂ ਨੇ ਕਿਹਾ ਕਿ ਜਗਵੀਰਨ ਕੌਰ ਨੇ ਅਧਿਆਪਕ ਸੰਘਰਸ਼ਾਂ ਵਿੱਚ ਹੀ ਨਹੀਂ, ਬਲਕਿ ਕਿਸਾਨਾਂ ਤੇ ਮਜ਼ਦੂਰਾਂ ਦੇ ਸੰਘਰਸ਼ ਵਿੱਚ ਵੀ ਅੱਗੇ ਹੋ ਕੇ ਆਪਣੀ ਸ਼ਮੂਲੀਅਤ ਕੀਤੀ।ਆਗੂਆਂ ਨੇ ਆਸ ਪ੍ਰਗਟ ਕੀਤੀ ਕਿ ਜਗਵੀਰਨ ਕੌਰ ਸੇਵਾ ਮੁਕਤੀ ਤੋਂ ਬਾਅਦ ਵੀ ਜਥੇਬੰਦੀ ਦੇ ਵਿਕਾਸ ਲਈ ਆਪਣਾ ਯੋਗਦਾਨ ਦਿੰਦੇ ਰਹਿਣਗੇ।ਆਗੂਆਂ ਨੇ ਜਗਵੀਰਨ ਕੌਰ ਤੇ ਉਨ੍ਹਾਂ ਦੇ ਜੀਵਨ ਸਾਥੀ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਕਾਮਨਾ ਕੀਤੀ।ਮੈਡਮ ਜਗਵੀਰਨ ਕੌਰ ਨੇ ਆਪਣੇ ਭਾਸ਼ਣ ਵਿੱਚ ਜਥੇਬੰਦੀ ਦੀ ਮਹੱਤਤਾ ਬਾਰੇ ਦੱਸਿਆ ਤੇ ਅੱਗੇ ਤੋਂ ਵੀ ਜਥੇਬੰਦੀ ਦੇ ਅੰਗ-ਸੰਗ ਰਹਿਣ ਦਾ ਵਚਨ ਦਿੱਤਾ।ਸਟੇਜ ਸਕੱਤਰ ਦੀ ਜ਼ਿੰਮੇਵਾਰੀ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੋਲੀਆ ਨੇ ਨਿਭਾਈ।ਇਸ ਸਮੇਂ ਜਗਜੀਤ ਸਿੰਘ ਰਣੀਆਂ, ਸੁਖਜੀਤ ਸਿੰਘ ਕੁੱਸਾ, ਨਰਿੰਦਰ ਸਿੰਘ, ਨਵਦੀਪ ਸਿੰਘ ਧੂੜਕੋਟ, ਜਗਦੇਵ ਮਹਿਣਾ, ਨਤਾਸ਼ਾ ਕੌਸ਼ਲ, ਮਮਤਾ ਕੌਸ਼ਲ, ਰਮਨਦੀਪ ਸ਼ਾਰਦਾ, ਰੁਬਨਪ੍ਰੀਤ ਸਿੰਘ, ਪਰਮਿੰਦਰ ਕੌਰ, ਕਮਲਜੀਤ ਕੌਰ ਗਿੱਲ, ਅਮਰਜੀਤ ਕੌਰ ਪੱਤੋ, ਲਖਵੀਰ ਕੌਰ ਆਦਿ ਅਧਿਆਪਕ ਹਾਜ਼ਰ ਸਨ।

## ਕਾਤਰਾਂ

### ਕੱਕਾਰ ਸਿੱਖ ਕੌਮ ਦੀ ਅਣਖ ਤੇ ਪਛਾਣ ਹਨ, ਇਨ੍ਹਾਂ 'ਤੇ ਹਮਲਾ ਕੌਮ 'ਤੇ ਹਮਲਾ : ਰੱਤੋਕੇ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਿੱਖ ਕੌਮ ਦੇ ਪੰਜ ਕੱਕਾਰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਵੱਲੋਂ ਬਖ਼ਸ਼ੀਆਂ ਉਹ ਪਵਿੱਤਰ ਨਿਸ਼ਾਨੀਆਂ ਹਨ, ਜੋ ਸਿੱਖਾਂ ਦੀ ਪਛਾਣ, ਅਣਖ ਤੇ ਧਾਰਮਿਕ ਅਜ਼ਾਦੀ ਦਾ ਪ੍ਰਤੀਕ ਹਨ, ਪਰ ਅੱਜ ਸਿੱਖਾਂ ਦੇ ਧਾਰਮਿਕ ਹੱਕਾਂ ਉੱਪਰ ਲਗਾਤਾਰ ਹਮਲੇ ਹੋ ਰਹੇ ਹਨ ਤੇ ਸਿੱਖ ਨੌਜਵਾਨਾਂ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ, ਜੋ ਚਿੰਤਾਜਨਕ ਤੇ ਨਿੰਦਣਯੋਗ ਗੱਲ ਹੈ।ਨੰਦੇੜ ਵਿਖੇ ਸਿੱਖ ਨੌਜਵਾਨਾਂ ਦੇ ਸ਼ਾਸਤਰਾਂ 'ਤੇ ਕਬਜ਼ਾ ਕਰਕੇ ਉਨ੍ਹਾਂ 'ਤੇ ਪਰਚੇ ਦਰਜ ਕਰਨ ਦੀ ਘਟਨਾ ਨੇ ਸਿੱਖ ਭਾਵਨਾਵਾਂ ਨੂੰ ਗਹਿਰੀ ਠੇਸ ਪਹੁੰਚਾਈ ਹੈ।ਧਾਰਮਿਕ ਨਿਸ਼ਾਨੀਆਂ ਤੇ ਸ਼ਸਤ੍ਰਾਂ ਨੂੰ ਨਿਸ਼ਾਨਾ ਬਣਾਉਣਾ ਸਿੱਖ ਕੌਮ ਦੀ ਅਹਿਮੀਅਤ 'ਤੇ ਹਮਲਾ ਹੈ, ਜਿਸਦੀ ਜਿੰਨੀ ਨਿਖੇਧੀ ਕੀਤੀ ਜਾਵੇ ਓਨੀ ਘੱਟ ਹੈ।

### 15 ਗ੍ਰਾਮ ਹੈਰੋਇਨ ਸਮੇਤ 4 ਗ੍ਰਿਫਤਾਰ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 4 ਵਿਅਕਤੀਆਂ ਨੂੰ 15 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ਼ ਵੱਖ ਵੱਖ ਥਾਣਿਆਂ ਵਿਚ ਮਾਮਲੇ ਦਰਜ ਕੀਤੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਗੁਰਕੰਵਲਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੇ ਗਸ਼ਤ ਦੌਰਾਨ ਜਸਕਰਨ ਸਿੰਘ ਵਾਸੀ ਗੋਲਬਾਗ ਸੋਕੜ ਨਹਿਰ ਨੇੜੇ ਆਰ ਐੱਸ ਡੀ ਕਾਲਜ ਫਿਰੋਜ਼ਪੁਰ ਸ਼ਹਿਰ ਤੇ ਬਲਕਾਰ ਵਾਸੀ ਪਿੰਡ ਝੋਕ ਹਰੀਹਰ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਆਰਿਫ ਕੇ ਪੁਲਸ ਦੇ ਇੰਸਪੈਕਟਰ ਬਲਰਾਜ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਹਬੀਬ ਮੁਹੰਮਦ ਵਾਸੀ ਨੇੜੇ ਰੇਲਵੇ ਸਟੇਸ਼ਨ ਜਲਾਲਾਬਾਦ, ਹਾਲ ਗੋਲਬਾਗ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਘੱਲ ਖੁਰਦ ਪੁਲਸ ਦੇ ਸਹਾਇਕ ਥਾਣੇਦਾਰ ਅਮਨਦੀਪ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੇ ਗਸ਼ਤ ਤੇ ਚੈਕਿੰਗ ਦੌਰਾਨ ਸੁਖਚੈਨ ਸਿੰਘ ਉਰਫ ਮੋਨੂੰ ਵਾਸੀ ਪਿੰਡ ਚੰਦੜ ਨੂੰ ਕਾਬੂ ਕਰਕੇ ਤਲਾਸ਼ੀ ਲਈ ਤਾਂ ਉਸ ਕੋਲੋਂ 6 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

### ਖੇਤਾਂ 'ਚੋਂ ਮੋਟਰਾਂ ਚੋਰੀ ਕਰਨ ਵਾਲਾ ਗਰੋਹ ਮੁੜ ਸਰਗਰਮ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਲਾਕੇ ਦੇ ਪਿੰਡਾਂ ਵਿੱਚ ਕਿਸਾਨਾਂ ਦੇ ਖੇਤਾਂ ਵਿੱਚ ਲੱਗੀਆਂ ਮੋਟਰਾਂ ਚੋਰੀ ਕਰਨ ਵਾਲਾ ਗਰੋਹ ਮੁੜ ਸਰਗਰਮ ਹੋ ਗਿਆ ਹੈ। ਚੋਰਾਂ ਵੱਲੋਂ ਬੀਤੀ ਰਾਤ ਪਿੰਡ ਨੂਰਪੁਰ ਵਿਖੇ 4 ਕਿਸਾਨਾਂ ਦੀਆਂ ਮੋਟਰਾਂ ਚੋਰੀ ਕਰ ਲਈਆਂ, ਜਿਸ ਨਾਲ ਉਨ੍ਹਾਂ ਦਾ ਵੱਡਾ ਆਰਥਿਕ ਨੁਕਸਾਨ ਹੋਇਆ। ਪ੍ਰਾਪਤ ਜਾਣਕਾਰੀ ਅਨੁਸਾਰ ਚੋਰਾਂ ਨੇ ਰਾਤ 2 ਮੋਟਰਾਂ ਕਿਸਾਨ ਯਾਦਵਿੰਦਰ ਸਿੰਘ, ਜਿਸ ਨੇ ਜ਼ਮੀਨ ਠੇਕੇ 'ਤੇ ਲਈ ਹੋਈ ਹੈ, ਉਸ ਦੇ ਖੇਤਾਂ 'ਚੋਂ ਚੋਰੀ ਕਰ ਲਈਆਂ। ਇਸ ਤੋਂ ਇਲਾਵਾ 2 ਮੋਟਰਾਂ ਸੁਸ਼ੀਲ ਕੁਮਾਰ ਦੇ ਖੇਤਾਂ 'ਚੋਂ ਵੀ ਚੋਰੀ ਹੋ ਗਈਆਂ। ਚੋਰਾਂ ਵਲੋਂ ਨੂਰਪੁਰ, ਬੁਰਜ ਕੱਚਾ ਆਦਿ ਪਿੰਡਾਂ ਵਿੱਚ ਪਿਛਲੇ 2 ਦਿਨਾਂ ਅੰਦਰ ਹੋਰਨਾਂ ਕਿਸਾਨਾਂ ਦੇ ਖੇਤਾਂ 'ਚੋਂ ਮੋਟਰਾਂ ਚੋਰੀ ਕੀਤੀਆਂ। ਕਿਸਾਨਾਂ ਵੱਲੋਂ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਹੈ ਕਿ ਇਹ ਮੋਟਰ ਚੋਰ ਗਰੋਹ 'ਤੇ ਜਲਦ ਤੋਂ ਜਲਦ ਕਾਬੂ ਪਾਇਆ ਜਾਵੇ।

# ਪੀ ਐੱਮ ਸ਼੍ਰੀ ਸਮਾਰਟ ਸਕੂਲ ਵਿਖੇ ਮੈਗਾ ਪੀ ਟੀ ਐੱਮ ਕਰਵਾਈ

**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਪੀ. ਐੱਮ. ਸ਼੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਛੀਵਾੜਾ ਸਾਹਿਬ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਹਰਦੀਪ ਕੌਰ ਦੀ ਯੋਗ ਅਗਵਾਈ ਦੇ ਹੇਠ ਮੈਗਾ ਪੀ ਟੀ ਐੱਮ ਕਰਵਾਈ ਗਈ।ਇਸ 'ਸਿੱਖਿਆ ਦੇ ਮਹਾਂਜਸ਼ਨ ਦੇ ਦੌਰਾਨ' ਸਕੂਲ ਵਿੱਚ ਐੱਸ ਐੱਮ ਸੀ ਕਮੇਟੀ ਦੇ ਚੇਅਰਮੈਨ ਸੰਦੀਪ ਕੌਰ ਹਾਜ਼ਰ ਰਹੇ। ਮੌਸਮ ਖਰਾਬ ਹੋਣ ਦੇ ਬਾਵਜੂਦ ਵਿਦਿਆਰਥੀਆਂ ਤੇ ਮਾਪਿਆਂ ਦੀ ਭਰਵੀਂ ਸ਼ਮੂਲੀਅਤ ਦੇਖਣ ਨੂੰ ਮਿਲੀ। ਇਸ ਮੌਕੇ ਮਾਪਿਆਂ ਨੇ ਆਪਣੇ ਬੱਚਿਆਂ ਦੀ ਪੜ੍ਹਾਈ, ਪ੍ਰਗਤੀ ਤੇ ਭਵਿੱਖ ਸੰਬਧੀ ਅਧਿਆਪਕਾਂ ਦੇ ਨਾਲ ਵਿਚਾਰ ਵਟਾਂਦਰਾ ਕੀਤਾ। ਸਰਕਾਰੀ ਸਕੂਲਾਂ ਦੇ ਵਿੱਚ ਆਏ ਬਦਲਾਅ ਆਧੁਨਿਕ ਸਹੂਲਤਾਂ ਤੇ ਜਮਾਨੇ ਦੇ ਹਾਣ ਦੀ ਸਿੱਖਿਆ ਨੇ ਲੋਕਾਂ ਨੂੰ ਭਰੋਸਾ ਹੋਰ ਮਜ਼ਬੂਤ ਕੀਤਾ ਹੈ।ਸਕੂਲ ਦੇ ਪ੍ਰਿੰਸੀਪਲ ਹਰਦੀਪ ਕੌਰ ਨੇ ਦੱਸਿਆ ਕਿ ਅੱਜ ਦਾ 'ਮਹਾ ਜਸ਼ਨ ਸਿੱਖਿਆ' ਪ੍ਰਤੀ ਪੰਜਾਬ ਸਰਕਾਰ ਦੀ ਵਚਨਬਧਤਾ ਤੇ ਮਾਪਿਆਂ ਦੀ ਭਾਗੇਦਾਰੀ ਦਾ ਪ੍ਰਤੀਕ ਹੈ।

ਅੱਜ ਦੇ ਦਿਨ ਸਕੂਲ ਦੇ ਪ੍ਰਿੰਸੀਪਲ ਹਰਦੀਪ ਕੌਰ ਵੱਲੋਂ ਹਰੇਕ ਅਧਿਆਪਕ ਨੂੰ ਸਨਮਾਨ ਚਿੰਨ ਦਿੱਤਾ ਗਿਆ ਤੇ ਬੋਰਡ ਦੀਆਂ ਜਮਾਤਾਂ ਵਿੱਚੋਂ ਪੁਜ਼ੀਸ਼ਨਾਂ ਲੈਣ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ।ਇਸ ਮੌਕੇ ਡਿੰਪਲ ਰਾਓ ਵੱਲੋਂ ਬਾਰਵੀਂ ਜਮਾਤ ਵਿੱਚੋਂ ਪਹਿਲੀ ਪੁਜ਼ੀਸ਼ਨ ਲੈਣ ਵਾਲੀ ਵਿਦਿਆਰਥਣ ਨੂੰ 2000 ਦੀ ਇਨਾਮ ਰਾਸ਼ੀ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ।ਪ੍ਰਿੰਸੀਪਲ ਨੇ ਮਾਪਿਆਂ ਨੂੰ ਦੱਸਿਆ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਰਕਾਰੀ ਸਕੂਲਾਂ ਵਿੱਚ ਪੜ੍ਹਾਓ ਤਾਂ ਜੋ ਸਰਕਾਰ ਦੁਆਰਾ ਦਿੱਤੀ ਜਾਂਦੀ ਸਹੂਲਤ ਦਾ ਫਾਇਦਾ ਉਠਾ ਸਕਣ।ਇਸ ਮੌਕੇ ਕੰਨਿਆ ਸਕੂਲ ਦਾ ਸਮੂਹ ਸਟਾਫ ਹਾਜ਼ਰ ਰਿਹਾ।



# ਨਗਰ ਕੌਂਸਲ ਚੋਣਾਂ 'ਚ ਪ੍ਰੇਮ ਰਾਣੀ ਦੀ ਸ਼ਾਨਦਾਰ ਜਿੱਤ

- ਮੌਂਟੀ ਪਰਵਾਰ ਨੇ ਲਗਾਤਾਰ 6ਵੀਂ ਵਾਰ ਰਚਿਆ ਇਤਿਹਾਸ
- ਲੋਕਾਂ ਨੇ ਪ੍ਰੇਮ ਰਾਣੀ ਨੂੰ ਪ੍ਰਧਾਨ ਬਣਾਉਣ ਦੀ ਚੁੱਕੀ ਮੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਫਿਰੋਜ਼ਪੁਰ ਨਗਰ ਕੌਂਸਲ ਚੋਣਾਂ ਦੇ ਵਾਰਡ ਨੰਬਰ 31 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਪ੍ਰੇਮ ਰਾਣੀਨੇ ਇਕ ਵਾਰ ਫਿਰ ਵੱਡੀ ਜਿੱਤ ਦਰਜ ਕਰਕੇ ਆਪਣੀ ਲੋਕਪ੍ਰਿਯਤਾ ਦਾ ਲੋਹਾ ਮਨਵਾਇਆ ਹੈ। ਇਸ ਇਤਿਹਾਸਕ ਜਿੱਤ ਨਾਲ ਮੌਂਟੀ ਪਰਵਾਰ ਨੇ ਲਗਾਤਾਰ ਛੇਵੀਂ ਵਾਰ ਕੌਂਸਲ ਚੋਣਾਂ ਜਿੱਤਣ ਦਾ ਇੱਕ ਅਨੋਖਾ ਰਿਕਾਰਡ ਕਾਇਮ ਕੀਤਾ ਹੈ। ਇਲਾਕੇ ਦੇ ਵੋਟਰਾਂ ਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਹੈ, ਜਿਸ ਕਾਰਨ ਹੁਣ ਪ੍ਰੇਮ ਰਾਣੀ ਨੂੰ ਨਗਰ ਕੌਂਸਲ ਫਿਰੋਜ਼ਪੁਰ ਦੇ ਪ੍ਰਧਾਨ ਅਹੁਦੇ ਦੀ ਜ਼ਿੰਮੇਵਾਰੀ ਸੌਂਪਣ ਲਈ ਕਾਂਗਰਸ ਹਾਈਕਮਾਨ ਕੋਲੋਂ ਮੰਗ ਤੇਜ਼ ਹੋ ਗਈ ਹੈ। ਪ੍ਰੇਮ ਰਾਣੀ ਤੇ ਮੌਂਟੀ ਪਰਵਾਰ ਦੀ ਇਹ ਸ਼ਾਨਦਾਰ ਜਿੱਤ ਅਸਲ ਵਿੱਚ ਵਾਰਡ ਨੰਬਰ 31 ਦੇ ਸਮਝਦਾਰ ਵੋਟਰਾਂ ਦੀ ਤੇ ਸੱਚੀ ਸੇਵਾ ਦੀ ਜਿੱਤ ਹੈ। ਇਸ ਪਰਵਾਰ ਨੇ ਹਮੇਸ਼ਾ ਔਖੇ ਸਮੇਂ ਵਿੱਚ ਵੀ ਕਾਂਗਰਸ ਪਾਰਟੀ ਦਾ ਪੱਲਾ ਫੜੀ ਰੱਖਿਆ ਤੇ ਲੋਕਾਂ ਦੇ ਸੁੱਖ-ਦੁੱਖ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਸਾਥ ਦਿੱਤਾ। ਚੋਣ ਪ੍ਰਚਾਰ ਦੌਰਾਨ ਲੋਕਾਂ ਦਾ ਜੋ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਸੀ, ਉਸ ਤੋਂ ਇਹ ਵੱਡੀ ਜਿੱਤ ਪਹਿਲਾਂ ਹੀ ਤੈਅ ਸੀ। ਪਾਰਟੀ ਹਾਈਕਮਾਨ ਨੂੰ ਅਜਿਹੇ ਵਫ਼ਾਦਾਰ ਤੇ ਤਜਰਬੇਕਾਰ ਆਗੂਆਂ ਦਾ ਸਨਮਾਨ ਕਰਨਾ ਚਾਹੀਦਾ ਹੈ। ਫਿਰੋਜ਼ਪੁਰ ਦੇ ਵਾਰਡ ਨੰਬਰ 31 ਦੇ ਚੋਣ ਨਤੀਜਿਆਂ ਨੇ ਇੱਕ ਵਾਰ ਫਿਰ ਸਾਬਿਤ ਕਰ ਦਿੱਤਾ ਹੈ ਕਿ ਸਿਆਸਤ ਵਿੱਚ ਲੋਕਾਂ ਨਾਲ ਜੁੜੇ ਰਹਿਣਾ ਹੀ ਸਭ ਤੋਂ ਵੱਡੀ ਤਾਕਤ ਹੈ। ਕਾਂਗਰਸੀ ਉਮੀਦਵਾਰ ਪ੍ਰੇਮ ਰਾਣੀ ਨੇ ਆਪਣੇ ਵਿਰੋਧੀਆਂ ਨੂੰ ਭਾਰੀ ਫ਼ਰਕ ਨਾਲ ਪਛਾੜ ਕੇ ਸ਼ਹਿਰ ਦੀ ਸਿਆਸਤ ਵਿੱਚ ਆਪਣਾ ਦਬਦਬਾ ਕਾਇਮ ਰੱਖਿਆ ਹੈ। ਇਸ ਜਿੱਤ ਦੀ ਖਾਸ ਗੱਲ ਇਹ ਹੈ ਕਿ ਇਸ ਨਾਲ ਮੌਂਟੀ ਪਰਵਾਰ ਨੇ ਚੋਣਾਂ ਵਿੱਚ ਲਗਾਤਾਰ ਛੇਵੀਂ ਜਿੱਤ ਦਰਜ ਕਰਕੇ ਇੱਕ ਨਵਾਂ ਸਿਆਸੀ ਇਤਿਹਾਸ ਸਿਰਜਿਆ ਹੈ। ਪ੍ਰੇਮ ਰਾਣੀ ਇਸ ਤੋਂ ਪਹਿਲਾਂ ਵੀ ਤਿੰਨ ਵਾਰ ਨਗਰ ਕੌਂਸਲ ਮੈਂਬਰ ਵਜੋਂ ਸੇਵਾਵਾਂ ਨਿਭਾ ਚੁੱਕੇ ਹਨ, ਜਦੋਂ ਕਿ ਉਨ੍ਹਾਂ ਦੇ ਪਤੀ ਸਤੀਸ਼ ਕੁਮਾਰ ਤੇ ਸਪੁੱਤਰ ਮੌਂਟੀ ਵੀ ਲੋਕਾਂ ਦੇ ਸਹਿਯੋਗ ਨਾਲ ਕੌਂਸਲਰ ਰਹਿ ਚੁੱਕੇ ਹਨ। ਇਸ ਵੱਡੀ ਸਫਲਤਾ ਤੋਂ ਬਾਅਦ ਹਲਕੇ ਦੇ ਵੋਟਰਾਂ ਤੇ ਸਮਰਥਕਾਂ ਵੱਲੋਂ ਪ੍ਰੇਮ ਰਾਣੀ ਨੂੰ ਨਗਰ ਕੌਂਸਲ ਫਿਰੋਜ਼ਪੁਰ ਦਾ ਪ੍ਰਧਾਨ ਬਣਾਉਣ ਦੀ ਮੰਗ ਜ਼ੋਰ ਫੜਨ ਲੱਗੀ ਹੈ। ਲੋਕ ਕਾਂਗਰਸ ਹਾਈਕਮਾਨ ਨੂੰ ਪੁਰਜ਼ੋਰ ਅਪੀਲ ਕਰ ਰਹੇ ਹਨ ਕਿ ਪਾਰਟੀ ਲਈ ਦਿੱਤੀਆਂ ਲੰਮੀਆਂ ਸੇਵਾਵਾਂ, ਲਗਾਤਾਰ ਮਿਲ ਰਹੀਆਂ ਜਿੱਤਾਂ ਤੇ ਜਨਤਾ ਵਿੱਚ ਮਜ਼ਬੂਤ ਪਕੜ ਨੂੰ ਦੇਖਦੇ ਹੋਏ ਪ੍ਰੇਮ ਰਾਣੀ ਨੂੰ ਨਗਰ ਕੌਂਸਲ ਫਿਰੋਜ਼ਪੁਰ ਦੇ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਜਾਵੇ। ਲੋਕਾਂ ਦਾ ਪੂਰਨ ਵਿਸ਼ਵਾਸ ਹੈ ਕਿ ਪ੍ਰੇਮ ਰਾਣੀ ਦੀ ਤਜਰਬੇਕਾਰ ਅਗਵਾਈ ਹੇਠ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਮਿਲੇਗੀ ਤੇ ਲੋਕਾਂ ਨੂੰ ਇੱਕ ਮਜ਼ਬੂਤ ਤੇ ਇਮਾਨਦਾਰ ਨੁਮਾਇੰਦਾ ਮਿਲੇਗਾ।

# ਭਲਕ ਦੇ ਰੋਸ ਧਰਨੇ 'ਚ ਵਧ-ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਕੇਂਦਰ ਤੇ ਪੰਜਾਬ ਸਰਕਾਰ ਤੋਂ ਹੱਕੀ ਮੰਗਾਂ ਮਨਵਾਉਣ ਲਈ 2 ਜੂਨ ਨੂੰ ਦਿੱਤੇ ਜਾ ਰਹੇ ਜ਼ਿਲ੍ਹਾ ਪੱਧਰੀ ਧਰਨਿਆਂ ਦੀ ਵਿਉਂਤਬੰਦੀ ਤੇ ਮੰਗਾਂ ਉੱਪਰ ਚਰਚਾ ਕਰਨ ਲਈ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਜ਼ਿਲ੍ਹਾ ਬਠਿੰਡਾ ਵਿੱਚ ਕੰਮ ਕਰਦੀਆਂ ਕਿਸਾਨ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਬਲਕਰਨ ਸਿੰਘ ਬਰਾੜ ਸੂਬਾ ਜਨਰਲ ਸਕੱਤਰ ਕੁੱਲ ਹਿੰਦ ਕਿਸਾਨ ਸਭਾ ਦੀ ਦੀ ਪ੍ਰਧਾਨਗੀ ਹੇਠ ਸਥਾਨਕ ਟੀਚਰਜ ਹੋਮ ਵਿਖੇ ਹੋਈ।ਇਸ ਮੀਟਿੰਗ ਵਿੱਚ ਬੀਕੇਯੂ ਉਗਰਾਹਾਂ ਦੇ ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ, ਬੀਕੇਯੂ ਡਕੌਂਦਾ ਧਨੇਰ ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਕੋਟਲੀ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਆਕਲੀਆਂ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਧਾਲੀਵਾਲ, ਬੀਕੇਯੂ ਡਕੌਂਦਾ ਬੁਰਜ ਗਿੱਲ ਦੇ ਜ਼ਿਲ੍ਹਾ ਆਗੂ ਬੂਟਾ ਸਿੰਘ ਤੁੰਗਵਾਲੀ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਕਨਵੀਨਰ ਸਵਰਨ ਸਿੰਘ ਪੂਹਲੀ, ਬੀਕੇਯੂ ਮਾਲਵਾ ਪੰਜਾਬ ਦੇ ਸੂਬਾ ਆਗੂ ਤਰਸੇਮ ਸਿੰਘ ਬਲੋ ਤੇ ਬੀਕੇਯੂ ਮਾਲਵਾ ਦੇ ਸੂਬਾ ਕਮੇਟੀ ਮੈਂਬਰ ਜਗਜੀਤ ਸਿੰਘ ਕੋਟਸ਼ਮੀਰ ਨੇ ਭਾਗ ਲਿਆ।ਮੀਟਿੰਗ ਵਿੱਚ ਹੋਰ ਮੁੱਦਿਆਂ ਤੋਂ ਇਲਾਵਾ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਵਿੱਚੋਂ ਪੰਜਾਬ ਦੀ ਸਥਾਈ ਨੁਮਾਇੰਦਗੀ ਦਾ ਹੱਕ ਖੋਹਣ, ਯੂਰੀਆ ਤੇ ਡੀਏਪੀ ਖਾਦ ਦੀ ਕਿੱਲਤ, ਡੀਜ਼ਲ, ਪੈਟਰੋਲ ਤੇ ਰਸੋਈ ਗੈਸ ਦੀਆਂ ਵਧਾਈਆਂ ਗਈਆਂ ਕੀਮਤਾਂ, ਕੇਂਦਰ ਸਰਕਾਰ ਵੱਲੋਂ ਫਸਲਾਂ ਦੀ ਐੱਮ ਐੱਸ ਪੀ ਵਿੱਚ ਕੀਤਾ ਗਿਆ ਨਿਗੂਣਾ ਵਾਧਾ, ਪੰਜਾਬ ਸਰਕਾਰ ਵੱਲੋਂ ਨਵਾਂ ਹੱਦ ਕਰਜ਼ਾ ਲਾਗੂ ਨਾ ਕਰਨ ਤੇ ਬੈਂਕਾਂ ਵੱਲੋਂ ਨਗਦੀ ਦੇਣ ਲਈ ਖੜੀਆਂ ਕੀਤੀਆਂ ਜਾ ਰਹੀਆਂ ਰੁਕਾਵਟਾਂ ਹਟਾਇਆ ਜਾਣ ਆਦਿ ਮੰਗਾਂ 'ਤੇ ਵਿਚਾਰ ਚਰਚਾ ਹੋਈ।ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਇਨ੍ਹਾਂ ਤੇ ਹੋਰ ਮੰਗਾਂ ਸਬੰਧੀ 2 ਜੂਨ 2026 ਨੂੰ ਡੀਸੀ ਦਫਤਰ ਬਠਿੰਡਾ ਵਿਖੇ ਧਰਨਾ ਦੇ ਕੇ ਮੰਗ ਪੱਤਰ ਦਿੱਤਾ ਜਾਵੇਗਾ।ਮੀਟਿੰਗ ਨੇ ਸੁਵਿਧਾ ਸੈਂਟਰਾਂ ਵਿੱਚ ਕੰਮ ਕਰਦੇ ਵਰਕਰਾਂ ਵੱਲੋਂ ਪੱਕੇ ਹੋਣ ਲਈ ਕੀਤੇ ਜਾ ਰਹੇ ਸੰਘਰਸ਼ ਤੇ ਮਜ਼ਦੂਰਾਂ ਮੁਲਾਜ਼ਮਾਂ ਵੱਲੋਂ ਲੜੇ ਜਾ ਰਹੇ ਹੋਰ ਸੰਘਰਸ਼ਾਂ ਦਾ ਸਮਰਥਨ ਕਰਨ ਦਾ ਐਲਾਨ ਕੀਤਾ। ਅੱਜ ਦੀ ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਬੀਕੇਯੂ ਉਗਰਾਹਾਂ ਦੇ ਜ਼ਿਲ੍ਹਾ ਆਗੂ ਜਗਸੀਰ ਸਿੰਘ ਝੁੰਬਾ, ਕਿਸਾਨ ਆਗੂ ਮਲਕੀਤ ਸਿੰਘ ਬਠਿੰਡਾ, ਸੁਖਪਾਲ ਸਿੰਘ, ਮੁਲਾਜ਼ਮ ਆਗੂ ਅਮਨਦੀਪ ਕੁਮਾਰ ਲੰਬੀ ਨੇ ਵੀ ਸੰਬੋਧਨ ਕੀਤਾ।ਅਖੀਰ ਵਿੱਚ ਆਗੂਆਂ ਨੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਸਮਾਜ ਦੇ ਹੋਰ ਵਰਗਾਂ ਨੂੰ ਅਪੀਲ ਕੀਤੀ ਕਿ ਉਹ ਕੇਂਦਰ ਤੇ ਪੰਜਾਬ ਸਰਕਾਰ ਦੇ ਇਨ੍ਹਾਂ ਲੋਕ ਵਿਰੋਧੀ ਫੈਸਲਿਆਂ ਦਾ ਡੱਟ ਕੇ ਵਿਰੋਧ ਕਰਨ ਲਈ 2 ਜੂਨ ਨੂੰ ਡੀ ਸੀ ਦਫਤਰ ਬਠਿੰਡਾ ਵਿਖੇ ਲਾਏ ਜਾ ਰਹੇ ਰੋਸ ਧਰਨੇ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਤਾਂ ਕਿ ਲੋਕਾਂ ਨੂੰ ਮਹਿੰਗਾਈ ਤੇ ਕਾਲਾ ਬਜ਼ਾਰੀ ਦੀ ਮਾਰ ਤੋਂ ਬਚਾਇਆ ਜਾ ਸਕੇ।

# ਉਦਯੋਗਪਤੀਆਂ ਦੀਆਂ ਸਮੱਸਿਆਵਾਂ ਸੰਬੰਧੀ ਵਿਧਾਇਕ ਭਰਾਜ ਨੂੰ ਮੰਗ ਪੱਤਰ



**ਭਵਾਨੀਗੜ੍ਹ (ਰਾਜ ਖੁਰਮੀ)**-ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਦੀ ਬਲਾਕ ਭਵਾਨੀਗੜ੍ਹ ਇਕਾਈ ਵੱਲੋਂ ਉਦਯੋਗਪਤੀਆਂ ਨੂੰ ਦਰਪੇਸ਼ ਮੁੱਖ ਸਮੱਸਿਆਵਾਂ ਦੇ ਹੱਲ ਲਈ ਹਲਕਾ ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੂੰ ਮੰਗ ਪੱਤਰ ਸੌਂਪਿਆ ਗਿਆ।ਇਹ ਮੰਗ ਪੱਤਰ ਇਕਾਈ ਦੇ ਪ੍ਰਧਾਨ ਜਗਪਾਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਗਏ ਵਫ਼ਦ ਵੱਲੋਂ ਦਿੱਤਾ ਗਿਆ।

ਵਫ਼ਦ ਨੇ ਵਿਧਾਇਕ ਦੇ ਧਿਆਨ ਵਿੱਚ ਲਿਆਂਦਾ ਕਿ ਭਵਾਨੀਗੜ੍ਹ ਖੇਤਰ ਦੇ ਉਦਯੋਗਪਤੀ ਲੰਮੇ ਸਮੇਂ ਤੋਂ ਕਈ ਬੁਨਿਆਦੀ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ।ਚੈਂਬਰ ਵੱਲੋਂ ਮੰਗ ਕੀਤੀ ਗਈ ਕਿ ਭਵਾਨੀਗੜ੍ਹ ਵਿਖੇ ਚੈਂਬਰ ਦਾ ਦਫ਼ਤਰ ਬਣਾਉਣ ਲਈ ਜ਼ਮੀਨ ਮੁਹੱਈਆ ਕਰਵਾਉਣ ਦੇ ਨਾਲ-ਨਾਲ ਉਸਾਰੀ ਲਈ 21 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇ।ਇਸ ਤੋਂ ਇਲਾਵਾ ਸ਼ਹਿਰ ਵਿੱਚ ਵਧ ਰਹੀ ਟ੍ਰੈਫਿਕ ਤੇ ਭੀੜ-ਭਾੜ ਦੀ ਸਮੱਸਿਆ ਦਾ ਸਥਾਈ ਹੱਲ ਕੀਤਾ ਜਾਵੇ ਅਤੇ ਤਹਿਸੀਲ ਭਵਾਨੀਗੜ੍ਹ ਦੇ ਉਦਯੋਗਿਕ ਵਿਕਾਸ ਲਈ ਇੰਡਸਟਰੀਅਲ ਫੋਕਲ ਪੁਆਇੰਟ ਦੀ ਅਲਾਟਮੈਂਟ ਕੀਤੀ ਜਾਵੇ।ਉਦਯੋਗਪਤੀਆਂ ਨੇ ਬਿਜਲੀ ਸਪਲਾਈ ਨਾਲ ਜੁੜੀਆਂ ਮੁਸ਼ਕਲਾਂ ਵੀ ਉਠਾਈਆਂ।ਉਨ੍ਹਾਂ ਕਿਹਾ ਕਿ ਸ਼ਹਿਰੀ ਫੀਡਰ ਨਾਲ ਜੁੜੀਆਂ ਉਦਯੋਗਿਕ ਇਕਾਈਆਂ ਨੂੰ ਇੰਡਸਟਰੀਅਲ ਫੀਡਰ ਨਾਲ ਜੋੜਿਆ ਜਾਵੇ ਤੇ ਮਾਮੂਲੀ ਹਨੇਰੀ ਜਾਂ ਮੌਸਮੀ ਤਬਦੀਲੀ ਦੌਰਾਨ ਬਿਜਲੀ ਸਪਲਾਈ ਵਿੱਚ ਆਉਣ ਵਾਲੀਆਂ ਰੁਕਾਵਟਾਂ ਨੂੰ ਦੂਰ ਕਰਨ ਲਈ ਬਿਜਲੀ ਲਾਈਨਾਂ ਦੀ ਉੱਚ ਪੱਧਰੀ ਮੁਰੰਮਤ ਕਰਵਾਈ ਜਾਵੇ।ਵਫ਼ਦ ਨੇ ਉਦਯੋਗਿਕ ਇਕਾਈਆਂ ਵਿੱਚ ਹੋ ਰਹੀਆਂ ਚੋਰੀਆਂ ਦਾ ਮਾਮਲਾ ਵੀ ਉਠਾਉਂਦਿਆਂ ਕਿਹਾ ਕਿ ਪੁਲਸ ਵਿਭਾਗ ਨੂੰ ਕੀਤੀਆਂ ਕਈ ਸ਼ਿਕਾਇਤਾਂ ਦੇ ਬਾਵਜੂਦ ਅਜੇ ਤੱਕ ਕੋਈ ਠੋਸ ਕਾਰਵਾਈ ਨਹੀਂ ਹੋਈ।ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਮਾਮਲਿਆਂ ਦਾ ਜਲਦ ਨਿਪਟਾਰਾ ਯਕੀਨੀ ਬਣਾਇਆ ਜਾਵੇ।ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਉਦਯੋਗਪਤੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਯਤਨ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਉਦਯੋਗ ਤੇ ਵਪਾਰ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ।ਨਵੀਆਂ ਉਦਯੋਗਿਕ ਇਕਾਈਆਂ ਸਥਾਪਤ ਕਰਨ ਵਾਲੇ ਨਿਵੇਸ਼ਕਾਂ ਨੂੰ ਸਿੰਗਲ ਵਿੰਡੋ ਸਿਸਟਮ ਰਾਹੀਂ ਲਾਇਸੈਂਸ, ਬਿਜਲੀ ਕਨੈਕਸ਼ਨ ਤੇ ਹੋਰ ਲੋੜੀਂਦੀਆਂ ਸਹੂਲਤਾਂ ਤਰਜੀਹੀ ਆਧਾਰ 'ਤੇ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

# ਕਾਂਗਰਸ ਦੇ ਦੋ ਧੜਿਆਂ ਦੀ ਖਿੱਚੋਤਾਣ 2027 ਚੋਣਾਂ ਲਈ ਹਲਕੇ 'ਚ ਬਣ ਸਕਦੀ ਵੱਡੀ ਚੁਣੌਤੀ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਨਿਹਾਲ ਸਿੰਘ ਵਾਲਾ ਹਲਕੇ ਵਿੱਚ ਕਾਂਗਰਸ ਦੇ ਦੋ ਵੱਖ-ਵੱਖ ਧੜਿਆਂ ਵਿਚਾਲੇ ਵਧ ਰਹੀ ਖਿੱਚੋਤਾਣ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਲਈ ਵੱਡੀ ਚੁਣੌਤੀ ਬਣ ਸਕਦੀ ਹੈ।ਸੂਤਰਾਂ ਅਨੁਸਾਰ ਹਲਕੇ ਵਿੱਚ ਦੋਵੇਂ ਧੜੇ ਆਪਣੇ-ਆਪਣੇ ਤਰੀਕੇ ਨਾਲ ਸਿਆਸੀ ਸਰਗਰਮੀਆਂ ਚਲਾ ਰਹੇ ਹਨ, ਜਿਸ ਕਾਰਨ ਪਾਰਟੀ ਵਰਕਰਾਂ ਵਿੱਚ ਵੀ ਵੰਡ ਦੇ ਹਾਲਾਤ ਬਣਦੇ ਨਜ਼ਰ ਆ ਰਹੇ ਹਨ।ਰਾਜਨੀਤਕ ਮਾਹਰਾਂ ਦਾ ਮੰਨਣਾ ਹੈ ਕਿ ਪੰਜਾਬ ਦੀਆਂ 2027 ਦੀਆਂ ਚੋਣਾਂ ਨੂੰ ਲੈ ਕੇ ਸਾਰੀਆਂ ਸਿਆਸੀ ਪਾਰਟੀਆਂ ਹੁਣ ਤੋਂ ਹੀ ਮੈਦਾਨ ਵਿੱਚ ਉੱਤਰ ਚੁੱਕੀਆਂ ਹਨ ਤੇ ਆਪਣੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਯਤਨ ਕਰ ਰਹੀਆਂ ਹਨ।ਅਜਿਹੇ ਵਿੱਚ ਕਾਂਗਰਸ ਲਈ ਅੰਦਰੂਨੀ ਏਕਤਾ ਸਭ ਤੋਂ ਵੱਡੀ ਲੋੜ ਬਣ ਗਈ ਹੈ।ਸੂਤਰਾਂ ਮੁਤਾਬਕ ਜੇਕਰ ਦੋਵੇਂ ਧੜੇ ਆਪਣੀ-ਆਪਣੀ ਤਾਕਤ ਦਿਖਾਉਣ ਦੀ ਦੌੜ ਵਿੱਚ ਲੱਗੇ ਰਹੇ ਤਾਂ ਇਸ ਦਾ ਨੁਕਸਾਨ ਕਾਂਗਰਸ ਨੂੰ ਹੋ ਸਕਦਾ ਹੈ।ਵਰਕਰਾਂ ਵਿੱਚ ਭੰਬਲਭੂਸਾ ਪੈਦਾ ਹੋਣ ਦੇ ਨਾਲ-ਨਾਲ ਵੋਟਾਂ ਦੀ ਵੰਡ ਹੋਣ ਦੀ ਸੰਭਾਵਨਾ ਵੀ ਵਧ ਸਕਦੀ ਹੈ, ਜਿਸ ਦਾ ਸਿੱਧਾ ਫਾਇਦਾ ਵਿਰੋਧੀ ਪਾਰਟੀਆਂ ਨੂੰ ਮਿਲ ਸਕਦਾ ਹੈ।ਦੂਜੇ ਪਾਸੇ ਕਾਂਗਰਸ ਸਮਰਥਕਾਂ ਦਾ ਕਹਿਣਾ ਹੈ ਕਿ ਜੇ ਪਾਰਟੀ ਹਾਈਕਮਾਂਡ ਸਮੇਂ ਸਿਰ ਦਖਲ ਦੇ ਕੇ ਦੋਵੇਂ ਧੜਿਆਂ ਨੂੰ ਇਕ ਮੰਚ 'ਤੇ ਲਿਆਉਣ ਵਿੱਚ ਕਾਮਯਾਬ ਰਹਿੰਦੀ ਹੈ ਤਾਂ ਕਾਂਗਰਸ ਹਲਕੇ ਵਿੱਚ ਮਜ਼ਬੂਤ ਦਾਅਵੇਦਾਰ ਵਜੋਂ ਉੱਭਰ ਸਕਦੀ ਹੈ।ਫਿਲਹਾਲ ਨਿਹਾਲ ਸਿੰਘ ਵਾਲਾ ਦੀ ਸਿਆਸਤ ਵਿੱਚ ਚੱਲ ਰਹੀਆਂ ਅੰਦਰੂਨੀ ਗਤੀਵਿਧੀਆਂ 'ਤੇ ਸਿਆਸੀ ਹਲਕਿਆਂ ਦੀ ਨਜ਼ਰ ਟਿਕੀ ਹੋਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਦੇਖਣਾ ਦਿਲਚਸਪ ਹੋਵੇਗਾ ਕਿ ਕਾਂਗਰਸ ਆਪਣੀ ਅੰਦਰੂਨੀ ਖਿੱਚੋਤਾਣ ਨੂੰ ਕਿਵੇਂ ਸੰਭਾਲਦੀ ਹੈ।

# ਕੇ ਕੇ ਯੂ ਜ਼ਿਲ੍ਹਾ ਮੋਗਾ ਵੱਲੋਂ ਡੈਲੀਗੇਟ ਅਜਲਾਸ

- ਪ੍ਰਗਟ ਸਿੰਘ ਸਾਫੂਵਾਲਾ ਜ਼ਿਲ੍ਹਾ ਪ੍ਰਧਾਨ ਤੇ ਕੁਲਜੀਤ ਸਿੰਘ ਭੋਲਾ ਬਣੇ ਜਨਰਲ ਸਕੱਤਰ
- ਸੰਸਾਰ ਆਰਥਿਕ ਮੰਦੀ 'ਚ ਬੁਰੀ ਤਰ੍ਹਾਂ ਫਸ ਚੁੱਕਾ ਹੈ : ਨਿਰਭੈ ਸਿੰਘ, ਰਜਿੰਦਰ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਕਿਰਤੀ ਕਿਸਾਨ ਯੂਨੀਅਨ ਨੇ ਜ਼ਿਲ੍ਹਾ ਮੋਗਾ ਦਾ ਡੈਲੀਗੇਟ ਅਜਲਾਸ ਪਿੰਡ ਘੱਲ ਕਲਾਂ ਵਿਖੇ ਕੀਤਾ ਗਿਆ।ਇਸ ਮੌਕੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਸੂਬਾ ਜਨਰਲ ਸਕੱਤਰ ਰਜਿੰਦਰ ਸਿੰਘ ਦੀਪ ਸਿੰਘ ਵਾਲਾ ਤੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਜੋ ਈਰਾਨ ਤੇ ਅਮਰੀਕਾ ਦੀ ਜੰਗ ਚੱਲ ਰਹੀ ਹੈ, ਉਸ ਕਰਕੇ ਸੰਸਾਰ ਆਰਥਿਕ ਮੰਦੀ ਦੀ ਮਾਰ ਝੱਲ ਰਿਹਾ ਹੈ, ਹੋਰ ਦੇਸ਼ਾਂ ਤੋਂ ਇਲਾਵਾ ਭਾਰਤ ਵਿੱਚ ਡੀਜ਼ਲ ਤੇ ਪੈਟਰੋਲ ਹਰ ਦਿਨ 2 ਰੁਪਏ ਵਧ ਰਿਹਾ ਹੈ, ਜਿਸ ਕਰਕੇ ਮਹਿੰਗਾਈ ਬੇਤਹਾਸ਼ਾ ਵਧ ਰਹੀ ਹੈ, ਜਿਸ ਕਰਕੇ ਆਮ ਲੋਕਾਂ ਦੀ ਜੇਬ 'ਤੇ ਬੋਝ ਪੈ ਰਿਹਾ।ਇਸ ਸਮੇਂ ਦੇਸ਼ ਦੇ ਹਾਕਮ ਲੋਕਾਂ ਨੂੰ ਆਰਥਿਕ ਮੰਦੀ ਵਿੱਚੋਂ ਕੱਢਣ ਦੀ ਬਜਾਏ ਤੇਲ ਤੇ ਖਾਣ ਵਾਲੀਆਂ ਵਸਤਾਂ ਦੀ ਵਰਤੋਂ ਘੱਟ ਕਰਨ ਦੀ ਗੱਲ ਆਖ ਰਹੇ, ਇਸ ਦੇ ਉਲਟ ਜੇ ਭਾਰਤ ਅਮਰੀਕਾ ਦੇ ਦਬਾਅ ਨੂੰ ਛੱਡ ਕੇ ਰੂਸ ਤੋਂ ਸਸਤਾ ਕੱਚਾ ਤੇਲ ਖ੍ਰੀਦੇ ਤਾਂ ਤੇਲ ਦੀਆਂ ਕੀਮਤਾਂ ਕਾਫੀ ਘੱਟ ਸਕਦੀਆਂ ਹਨ।ਇਸ ਮੌਕੇ ਸੂਬਾ ਕਮੇਟੀ ਮੈਂਬਰ ਚਮਕੌਰ ਸਿੰਘ ਰੋਡੇ ਨੇ ਜ਼ਿਲ੍ਹੇ ਦੀ ਰਿਪੋਰਟ ਪੇਸ਼ ਕੀਤੀ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚੋਂ ਕੁੱਲ 6950 ਮੈਂਬਰਸ਼ਿਪ ਹੋਈ ਹੈ।ਇਸ ਤੋਂ ਪਹਿਲਾਂ ਜ਼ਿਲ੍ਹੇ ਦੇ 5 ਬਲਾਕਾਂ ਵਿੱਚ ਡੈਲੀਗੇਟ ਅਜਲਾਸ ਕੀਤਾ ਜਾ ਚੁੱਕਾ ਹੈ।ਸਾਰੇ ਬਲਾਕਾਂ ਵਿੱਚੋਂ ਵੱਖ-ਵੱਖ ਪਿੰਡਾਂ ਤੋਂ 139 ਡੈਲੀਗੇਟ ਨੇ ਅਜਲਾਸ ਵਿੱਚ ਸ਼ਮੂਲੀਅਤ ਕੀਤੀ।

ਇਸ ਮੌਕੇ ਨਵੀਂ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਪ੍ਰਗਟ ਸਿੰਘ ਸਾਫੂਵਾਲਾ ਜ਼ਿਲ੍ਹਾ ਪ੍ਰਧਾਨ, ਜਸਪਾਲ ਸਿੰਘ ਪੁਰਾਣੇਵਾਲਾ ਮੀਤ ਪ੍ਰਧਾਨ, ਕੁਲਜੀਤ ਸਿੰਘ ਭੋਲਾ ਜਰਨਲ ਸਕੱਤਰ, ਤੀਰਥਵਿੰਦਰ ਸਿੰਘ ਘੱਲ ਕਲਾਂ ਪ੍ਰੈੱਸ ਸਕੱਤਰ, ਜਸਮੇਲ ਸਿੰਘ ਗੋਰਾ ਸਹਿ-ਪ੍ਰੈੱਸ ਸਕੱਤਰ, ਛਿੰਦਰਪਾਲ ਕੌਰ ਰੋਡੇ ਵਿੱਤ ਸਕੱਤਰ ਦੀ ਅਹੁਦੇਦਾਰਾ ਵਜੋਂ ਚੋਣ ਹੋਈ।ਇਸ ਦੇ ਨਾਲ ਨਾਲ ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ, ਬੇਅੰਤ ਸਿੰਘ ਮੱਲੇਆਣਾ, ਬੂਟਾ ਸਿੰਘ ਤਰਖਾਣ ਵੱਧ, ਅਜਮੇਰ ਸਿੰਘ ਛੋਟਾ ਘਰ, ਨਿਰਮਲ ਸਿੰਘ ਕਾਲੀਏ ਵਾਲਾ, ਨਾਜਰ ਸਿੰਘ ਖਾਈ, ਬਲਕਰਨ ਸਿੰਘ ਵੈਰੋਕੇ, ਭੋਲਾ ਸਿੰਘ ਭੈਣੀ ਦੀ ਮੈਂਬਰਾਂ ਵਜੋਂ ਚੋਣ ਹੋਈ।

# ਪੰਜਾਬ ਦੇ ਹਿੰਦੂ ਭਾਈਚਾਰੇ ਨੇ ਭਾਜਪਾ ਨੂੰ ਉਸ ਦਾ ਅਸਲੀ ਚਿਹਰਾ ਵਿਖਾਇਆ : ਮੁਖਤਿਆਰ ਸਿੰਘ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੂਬਾ ਮੀਤ ਪ੍ਰਧਾਨ ਮੁਖਤਿਆਰ ਸਿੰਘ ਦੀਨਾ ਸਾਹਿਬ ਨੇ ਕਿਹਾ ਕਿ ਪੰਜਾਬ ਦੇ ਹਿੰਦੂ ਭਾਈਚਾਰੇ ਨੇ ਹਾਲੀਆ ਚੋਣਾਂ ਵਿੱਚ ਭਾਜਪਾ ਨੂੰ ਉਸ ਦਾ ਅਸਲੀ ਚਿਹਰਾ ਵਿਖਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹਿੰਦੂ ਵੀਰ ਖ਼ੁਸ਼ਹਾਲ ਤੇ ਸੂਝਵਾਨ ਵਰਗ ਨਾਲ ਸਬੰਧਤ ਹਨ, ਜੋ ਧਮਕੀਆਂ, ਗੈਂਗਸਟਰਵਾਦ, ਨਫ਼ਰਤੀ ਭਾਸ਼ਣਾਂ, ਆਪਸੀ ਟਕਰਾਅ ਤੇ ਬੇਅਦਬੀ ਵਰਗੀਆਂ ਘਟਨਾਵਾਂ ਨੂੰ ਨਕਾਰਦੇ ਹੋਏ ਹਿੰਦੂ-ਸਿੱਖ ਭਾਈਚਾਰੇ ਦੀ ਸਾਂਝ ਵਿੱਚ ਵਿਸ਼ਵਾਸ ਰੱਖਦੇ ਹਨ।ਉਨ੍ਹਾਂ ਕਿਹਾ ਕਿ ਇਹ ਚੋਣਾਂ ਮੁੱਖ ਤੌਰ 'ਤੇ ਸ਼ਹਿਰਾਂ ਤੇ ਕਸਬਿਆਂ ਦੀਆਂ ਸਨ, ਜਿੱਥੇ ਭਾਜਪਾ ਆਪਣੇ ਮਜ਼ਬੂਤ ਜਨਅਧਾਰ ਦਾ ਦਾਅਵਾ ਕਰਦੀ ਰਹੀ ਹੈ, ਪਰ ਸ਼ਹਿਰੀ ਤੇ ਕਸਬਾਈ ਵੋਟਰਾਂ ਨੇ ਭਾਜਪਾ ਦੇ ਨਫ਼ਰਤੀ ਏਜੰਡੇ ਨੂੰ ਰੱਦ ਕਰਕੇ ਆਪਸੀ ਭਾਈਚਾਰੇ ਤੇ ਸਾਂਝੀਵਾਲਤਾ ਦਾ ਸਬੂਤ ਦਿੱਤਾ ਹੈ।ਉਨ੍ਹਾਂ ਕਿਹਾ ਕਿ ਫਿਰਕੂ ਤਾਕਤਾਂ ਨੂੰ ਆਇਨਾ ਵਿਖਾਉਣ ਲਈ ਪੰਜਾਬ ਦੇ ਹਿੰਦੂ ਭਾਈਚਾਰੇ ਦੀ ਭੂਮਿਕਾ ਸ਼ਲਾਘਾਯੋਗ ਹੈ।ਮੁਖਤਿਆਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਕੁਝ ਸਿੱਖ ਆਗੂਆਂ ਨੂੰ ਵੀ ਇਨ੍ਹਾਂ ਚੋਣ ਨਤੀਜਿਆਂ ਨੇ ਸਬਕ ਸਿਖਾਇਆ ਹੈ, ਜੋ ਪੰਜਾਬ ਵਿੱਚ ਰਹਿੰਦੇ ਹੋਏ ਫਿਰਕੂ ਤਾਕਤਾਂ ਨਾਲ ਜੁੜ ਗਏ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਭਲੇ ਲਈ ਕੰਮ ਕਰਨ ਦੀ ਬਜਾਏ ਅਜਿਹੀਆਂ ਤਾਕਤਾਂ ਦਾ ਸਾਥ ਦੇਣਾ ਸੂਬੇ ਦੇ ਭਵਿੱਖ ਲਈ ਠੀਕ ਨਹੀਂ ਹੈ।ਜੇਕਰ ਉਹ ਅਜੇ ਵੀ ਨਹੀਂ ਸਮਝਦੇ ਤਾਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਨਫਰਤ ਤੋਂ ਇਲਾਵਾ ਹੋਰ ਕੁਝ ਨਹੀਂ ਛੱਡ ਕੇ ਜਾਣਗੇ।ਉਨ੍ਹਾਂ ਭਾਜਪਾ ਆਗੂਆਂ ਨੂੰ ਵੀ ਸਲਾਹ ਦਿੰਦਿਆਂ ਕਿਹਾ ਕਿ ਪੰਜਾਬੀਆਂ ਦੇ ਦਿਲ ਪਿਆਰ ਤੇ ਆਪਸੀ ਸਤਿਕਾਰ ਨਾਲ ਜਿੱਤੇ ਜਾ ਸਕਦੇ ਹਨ, ਨਾ ਕਿ ਡਰਾਵਿਆਂ, ਨਫ਼ਰਤੀ ਭਾਸ਼ਣਾਂ ਤੇ ਹਿੰਦੂ-ਸਿੱਖ ਭਾਈਚਾਰੇ ਵਿੱਚ ਦਰਾੜ ਪਾਉਣ ਵਾਲੀਆਂ ਚਾਲਾਂ ਨਾਲ।ਉਨ੍ਹਾਂ ਕਿਹਾ ਕਿ ਪੰਜਾਬ ਗੁਰੂਆਂ ਦੇ ਨਾਮ 'ਤੇ ਵੱਸਦਾ ਸੂਬਾ ਹੈ, ਜਿੱਥੇ ਹਰ ਧਰਮ ਤੇ ਭਾਈਚਾਰੇ ਨੂੰ ਬਰਾਬਰ ਦਾ ਸਤਿਕਾਰ ਮਿਲਦਾ ਹੈ।ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਨਾਲ ਜੁੜੇ ਅਹਿਮ ਮੁੱਦਿਆਂ ਜਿਵੇਂ ਪਾਣੀਆਂ ਦੇ ਮਸਲੇ, ਬੀਬੀਐੱਮਬੀ ਵਿੱਚ ਪੰਜਾਬ ਦੀ ਨੁਮਾਇੰਦਗੀ, ਐੱਮਐੱਸਪੀ ਦੀ ਕਾਨੂੰਨੀ ਗਰੰਟੀ, ਪੰਜਾਬ ਸਿਰ ਚੜ੍ਹੇ ਕਰਜ਼ੇ ਦੀ ਮੁਆਫ਼ੀ, ਨਸ਼ਿਆਂ ਦੀ ਸਮੱਸਿਆ ਤੇ ਬੇਰੁਜ਼ਗਾਰੀ ਨੂੰ ਦੂਰ ਕਰਨ ਲਈ ਠੋਸ ਕਦਮ ਚੁੱਕੇ ਜਾਣ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੱਧ ਤੋਂ ਵੱਧ ਉਦਯੋਗ ਸਥਾਪਤ ਕਰਕੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਜਾਣ।

# ਪੈਸੇ ਖਾਤਿਆਂ 'ਚ, ਕੰਮ ਨਹੀਂ ਕਰ ਸਕਦੀਆਂ ਪੰਚਾਇਤਾਂ

- ਪੈਸੇ ਹੋਣ ਦੇ ਬਾਵਜੂਦ ਗਰੀਬ ਬਣੀਆਂ ਪੰਚਾਇਤਾਂ


ਸਰਪੰਚ ਗੱਜਣ ਸਿੰਘ ਹਰਿਆਊ ਦੀ ਅਗਵਾਈ 'ਚ ਜਾਣਕਾਰੀ ਦਿੰਦੇ ਪਿੰਡ ਦੇ ਪਤਵੰਤੇ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਪੰਜ ਹਜ਼ਾਰ ਤੋਂ ਵੱਧ ਦੀ ਆਬਾਦੀ ਵਾਲੇ ਪਿੰਡ ਹਰਿਆਊ ਖੁਰਦ ਦੀਆਂ ਪੰਚਾਇਤਾਂ ਪੈਸੇ ਖਾਤਿਆਂ ਵਿੱਚ ਪਏ ਹੋਣ ਦੇ ਬਾਵਜੂਦ ਗਰੀਬ ਹਨ।ਪਿੰਡ ਦੀ ਪੰਚਾਇਤੀ ਜ਼ਮੀਨ ਖੰਡ ਮਿੱਲ ਲਈ ਐਕਵਾਇਰ ਹੋਣ ਮਗਰੋਂ ਪੰਚਾਇਤ ਨੂੰ ਮਿਲੀ ਕਰੋੜਾਂ ਦੀ ਰਾਸ਼ੀ ਖਾਤਿਆਂ ਵਿੱਚ ਪਈ ਹੈ।ਉਨ੍ਹਾਂ ਪੈਸਿਆਂ ਨੂੰ ਵਿਕਾਸ ਕੰਮਾਂ ਲਈ ਪੰਚਾਇਤ ਵੱਲੋਂ ਨਾ ਵਰਤੇ ਜਾ ਸਕਣ ਕਰਕੇ ਪਿੰਡ ਦੇ ਵਿਕਾਸ ਕਾਰਜ ਠੱਪ ਪਏ ਹਨ।ਪਿੰਡ ਦੀਆਂ ਟੁੱਟੀਆਂ ਗਲੀਆਂ, ਪੀਣ ਵਾਲੇ ਪਾਣੀ ਦੀ ਸਪਲਾਈ ਦੀਆਂ ਖਰਾਬ ਹੋ ਚੁੱਕੀਆਂ ਪਾਈਪ ਲਾਈਨਾਂ ਸਮੇਤ ਹੋਰ ਬਹੁਤ ਸਾਰੀਆਂ ਅਜਿਹੀਆਂ ਬੁਨਿਆਦੀ ਸਹੂਲਤਾਂ ਨਾ ਮਿਲਣ ਕਾਰਨ ਪਿੰਡ ਵਾਸੀ ਪ੍ਰੇਸ਼ਾਨੀ ਦੇ ਆਲਮ ਵਿੱਚ ਹਨ।ਚੋਣਾਂ ਦੌਰਾਨ ਕੀਤੇ ਵਾਅਦਿਆਂ ਨੂੰ ਪੂਰਾ ਨਾ ਕਰ ਸਕਣ ਕਰਕੇ ਪੰਚਾਇਤਾਂ ਦੇ ਨੁਮਾਇੰਦੇ ਪ੍ਰੇਸ਼ਾਨ ਹਨ।ਪੰਚਾਇਤਾਂ ਨੇ ਮੁਸ਼ਕਿਲਾਂ ਹੱਲ ਨਾ ਹੋਣ ਦੀ ਸੂਰਤ ਵਿੱਚ ਸੰਘਰਸ਼ ਦੀ ਚੇਤਾਵਨੀ ਦਿੱਤੀ ਹੈ।

ਗ੍ਰਾਮ ਪੰਚਾਇਤ ਹਰਿਆਊ ਖੁਰਦ ਦੇ ਸਰਪੰਚ ਗੱਜਣ ਸਿੰਘ ਤੇ ਗ੍ਰਾਮ ਪੰਚਾਇਤ ਹਰਿਆਊ ਜੱਟਾਂ ਦੇ ਸਰਪੰਚ ਬਲਜਿੰਦਰ ਸਿੰਘ, ਮੈਂਬਰ ਪੰਚਾਇਤ ਜਸਵਿੰਦਰ ਸਿੰਘ ਪੱਪੂ, ਗੁਰਦੇਵ ਸਿੰਘ, ਸੁਖਵਿੰਦਰ ਸਿੰਘ, ਮੇਜਰ ਸਿੰਘ, ਪ੍ਰੇਮਾ ਜਗਜੀਤ ਸਿੰਘ ਤੇ ਜਰਨੈਲ ਸਿੰਘ ਆਦਿ ਨੇ ਦੱਸਿਆ ਕਿ ਪਾਤੜਾਂ ਤੋਂ ਪਿੰਡ ਨੂੰ ਆਉਣ ਵਾਲੀਆਂ ਦੋਨੋਂ ਸੜਕਾਂ ਵਾਇਆ ਚੁਨਾਗਰਾ ਤੇ ਦਿਓਗੜ੍ਹ ਵਿਖੇ ਲੰਮੇ ਸਮੇਂ ਤੋਂ ਪੱਥਰ ਖਿੱਲਰਿਆ ਹੋਇਆ ਹੈ, ਪਰ ਬਦਕਿਸਮਤੀ ਦੀ ਗੱਲ ਹੈ ਕਿ ਦੋ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵਿਭਾਗ ਵੱਲੋਂ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।

ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਕਰੀਬ ਚਾਰ ਸਾਲ ਪਹਿਲਾਂ ਵਾਟਰ ਵਰਕਸ ਦਾ ਟਿਊਬਵੈੱਲ ਨਵਾਂ ਲਾਇਆ ਗਿਆ ਸੀ, ਪਰ ਪਾਣੀ ਵਾਲੀਆਂ ਪਾਈਪਾਂ ਖਰਾਬ ਹੋਣ ਕਾਰਨ ਪਿੰਡ ਵਾਸੀ ਪੀਣ ਵਾਲੇ ਪਾਣੀ ਨੂੰ ਤਰਸ ਰਹੇ ਹਨ। ਉਨ੍ਹਾਂ ਦੱਸਿਆ ਕਿ ਪੀਡਬਲਿਊਡੀ ਦੇ ਅਧਿਕਾਰੀਆਂ ਨੂੰ ਸੜਕਾਂ ਦੇ ਮਾਮਲੇ ਨੂੰ ਲੈ ਕੇ ਕਈ ਵਾਰ ਮਿਲੇ, ਪਰ ਕੋਈ ਮਸਲਾ ਹੱਲ ਨਹੀਂ ਹੋਇਆ।ਇਸੇ ਤਰ੍ਹਾਂ ਪੀਣ ਵਾਲੇ ਪਾਣੀ ਦੀ ਸਪਲਾਈ ਲਈ 13 ਕਿਲੋਮੀਟਰ ਨਵੀਂ ਪਾਈਪਲਾਈਨ ਪਾਉਣ ਦਾ ਵਿਭਾਗ ਵੱਲੋਂ ਐਸਟੀਮੇਟ ਤਿਆਰ ਕਰਕੇ ਇਸ ਵਿੱਚ ਪੰਚਾਇਤੀ ਹਿੱਸੇ ਵਜੋਂ 3 ਲੱਖ 70 ਹਜ਼ਾਰ ਰੁਪਏ ਜਮਾਂ ਕਰਵਾਉਣ ਲਈ ਕਿਹਾ ਗਿਆ ਸੀ, ਪਰ ਲੰਬਾ ਸਮਾਂ ਬੀਤ ਜਾਣ ਦੇ ਬਾਵਜੂਦ ਹਾਲੇ ਤੱਕ ਖਾਤਾ ਨਹੀਂ ਖੁੱਲ੍ਹ ਸਕਿਆ।ਪਹਿਲਾਂ ਮਹਿੰਦਰਾ ਕੋਟਕ ਬੈਂਕ ਵਿੱਚ ਖਾਤਾ ਖੁਲ੍ਹਵਾਉਣ ਲਈ ਕਿਹਾ ਗਿਆ ਸੀ, ਪਰ ਹੁਣ ਆਈਡੀਬੀਆਈ ਵਿੱਚ ਖਾਤਾ ਖੁਲ੍ਹਵਾਉਣ ਲਈ ਕਿਹਾ ਜਾ ਰਿਹਾ ਹੈ, ਪਰ ਬੈਂਕ ਦੇ ਅਧਿਕਾਰੀ ਸਬੰਧੀ ਕੋਈ ਹਦਾਇਤ ਨਾ ਹੋਣ ਸਬੰਧੀ ਕਹਿ ਰਹੇ ਹਨ।

ਉਨ੍ਹਾਂ ਸਪੱਸ਼ਟ ਕੀਤਾ ਕਿ ਜਲ ਸਪਲਾਈ ਵਿਭਾਗ ਵੱਲੋਂ ਨਵੇਂ ਟਿਊਬਵੈੱਲ ਉੱਤੇ ਲੱਖਾਂ ਰੁਪਏ ਖਰਚ ਦੇਣ ਦੇ ਬਾਵਜੂਦ ਲੋਕ ਪੀਣ ਵਾਲੇ ਪਾਣੀ ਨੂੰ ਤਰਸ ਰਹੇ ਹਨ।ਉਨ੍ਹਾਂ ਕਿਹਾ ਕਿ ਅਗਰ ਪੀਣ ਵਾਲੇ ਪਾਣੀ ਦੀ ਜ਼ਰੂਰਤ ਪੂਰੀ ਕਰਨੀ ਹੋਵੇ ਤਾਂ ਪੰਚਾਇਤ ਨੂੰ ਪਿੰਡ ਵਿੱਚ ਘੱਟੋ ਘੱਟ 50 ਬੋਰ ਲਵਾਉਣੇ ਪੈਣਗੇ।ਇਸੇ ਤਰ੍ਹਾਂ ਪਿੰਡ ਵਿਚਲੀ ਆਯੁਰਵੇਦਿਕ ਡਿਸਪੈਂਸਰੀ ਦੀ ਇਮਾਰਤ ਬੇਹੱਦ ਖਸਤਾ ਹੈ। ਮੋਹਤਬਰਾਂ ਦੇ ਦੱਸਣ ਮੁਤਾਬਕ 90 ਦੇ ਦਹਾਕੇ ਵਿੱਚ ਪਿੰਡ ਦੀ ਪੰਚਾਇਤੀ ਜ਼ਮੀਨ ਦਾ ਵੱਡਾ ਹਿੱਸਾ ਸਰਕਾਰ ਵੱਲੋਂ ਖੰਡ ਮਿੱਲ ਲਾਏ ਜਾਣ ਲਈ ਐਕਵਾਇਰ ਕੀਤਾ ਗਿਆ ਸੀ।ਪੰਚਾਇਤਾਂ ਵੱਲੋਂ ਲੜੀ ਗਈ ਲੰਬੀ ਕਨੂੰਨੀ ਲੜਾਈ ਮਗਰੋਂ ਪੰਚਾਇਤ ਨੂੰ ਨੌਂ ਕਰੋੜ ਦੇ ਕਰੀਬ ਦੀ ਰਾਸ਼ੀ ਮਿਲੀ ਸੀ, ਪਰ ਉਕਤ ਰਾਸ਼ੀ ਪਿੰਡ ਦੀਆਂ ਪੰਚਾਇਤਾਂ ਵਿੱਚ ਵੰਡੀ ਗਈ ਸੀ।ਇਹ ਰਾਸ਼ੀ ਖਾਤਿਆਂ ਵਿੱਚ ਪਈ ਹੈ, ਇਸ ਦਾ ਸਿਰਫ਼ ਵਿਆਜ ਹੀ ਪਿੰਡ ਦੇ ਵਿਕਾਸ ਕਾਰਜਾਂ ਉੱਤੇ ਲਾਉਣ ਦੀਆਂ ਹਦਾਇਤਾਂ ਹਨ।ਉਨ੍ਹਾਂ ਦੱਸਿਆ ਕਿ ਇਸ ਰਾਸ਼ੀ ਦੇ ਖਾਤੇ ਵਿੱਚ ਹੋਣ ਕਰਕੇ ਪਿੰਡ ਨੂੰ ਸਰਕਾਰ ਵੱਲੋਂ ਕੋਈ ਵੀ ਗ੍ਰਾਂਟ ਜਾਰੀ ਨਹੀਂ ਕੀਤੀ ਜਾਂਦੀ।ਵਿਆਜ ਤੇ ਚੁਕੌਤੇ ਦੀ ਨਿਗੂਣੀ ਰਾਸ਼ੀ ਨਾਲ ਪਿੰਡ ਦੇ ਵਿਕਾਸ ਕਾਰਜ ਨਹੀਂ ਹੁੰਦੇ, ਜਿਸ ਕਰਕੇ ਲੋਕ ਪ੍ਰੇਸ਼ਾਨ ਹਨ।

# ਪੈਟਰੋਲ-ਡੀਜ਼ਲ ਤੇ ਰਸੋਈ ਗੈਸ ਦੀਆਂ ਵਧੀਆਂ ਕੀਮਤਾਂ ਦੇ ਰੋਸ ਵਜੋਂ ਕੀਤਾ ਪ੍ਰਦਰਸ਼ਨ



**ਜਲਾਲਾਬਾਦ (ਜੀਤ ਕੁਮਾਰ)**
ਦੇਸ਼ ਵਿੱਚ ਵਧਦੀ ਮਹਿੰਗਾਈ ਤੇ ਲੋਕਾਂ ਨੂੰ ਰਾਹਤ ਦੇਣ ਵਿੱਚ ਕੇਂਦਰ ਦੀ ਭਾਜਪਾ ਸਰਕਾਰ ਦੀ ਨਾਕਾਮੀ ਦੇ ਖ਼ਿਲਾਫ਼ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਾਂਗਰਸ ਪਾਰਟੀ ਦੇ ਲੀਡਰਾਂ, ਵਰਕਰਾਂ ਵੱਲੋਂ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਰੋਸ ਪ੍ਰਦਰਸ਼ਨ ਵਿੱਚ ਸਾਬਕਾ ਜੰਗਲਾਤ ਮੰਤਰੀ ਹੰਸ ਰਾਜ ਜੋਸਨ, ਨਗਰ ਕੌਂਸਲ ਦੇ ਪ੍ਰਧਾਨ ਵਿਕਾਸ ਦੀਪ ਚੌਧਰੀ, ਸੀਨੀਅਰ ਕਾਂਗਰਸ ਨੇਤਾ ਬਲਤੇਜ ਬਰਾੜ, ਬਲਾਕ ਸ਼ਹਿਰੀ ਪ੍ਰਧਾਨ ਬੰਟੀ ਵਾਟਸ, ਓਬੀਸੀ ਵਿਭਾਗ ਪੰਜਾਬ ਦੇ ਚੇਅਰਮੈਨ ਰਾਜ ਬਖਸ਼ ਕੰਬੋਜ, ਦਵਿੰਦਰ ਬਬਲ, ਅਸ਼ਵਨੀ ਸਿਡਾਨਾ, ਕਾਂਗਰਸ ਦੇ ਬਲਾਕ ਦਿਹਾਂਤੀ ਪ੍ਰਧਾਨ ਸ਼ਿੰਦਰ ਮਹਾਲਮ, ਧਰਮ ਸਿੱਧੂ, ਗੁਰਜੋਤ ਸੰਧੂ, ਨੀਲਾ ਮਦਾਨ, ਧੀਰਜ ਨਰੂਲਾ, ਰਾਜੇਸ਼ ਸ਼ਰਮਾ, ਪ੍ਰਤੀਕ ਸੰਧੂ, ਹਰਪਾਲ ਭੁੱਲਰ, ਚਰਨਜੀਤ ਸਿੰਘ, ਮੇਜਰ ਜਾਨੀਸਾਰ, ਵਿਜੈ ਨਾਗਪਾਲ, ਸੁਖਦੇਵ ਸਿੰਘ, ਹਰਜਿੰਦਰ ਵਿਰਕ, ਸੁਰੈਣ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਲੀਡਰਾਂ ਅਤੇ ਵਰਕਰਾਂ ਨੇ ਸ਼ਿਰਕਤ ਕੀਤੀ। ਸਾਬਕਾ ਜੰਗਲਾਤ ਮੰਤਰੀ ਹੰਸ ਰਾਜ ਜੋਸਨ ਅਤੇ ਸੀਨੀਅਰ ਕਾਂਗਰਸ ਨੇਤਾ ਬਲਤੇਜ ਸਿੰਘ ਬਰਾੜ ਨੇ ਕਿਹਾ ਕਿ ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਲਗਾਤਾਰ ਹੋ ਰਹੇ ਵਾਧੇ ਨੇ ਆਮ ਲੋਕਾਂ ਦਾ ਘਰੇਲੂ ਬਜਟ ਪੂਰੀ ਤਰ੍ਹਾਂ ਹਿਲਾ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਦੀ ਸੱਤਾ ਤੇ ਬਿਰਾਜਮਾਨ ਭਾਜਪਾ ਦੀ ਅਗੁਵਾਈ ਵਾਲੀ ਮੋਦੀ ਸਰਕਾਰ ਇੱਕ ਪਾਸੇ ਗਰੀਬ ਤੇ ਮੱਧ ਵਰਗ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਪਰ ਦੂਜੇ ਪਾਸੇ ਪੈਟਰੋਲ, ਡੀਜ਼ਲ ਅਤੇ ਗੈਸ ਦੀਆਂ ਚੜ੍ਹਦੀਆਂ ਕੀਮਤਾਂ ਲੋਕਾਂ ਦੀ ਕਮਰਤੋੜ ਰਹੀਆਂ ਹਨ।

## ਚੇਅਰਮੈਨ ਜਵੰਧਾ ਦੀ ਰਣਨੀਤੀ ਨੇ ਵਾਰਡ ਨੰ. 10 'ਚ ਲਹਿਰਾਇਆ 'ਆਪ' ਦਾ ਝੰਡਾ



**ਭਵਾਨੀਗੜ੍ਹ (ਰਾਜ ਖੁਰਮੀ)**-ਨਗਰ ਕੌਂਸਲ ਭਵਾਨੀਗੜ੍ਹ ਦੀਆਂ ਚੋਣਾਂ ਦੇ ਨਤੀਜਿਆਂ ਨੇ ਸਥਾਨਕ ਸਿਆਸਤ ਵਿੱਚ ਨਵੀਆਂ ਚਰਚਾਵਾਂ ਨੂੰ ਜਨਮ ਦਿੱਤਾ ਹੈ।ਵਾਰਡ ਨੰਬਰ 10 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਬੀਬੀ ਹਰਜਿੰਦਰ ਰਾਣੀ ਨੇ ਵੱਡੀ ਲੀਡ ਨਾਲ ਜਿੱਤ ਦਰਜ ਕਰਦਿਆਂ ਕੌਂਸਲਰ ਦੀ ਕੁਰਸੀ ਆਪਣੇ ਨਾਮ ਕੀਤੀ ਹੈ।ਇਸ ਜਿੱਤ ਪਿੱਛੇ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਦੀ ਸਿਆਸੀ ਵਿਉਂਤਬੰਦੀ ਤੇ ਚੋਣ ਪ੍ਰਚਾਰ ਦੌਰਾਨ ਕੀਤੀ ਗਈ ਮਿਹਨਤ ਨੂੰ ਅਹਿਮ ਕਾਰਕ ਮੰਨਿਆ ਜਾ ਰਿਹਾ ਹੈ।ਜਿਵੇਂ ਹੀ ਨਤੀਜਿਆਂ ਦਾ ਐਲਾਨ ਹੋਇਆ, ਵਾਰਡ ਨੰਬਰ 10 ਵਿੱਚ ਜਸ਼ਨ ਦਾ ਮਾਹੌਲ ਬਣ ਗਿਆ।ਪਾਰਟੀ ਵਰਕਰਾਂ ਤੇ ਸਮਰਥਕਾਂ ਨੇ ਢੋਲ ਦੀਆਂ ਧੁਨਾਂ 'ਤੇ ਭੰਗੜੇ ਪਾ ਕੇ ਤੇ ਲੱਡੂ ਵੰਡ ਕੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ।ਜਿੱਤ ਦੇ ਇਸ ਮੌਕੇ 'ਤੇ ਜਦੋਂ ਚੇਅਰਮੈਨ ਡਾ. ਮਿੰਕੂ ਜਵੰਧਾ ਵਾਰਡ ਵਿੱਚ ਪਹੁੰਚੇ ਤਾਂ ਲੋਕਾਂ ਨੇ ਫੁੱਲਾਂ ਦੀਆਂ ਮਾਲਾਵਾਂ ਤੇ ਨੋਟਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ।ਇਸ ਦੌਰਾਨ ਨਵ-ਚੁਣੀ ਕੌਂਸਲਰ ਬੀਬੀ ਹਰਜਿੰਦਰ ਰਾਣੀ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਵਾਰਡ ਵਾਸੀਆਂ ਨੇ ਕਿਹਾ ਕਿ ਇਹ ਜਿੱਤ ਚੇਅਰਮੈਨ ਜਵੰਧਾ ਦੀ ਦੂਰਅੰਦੇਸ਼ੀ, ਲਗਾਤਾਰ ਜਨ ਸੰਪਰਕ ਤੇ ਪਾਰਟੀ ਪ੍ਰਤੀ ਸਮਰਪਣ ਦਾ ਨਤੀਜਾ ਹੈ।ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਕਿ ਇਹ ਜਿੱਤ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਕੰਮਾਂ 'ਤੇ ਜਨਤਾ ਦੀ ਮੋਹਰ ਹੈ।ਉਨ੍ਹਾਂ ਕਿਹਾ ਕਿ ਵਾਰਡ ਦੇ ਵੋਟਰਾਂ ਨੇ ਰਵਾਇਤੀ ਸਿਆਸਤ ਤੋਂ ਉੱਪਰ ਉੱਠ ਕੇ ਵਿਕਾਸ ਦੇ ਮੁੱਦੇ ਨੂੰ ਤਰਜੀਹ ਦਿੱਤੀ ਹੈ।ਉਧਰ ਨਵ-ਚੁਣੀ ਕੌਂਸਲਰ ਬੀਬੀ ਹਰਜਿੰਦਰ ਰਾਣੀ ਤੇ ਉਨ੍ਹਾਂ ਦੇ ਪਤੀ ਸਤਗੁਰ ਸਿੰਘ ਨੇ ਵਾਰਡ ਵਾਸੀਆਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਲੋਕਾਂ ਦੀਆਂ ਉਮੀਦਾਂ 'ਤੇ ਪੂਰਾ ਉੱਤਰਿਆ ਜਾਵੇਗਾ।ਚੋਣ ਨਤੀਜਿਆਂ ਤੋਂ ਬਾਅਦ 'ਆਪ' ਦੇ ਵਰਕਰਾਂ ਵਿੱਚ ਨਵਾਂ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਜਸ਼ਨ ਸਮਾਗਮ ਵਿੱਚ ਵੱਡੀ ਗਿਣਤੀ 'ਚ ਵਰਕਰਾਂ, ਸਮਰਥਕਾਂ ਤੇ ਇਲਾਕੇ ਦੇ ਪਤਵੰਤੇ ਵਿਅਕਤੀਆਂ ਨੇ ਸ਼ਮੂਲੀਅਤ ਕੀਤੀ।

## ਸਾਲਾਸਰ ਧਾਮ ਤੇ ਸ੍ਰੀ ਖਾਟੂ ਸ਼ਿਆਮ ਲਈ ਬੱਸ ਯਾਤਰਾ ਰਵਾਨਾ



**ਭੀਖੀ (ਧਰਮਵੀਰ ਸ਼ਰਮਾ)**-ਭੀਖੀ ਤੋਂ ਸਾਲਾਸਰ ਧਾਮ ਤੇ ਸ੍ਰੀ ਖਾਟੂ ਸ਼ਿਆਮ ਲਈ ਪੰਜਵੀਂ ਬੱਸ ਯਾਤਰਾ ਸ਼੍ਰੀ ਖਾਟੂ ਸ਼ਿਆਮ ਤੇ ਸ਼ਨੀ ਦੇਵ ਮੰਦਰ ਤੋਂ ਰਵਾਨਾ ਹੋਈ।ਬੱਸ ਨੂੰ ਝੰਡੀ ਦੇ ਕੇ ਰਵਾਨਾ ਕਰਨ ਦੀ ਰਸਮ ਬਾਬਾ ਸੁਖਰਾਜ ਦਾਸ ਤੇ ਭੀਖੀ ਇੰਡੇਨ ਦੇ ਕੁਲਵੰਤ ਰਾਏ ਨੇ ਅਦਾ ਕੀਤੀ।ਮੰਦਰ ਦੇ ਪੁਜਾਰੀ ਜੱਸੀ ਬਾਬਾ ਨੇ ਦੱਸਿਆ ਕਿ ਇਸ ਧਾਰਮਿਕ ਯਾਤਰਾ ਦੌਰਾਨ ਸੰਗਤਾਂ ਨੂੰ ਸਾਲਾਸਰ ਧਾਮ ਤੇ ਸ੍ਰੀ ਖਾਟੂ ਸ਼ਿਆਮ ਤੋਂ ਇਲਾਵਾ ਹੋਰ ਵੀ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾਣਗੇ।ਇਸ ਤੋਂ ਇਲਾਵਾ ਸੰਗਤਾਂ ਲਈ ਖਾਣ-ਪੀਣ ਤੇ ਰਹਿਣ ਦਾ ਪ੍ਰਬੰਧ ਵੀ ਸੰਸਥਾ ਵੱਲੋਂ ਕੀਤਾ ਗਿਆ ਹੈ।

## ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ



**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਰਕਾਰ ਵੱਲੋਂ ਚਲਾਏ ਯੁੱਧ ਨਸ਼ਿਆਂ ਵਿਰੁੱਧ ਤਹਿਤ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ ਗਿਆ। ਸਮਾਗਮ ਦਾ ਉਦੇਸ਼ ਤੰਬਾਕੂ ਦੀ ਵਰਤੋਂ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣਾ ਤੇ ਤੰਬਾਕੂ ਰਹਿਤ ਜੀਵਨ ਸ਼ੈਲੀ ਨੂੰ ਉਤਸ਼ਾਹਤ ਕਰਨਾ ਸੀ।ਸਮਾਗਮ ਦੇ ਹਿੱਸੇ ਵਜੋਂ ਤੰਬਾਕੂ ਦੀ ਵਰਤੋਂ ਨਾ ਕਰਨ ਲਈ ਇੱਕ ਸਹੁੰ ਚੁੱਕ ਸਮਾਗਮ ਕਰਾਇਆ ਗਿਆ।ਸਕੂਲ ਵਿਦਿਆਰਥੀਆਂ ਦੇ ਪੇਂਟਿੰਗ ਮੁਕਾਬਲੇ ਤੇ ਭਾਸ਼ਣ ਮੁਕਾਬਲੇ ਕਰਾਏ ਗਏ, ਜਿਸ ਨਾਲ ਵਿਦਿਆਰਥੀਆਂ ਦੇ ਗਿਆਨ ਅਤੇ ਉਦੇਸ਼ ਪ੍ਰਤੀ ਵਚਨਬੱਧਤਾ ਨੂੰ ਹੋਰ ਮਜ਼ਬੂਤੀ ਮਿਲੀ।ਐਨ ਐਸ ਐਸ ਪ੍ਰੋਗਰਾਮ ਅਫਸਰ ਸ਼ਮਿੰਦਰ ਕੌਰ ਨੇ ਦੱਸਿਆ ਕਿ ਸਿਹਤਮੰਦ ਤੇ ਨਸ਼ਾ ਮੁਕਤ ਸਮਾਜ ਦੀ ਉਸਾਰੀ ਲਈ ਨੌਜਵਾਨਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਜ਼ਰੂਰੀ ਹੈ।ਮੈਨੇਜਿੰਗ ਡਾਇਰੈਕਟਰ ਸ੍ਰੀ ਬਲਜੀਤ ਸਿੰਘ ਵੱਲੋਂ ਮਨੁੱਖੀ ਸਿਹਤ ਨੂੰ ਵਡਮੁੱਲੀ ਦਾਤ ਦੱਸਦਿਆਂ ਨਸ਼ਿਆਂ ਜਿਹੇ ਹਾਨੀਕਾਰਕ ਪਦਾਰਥਾਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਦਿੱਤੀ।ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਵੱਲੋਂ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ।

## ਕੰਮ ਤੋਂ ਅਸਮਰੱਥ ਵਿਅਕਤੀਆਂ ਨੂੰ ਦਿੱਤੇ ਆਰਥਿਕ ਸਹਾਇਤਾ ਦੇ ਚੈੱਕ



**ਮੱਖੂ (ਰਛਪਾਲ ਸਿੰਘ ਸੰਧੂ)**-ਡਾ. ਸੁਰਿੰਦਰਪਾਲ ਸਿੰਘ ਓਬਰਾਏ ਵੱਲੋਂ ਚਲਾਈ ਜਾ ਰਹੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਟੀਮ ਵੱਲੋਂ ਗੁਰਦੁਆਰਾ ਸਾਹਿਬ ਬਾਬਾ ਕਰਮ ਚੰਦ ਜੀ ਬਾਠਾਂ ਵਾਲਾ ਵਿਖੇ ਕਰਾਏ ਸਾਦੇ ਸਮਾਗਮ ਦੌਰਾਨ ਮੱਖੂ ਤੇ ਜ਼ੀਰਾ ਦੇ ਨਾਲ ਲੱਗਦੇ ਪਿੰਡਾਂ ਨਾਲ ਸਬੰਧਤ 23 ਕੰਮ ਕਰਨ ਤੋਂ ਅਸਮਰੱਥ ਵਿਅਕਤੀਆਂ ਨੂੰ 23 ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਰਾਸ਼ੀ ਦੇ ਮਹੀਨਾਵਾਰ ਚੈੱਕ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ, ਮਨਪ੍ਰੀਤ ਸਿੰਘ ਵੱਲੋਂ ਵੰਡੇ ਗਏ।ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਵੱਲੋਂ ਦੱਸਿਆ ਕਿ ਸੰਸਥਾ ਦੇ ਬਾਨੀ ਡਾ. ਓਬਰਾਏ ਵੱਲੋਂ ਲੰਮੇ ਸਮੇਂ ਤੋਂ ਲੋੜਵੰਦਾ ਦੀ ਭਲਾਈ ਦੇ ਕਾਰਜ ਬਿਨਾਂ ਕਿਸੇ ਤੋਂ ਮੱਦਦ ਲਏ ਬਗੈਰ ਆਪਣੀ ਕਿਰਤ ਕਮਾਈ 'ਚੋਂ ਲਗਾਤਾਰ ਆਰਥਿਕ ਸਹਾਇਤਾ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਫ਼ਿਰੋਜ਼ਪੁਰ ਜ਼ਿਲ੍ਹੇ ਅੰਦਰ ਮੱਖੂ, ਜ਼ੀਰਾ, ਮੱਲਾਂਵਾਲਾ, ਤਲਵੰਡੀ ਭਾਈ, ਮੁੱਦਕੀ, ਫਿਰੋਜ਼ਪੁਰ ਛਾਉਣੀ, ਫ਼ਿਰੋਜ਼ਪੁਰ ਸ਼ਹਿਰ ਤੇ ਗੁਰੂਹਰਸਹਾਏ ਨਾਲ ਸੰਬੰਧਤ ਅੰਗਹੀਣਾਂ, ਦਿਮਾਗੀ ਤੌਰ 'ਤੇ ਬਿਮਾਰਾਂ ਤੇ ਮੈਡੀਕਲ ਸਹਾਇਤਾ ਲਈ ਮਹੀਨਾਵਾਰ ਪੈਨਸ਼ਨਾਂ, ਲੋੜਵੰਦ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਅਤੇ ਕਿਡਨੀ ਦੀ ਬਿਮਾਰੀ ਤੋਂ ਪੀੜਤ ਮਰੀਜ਼ਾਂ ਨੂੰ ਇੱਕ ਮਹੀਨੇ ਦੀਆਂ ਦੋ-ਦੋ ਡਾਇਲਿਸਿਸ ਕਿੱਟਾ ਮੁਹੱਈਆ ਕਰਾਈਆਂ ਜਾ ਰਹੀਆਂ ਹਨ ਅਤੇ ਅਨੇਕਾਂ ਹੀ ਹੋਰ ਭਲਾਈ ਦੇ ਕਾਰਜ ਚੱਲ ਰਹੇ ਹਨ ਅਤੇ ਅੱਗੇ ਹੋਰ ਵੀ ਕਈ ਲੋਕ ਭਲਾਈ ਦੇ ਕਾਰਜ ਕੀਤੇ ਜਾ ਰਹੇ ਹਨ।

## 'ਸੀਰਾ ਪੰਨੂ' ਨੇ ਰੱਖੀ ਆਮ ਆਦਮੀ ਪਾਰਟੀ ਦੀ ਲਾਜ਼, ਪੰਨੂ ਨੂੰ ਧਾਰਮਿਕ ਰੁਚੀ ਦਾ ਮਿਲਿਆ ਲਾਭ



**ਬਠਿੰਡਾ (ਰਾਜੀਵ ਗੋਇਲ)**-ਨਗਰ ਪੰਚਾਇਤ ਭਗਤਾ ਦੀ ਚੋਣ ਨੂੰ ਲੈ ਕੇ ਵਾਰਡ ਨੰਬਰ 12 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਗਸੀਰ ਸਿੰਘ ਸੀਰਾ ਪੰਨੂ ਵੱਲੋਂ ਜਿੱਤ ਹਾਸਲ ਕਰਦੇ ਹੋਏ ਆਪਣੀ ਪਾਰਟੀ ਦੀ ਲਾਜ਼ ਰੱਖੀ ਗਈ ਹੈ।ਨਗਰ ਪੰਚਾਇਤ ਦੇ 13 ਵਾਰਡਾਂ ਦੀ ਹੋਈ ਇਸ ਚੋਣ ਵਿੱਚ ਸਿਰਫ ਆਪ ਆਗੂ ਸੀਰਾ ਪੰਨੂ ਹੀ ਕਾਮਯਾਬ ਹੋਏ ਹਨ, ਜਿਨ੍ਹਾਂ ਵੱਲੋਂ ਅਕਾਲੀ ਦਲ ਦੇ ਉਮੀਦਵਾਰ ਕਰਨ ਦੂਆ ਨੂੰ 17 ਵੋਟਾਂ ਦੇ ਫਰਕ ਨਾਲ ਮਾਤ ਦਿੱਤੀ ਗਈ ਹੈ।ਦੱਸਣਾ ਬਣਦਾ ਹੈ ਕਿ ਭਾਵੇਂ ਹੀ ਸੀਰਾ ਪੰਨੂ ਜੱਟ ਸਿੱਖ ਪਰਵਾਰ ਨਾਲ ਸੰਬੰਧ ਰੱਖਦੇ ਹਨ, ਪਰ ਹਿੰਦੂ ਧਰਮ ਵਿੱਚ ਵੀ ਰੁਚੀ ਰੱਖਦੇ ਹੋਣ ਕਾਰਨ ਉਨ੍ਹਾਂ ਨੂੰ ਇਸ ਗੱਲ ਦਾ ਲਾਭ ਮਿਲਿਆ ਹੈ।ਪਿਛਲੇ ਵਰ੍ਹੇ ਜਦੋਂ ਅਯੋਧਿਆ ਵਿਖੇ ਰਾਮ ਮੰਦਰ ਦਾ ਉਦਘਾਟਨ ਕੀਤਾ ਗਿਆ ਸੀ ਤਾਂ ਭਗਤਾ ਸ਼ਹਿਰ ਵਿੱਚ ਕੱਢੀ ਗਈ ਸ਼ੋਭਾ ਯਾਤਰਾ ਵਿੱਚ ਵੀ ਇਸੇ ਨਵੇਂ ਚੁਣੇ ਗਏ ਕੌਂਸਲਰ ਸੀਰਾ ਪੰਨੂ ਵੱਲੋਂ ਵਿਸ਼ੇਸ਼ ਯੋਗਦਾਨ ਪਾਇਆ ਗਿਆ ਸੀ।



**ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟਲਾ ਬਜਵਾੜਾ ਦੀ ਪ੍ਰਿੰਸੀਪਲ ਡਾ. ਗੁਰਦੀਪ ਕੌਰ, ਸੁਨੀਲ ਕੁਮਾਰ ਚੇਅਰਮੈਨ ਐੱਸ ਐੱਮ ਸੀ, ਸਕੂਲ ਦੇ ਵਿਦਿਆਰਥੀ ਯੁਵਰਾਜ ਸਿੰਘ ਨੂੰ ਵੱਖ-ਵੱਖ ਖੇਤਰਾਂ ਵਿੱਚ ਪ੍ਰਾਪਤੀਆਂ ਕਰਨ 'ਤੇ ਸਨਮਾਨਤ ਕਰਦੇ ਹੋਏ।ਇਸ ਮੌਕੇ ਜਸਵੀਰ ਕੌਰ, ਰਾਜਵੀਰ ਕੌਰ, ਭਗਵੰਤ ਸਿੰਘ, ਜੁਵਨ ਖਾਨ, ਪੂਜਾ ਧੀਮਾਨ ਤੇ ਅਮਨਦੀਪ ਕੌਰ ਸਿੱਧੂ ਆਦਿ ਹਾਜ਼ਰ ਸਨ।** (ਫੋਟੋ ਤੇ ਵੇਰਵਾ : ਪ੍ਰਮੋਦ ਭਾਰਦਵਾਜ, ਸਰਹਿੰਦ)

## ਬੱਚਿਆਂ ਤੇ ਨੌਜਵਾਨਾਂ ਦੇ ਭਵਿੱਖ ਨੂੰ ਲੈ ਕੇ ਚਿੰਤਤ ਡਾ. ਢਿੱਲੋਂ ਦੀ ਟੀਮ ਦੇ ਉਪਰਾਲੇ ਪ੍ਰਸ਼ੰਸਾਯੋਗ : ਸੰਧਵਾਂ





**ਕੋਟਕਪੂਰਾ (ਰਛਪਾਲ ਭੁੱਲਰ)**-ਡਾ. ਮਨਜੀਤ ਸਿੰਘ ਢਿੱਲੋਂ ਤੇ ਗੁੱਡ ਮੌਰਨਿੰਗ ਵੈਲਫੇਅਰ ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਸੋਚ ਅਤੇ ਮਕਸਦ ਦੇ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜ ਸ਼ਲਾਘਾਯੋਗ ਹਨ।ਪੰਜਾਬ ਸਕੂਲ ਸਿੱਖਿਆ ਬੋਰਡ ਦੀ ਬਾਰ੍ਹਵੀਂ ਜਮਾਤ ਦੇ ਪੰਜਾਬ ਦੀ ਮੈਰਿਟ ਸੂਚੀ ਵਿੱਚ ਨਾਮ ਦਰਜ ਕਰਾਉਣ ਵਾਲੇ ਬੱਚਿਆਂ ਦੇ ਗੁੱਡ ਮੌਰਨਿੰਗ ਕਲੱਬ ਤੇ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ ਵੱਲੋਂ ਰੱਖੇ ਸਨਮਾਨ ਸਮਾਰੋਹ ਮੌਕੇ ਬਤੌਰ ਮੁੱਖ ਮਹਿਮਾਨ ਪੁੱਜੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਸਾਰੇ ਬੱਚੇ ਅਤੇ ਨੌਜਵਾਨ ਜੇਕਰ ਦ੍ਰਿੜ ਇਰਾਦਾ ਕਰ ਲੈਣ ਕਿ ਉਨ੍ਹਾਂ ਨੇ ਵੱਡੇ ਅਫਸਰ ਬਣਨਾ ਹੈ ਤਾਂ ਕੁਝ ਵੀ ਔਖਾ ਜਾਂ ਅਸੰਭਵ ਨਹੀਂ।ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਦੀ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਡਾ. ਮਨਜੀਤ ਸਿੰਘ ਢਿੱਲੋਂ ਨੇ ਆਖਿਆ ਕਿ ਮੇਰੀ ਪਿਛਲੇ ਲੰਮੇ ਸਮੇਂ ਤੋਂ ਦਿਲੀ ਇੱਛਾ ਰਹੀ ਹੈ ਕਿ ਸਾਡੇ ਪੰਜਾਬੀ ਨੌਜਵਾਨ ਮੁੰਡੇ-ਕੁੜੀਆਂ ਨੂੰ ਆਈ.ਏ.ਐਸ. ਤੇ ਆਈ.ਪੀ.ਐਸ. ਦੀ ਕੋਚਿੰਗ ਦੇ ਕੇ ਜੇਕਰ ਉਨ੍ਹਾਂ ਨੂੰ ਸਮਰੱਥ ਬਣਾਇਆ ਜਾਵੇ ਤਾਂ ਪੰਜਾਬ ਦੀ ਕਾਇਆ ਕਲਪ ਹੋ ਸਕਦੀ ਹੈ, ਕਿਉਂਕਿ ਪਹਿਲਾਂ ਦੇਸ਼ ਭਰ ਦੇ ਵੱਖ-ਵੱਖ ਰਾਜਾਂ ਵਿੱਚ ਪੰਜਾਬੀ ਨੌਜਵਾਨ ਆਈ.ਏ.ਐਸ. ਤੇ ਆਈ.ਪੀ.ਐਸ. ਦੀਆਂ ਕੁਰਸੀਆਂ 'ਤੇ ਬਿਰਾਜਮਾਨ ਹੁੰਦੇ ਸਨ, ਪਰ ਅੱਜ ਪੰਜਾਬ ਵਿੱਚ ਦੂਜੇ ਰਾਜਾਂ ਦੇ ਆਈ.ਏ.ਐਸ. ਅਤੇ ਆਈ.ਪੀ.ਐਸ. ਆਦਿਕ ਅਧਿਕਾਰੀਆਂ ਦੀ ਬਹੁਤਾਤ ਹੈ। ਮੈਂ ਆਪਣੇ ਵਲੋਂ ਆਈ.ਏ.ਐਸ. ਅਤੇ ਆਈ.ਪੀ.ਐਸ. ਦੇ ਨਾਲ-ਨਾਲ ਡਾਕਟਰ, ਡਿਫੈਂਸ ਅਫਸਰ, ਆਰਕੀਟੈਕਟ, ਨਾਟਾ, ਕਲੈਟ/ਜੱਜ ਟ੍ਰੇਨਿੰਗ ਸਮੇਤ ਹੋਰ ਬਹੁਤ ਸਾਰੇ ਅਜਿਹੇ ਕੋਰਸ ਕਰਾਉਣ ਦੀ ਯੋਜਨਾ ਬਣਾ ਰਿਹਾ ਹਾਂ, ਕਿਉਂਕਿ ਮੇਰਾ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ ਵਾਲਾ ਕੰਪਲੈਕਸ ਲਗਭਗ 7 ਏਕੜ ਵਿੱਚ ਬਣਿਆ ਹੋਇਆ ਹੈ, ਜਿੱਥੇ ਉਕਤ ਕੋਰਸ ਆਰਾਮ ਨਾਲ ਕਰਵਾਏ ਜਾ ਸਕਦੇ ਹਨ।

ਇਹ ਸੰਸਥਾ ਪੰਜਾਬ ਹੀ ਨਹੀਂ, ਬਲਕਿ ਐਨੇ ਖੁੱਲ੍ਹੇ ਚੌੜੇ ਖੇਤਰਫਲ ਵਿੱਚ ਉੱਤਰੀ ਭਾਰਤ ਦੀ ਇਹ ਪਹਿਲੀ ਸੰਸਥਾ ਹੋਵੇਗੀ।ਮੈਨੇਜਿੰਗ ਡਾਇਰੈਕਟਰ ਡਾ ਪ੍ਰੀਤਮ ਸਿੰਘ ਛੌਕਰ ਨੇ ਵਿਸਥਾਰ ਵਿੱਚ ਸਮਝਾਉਂਦਿਆਂ ਦੱਸਿਆ ਕਿ ਦਿੱਲੀ, ਚੰਡੀਗੜ੍ਹ ਤੇ ਕੋਟਾ ਵਰਗੇ ਮਹਾਂਨਗਰਾਂ ਵਿੱਚ ਮਿਲਣ ਵਾਲੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਤੇ ਕੋਚਿੰਗ ਦੀ ਸਹੂਲਤ ਹੁਣ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ ਵਿਖੇ ਮਿਲੇਗੀ।ਵਿਜਡਮ ਕੋਟਾ ਕਲਾਸਿਜ ਦੇ ਮੈਨੇਜਿੰਗ ਡਾਇਰੈਕਟਰ ਵਿਨੋਦ ਵਰਮਾ ਨੇ ਵਿਸਥਾਰ 'ਚ ਸਮਝਾਉਂਦਿਆਂ ਦੱਸਿਆ ਕਿ ਅਕਸਰ ਇਸ ਇਲਾਕੇ ਦੇ ਲੋਕ ਆਪਣੀਆਂ ਬੇਟੀਆਂ ਨੂੰ ਉਚੇਰੀ ਸਿੱਖਿਆ ਤੇ ਕੋਚਿੰਗ ਲਈ ਦੂਰ-ਦੁਰਾਡੇ ਇਲਾਕਿਆਂ ਵਿੱਚ ਭੇਜਣ ਤੋਂ ਕਤਰਾਉਂਦੇ ਸਨ, ਜਿਸ ਕਰਕੇ ਉਨ੍ਹਾਂ ਬੇਟੀਆਂ ਦੀਆਂ ਆਸਾਂ-ਉਮੀਦਾਂ ਢਹਿ-ਢੇਰੀ ਹੋ ਜਾਂਦੀਆਂ ਸਨ।

ਸਟੇਜ ਸੰਚਾਲਨ ਕਰਦਿਆਂ ਗੁਰਿੰਦਰ ਸਿੰਘ ਮਹਿੰਦੀਰੱਤਾ ਤੇ ਮੈਡਮ ਅਮਨਦੀਪ ਕੌਰ ਨੇ ਦਾਅਵਾ ਕੀਤਾ ਕਿ ਉਕਤ ਸਹੂਲਤਾਂ ਮੁਹੱਈਆ ਕਰਾਉਣ ਦਾ ਉਨ੍ਹਾਂ ਦਾ ਮਕਸਦ ਰੁਜ਼ਗਾਰ ਲਈ ਵਿਦੇਸ਼ ਜਾਣ ਦੀ ਸੋਚ ਰੱਖਣ ਵਾਲੀ ਨੌਜਵਾਨ ਸ਼ਕਤੀ ਨੂੰ ਸਹੀ ਮਾਰਗ ਦਰਸ਼ਨ ਦੇ ਕੇ ਉੱਚੇ ਅਹੁਦਿਆਂ ਦੇ ਕਾਬਲ ਬਣਾਉਣਾ ਹੈ ਤਾਂ ਜੁ ਉਹ ਵਿਦੇਸ਼ ਜਾਣ ਦੀ ਸੋਚ ਤਿਆਗ ਦੇਣ।ਉਨ੍ਹਾਂ ਅੰਕੜਿਆਂ ਸਹਿਤ ਵਿਸਥਾਰ ਵਿੱਚ ਸਮਝਾਉਂਦਿਆਂ ਦੱਸਿਆ ਕਿ ਵਿਦੇਸ਼ ਜਾਣ ਨਾਲ ਪੰਜਾਬ ਦਾ ਸਰਮਾਇਆ, ਜਵਾਨੀ ਤੇ ਹੁਨਰ ਤੋਂ ਪੰਜਾਬ ਦੀ ਧਰਤੀ ਵਾਂਝੀ ਹੁੰਦੀ ਜਾ ਰਹੀ ਹੈ, ਜਦਕਿ ਹੋਰਨਾ ਰਾਜਾਂ ਦੇ ਕਲਾਸ-1 ਅਫ਼ਸਰ ਪੰਜਾਬ ਦੇ ਪ੍ਰਮੁੱਖ ਅਹੁਦਿਆਂ 'ਤੇ ਬਿਰਾਜਮਾਨ ਹੋਣ ਨਾਲ ਵੀ ਪੰਜਾਬ ਦਾ ਕਰੋੜਾਂ-ਅਰਬਾਂ ਰੁਪਏ ਦਾ ਸਰਮਾਇਆ ਹੋਰਨਾ ਰਾਜਾਂ ਨੂੰ ਤਨਖਾਹ ਦੇ ਰੂਪ ਵਿੱਚ ਜਾ ਰਿਹਾ ਹੈ, ਜਿਸ ਕਰਕੇ ਪੰਜਾਬ ਨੂੰ ਆਰਥਿਕ ਤੰਗੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਸਨਮਾਨ ਸਮਾਰੋਹ ਨੂੰ ਰੌਚਕ ਤੇ ਦਿਲਚਸਪ ਬਣਾਉਣ ਲਈ ਪ੍ਰਸਿੱਧ ਭੰਗੜਾ ਕੋਚ ਦਿਲਪ੍ਰੀਤ ਬੱਬੂ ਦੀ ਟੀਮ ਨੇ ਗਿੱਧਾ, ਭੰਗੜਾ ਤੇ ਕੋਰੀਓਗ੍ਰਾਫੀ ਰਾਹੀਂ ਮਨੋਰੰਜਨ ਦੇ ਨਾਲ*-ਨਾਲ ਸਾਰਥਿਕ ਸੁਨੇਹਾ ਵੀ ਦਿੱਤਾ।

## 90 ਪਰੈਗਾ ਕੈਪਸੂਲ ਸਣੇ ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਨੇ ਇੱਕ ਵਿਅਕਤੀ ਨੂੰ 90 ਪ੍ਰੈਗਾ ਕੈਪਸੂਲ ਸਮੇਤ ਕਾਬੂ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਵਿਸਲੇਸ਼ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਥਾਣਾ ਏਰੀਏ ਵਿੱਚ ਮੌਜਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਕੁਲਦੀਪ ਸਿੰਘ ਉਰਫ ਸ਼ੰਟੀ ਪੁੱਤਰ ਦਰਸ਼ਨ ਸਿੰਘ ਵਾਸੀ ਵਾਰਡ ਨੰਬਰ 02 ਗਾਂਧੀ ਨਗਰ ਜਲਾਲਾਬਾਦ ਜੋ ਪਰੈਗਾ ਕੈਪਸੂਲ ਖਾਣ ਤੇ ਵੇਚਣ ਦਾ ਆਦੀ ਹੈ ਅਤੇ ਸਿਵਲ ਹਸਪਤਾਲ ਜਲਾਲਾਬਾਦ ਦੇ ਨਾਲ ਬੰਦ ਪਏ ਪੈਟਰੋਲ ਪੰਪ ਤੇ ਗਾਹਕਾਂ ਦੀ ਉਡੀਕ ਕਰ ਰਿਹਾ ਹੈ। ਇਤਲਾਹ ਭਰੋਸੇਯੋਗ ਹੋਣ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਕੁਲਦੀਪ ਸਿੰਘ ਉਰਫ ਸ਼ੰਟੀ ਨੂੰ 90 ਪਰੈਗਾ ਕੈਪਸੂਲ ਸਣੇ ਕਾਬੂ ਕੀਤਾ ਹੈ, ਜਿਸ 'ਤੇ ਥਾਣਾ ਅਮੀਰ ਖਾਸ ਵਿਖੇ ਮੁਕੱਦਮਾ ਨੰਬਰ 69 ਮਿਤੀ 30 ਮਈ 2026 ਨੂੰ ਧਾਰਾ 223 ਬੀ.ਐਨ.ਐਸ. ਦਰਜ ਕੀਤਾ ਗਿਆ ਹੈ।

## ਅੱਖਾਂ ਦਾ 149ਵਾਂ ਕੈਂਪ ਲਾਇਆ, 82 ਮਰੀਜ਼ਾਂ ਦੀ ਮੁਫ਼ਤ ਲੈਂਜ਼ ਪਾਉਣ ਲਈ ਚੋਣ



**ਬਰੇਟਾ (ਰੀਤਵਾਲ)**-ਜਿਉਣਾ ਮੱਲ ਕਪੂਰ ਚੰਦ ਦੀ ਯਾਦ ਨੂੰ ਸਮਰਪਤ ਆਸਰਾ ਫਾਊਂਡੇਸ਼ਨ ਵੱਲੋਂ ਹਰ ਮਹੀਨੇ ਦੇ ਆਖਰੀ ਐਤਵਾਰ ਨੂੰ ਲੱਗਣ ਵਾਲਾ ਅੱਖਾਂ ਦਾ 149 ਵਾਂ ਕੈਂਪ ਗੁਰਦੁਆਰਾ ਸਾਹਿਬ ਭਾਈ ਘਨੱਈਆ ਨੇੜੇ ਬੱਸ ਸਟੈਂਡ ਵਿਖੇ ਸ਼ੰਕਰਾ ਆਈ ਹਸਪਤਾਲ ਲੁਧਿਆਣਾ ਦੀ ਟੀਮ ਵੱਲੋਂ ਲਾਇਆ ਗਿਆ, ਜਿਸ ਵਿੱਚ 943 ਬਜ਼ੁਰਗਾਂ ਤੇ ਮਾਈਆਂ ਨੂੰ ਚੈੱਕ ਕਰਕੇ 82 ਮਰੀਜ਼ ਫ੍ਰੀ ਲੈਂਜ ਪਾਉਣ ਲਈ ਸਿਲੈਕਟ ਕੀਤੇ ਗਏ।ਟੀਮ ਆਸਰਾ ਦੇ ਪ੍ਰਧਾਨ ਡਾਕਟਰ ਗਿਆਨ ਚੰਦ ਆਜ਼ਾਦ, ਬਲਵਿੰਦਰ ਸਿੰਘ ਢਾਣੀ, ਜਗਮੇਲ ਸਿੰਘ ਸਿਰਸੀਵਾਲਾ, ਡਾਕਟਰ ਅਵਤਾਰ ਸਿੰਘ ਖਤਰੀਵਾਲਾ ਵੱਲੋਂ ਆਏ ਮਰੀਜ਼ਾਂ ਨੂੰ ਅੱਖਾਂ ਦੀਆਂ ਬਿਮਾਰੀਆਂ ਤੇ ਸਾਂਭ-ਸੰਭਾਲ ਬਾਰੇ ਵਿਸਥਾਰ ਪੂਰਵਕ ਦੱਸਿਆ ਗਿਆ।ਹਰ ਕੈਂਪ 'ਚ ਦਵਾਈਆਂ ਦੀ ਸੇਵਾ ਮਹਿੰਦਰ ਸਿੰਘ ਕਟੋਦੀਆ ਸੰਸਥਾਪਕ ਸਾਵਨ ਐਜੂਕੇਸ਼ਨਲ ਟਰੱਸਟ ਚੰਡੀਗੜ੍ਹ ਵੱਲੋਂ ਕੀਤੀ ਗਈ।ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਇਕਬਾਲ ਸਿੰਘ ਬਖਸ਼ੀਵਾਲਾ ਚੜ੍ਹਦੀ ਕਲਾ ਪ੍ਰਾਪਰਟੀ ਐਡਵਾਈਜ਼ਰ, ਡਾਕਟਰ ਰਕੇਸ਼ ਕੁਮਾਰ ਆਲਮਪੁਰ, ਲਾਲ ਸਿੰਘ ਭੁਟਾਲ, ਮਨੋਹਰ ਸਿੰਘ ਕਿਸ਼ਨਗੜ ਵੱਲੋਂ ਸਾਰੀ ਹੀ ਟੀਮ ਆਸਰਾ ਤੇ ਸੇਵਾਦਾਰਾਂ ਦਾ ਅੱਖਾਂ ਦੇ ਹਰ ਮਹੀਨੇ ਕੈਂਪ ਲਾਉਣ ਲਈ ਧੰਨਵਾਦ ਕਰਦਿਆਂ ਕਿਹਾ ਕਿ ਟੀਮ ਆਸਰਾ ਵੱਲੋਂ ਲਗਾਤਾਰ ਹਰ ਮਹੀਨੇ ਦੇ ਆਖਰੀ ਐਤਵਾਰ ਲਾਏ ਜਾ ਰਹੇ ਕੈਂਪ ਬਹੁਤ ਹੀ ਵੱਡਾ ਨੇਕ ਉਪਰਾਲਾ ਹੈ।ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾਕਟਰ ਤਰੁਣ ਛਾਬੜਾ ਵੱਲੋਂ 148 ਮਰੀਜ਼ ਚੈੱਕ ਕਰਕੇ ਫ੍ਰੀ ਦਵਾਈਆਂ ਦਿੱਤੀਆਂ ਗਈਆਂ ਅਤੇ ਵੱਡੇ ਆਪ੍ਰੇਸ਼ਨਾਂ ਵਿੱਚ ਆਪਣੇ ਵੱਲੋਂ 50% ਛੋਟ ਦੇਣ ਦਾ ਐਲਾਨ ਕੀਤਾ ਗਿਆ। ਅਰਿਹੰਤ ਕਾਲਜ ਐਜੂਕੇਸ਼ਨ ਬਰੇਟਾ ਦੇ ਟੀਚਰ ਕੁਲਦੀਪ ਸਿੰਘ ਦੀ ਅਗਵਾਈ ਵਿੱਚ ਸਟੂਡੈਂਟਸ ਵੱਲੋਂ ਪੂਰੇ ਡਿਸਪਲਨ ਵਿੱਚ ਆਪਣੀ ਡਿਊਟੀ ਨਿਭਾਈ ਗਈ।ਹਰ ਕੈਂਪ ਵਿੱਚ ਲੰਗਰ ਦੀ ਸੇਵਾ ਬਾਬਾ ਰਣਜੀਤ ਸਿੰਘ ਟੈਣੀ ਮੁੱਖ ਪ੍ਰਬੰਧਕ ਗੁਰਦੁਆਰਾ ਸਾਹਿਬ ਭਾਈ ਘਨੱਈਆ ਵੱਲੋਂ ਕੀਤੀ ਜਾਂਦੀ ਹੈ।ਵਿਸ਼ੇਸ਼ ਤੌਰ 'ਤੇ ਪਹੁੰਚੇ ਬਲਵਿੰਦਰ ਸਿੰਘ ਪਟਵਾਰੀ, ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ, ਜੈ ਕਾਲੀ ਮਾਤਾ ਮੰਡਲ ਬਰੇਟਾ, ਜ਼ਿਲ੍ਹਾ ਰੂਰਲ ਯੂਥ ਕਲੱਬਜ ਐਸੋਸੀਏਸ਼ਨ ਮਾਨਸਾ, ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ੍ਹ, ਸੰਜੀਵਨੀ ਵੈਲਫੇਅਰ ਸੋਸਾਇਟੀ ਬੁਢਲਾਡਾ, ਆਸ਼ੂ ਹੈਂਡਲੂਮ ਸਟੋਰ ਬਰੇਟਾ ਭਾਰਤ ਵਿਕਾਸ ਪ੍ਰੀਸ਼ਦ ਬਰੇਟਾ, ਸਤਿਕਾਰ ਕਮੇਟੀ ਵਰੇ ਸਾਹਿਬ, ਐਨੀਮਲ ਏਡ ਟੀਮ ਚੋਟੀਆਂ, ਰਾਧੇ ਸ਼ਾਮ ਐਂਡ ਕੰਪਨੀ ਬਰੇਟਾ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਬਰੇਟਾ, ਇਲਾਕੇ ਤੇ ਸਹਿਰ ਨਿਵਾਸੀਆਂ ਤੋਂ ਇਲਾਵਾ ਆਸਰਾ ਫਾਊਂਡੇਸ਼ਨ ਦੀ ਸਾਰੀ ਟੀਮ ਹਾਜ਼ਰ ਸੀ।ਅਗਲਾ ਕੈਂਪ 28 ਜੂਨ ਨੂੰ ਇਸੇ ਥਾਂ ਉਤੇ ਲੱਗੇਗਾ।

## ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਮਾਪੇ-ਅਧਿਆਪਕ ਮਿਲਣੀ ਦੌਰਾਨ ਵੱਖ-ਵੱਖ ਸਕੂਲਾਂ ਦਾ ਦੌਰਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਦੂਰ ਅੰਦੇਸ਼ੀ ਸੋਚ ਸਦਕਾ ਸਰਕਾਰੀ ਸਕੂਲਾਂ ਵਿੱਚ ਸ਼ੁਰੂ ਕੀਤੀ ਮਾਪੇ-ਅਧਿਆਪਕ ਮਿਲਣੀ ਦੌਰਾਨ 'ਸਿੱਖਿਆ ਦਾ ਮਹਾਂ ਜਸ਼ਨ' ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਤੇ ਮਾਪਿਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਮਾਪਿਆਂ ਨੇ ਭਰਪੂਰ ਸ਼ਲਾਘਾ ਕੀਤੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀਮਤੀ ਰਵਿੰਦਰ ਕੌਰ ਨੇ ਦੱਸਿਆ ਕਿ ਮੈਗਾ ਮਾਪੇ-ਅਧਿਆਪਕ ਮਿਲਣੀ 'ਸਿੱਖਿਆ ਦਾ ਮਹਾਂ ਜਸ਼ਨ' ਵਿੱਚ ਵਿਦਿਆਰਥੀਆਂ ਵੱਲੋਂ ਪ੍ਰਾਪਤ ਕੀਤੇ ਅੰਕਾਂ ਦੇ ਨਾਲ-ਨਾਲ ਉਨ੍ਹਾਂ ਦੀ ਚੰਗੀ ਸਿਹਤ ਬਾਰੇ, ਅਨੁਸ਼ਾਸਨ, ਖੇਡਾਂ, ਰਚਨਾਤਮਕਤਾ, ਨਸ਼ੇ ਵਿਰੁੱਧ ਤੇ ਐੱਚ ਪੀ ਵੀ ਟੀਕਾਕਰਨ ਬਾਰੇ ਮਾਪਿਆਂ ਨਾਲ ਚਰਚਾ ਕੀਤੀ ਗਈ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਰਵਿੰਦਰ ਕੌਰ ਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਦੀਦਾਰ ਸਿੰਘ ਵੱਲੋਂ ਪੀ ਐੱਮ ਸ਼੍ਰੀ ਸਰਕਾਰੀ ਹਾਈ ਸਕੂਲ ਹਰਬੰਸਪੁਰਾ, ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਗੜ੍ਹ (ਲੜਕੇ) ਟਿੱਬੀ, ਸਰਕਾਰੀ ਮਿਡਲ ਤੇ ਪ੍ਰਾਇਮਰੀ ਸਕੂਲ ਖਾਨਪੁਰ, ਸਰਕਾਰੀ ਹਾਈ ਸਕੂਲ ਬੁੱਗਾਂ ਕਲਾਂ, ਸਰਕਾਰੀ ਮਿਡਲ ਸਕੂਲ ਭਾਂਬਰੀਆਂ ਤੇ ਸਰਕਾਰੀ ਮਿਡਲ ਸਕੂਲ ਮਛਰਾਏ ਕਲਾਂ ਵਿਖੇ ਮੈਗਾ ਪੀ.ਟੀ.ਐਮ. ਦੌਰਾਨ ਸਕੂਲਾਂ ਦਾ ਦੌਰਾ ਕੀਤਾ ਗਿਆ।ਜ਼ਿਲ੍ਹਾ ਸਿੱਖਿਆ ਅਫਸਰ ਨੇ ਦੱਸਿਆ ਕਿ ਸਿੱਖਿਆ ਦੇ ਇਸ ਮਹਾਂ ਜਸ਼ਨ ਦਾ ਮੁੱਖ ਉਦੇਸ਼ ਨੀਤੀ ਆਯੋਗ ਵੱਲੋਂ ਜਾਰੀ ਸਿੱਖਿਆ ਦੀ ਗੁਣਵੱਤਾ 2.0 ਵਿੱਚ ਪੰਜਾਬ ਦੇ ਪਹਿਲਾ ਸਥਾਨ ਪ੍ਰਾਪਤ ਕਰਨ ਲਈ ਸਕੂਲਾਂ ਵਿੱਚ ਕੰਮ ਕਰਕੇ ਸਮੂਹ ਸਟਾਫ ਵੱਲੋਂ ਕੀਤੀ ਮਿਹਨਤ ਦੀ ਹੌਸਲਾ ਅਫਜ਼ਾਈ ਕਰਨਾ, ਬੋਰਡ ਪ੍ਰੀਖਿਆ ਵਿੱਚ ਸਕੂਲ ਪੱਧਰ 'ਤੇ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ, ਕਿਸੇ ਵੀ ਵਿਸ਼ੇ ਵਿੱਚ 100 ਫ਼ੀਸਦੀ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕਰਨਾ, ਜੇਈਈ, ਕਲੈਟ ਤੇ ਹੋਰ ਮੁਕਾਬਲੇ ਦੀਆਂ ਪ੍ਰੀਖਿਆਵਾਂ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕਰਨਾ, ਹੁਨਰ ਸਿੱਖਿਆ ਵਿੱਚ ਪ੍ਰਗਤੀ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਨਾ ਹੈ।ਇਸ ਮੌਕੇ ਵਿਦਿਆਰਥੀਆਂ ਨੂੰ ਗਰਮੀਆਂ ਦੀਆਂ ਛੁੱਟੀਆਂ ਦਾ ਕੰਮ ਵੀ ਦਿੱਤਾ ਗਿਆ।ਇਸ ਮੌਕੇ ਦੀਦਾਰ ਸਿੰਘ ਮਾਂਗਟ, ਉੱਪ ਜ਼ਿਲ੍ਹਾ ਸਿੱਖਿਆ ਅਫਸਰ ਨੇ ਸਕੂਲਾਂ ਦੇ ਇਨਫਰਾਸਟਰਕਚਰ ਦੇ ਸੁਧਾਰ ਬਾਰੇ ਸਰਕਾਰ ਵੱਲੋਂ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਕੂਲਾਂ ਵਿੱਚ ਬੱਚਿਆਂ ਨੂੰ ਉਸਾਰੂ ਵਿਦਿਅਕ ਮਾਹੌਲ ਦੇਣ ਲਈ ਸਕੂਲਾਂ ਦੇ ਢਾਂਚੇ ਵਿੱਚ ਲਗਾਤਾਰ ਸੁਧਾਰ ਕੀਤਾ ਗਿਆ ਹੈ ਅਤੇ ਇਹ ਉਪਰਾਲੇ ਲਗਾਤਾਰ ਜਾਰੀ ਰਹਿਣਗੇ।ਉਨ੍ਹਾਂ ਇਸ ਮੈਗਾ ਮਾਪੇ-ਅਧਿਆਪਕ ਮਿਲਣੀ, ਸਿੱਖਿਆ ਦਾ ਮਹਾਂ ਜਸ਼ਨ ਵਿੱਚ ਭਾਗ ਲੈਣ ਵਾਲੇ ਮਾਪਿਆਂ ਦਾ ਧੰਨਵਾਦ ਕੀਤਾ।

## ਪਾਤੜਾਂ ਕੌਂਸਲ ਨਤੀਜਿਆਂ ਦੇ ਰੌਚਕ ਕਿੱਸੇ ਚਰਚਾ ਦਾ ਵਿਸ਼ਾ ਬਣੇ

### ਨੂੰਹ ਜਿੱਤੀ ਸਹੁਰਾ ਹਾਰਿਆ, ਤਿੰਨਾਂ ਪਾਰਟੀਆਂ ਦੇ ਸ਼ਹਿਰੀ ਪ੍ਰਧਾਨ ਹਾਰੇ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਨਗਰ ਕੌਂਸਲ ਦੀ ਹੋਈ ਚੋਣ ਦੇ ਐਲਾਨੇ ਗਏ ਨਤੀਜਿਆਂ ਦੌਰਾਨ ਰੌਚਕ ਕਿੱਸੇ ਸਾਹਮਣੇ ਆਏ।ਇਸ ਚੋਣ ਦੌਰਾਨ ਦੋ ਵੱਖੋ-ਵੱਖਰੇ ਵਾਰਡਾਂ ਤੋਂ ਇੱਕੋ ਪਾਰਟੀ ਦੀ ਟਿਕਟ 'ਤੇ ਚੋਣ ਮੈਦਾਨ ਵਿੱਚ ਉਤਰੇ ਨੂੰਹ-ਸਹੁਰਾ ਅਜੀਬੋ ਗਰੀਬ ਸਥਿਤੀ ਵਿੱਚ ਫਸ ਗਏ। ਵੋਟਰ ਨੇ ਇੱਕ ਪਾਸੇ ਜਿੱਥੇ ਨੂੰਹ ਨੂੰ ਕੌਂਸਲਰ ਦੀ ਕੁਰਸੀ ਉੱਤੇ ਬਿਠਾ ਦਿੱਤਾ ਤੇ ਸਹੁਰਾ ਸਾਹਿਬ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ।ਇਸ ਚੋਣ ਦੌਰਾਨ ਦੂਜੇ ਪਾਸੇ ਤਿੰਨੋਂ ਵੱਡੀਆਂ ਸਿਆਸੀ ਪਾਰਟੀਆਂ ਦੇ ਸ਼ਹਿਰੀ ਪ੍ਰਧਾਨ ਆਪਣੇ ਆਪਣੇ ਵਾਰਡਾਂ ਵਿੱਚੋਂ ਚੋਣ ਹਾਰ ਗਏ, ਉੱਥੇ ਇਸ ਚੋਣ ਦੌਰਾਨ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਲਗਾਤਾਰ ਚੌਥੀ ਵਾਰ ਰਿਕਾਰਡ ਜਿੱਤ ਹਾਸਲ ਕਰਨ ਵਿੱਚ ਕਾਮਯਾਬ ਰਹੇ।

ਪਿਛਲੀਆਂ ਨਗਰ ਕੌਂਸਲ ਚੋਣਾਂ ਦੌਰਾਨ ਚੋਣ ਮੈਦਾਨ ਵਿੱਚ ਨਿੱਤਰੇ ਭਗਵਤ ਦਿਆਲ ਨਿੱਕਾ ਤੇ ਉਨ੍ਹਾਂ ਦੀ ਨੂੰਹ ਪ੍ਰੀਤੀ ਜੈਨ ਆਪੋ ਆਪਣੇ ਵਾਰਡਾਂ 'ਚੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਜਿੱਤ ਗਏ ਸੀ।ਜਿੱਤਣ ਉਪਰੰਤ ਦੋਵੇਂ ਨੂੰਹ ਸਹੁਰਾ ਸੱਤਾਧਾਰੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਸੀ ਤੇ ਪ੍ਰੀਤੀ ਜੈਨ ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਵੀ ਰਹੇ।ਇਸ ਵਾਰ ਫਿਰ ਭਗਵਤ ਦਿਆਲ ਨਿੱਕਾ ਵਾਰਡ ਨੰਬਰ ਦੋ ਤੇ ਉਨ੍ਹਾਂ ਦੀ ਨੂੰ ਪ੍ਰੀਤੀ ਜੈਨ ਵਾਰਡ ਨੰਬਰ 15 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਦੇ ਤੌਰ 'ਤੇ ਚੋਣ ਮੈਦਾਨ ਵਿੱਚ ਉਤਰੇ ਸੀ।ਭਗਵਤ ਦਿਆਲ ਨਿੱਕਾ ਕਾਂਗਰਸ ਦੇ ਉਮੀਦਵਾਰ ਅੰਮ੍ਰਿਤ ਅਨਮੋਲ ਓਮ ਸ਼ਾਂਤੀ ਤੋਂ ਹਾਰ ਗਏ, ਜਦੋਂਕਿ ਉਨ੍ਹਾਂ ਦੀ ਨੂੰਹ ਪ੍ਰੀਤੀ ਜੈਨ ਚੋਣ ਜਿੱਤ ਗਏ।ਇਨ੍ਹਾਂ ਚੋਣਾਂ ਦੌਰਾਨ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਮਦਨ ਲਾਲ ਗੋਇਲ ਵਾਰਡ ਨੰਬਰ 10 ਤੋਂ, ਕਾਂਗਰਸ ਦੇ ਸ਼ਹਿਰੀ ਪ੍ਰਧਾਨ ਰਾਜੇਸ਼ ਕੁਮਾਰ ਹੈਪੀ ਦੀ ਪਤਨੀ ਪੂਜਾ ਰਾਣੀ ਵਾਰਡ ਨੰਬਰ ਸੱਤ ਤੋਂ ਤੇ ਭਾਰਤੀ ਜਨਤਾ ਪਾਰਟੀ ਦੇ ਸ਼ਹਿਰੀ ਪ੍ਰਧਾਨ ਸਤੀਸ਼ ਗਰਗ ਦੀ ਪਤਨੀ ਕਿਰਨ ਗਰਗ ਵਾਰਡ ਨੰਬਰ 13 ਤੋਂ ਚੋਣ ਮੈਦਾਨ ਵਿੱਚ ਸੀ।'ਆਪ' ਦੇ ਸ਼ਹਿਰੀ ਪ੍ਰਧਾਨ ਮਦਨ ਲਾਲ ਗੋਇਲ ਤੇ ਕਾਂਗਰਸ ਅਤੇ ਭਾਜਪਾ ਦੇ ਸ਼ਹਿਰੀ ਪ੍ਰਧਾਨਾਂ ਦੀਆਂ ਪਤਨੀਆਂ ਚੋਣ ਹਾਰ ਗਈਆਂ।ਨਗਰ ਕੌਂਸਲ ਦੇ ਵਾਰਡ ਨੰਬਰ ਛੇ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਦੇ ਤੌਰ ਤੇ ਚੋਣ ਮੈਦਾਨ ਵਿੱਚ ਉਤਰੇ ਸਾਬਕਾ ਪ੍ਰਧਾਨ ਨਰਿੰਦਰ ਸਿੰਗਲਾ ਨੇ ਲਗਾਤਾਰ ਚੌਥੀ ਵਾਰ ਕਾਂਗਰਸ ਦੀ ਟਿਕਟ ਉੱਤੇ ਚੋਣ ਲੜੀ।ਉਹ ਪਾਰਟੀ ਦੇ ਹਲਕਾ ਇੰਚਾਰਜ ਦੀ ਥਾਪੜਾ ਤੋਂ ਬਿਨਾਂ 652 ਵੋਟਾਂ ਦੀ ਰਿਕਾਰਡ ਲੀਡ ਨਾਲ ਜਿੱਤ ਹਾਸਲ ਕੀਤੀ।ਉਹ ਸ਼ਹਿਰ ਵਿੱਚ ਸਭ ਤੋਂ ਵੱਧ ਵੋਟਾਂ ਨਾਲ ਜਿੱਤਣ ਦੇ ਨਾਲ ਨਾਲ ਲਗਾਤਾਰ ਚੌਥੀ ਵਾਰ ਐਮਸੀ ਬਣਨ ਵਿੱਚ ਕਾਮਯਾਬ ਰਹੇ। ਭਾਰਤੀ ਜਨਤਾ ਪਾਰਟੀ ਦੀ ਕੌਂਸਲਰ ਬਣੀ ਰਾਮ ਰਤੀ 17 ਵੋਟਾਂ ਨਾਲ ਤੇ ਆਪ ਕੌਂਸਲਰ ਰੇਨੂੰ ਵਧਵਾ ਦਾ 20 ਵੋਟਾਂ ਨਾਲ ਜਿੱਤਣ ਦੀ ਸ਼ਹਿਰ ਵਿੱਚ ਚਰਚਾ ਹੁੰਦੀ ਰਹੀ।

## ਪੈਂਡਿੰਗ ਗਰਾਂਟਾਂ ਜਾਰੀ ਕੀਤੀਆਂ ਜਾਣ : ਅਮਨਦੀਪ ਸ਼ਰਮਾ

**ਮਾਨਸਾ (ਆਤਮਾ ਸਿੰਘ ਪਮਾਰ)**-ਫਰਵਰੀ-ਮਾਰਚ ਮਹੀਨੇ ਪੰਜਾਬ ਦੇ ਵੱਖ ਵੱਖ ਸਕੂਲਾਂ 'ਚ ਚਾਰਦੀਵਾਰੀ ਦਾ ਕੰਮ ਮੁਕੰਮਲ ਕਰਨ ਉਪਰੰਤ ਅਸਲ ਬਿਲ ਦਫ਼ਤਰਾਂ 'ਚ ਜਮ੍ਹਾਂ ਕਰਵਾਉਣ ਤੋਂ ਬਾਅਦ ਵੀ ਫਰਮਾਂ ਦੇ ਖਾਤਿਆਂ 'ਚ ਰਾਸ਼ੀ ਜਮ੍ਹਾਂ ਨਾ ਹੋਣ ਕਾਰਨ ਦੁਕਾਨਦਾਰ ਅਧਿਆਪਕਾਂ ਨੂੰ ਵਾਰ-ਵਾਰ ਫੋਨ ਕਰ ਰਹੇ ਹਨ।ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ ਨੇ ਸਿੱਖਿਆ ਵਿਭਾਗ ਤੋਂ ਮੰਗ ਕੀਤੀ ਹੈ ਕਿ 31 ਮਾਰਚ ਨੂੰ ਵਾਪਸ ਗਈਆਂ ਗਰਾਂਟਾਂ ਮੁੜ ਜਾਰੀ ਕੀਤੀਆਂ ਜਾਣ ਤਾਂ ਜੋ ਦੁਕਾਨਦਾਰਾਂ, ਮਜ਼ਦੂਰਾਂ, ਮਿਸਤਰੀਆਂ ਨੂੰ ਪੈਸੇ ਦਿੱਤੇ ਜਾ ਸਕਣ।ਜਥੇਬੰਦੀ ਦੇ ਸੂਬਾਈ ਉੱਪ ਪ੍ਰਧਾਨ ਜਸ਼ਨਦੀਪ ਸਿੰਘ ਕੁਲਾਣਾ ਨੇ ਵਿਭਾਗ ਤੋਂ ਮੰਗ ਕੀਤੀ ਕਿ ਅਪ੍ਰੈਲ ਤੇ ਮਈ ਮਹੀਨੇ ਵਾਲੀ ਮਿਡ-ਡੇ ਮੀਲ ਦੀ ਗਰਾਂਟ ਦੀ ਰਾਸ਼ੀ ਵੀ ਤੁਰੰਤ ਜਾਰੀ ਕੀਤੀ ਜਾਵੇ।ਉਨ੍ਹਾ ਕਿਹਾ ਕਿ ਸਕੂਲ ਆਫ ਐਮੀਨੈਂਸ ਤਹਿਤ ਨਬਾਰਡ 29 ਤੇ 30 ਦੀਆਂ ਗਰਾਂਟਾਂ ਦੀ, ਜੋ ਰਾਸ਼ੀ 31 ਮਾਰਚ ਤੱਕ ਜਾਰੀ ਹੋਈ ਸੀ, ਤੁਰੰਤ ਸਕੂਲਾਂ ਦੇ ਖਾਤਿਆਂ 'ਚ ਜਮ੍ਹਾਂ ਕਰਵਾਈ ਜਾਵੇ।

## ਜ਼ਿਲ੍ਹੇ ਦੇ 224 ਅੱਪਰ ਪ੍ਰਾਇਮਰੀ ਸਕੂਲਾਂ 'ਚ ਮਾਪੇ-ਅਧਿਆਪਕ ਮਿਲਣੀ

### ਮਾਪਿਆਂ ਦੀ ਭਾਗੀਦਾਰੀ ਨਾਲ ਵਿਦਿਆਰਥੀਆਂ ਦੇ ਨਤੀਜਿਆਂ 'ਚ ਆਉਂਦਾ ਸੁਧਾਰ : ਮੁਨੀਲਾ ਅਰੋੜਾ/ਡਾ. ਸਤਿੰਦਰ ਸਿੰਘ



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਪੰਜਾਬ ਸਰਕਾਰ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੇ ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਏ ਗਏ ਮੈਗਾ ਪੀਟੀਐੱਮ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਫ਼ਿਰੋਜ਼ਪੁਰ ਸ਼੍ਰੀਮਤੀ ਮੁਨੀਲਾ ਅਰੋੜਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਸੇਠਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੁਕਨਾ ਬੇਗੂ ਤੇ ਸਰਕਾਰੀ ਮਿਡਲ ਸਕੂਲ ਪਟੇਲ ਨਗਰ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਫ਼ਿਰੋਜ਼ਪੁਰ ਡਾ. ਸਤਿੰਦਰ ਸਿੰਘ ਨੈਸ਼ਨਲ ਐਵਾਰਡੀ ਵੱਲੋਂ ਸਰਕਾਰੀ ਆਦਰਸ਼ ਮਾਡਲ ਸੀਨੀਅਰ ਸੈਕੰਡਰੀ ਸਕੂਲ ਬੁੱਕਣ ਖਾਂ ਤੇ ਸਰਕਾਰੀ ਹਾਈ ਸਕੂਲ ਝੋਕ ਹਰੀਹਰ ਦਾ ਨਿਰੀਖਣ ਕੀਤਾ ਗਿਆ।ਇਸ ਦੌਰਾਨ ਸਿੱਖਿਆ ਅਧਿਕਾਰੀਆਂ ਵੱਲੋਂ ਸਕੂਲਾਂ ਵਿੱਚ ਚੱਲ ਰਹੀਆਂ ਵਿਦਿਅਕ ਗਤੀਵਿਧੀਆਂ, ਵਿਦਿਆਰਥੀਆਂ ਦੀ ਹਾਜ਼ਰੀ, ਸਕੂਲੀ ਵਾਤਾਵਰਣ ਤੇ ਮੈਗਾ ਪੀਟੀਐੱਮ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਉਨ੍ਹਾਂ ਵੱਲੋਂ ਮਾਪਿਆਂ ਨਾਲ ਰੂਬਰੂ ਹੋ ਕੇ ਵਿਦਿਆਰਥੀਆਂ ਦੀ ਪੜ੍ਹਾਈ, ਅਨੁਸ਼ਾਸਨ, ਹਾਜ਼ਰੀ ਤੇ ਸਰਵਪੱਖੀ ਵਿਕਾਸ ਸਬੰਧੀ ਵਿਚਾਰ-ਵਟਾਂਦਰਾ ਵੀ ਕੀਤਾ ਗਿਆ।ਮਾਪਿਆਂ ਨੇ ਆਪਣੇ ਬੱਚਿਆਂ ਦੀ ਸਿੱਖਿਆ ਸਬੰਧੀ ਜਾਣਕਾਰੀ ਹਾਸਲ ਕਰਦਿਆਂ ਸਕੂਲਾਂ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।

ਡੀਈਓ ਮੁਨੀਲਾ ਅਰੋੜਾ ਨੇ ਕਿਹਾ ਕਿ ਮੈਗਾ ਪੀਟੀਐੱਮ ਦਾ ਮੁੱਖ ਉਦੇਸ਼ ਸਕੂਲ, ਅਧਿਆਪਕ ਤੇ ਮਾਪਿਆਂ ਵਿਚਕਾਰ ਮਜ਼ਬੂਤ ਸਾਂਝ ਸਥਾਪਤ ਕਰਨਾ ਹੈ ਤਾਂ ਜੋ ਬੱਚਿਆਂ ਦੀ ਪੜ੍ਹਾਈ ਤੇ ਵਿਕਾਸ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਜਦੋਂ ਮਾਪੇ ਤੇ ਅਧਿਆਪਕ ਮਿਲ ਕੇ ਬੱਚਿਆਂ ਦੀ ਪ੍ਰਗਤੀ ਲਈ ਕੰਮ ਕਰਦੇ ਹਨ ਤਾਂ ਵਿਦਿਆਰਥੀਆਂ ਦੇ ਨਤੀਜਿਆਂ ਤੇ ਵਿਅਕਤੀਗਤ ਵਿਕਾਸ ਵਿੱਚ ਸਕਾਰਾਤਮਕ ਸੁਧਾਰ ਦੇਖਣ ਨੂੰ ਮਿਲਦਾ ਹੈ।ਇਸ ਮੌਕੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ।ਮੈਗਾ ਪੀਟੀਐੱਮ ਵਰਗੇ ਪ੍ਰੋਗਰਾਮ ਮਾਪਿਆਂ ਨੂੰ ਸਕੂਲਾਂ ਨਾਲ ਜੋੜਨ ਤੇ ਬੱਚਿਆਂ ਦੀ ਪੜ੍ਹਾਈ ਪ੍ਰਤੀ ਜਾਗਰੂਕ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਅਧਿਆਪਕਾਂ ਨੂੰ ਹਦਾਇਤ ਕੀਤੀ ਕਿ ਉਹ ਹਰ ਵਿਦਿਆਰਥੀ ਦੀ ਸਿੱਖਣ ਪ੍ਰਕਿਰਿਆ ਉੱਤੇ ਵਿਸ਼ੇਸ਼ ਧਿਆਨ ਦੇਣ ਤੇ ਮਾਪਿਆਂ ਨਾਲ ਨਿਰੰਤਰ ਸੰਪਰਕ ਬਣਾਈ ਰੱਖਣ। ?ਇਸ ਮੌਕੇ ਸਕੂਲ ਮੁਖੀਆਂ, ਅਧਿਆਪਕਾਂ ਤੇ ਮਾਪਿਆਂ ਵੱਲੋਂ ਅਧਿਕਾਰੀਆਂ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸ਼ਲਾਘਾਯੋਗ ਪ੍ਰਾਪਤੀਆਂ ਵਾਲੇ ਵਿਦਿਆਰਥੀ ਤੇ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਪਹਿਲਾ ਸਥਾਨ ਦਿਵਾਉਣ ਲਈ ਅਧਿਆਪਕਾਂ ਨੂੰ ਵਿਭਾਗ ਵੱਲੋਂ ਪ੍ਰਾਪਤ ਵਿਸ਼ੇਸ਼ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਹਰਫੂਲ ਸਿੰਘ, ਦਿਨੇਸ਼ ਚੌਹਾਨ, ਅਰਸ਼ਦੀਪ ਸਿੰਘ, ਅਸ਼ਬੀਰ ਸਿੰਘ, ਹਰਵਿੰਦਰ ਸਿੰਘ, ਮੈਡਮ ਸੰਗੀਤਾ, ਹਿਰਦੇ ਨੰਦ, ਸੁਮਿਤ ਕੁਮਾਰ, ਪੂਨਮ ਰਾਣੀ, ਕਵਿਤਾ ਕੰਬੋਜ ਆਦਿ ਹਾਜ਼ਰ ਸਨ।

## ਅੱਜ ਮਨਾਇਆ ਜਾਵੇਗਾ ਸਾਈਕਲ ਦਿਵਸ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਖੇਡਾਂ ਰਾਹੀਂ ਔਰਤਾਂ ਨੂੰ ਮਜ਼ਬੂਤ ਬਣਾਉਣ ਅਤੇ ਸੂਬੇ ਭਰ ਵਿੱਚ ਸਾਈਕਲਿੰਗ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਦੇ ਇੱਕ ਵੱਡੇ ਉਪਰਾਲੇ ਤਹਿਤ, ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਨੇ 1 ਜੂਨ ਨੂੰ ਪਟਿਆਲਾ ਵਿਖੇ ਇੱਕ ਸ਼ਾਨਦਾਰ ਦੋਹਰੇ-ਸਮਾਗਮ ਦੀ ਮੇਜ਼ਬਾਨੀ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਹਨ।'ਵਿਸ਼ਵ ਸਾਈਕਲ ਦਿਵਸ' ਦੇ ਵਿਸ਼ਵਵਿਆਪੀ ਮੌਕੇ ਨੂੰ ਮੁੱਖ ਰੱਖਦਿਆਂ, ਰਾਜ ਦੀ ਇਹ ਸਰਵਉੱਚ ਸੰਸਥਾ ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ, ਪਟਿਆਲਾ ਦੇ ਸਹਿਯੋਗ ਨਾਲ ਵੱਕਾਰੀ 'ਅਸਮਿਤਾ ਖੇਲੋ ਇੰਡੀਆ ਵੂਮੈਨ ਸਿਟੀ ਲੀਗ' ਦੇ ਨਾਲ ਨਾਲ ਇੱਕ ਵਿਸ਼ਾਲ ਅਤੇ ਸਭ ਲਈ ਖੁੱਲ੍ਹੀ 'ਸਾਈਕਲ ਰੈਲੀ' ਕਰਾਈ ਜਾਵੇਗੀ।ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਇਹ ਇਤਿਹਾਸਕ ਖੇਡ ਉਤਸਵ ਭਾਰਤ ਸਰਕਾਰ ਦੇ ਯੁਵਾ ਮਾਮਲੇ ਤੇ ਖੇਡ ਮੰਤਰਾਲੇ, ਭਾਰਤੀ ਖੇਡ ਅਥਾਰਟੀ, ਫਿੱਟ ਇੰਡੀਆ ਤੇ ਸਾਈਕਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਨਿੱਘੇ ਸਹਿਯੋਗ ਨਾਲ ਉਲੀਕਿਆ ਜਾ ਰਿਹਾ ਹੈ। ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਨੇ ਕਿਹਾ ਕਿ 'ਅਸਮਿਤਾ ਖੇਲੋ ਇੰਡੀਆ' ਮੁਹਿੰਮ ਦੇਸ਼ ਭਰ ਵਿੱਚ ਮਹਿਲਾ ਖੇਡ ਪ੍ਰਤਿਭਾ ਦੀ ਪਛਾਣ ਕਰਨ, ਉਨ੍ਹਾਂ ਨੂੰ ਨਿਖਾਰਨ ਤੇ ਸਾਹਮਣੇ ਲਿਆਉਣ ਦਾ ਇੱਕ ਸਾਕਾਰ ਰੂਪ ਹੈ।ਉਨ੍ਹਾਂ ਅੱਗੇ ਕਿਹਾ ਕਿ ਪਟਿਆਲਾ ਵਿਖੇ ਇਸ ਵੂਮੈਨ ਸਿਟੀ ਲੀਗ ਦੀ ਮੇਜ਼ਬਾਨੀ ਕਰਕੇ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਮਹਿਲਾ ਸਾਈਕਲ ਸਵਾਰਾਂ ਲਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮੱਲਾਂ ਮਾਰਨ ਦੇ ਨਵੇਂ ਰਾਹ ਖੋਲ੍ਹ ਰਹੀ ਹੈ, ਜਦੋਂ ਕਿ ਇਸ ਦੇ ਨਾਲ ਹੀ 'ਵਿਸ਼ਵ ਸਾਈਕਲ ਦਿਵਸ ਰੈਲੀ' ਨੂੰ ਹਰ ਉਮਰ ਵਰਗ ਅਤੇ ਹਰ ਵਰਗ ਦੇ ਨਾਗਰਿਕਾਂ ਲਈ ਖੁੱਲ੍ਹਾ ਰੱਖ ਕੇ ਵਾਤਾਵਰਣ ਪੱਖੀ, ਸਥਿਰ ਆਵਾਜਾਈ ਅਤੇ ਨਿੱਜੀ ਸਿਹਤ ਦੀ ਮਹੱਤਤਾ ਨੂੰ ਦੁਹਰਾਇਆ ਜਾ ਰਿਹਾ ਹੈ।ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਜ਼ੋਰ ਦਿੱਤਾ ਕਿ ਇਹ ਸਮਾਗਮ ਪੂਰੀ ਤਰ੍ਹਾਂ ਸੰਮਿਲਿਤ ਤੇ ਸਾਈਕਲ ਸਵਾਰਾਂ ਦੀ ਸਹੂਲਤ ਨੂੰ ਮੁੱਖ ਰੱਖ ਕੇ ਤਿਆਰ ਕੀਤਾ ਗਿਆ ਹੈ। ਉਨ੍ਹਾਂ ਐਲਾਨ ਕੀਤਾ ਕਿ ਵੱਧ ਤੋਂ ਵੱਧ ਲੋਕਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਨੇ ਕਿਸੇ ਵੀ ਕਿਸਮ ਦੀ ਐਂਟਰੀ ਫੀਸ (ਦਾਖਲਾ ਫੀਸ) ਨੂੰ ਪੂਰੀ ਤਰ੍ਹਾਂ ਖ਼ਤਮ ਕਰ ਦਿੱਤਾ ਹੈ।

## ਸਿੱਖਿਆ ਵਿਭਾਗ 'ਚੋਂ ਮੋਹ ਭਿੱਜੀਆਂ ਦੁਆਵਾਂ ਨਾਲ ਵਿਦਾਅ ਹੋਏ ਮਾ: ਗੁਰਜੀਤ ਸਿੰਘ ਕੁੰਦਰ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਰਕਾਰੀ ਸੀਨੀਅਰ ਸਕੂਲ ਲੱਕੜਵਾਲੀ ਦੇ ਪ੍ਰਾਇਮਰੀ ਵਿੰਗ ਦੇ ਇੰਚਾਰਜ ਮੁੱਖ ਅਧਿਆਪਕ ਗੁਰਜੀਤ ਸਿੰਘ ਕੁੰਦਰ ਦੀ ਸੇਵਾ ਮੁਕਤੀ 'ਤੇ ਸਕੂਲ ਪ੍ਰਿੰਸੀਪਲ ਤੇ ਸਮੂਹ ਸਟਾਫ ਵੱਲੋਂ ਉਨ੍ਹਾਂ ਨੂੰ ਪਿਆਰ ਭਰੀ ਵਿਦਾਈ ਦਿੱਤੀ ਗਈ। ਸਮਾਗਮ ਦੇ ਸ਼ੁਰੂ ਵਿੱਚ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ। ਇਸ ਵਿਦਾਈ ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਰੋਹਤਾਸ ਕੁਮਾਰ ਜਾਗੜਾ ਨੇ ਮਾਸਟਰ ਗੁਰਜੀਤ ਸਿੰਘ ਦੀਆਂ ਅਠਾਈ ਸਾਲ ਛੇ ਮਹੀਨਿਆਂ ਦੀਆਂ ਸ਼ਾਨਦਾਰ ਵਿਦਿਅਕ ਸੇਵਾਵਾਂ 'ਤੇ ਰੋਸ਼ਨੀ ਪਾਈ। ਪਿੰਡ ਲੱਕੜਵਾਲੀ ਦੇ ਸਾਬਕਾ ਸਰਪੰਚ ਮਨਦੀਪ ਸਿੰਘ ਮਿੰਟੂ ਦਾ ਕਹਿਣਾ ਸੀ ਕਿ ਮਾ: ਗੁਰਜੀਤ ਸਿੰਘ ਦੀਆਂ ਇਸ ਨਗਰ ਲਈ ਦਿੱਤੀਆਂ ਵਿੱਦਿਅਕ ਤੇ ਸਮਾਜਿਕ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਇਸ ਵਿਦਾਈ ਸਮਾਗਮ ਦਾ ਮੰਚ ਸੰਚਾਲ ਸੁਨੀਤਾ ਬਿਸ਼ਨੋਈ ਵੱਲੋਂ ਸ਼ਾਇਰੋ-ਸ਼ਾਇਰੀ ਸੰਗ ਕੀਤਾ ਗਿਆ। ਇਸ ਮੌਕੇ ਪ੍ਰਿੰ: ਰੋਹਤਾਸ ਕੁਮਾਰ, ਰਿਟਾਇਰ ਮੁੱਖ ਅਧਿਆਪਕ (ਪਿਤਾ) ਤੇਜਾ ਸਿੰਘ ਕੁੰਦਰ, ਹਰਮੇਲ ਕੌਰ (ਮਾਤਾ) ਤੇ ਭੈਣ ਭਰਾਵਾਂ ਤੋਂ ਬਿਨਾਂ ਸਕੂਲ ਸਟਾਫ ਵੱਲੋਂ ਸੱਤ ਪਾਲ ਮੁਖੀਆ ਜੀ, ਅਮਰਜੀਤ ਸਿੰਘ, ਪ੍ਰਦੀਪ ਕੁਮਾਰ, ਸੰਜੀਵ ਚਾਵਲਾ, ਉਪ ਮੰਡਲ ਪੱਤਰਕਾਰ ਸੰਘ ਦੇ ਪ੍ਰਧਾਨ ਮਾ: ਸੁਰਿੰਦਰ ਪਾਲ ਸਿੰਘ, ਐੱਸ ਐੱਮ ਸੀ ਪ੍ਰਧਾਨ ਅਤਿੰਦਰਪਾਲ ਕੌਰ, ਗੁਰਜੀਤ ਸਿੰਘ, ਜੋਤ ਰਾਮ, ਉਦਿਤ ਸ਼ਰਮਾ, ਰਾਕੇਸ਼ ਕੁਮਾਰ, ਸੁਸ਼ੀਲ ਕੁਮਾਰ, ਜਸਵੰਤ ਸਿੰਘ, ਬੰਸੀਲਾਲ ਸਿੰਘ, ਸੋਹਣ ਲਾਲ, ਗੁਰਮੀਤ ਕੌਰ, ਸਤਬੀਰ ਕੌਰ, ਸੁਨੀਤਾ ਬਿਸ਼ਨੋਈ, ਪਰਮਜੀਤ ਕੌਰ ਤੇ ਚਰਨਜੀਤ ਕੌਰ ਦੀ ਮੌਜੂਦਗੀ ਯਾਦਗਾਰੀ ਰਹੀ।

## ਬਾਬਾ ਸਾਹਿਬ ਦੇ ਅਸ਼ੀਰਵਾਦ ਤੇ ਵਾਰਡ ਵਾਸੀਆਂ ਦੇ ਭਰਵੇਂ ਸਹਿਯੋਗ ਨਾਲ ਹੋਈ ਜਿੱਤ : ਸੰਦੀਪ ਕੌਰ ਕਟਾਰੀਆ



**ਬੁਢਲਾਡਾ (ਅਸ਼ੋਕ ਲਾਕੜਾ)**-ਨਗਰ ਕੌਂਸਲ ਬੁਢਲਾਡਾ ਦੀਆਂ ਹੋਈਆਂ ਚੋਣਾਂ ਵਿੱਚ ਬਹੁਜਨ ਸਮਾਜ ਪਾਰਟੀ ਚੋਣ ਨਿਸ਼ਾਨ ਹਾਥੀ ਦੀ ਉਮੀਦਵਾਰ ਸੰਦੀਪ ਕੌਰ ਕਟਾਰੀਆ ਪਤਨੀ ਅਵਤਾਰ ਸਿੰਘ ਕਟਾਰੀਆ ਹਲਕਾ ਪ੍ਰਧਾਨ ਬਹੁਜਨ ਸਮਾਜ ਪਾਰਟੀ ਦੇ ਜਿੱਤਣ ਦੀ ਖੁਸ਼ੀ ਵਿੱਚ ਪੂਰੇ ਸ਼ਹਿਰ ਵਿਖੇ ਜੋਸ਼ ਤੇ ਉਤਸ਼ਾਹ ਨਾਲ ਰੋਡ ਮਾਰਚ ਕੀਤਾ ਗਿਆ ਅਤੇ ਸ਼ਹਿਰ ਵਿੱਚ ਜੈ ਭੀਮ ਜੈ ਭਾਰਤ ਦੇ ਨਾਅਰੇ ਲਗਾਏ ਗਏ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਹੁਜਨ ਸਮਾਜ ਪਾਰਟੀ ਦੇ ਵਰਕਰਾਂ ਨੇ ਦੱਸਿਆ ਕਿ ਇਹ ਸਾਰੇ ਵਾਰਡ ਵਾਸੀਆਂ ਦੀ ਮਿਹਨਤ ਤੇ ਲਗਨ ਦੀ ਜਿੱਤ ਹੈ।ਉਨ੍ਹਾਂ ਕਿਹਾ ਕਿ ਲੋਕ ਚਾਹੁੰਦੇ ਸਨ ਕਿ ਬਾਬਾ ਸਾਹਿਬ ਦਾ ਜੋ ਮਿਸ਼ਨ ਹੈ, ਉਸ ਨੂੰ ਪੂਰਾ ਕਰਨਾ ਹੈ ਤੇ ਅਸੀਂ ਮਿਲ ਕੇ ਕਰਾਂਗੇ।ਉਨ੍ਹਾਂ ਕਿਹਾ ਕਿ ਵਾਰਡ ਤੇ ਸਾਰੇ ਹੀ ਸ਼ਹਿਰ ਦਾ ਬਹੁਤ ਬੁਰਾ ਹਾਲ ਹੈ।ਉਨ੍ਹਾਂ ਕਿਹਾ ਕਿ ਅੱਜ ਵਾਰਡ ਨੰਬਰ 9 ਦੀ ਪਹਿਲੀ ਪੌੜੀ ਦੀ ਸ਼ੁਰੂਆਤ ਹੋ ਚੁੱਕੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸੰਭਾਲੋ ਮੁਹਿੰਮ ਤਹਿਤ ਬਹੁਜਨ ਸਮਾਜ ਪਾਰਟੀ ਦੀ ਸਰਕਾਰ ਬਣੇਗੀ।ਉਨ੍ਹਾਂ ਕਿਹਾ ਕਿ ਪਾਰਟੀ ਵਰਕਰਾਂ ਤੇ ਸਪੋਰਟਰਾਂ ਦੀ ਮਿਹਨਤ ਸਦਕਾ ਹੀ ਵੱਡੇ ਪੱਧਰ 'ਤੇ ਸਫ਼ਲਤਾ ਮਿਲੀ ਹੈ, ਜਿਸ ਦੇ ਲਈ ਉਹ ਸਮੂਹ ਬਹੁਜਨ ਸਮਾਜ ਪਾਰਟੀ ਦੇ ਵਰਕਰਾਂ ਤੇ ਸਮਰਥਕਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ।ਇਸ ਮੌਕੇ ਅਵਤਾਰ ਸਿੰਘ ਕਟਾਰੀਆ ਹਲਕਾ ਪ੍ਰਧਾਨ ਬੁਢਲਾਡਾ, ਡਾ. ਅਮਰਜੀਤ ਚੰਦਨ, ਗੁਰਧਿਆਨ ਕਟਾਰੀਆ, ਤੇਜਾ ਸਿੰਘ ਬਰੇਟਾ, ਗੁਰਮੇਲ ਸਿੰਘ ਬੋੜਾਵਾਲ, ਅਜੈਬ ਸਿੰਘ, ਜ਼ਿਲ੍ਹਾ ਸਕੱਤਰ ਰਾਮਫਲ ਸਿੰਘ, ਉਮੀਦਵਾਰ ਜੱਗਾ ਸਿੰਘ, ਮੇਜਰ ਸਿੰਘ, ਜਸਵੀਰ ਸਿੰਘ ਰੰਘੜਿਆਲ, ਰਕੇਸ਼ ਕੁਮਾਰ, ਕੁੱਕੂ ਸਿੰਘ, ਰਜਿੰਦਰ ਮਿਸਤਰੀ, ਰਜਿੰਦਰ ਭੀਖੀ, ਬਾਦਲ ਸਿੰਘ, ਜਰਨੈਲ ਮਾਸਟਰ, ਪਰਮਜੀਤ ਕੌਰ, ਗਗਨਦੀਪ ਕੌਰ, ਸੋਨੂੰ ਕਟਾਰੀਆ, ਜਗਮੋਹਨ ਸਿੰਘ ਆਲੀਕੇ, ਰਿੰਕੂ ਸਿੰਘ ਕੁਲਾਣਾ, ਪਿਆਰਾ ਸਿੰਘ, ਗੋਰਾ ਸਿੰਘ, ਧੰਨਾ ਸਿੰਘ, ਗੁਰਮਨ ਕਟਾਰੀਆ, ਜੀਤਾ ਸਿੰਘ, ਜਸਵਿੰਦਰ ਜੱਸਾ ਬੁਢਲਾਡਾ, ਮੱਖਣ ਸਿੰਘ ਹੀਰੋ ਖੁਰਦ, ਬਾਵਾ ਸਿੰਘ ਕੁਲਰੀਆ, ਭੁੱਲਾ ਸਿੰਘ ਫੌਜੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

## 'ਮਨ ਕੀ ਬਾਤ' ਪ੍ਰੋਗਰਾਮ ਨਾਲ ਨੌਜਵਾਨਾਂ ਨੂੰ ਮਿਲਦਾ ਭਰਪੂਰ ਉਤਸ਼ਾਹ : ਬਾਜਵਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਮਨ ਕੀ ਬਾਤ ਪ੍ਰੋਗਰਾਮ ਦਾ ਆਯੋਜਨ ਸਾਬਕਾ ਮੰਡਲ ਪ੍ਰਧਾਨ ਭਾਜਪਾ ਅਸ਼ੋਕ ਗੋਇਲ ਦੇ ਦਫਤਰ ਵਿਖੇ ਸ਼ੈਲੀ ਬਾਂਸਲ ਦੀ ਅਗਵਾਈ ਵਿੱਚ ਕੀਤਾ ਗਿਆ, ਜਿਸ ਵਿੱਚ ਪ੍ਰਧਾਨ ਮੰਤਰੀ ਨੇ ਦੇਸ਼ ਵਾਸੀਆਂ ਨੂੰ ਸੰਬੋਧਨ ਕੀਤਾ।ਪ੍ਰੋਗਰਾਮ ਵਿੱਚ ਭਾਜਪਾ ਜਿਲਾ ਪ੍ਰਧਾਨ ਦਾਮਨ ਥਿੰਦ ਬਾਜਵਾ, ਹਰਮਨ ਬਾਜਵਾ ਤੇ ਮੰਡਲ ਪ੍ਰਧਾਨ ਰਾਜੀਵ ਬਾਂਸਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਵਰਕਰਾਂ ਨੂੰ ਪੂਰੇ ਉਤਸ਼ਾਹ ਅਤੇ ਜੋਸ਼ ਨਾਲ ਪ੍ਰੋਗਰਾਮ ਕਰਨ 'ਤੇ ਵਧਾਈ ਦਿੱਤੀ।ਦਮਨ ਥਿੰਦ ਬਾਜਵਾ ਨੇ ਕਿਹਾ ਕਿ ਦੇਸ਼ ਵਾਸੀਆਂ ਨੂੰ ਮਨ ਕੀ ਬਾਤ ਪ੍ਰੋਗਰਾਮ ਦਾ ਹਮੇਸ਼ਾ ਇੰਤਜ਼ਾਰ ਰਹਿੰਦਾ ਹੈ ਅਤੇ ਨੌਜਵਾਨਾਂ ਨੂੰ ਹਮੇਸ਼ਾ ਨਵੀਂ ਪ੍ਰੇਰਨਾ ਇਸ ਪ੍ਰੋਗਰਾਮ ਰਾਹੀ ਮਿਲਦੀ ਹੈ।ਉਨ੍ਹਾਂ ਕਿਹਾ ਕਿ ਭਾਜਪਾ ਵੱਲੋਂ ਹਰ ਬੂਥ ਲੇਬਲ ਤੇ ਮਨ ਕੀ ਬਾਤ ਪ੍ਰੋਗਰਾਮ ਕਰਨ ਨਾਲ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਦਾ ਹੈ।ਭਾਜਪਾ ਮੰਡਲ ਪ੍ਰਧਾਨ ਰਾਜੀਵ ਮੱਖਨ ਨੇ ਕਿਹਾ ਕਿ ਸਾਨੂੰ ਸਭ ਨੂੰ ਮਨ ਕੀ ਬਾਤ ਪ੍ਰੋਗਰਾਮ ਵਿੱਚ ਜ਼ਰੂਰ ਸ਼ਾਮਲ ਹੋਣਾ ਚਾਹੀਦਾ ਹੈ।

## ਗਰਾਸਿਮ ਸੀਮਿੰਟ ਕੰਟ੍ਰੈਕਟਰ ਵਰਕਰ ਯੂਨੀਅਨ ਨੇ ਸੀਟੂ ਦਾ ਸਥਾਪਨਾ ਦਿਵਸ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਅਲਟ੍ਰਾਟੈਕ ਸੀਮਿੰਟ ਪਲਾਂਟ ਵਿਖੇ ਗਰਾਸਿਮ ਸੀਮਿੰਟ ਕੰਟ੍ਰੈਕਟਰ ਵਰਕਰ ਯੂਨੀਅਨ (ਸੀਟੂ) ਵੱਲੋਂ ਸੀਮਿੰਟ ਫੈਕਟਰੀ ਦੇ ਮੇਨ ਗੇਟ ਅੱਗੇ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ ਸੀਟੂ ਦਾ 56 ਵਾਂ ਸਥਾਪਨਾ ਦਿਵਸ ਮਨਾਇਆ ਗਿਆ। ਸੀਟੂ ਦੇ ਸੂਬਾ ਆਗੂ ਬਲਕਾਰ ਸਿੰਘ ਨੇ ਕਿਹਾ ਕਿ 30 ਮਈ 1970 ਨੂੰ ਸੀਟੂ ਦੀ ਸਥਾਪਨਾ ਹੋਈ। ਇਸ ਤੋਂ ਬਾਅਦ ਲਗਾਤਾਰ ਸੰਘਰਸ਼ਾਂ ਦੇ ਮੈਦਾਨ ਵਿੱਚ ਮਜ਼ਦੂਰ ਮੁਲਾਜ਼ਮਾਂ ਦੀਆਂ ਮੰਗਾਂ ਤੇ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਅਨੇਕਾਂ ਸੰਘਰਸ਼ ਕੀਤੇ। ਹੁਣ ਜਦੋਂ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਿਰਤ ਵਿਰੋਧੀ ਚਾਰ ਕੋਡ ਲਾਗੂ ਕਰ ਦਿੱਤੇ ਗਏ ਹਨ। ਦੇਸ਼ ਭਰ ਵਿੱਚ 12 ਘੰਟੇ ਕੰਮ ਦੇ ਵਿਰੋਧ 'ਚ 8 ਘੰਟੇ ਕੰਮ ਦੀ ਮੰਗ ਕਰਦੇ ਅਤੇ ਘੱਟੋ-ਘੱਟ ਉਜ਼ਰਤਾਂ 26000 ਰੁਪਏ ਮਹੀਨਾ ਦੀ ਮੰਗ ਕਰਦੇ ਹਜ਼ਾਰਾਂ ਮਜ਼ਦੂਰ ਸੜਕਾਂ 'ਤੇ ਉੱਤਰ ਆਏ ਹਨ, ਜਿਨ੍ਹਾਂ ਦੀ ਅਗਵਾਈ ਵੀ ਸੀਟੂ ਕਰ ਰਹੀ ਹੈ ਤੇ ਸੰਘਰਸ਼ਸ਼ੀਲ ਜਥੇਬੰਦੀ ਦੇ ਤੌਰ 'ਤੇ ਮੋਹਰੀ ਰੋਲ ਨਿਭਾਅ ਰਹੀ ਹੈ। 12 ਫਰਵਰੀ ਦੀ ਦੇਸ਼ ਵਿਆਪੀ ਮੁਕੰਮਲ ਹੜਤਾਲ ਸਮੇਤ ਵੱਡੀਆਂ ਹੜਤਾਲਾਂ ਕਰਾਉਣ ਦੀ ਅਗਵਾਈ ਟਰੇਡ ਯੂਨੀਅਨ ਸੀਟੂ ਵੱਲੋਂ ਕੀਤੀ ਗਈ। ਉਨ੍ਹਾਂ ਕਿਹਾ ਕਿ ਪਿਛਲੇ 25 ਸਾਲਾਂ ਤੋਂ ਲਗਾਤਾਰ ਸੰਘਰਸ਼ ਕਰਦੇ ਥਰਮਲ ਕਾਮਿਆਂ ਵੱਲੋਂ ਕਿਰਤ ਦੀ ਲੁੱਟ ਕਰਦੇ ਠੇਕੇਦਾਰੀ ਸਿਸਟਮ ਖਿਲਾਫ ਲੰਮੇ ਸੰਘਰਸ਼ਾਂ ਤੋਂ ਬਾਅਦ ਆਖਰ ਜਿੱਤ ਪ੍ਰਾਪਤ ਕਰ ਲਈ ਹੈ। ਇਹ ਜਿੱਤ ਵੀ ਉਸ ਸਮੇਂ ਹੋਈ ਜਦੋਂ ਕੇਂਦਰ ਸਰਕਾਰ ਨੇ ਮਜ਼ਦੂਰਾਂ ਦੀ ਰਾਖੀ ਕਰਦੇ ਸਾਰੇ ਕਿਰਤ ਕਾਨੂੰਨ ਖਤਮ ਕਰ ਦਿੱਤੇ ਹਨ। ਥਰਮਲ ਤੇ ਸੀ ਐਚ ਬੀ ਕਾਮਿਆਂ ਤੇ ਉਨ੍ਹਾਂ ਦੀ ਸਮੁੱਚੀ ਲੀਡਰਸ਼ਿਪ ਨੂੰ ਇਨਕਲਾਬੀ ਵਧਾਈਆਂ ਦਿੰਦਿਆਂ ਵੇਰਕਾ ਅਤੇ ਸਫ਼ਾਈ ਕਾਮਿਆਂ ਸਮੇਤ ਦੇਸ਼ ਭਰ ਵਿੱਚ ਹੱਕਾਂ ਲਈ ਸੰਘਰਸ਼ ਕਰਦੇ ਕਿਰਤੀਆਂ ਨਾਲ ਇਕਜੁਟਤਾ ਦਾ ਪ੍ਰਗਟਾਵਾ ਕੀਤਾ ਗਿਆ। ਅਲਟ੍ਰਾਟੈਕ ਸੀਮਿੰਟ ਮੈਨੇਜਮੈਂਟ ਨੂੰ ਚੇਤਾਵਨੀ ਦਿੰਦਿਆਂ ਉਨ੍ਹਾਂ ਕਿਹਾ ਕਿ ਜੇਕਰ ਯੂਨੀਅਨ ਵੱਲੋਂ ਦਿੱਤੇ ਗਏ ਮੰਗ ਪੱਤਰ ਤੇ ਪੰਜਾਬ ਸਰਕਾਰ ਵੱਲੋਂ 1 ਮਈ ਨੂੰ ਘੱਟੋ-ਘੱਟ ਉਜਰਤਾਂ ਵਿੱਚ ਕੀਤੇ 15% ਵਾਧੇ ਨੂੰ ਨਾ ਲਾਗੂ ਕੀਤਾ ਗਿਆ ਤਾਂ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।

# ਕਿਸਾਨ ਜਥੇਬੰਦੀਆਂ ਸਮਾਜ ਦੇ ਹਰ ਵਰਗ ਦੀ ਲੜਾਈ ਲੜ ਰਹੀਆਂ ਹਨ : ਗੁਰਚਰਨ ਸਿੰਘ ਚਾਹਲ

**ਸ਼ਾਹਕੋਟ (ਗਿਆਨ ਸੈਦਪੁਰੀ)**- ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਜ਼ਿਲ੍ਹਾ ਸਕੱਤਰ ਗੁਰਚਰਨ ਸਿੰਘ ਚਾਹਲ ਨੇ ਪਿੰਡ ਕਾਕੜ ਕਲਾਂ ਅਤੇ ਪਿੰਡ ਕਾਂਗਣਾ ਦੀਆਂ ਇਕਾਈਆਂ ਦੀ ਚੋਣ ਸਮੇਂ ਹਾਜ਼ਰ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿਸ ਤਰ੍ਹਾਂ ਸਰਕਾਰ ਦੀਆਂ ਉਦਾਰੀਕਰਨ , ਨਿੱਜੀਕਰਨ ਅਤੇ ਵਿਸ਼ਵੀਕਰਨ ਦੀਆਂ ਨੀਤੀਆਂ ਨੇ ਦੇਸ਼ ਦੀ ਆਰਥਿਕਤਾ ਨੂੰ ਤਬਾਹੀ ਦੇ ਕੰਢੇ 'ਤੇ ਲਿਆ ਕੇ ਖੜਾ ਕਰ ਦਿੱਤਾ ਹੈ । ਅੱਜ ਸਮਾਜ ਦਾ ਹਰ ਵਰਗ ਜਿਵੇਂ ਕਿ ਕਿਸਾਨ, ਮਜ਼ਦੂਰ, ਮੁਲਾਜ਼ਮ, ਵਿਦਿਆਰਥੀ, ਛੋਟੇ ਦੁਕਾਨਦਾਰ ਤੋਂ ਲੈ ਕੇ ਰੇੜੀ -ਫੜੀ ਵਾਲੇ ਤੱਕ ਹਰ ਵਰਗ ਬੁਰੀ ਤਰਾਂ ਪ੍ਰਭਾਵਿਤ ਹੈ ।ਵਿਸ਼ਵ ਵਪਾਰ ਸੰਸਥਾ ਅਤੇ ਵਿਸ਼ਵ ਬੈਂਕ ਦੇ ਦਬਾਅ ਸਦਕਾ ਭਾਰਤ ਸਰਕਾਰ ਦੁਆਰਾ ਲਾਗੂ ਕੀਤੀਆਂ ਇਹਨਾਂ ਨੀਤੀਆਂ ਨਾਲ ਭਾਰਤ ਦੀ ਅਰਥ ਵਿਵਸਥਾ ਦੀ ਵਿਕਾਸ ਅਤੇ ਵਿਸਥਾਰ ਦੇ ਝੂਠੇ ਵਾਅਦੇ ਅਤੇ ਦਾਵੇ ਖੋਖਲੇ ਸਾਬਤ ਹੋਏ ਹਨ ।ਇਹਨਾਂ ਨੀਤੀਆਂ ਕਾਰਨ ਸਮਾਜ ਦਾ ਹਰ ਵਰਗ ਬੁਰੀ ਤਰਾਂ ਪ੍ਰਭਾਵਿਤ ਹੈ ।ਇਸ ਕਰਕੇ ਕਿਸਾਨ ਜਥੇਬੰਦੀਆਂ ਆਪਣੀਆਂ ਮੰਗਾਂ ਦੇ ਨਾਲ ਨਾਲ ਹਰ ਵਰਗ ਦੁਆਰਾ ਕੀਤੇ ਜਾ ਰਹੇ ਸੰਘਰਸ਼ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਪਿੰਡ ਕਾਕੜ ਕਲਾਂ ਦੀ ਇਕਾਈ ਦੇ ਅਹੁਦੇਦਾਰਾਂ ਦੀ ਚੋਣ ਕਰਦੇ ਹੋਏ ਜਸਮੇਲ ਸਿੰਘ ਨੂੰ ਪ੍ਰਧਾਨ, ਹਰਜੀਤ ਸਿੰਘ ਨੂੰ ਸਕੱਤਰ ਅਤੇ ਸੁਖਰਾਜ ਸਿੰਘ ਨੂੰ ਵਿੱਤ ਸਕੱਤਰ ਚੁਣਿਆ ਗਿਆ ।ਚੋਣ ਸਮੇਂ ਦਿਲਬਾਗ ਸਿੰਘ, ਅਮਰਿੰਦਰ ਸਿੰਘ, ਸੁਖਦੇਵ ਸਿੰਘ, ਜੋਗਿੰਦਰ ਸਿੰਘ, ਜਸਪਾਲ ਸਿੰਘ, ਮਨਜੀਤ ਸਿੰਘ ਆਦਿ ਹਾਜ਼ਰ ਸਨ ।ਇਹ ਚੋਣ ਬਲਾਕ ਪ੍ਰਧਾਨ ਬਲਕਾਰ ਸਿੰਘ ਦੀ ਨਿਗਰਾਨੀ ਹੇਠ ਕੀਤੀ ਗਈ । ਇਕਾਈ ਕਾਂਗਣਾਂ ਦੀ ਚੋਣ ਵਿੱਚ ਨਰਿੰਦਰਜੀਤ ਸਿੰਘ ਸਾਭਾ ਨੂੰ ਪ੍ਰਧਾਨ, ਪਰਮਿੰਦਰ ਸਿੰਘ ਨੂੰ ਸਕੱਤਰ ਸੁਖਵਿੰਦਰ ਸਿੰਘ ਬਿੱਟੂ ਨੂੰ ਖਜਾਨਚੀ ਚੁਣਿਆ ਗਿਆ ।ਇਕਾਈ ਦੀ ਚੋਣ ਸਮੇਂ ਨਿਰਮਲ ਸਿੰਘ, ਸੁਖਵਿੰਦਰ ਸਿੰਘ ਮਝੈਲ, ਮਨਦੀਪ ਸਿੰਘ, ਸਤਵੰਤ ਸਿੰਘ, ਜਸਪਾਲ ਸਿੰਘ, ਹਰਪਿੰਦਰ ਸਿੰਘ, ਗੁਰਚੇਤਨ ਸਿੰਘ, ਸਤਨਾਮ ਸਿੰਘ, ਮਨਜੀਤ ਸਿੰਘ ਮਲਸੀਆਂ ਤੇ ਗੁਰਪਾਲ ਸਿੰਘ ਮਲਸੀਆਂ ਆਦਿ ਹਾਜ਼ਰ ਸਨ।



# ਨਾਇਬ ਸਿੰਘ ਸੈਣੀ ਨੇ ਡੇਰਾ ਮੁਖੀ ਨਾਲ ਕੀਤੀ ਮੁਲਾਕਾਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਡੇਰਾ ਰਾਧਾ ਸੁਆਮੀ ਸਤਿਸੰਗ, ਬਿਆਸ ਪਹੁੰਚ ਕੇ ਡੇਰਾ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਇਸ ਦੌਰਾਨ ਮੁੱਖ ਮੰਤਰੀ ਨੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਵੱਖ-ਵੱਖ ਸਮਾਜਿਕ ਤੇ ਅਧਿਆਤਮਿਕ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕੀਤੀ।ਇਸ ਤੋਂ ਬਾਅਦ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਕਪੂਰਥਲਾ ਪਹੁੰਚੇ, ਜਿੱਥੇ ਉਨ੍ਹਾਂ ਨੇ ਪ੍ਰਸਿੱਧ ਮਾਤਾ ਭੱਦਰਕਾਲੀ ਮੰਦਰ ਵਿੱਚ ਪੂਜਾ-ਅਰਚਨਾ ਕਰਕੇ ਸੂਬੇ ਅਤੇ ਦੇਸ਼ ਵਾਸੀਆਂ ਦੀ ਸੁਖ-ਸਮ੍ਰਿੱਧੀ, ਸ਼ਾਂਤੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਦੀ ਅਧਿਆਤਮਿਕ ਅਤੇ ਸੱਭਿਆਚਾਰਕ ਵਿਰਾਸਤ ਸਮਾਜ ਨੂੰ ਜੋੜਨ ਅਤੇ ਸਕਾਰਾਤਮਕ ਊਰਜਾ ਪ੍ਰਦਾਨ ਕਰਨ ਦਾ ਕੰਮ ਕਰਦੀ ਹੈ।ਆਪਣੇ ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਪੂਰਥਲਾ ਦੇ ਸਰਕੂਲਰ ਰੋਡ ਮਾਰਕੀਟ ਖੇਤਰ ਵਿੱਚ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਸਥਾਨਕ ਨਾਗਰਿਕਾਂ ਦਾ ਅਭਿਨੰਦਨ ਸਵੀਕਾਰ ਕੀਤਾ। ਇਸ ਦੌਰਾਨ ਲੋਕਾਂ ਵਿੱਚ ਮੁੱਖ ਮੰਤਰੀ ਪ੍ਰਤੀ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ।ਮੁੱਖ ਮੰਤਰੀ ਨੇ ਸਥਾਨਕ ਨਾਗਰਿਕਾਂ ਨੂੰ ਕਿਹਾ ਕਿ ਸਰਕਾਰ ਜਨ-ਕਲਿਆਣ, ਵਿਕਾਸ ਅਤੇ ਸੁਸ਼ਾਸਨ ਦੇ ਸੰਕਲਪ ਨਾਲ ਲਗਾਤਾਰ ਕਾਰਜ ਕਰ ਰਹੀ ਹੈ ਅਤੇ ਆਮ ਲੋਕਾਂ ਦੇ ਹਿੱਤ ਸਭ ਤੋਂ ਉੱਪਰ ਹਨ।

# ਹੋਣਹਾਰ ਵਿਦਿਆਰਥੀ ਸਨਮਾਨਤ

**ਜਲੰਧਰ (ਸ਼ੈਲੀ ਐਲਬਰਟ)**- ਸ਼ਾਹਪੁਰ ਸਥਿਤ ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਆਯੋਜਿਤ ਪ੍ਰਸਿੱਧ ਸ਼ਾਈਨਿੰਗ ਸਟਾਰ ਪ੍ਰੋਗਰਾਮ ਇਸ ਸਾਲ ਬਹੁਤ ਹੀ ਸ਼ਾਨਦਾਰ ਅਤੇ ਪ੍ਰੇਰਨਾਦਾਇਕ ਢੰਗ ਨਾਲ ਕਰਵਾਇਆ ਗਿਆ, ਜਿਸ ਵਿੱਚ ਲਗਭਗ 1500 ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਹ ਵਿਦਿਆਰਥੀ ਸੀ ਬੀ ਐੱਸ ਈ, ਆਈ ਸੀ ਐੱਸ ਈ ਅਤੇ ਪੀ ਐੱਸ ਈ ਬੀ ਬੋਰਡ ਦੀ 10ਵੀਂ ਅਤੇ 12ਵੀਂ ਜਮਾਤ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਸਨ।ਇਸ ਗਰਿਮਾਈ ਸਮਾਰੋਹ ਵਿੱਚ ਵਿਦਿਆਰਥੀਆਂ, ਮਾਪਿਆਂ, ਅਧਿਆਪਕਾਂ ਅਤੇ ਪੰਜਾਬ ਦੇ ਵੱਖ-ਵੱਖ ਪ੍ਰਸਿੱਧ ਸਿੱਖਿਆ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਸਮਾਗਮ ਦਾ ਮੁੱਖ ਮਕਸਦ ਵਿਦਿਆਰਥੀਆਂ ਦੀ ਮਿਹਨਤ ਤੇ ਸਮਰਪਣ ਦੀ ਹੌਸਲਾ ਅਫ਼ਜ਼ਾਈ ਕਰਨਾ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਉਚਾਈਆਂ ਛੂਹਣ ਲਈ ਪ੍ਰੇਰਿਤ ਕਰਨਾ ਸੀ। ਇਸ ਮੌਕੇ 'ਤੇ ਮੁੱਖ ਮਹਿਮਾਨ ਵਜੋਂ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਸ਼ਾਮਲ ਹੋਏ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਿੱਖਿਆ, ਅਨੁਸ਼ਾਸਨ ਅਤੇ ਲਗਾਤਾਰ ਮਿਹਨਤ ਨਾਲ ਹੀ ਜੀਵਨ ਵਿੱਚ ਵੱਡੀਆਂ ਕਾਮਯਾਬੀਆਂ ਹਾਸਲ ਕੀਤੀਆਂ ਜਾ ਸਕਦੀਆਂ ਹਨ ਅਤੇ ਇਹ ਨੌਜਵਾਨ ਦੇਸ਼ ਦੇ ਭਵਿੱਖ ਨਿਰਮਾਤਾ ਹਨ। ਸਮਾਗਮ ਵਿੱਚ ਸੀਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ, ਡਾਇਰੈਕਟਰ ਕੈਂਪਸ ਜਯਾਸ਼ੀਸ਼ ਸੇਠੀ, ਡਾਇਰੈਕਟਰ ਅਕਾਦਮਿਕ ਓਪਰੇਸ਼ਨਜ਼ ਡਾ. ਸੰਗਰਾਮ ਸਿੰਘ ਅਤੇ ਡਾਇਰੈਕਟਰ ਐਡਮਿਸ਼ਨਜ਼ ਡਾ. ਵਨੀਤ ਠਾਕੁਰ ਵੀ ਹਾਜ਼ਰ ਰਹੇ। ਉਨ੍ਹਾਂ ਨੇ ਵਿਦਿਆਰਥੀਆਂ ਦੀਆਂ ਉਪਲਬਧੀਆਂ ਦੀ ਪ੍ਰਸ਼ੰਸਾ ਕਰਦਿਆਂ ਗੁਣਵੱਤਾ ਭਰੀ ਸਿੱਖਿਆ, ਨਵੀਨਤਾ ਅਤੇ ਸਮੂਹਿਕ ਵਿਕਾਸ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਇਸ ਸਮਾਗਮ ਵਿੱਚ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਜਲੰਧਰ, ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਨਕੋਦਰ, ਅਕਾਲ ਗੈਲੇਕਸੀ ਕਾਨਵੈਂਟ ਸਕੂਲ ਲੋਹੀਆਂ ਖਾਸ, ਅਕਾਲ ਗੈਲੇਕਸੀ ਕਾਨਵੈਂਟ ਸਕੂਲ ਸੁਲਤਾਨਪੁਰ ਲੋਧੀ, ਐੱਮ ਜੀ ਐੱਨ ਪਬਲਿਕ ਸਕੂਲ, ਆਰਮੀ ਪਬਲਿਕ ਸਕੂਲ ਜਲੰਧਰ ਕੈਂਟ, ਟੈਗੋਰ ਮਾਡਲ ਸਕੂਲ ਜਲੰਧਰ ਕੈਂਟ, ਐਪੈਕਸ ਇੰਟਰਨੈਸ਼ਨਲ ਸਕੂਲ ਨਕੋਦਰ, ਡਿਪਸ ਉੱਗੀ, ਜੀ ਟੀ ਬੀ ਇੰਟਰਨੈਸ਼ਨਲ ਸਕੂਲ ਕਪੂਰਥਲਾ, ਐੱਮ ਜੀ ਐੱਨ ਆਦਰਸ਼ ਨਗਰ, ਐੱਮ ਜੀ ਐੱਨ ਅਰਬਨ ਐਸਟੇਟ, ਸ੍ਰੀ ਚੈਤਨਯ ਸਕੂਲ ਮਲਸੀਆਂ, ਮਦਰ ਪ੍ਰਾਈਡ ਸਕੂਲ ਮਲਸੀਆਂ ਆਦਿ ਕਈ ਪ੍ਰਮੁੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।



# ਸੰਤ ਬਾਬਾ ਅਮਰਦਾਸ ਦਾ ਸਾਲਾਨਾ ਬਰਸੀ ਸਮਾਗਮ ਮਨਾਇਆ

**ਬੰਗਾ (ਅਵਤਾਰ ਕਲੇਰ)**- ਸੰਤ ਬਾਬਾ ਅਮਰਦਾਸ ਮਹਾਰਾਜ ਜੀ ਦੇ ਤਪ ਅਸਥਾਨ ਅਮਰਪੁਰੀ ਕੁਟੀਆ ਪਿੰਡ ਚੱਕ ਕਲਾਲ ਵਿਖੇ ਗੱਦੀ ਨਸ਼ੀਨ ਸੰਤ ਸੁਖਦੇਵ ਸਿੰਘ ਦੀ ਰਹਿਨੁਮਾਈ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸੰਤ ਬਾਬਾ ਅਮਰਦਾਸ ਦਾ ਸਾਲਾਨਾ 70ਵੀਂ ਬਰਸੀ ਸਮਾਗਮ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।

ਸਵੇਰੇ ਨਿਸ਼ਾਨ ਸਾਹਿਬ ਚੜ੍ਹਾਏ ਗਏ, ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਸਜਾਏ ਗਏ ਧਾਰਮਿਕ ਦੀਵਾਨਾਂ ਵਿੱਚ ਮਿਸ਼ਨਰੀ ਗਾਇਕ ਵਿੱਕੀ ਬਹਾਦਰਕੇ, ਸੰਤ ਸੁਖਦੇਵ ਸਿੰਘ ਚੱਕ ਕਲਾਲ, ਸੰਤ ਜਸਵਿੰਦਰ ਸਿੰਘ ਡਾਂਡੀਆਂ ਵਲੋਂ ਸੰਗਤਾਂ ਨੂੰ ਕੀਰਤਨ ਅਤੇ ਪ੍ਰਵਚਨਾਂ ਨਾਲ ਨਿਹਾਲ ਕੀਤਾ। ਵੱਖ ਵੱਖ ਦਰਬਾਰਾਂ ਤੋਂ ਸੰਤ ਬਾਬਾ ਸ਼ਾਮ ਲਾਲ ਝੰਡੇਰਾਂ, ਸੰਤ ਕਪੂਰ ਦਾਸ ਜੀ ਅਬਾਦਪੁਰਾ, ਸੰਤ ਆਤਮਾ ਦਾਸ ਅੱਪਰਾ, ਸੰਤ ਹਾਕਮ ਦਾਸ ਸੰਧਵਾਂ, ਜਥੇਦਾਰ ਗੁਰਨਾਮ ਸਿੰਘ ਬੰਗਾ ਵਾਲੇ, ਬਾਬਾ ਰੇਸ਼ਮ ਸਿੰਘ ਜੀਂਦੋਵਾਲ, ਸੰਤ ਅਰਜਨ ਸਿੰਘ ਮੰਨਣਹਾਨਾ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਗੱਦੀ ਨਸ਼ੀਨ ਸੰਤ ਸੁਖਦੇਵ ਸਿੰਘ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ ਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ। ਇਸ ਮੌਕੇ ਨਰੇਸ਼ ਮੱਲ, ਗੁਰਮੁੱਖ ਮੱਲ, ਸੁਖਪਾਲ ਫਗਵਾੜਾ, ਫੌਜੀ ਜੁਝਾਰ ਸਿੰਘ, ਜਗਦੀਸ਼ ਚੰਦ ਪੰਜੋੜਾ, ਸੁਖਵੀਰ ਸਿੰਘ, ਸਰਦਾਰਾ ਸਿੰਘ, ਸੁਖਦੇਵ ਦਾਸ, ਕਿਸ਼ਨ ਦਾਸ ਮਹੇ, ਹਰਬੰਸ ਲਾਲ, ਜਗਮੋਹਣ ਸਿੰਘ, ਗਗਨ ਅਜਨੋਹਾ, ਅਵਤਾਰ ਸਿੰਘ ਚੱਕ ਕਲਾਲ, ਪੰਮਾ ਚੱਕ ਕਲਾਲ, ਮਨਪ੍ਰੀਤ ਸਿੰਘ, ਨੰਬਰਦਾਰ ਹੰਸ ਰਾਜ, ਕਮਲਜੀਤ ਸਿੰਘ, ਮਨਜੀਤ ਸਿੰਘ, ਕਰਨੈਲ ਰਾਮ ਬੰਗਾ, ਕੁਲਦੀਪ ਰਾਮ, ਨੰਬਰਦਾਰ ਹਰੀ ਰਾਮ, ਬੁੱਧ ਰਾਮ, ਕਿਸ਼ਨ ਲਾਲ, ਸੋਢੀ ਰਾਮ, ਕੁਲਵੰਤ ਰਾਮ, ਰਵੀ ਕੁਮਾਰ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।



# ਦੋ ਪੁਸਤਕਾਂ 'ਆ ਨੀ ਚਿੜੀਏ ਪਾਣੀ ਪੀ' ਤੇ 'ਕਲਮ ਅਤੇ ਕਲਾ ਦਾ ਸੁਮੇਲ' ਲੋਕ ਅਰਪਣ

**ਚੰਡੀਗੜ੍ਹ (ਸੁਰਜੀਤ ਸੁਮਨ)**- ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਵਲੋਂ ਸੈਣੀ ਭਵਨ ਸੈਕਟਰ-24, ਚੰਡੀਗੜ੍ਹ ਵਿਖੇ ਪ੍ਰਿੰ. ਬਹਾਦਰ ਸਿੰਘ ਗੋਸਲ ਦੀਆਂ ਦੋ ਪੁਸਤਕਾਂ ਆ ਨੀ ਚਿੜੀਏ ਪਾਣੀ ਪੀ ਅਤੇ ਕਲਮ ਅਤੇ ਕਲਾ ਦਾ ਸੁਮੇਲ ਲੋਕ ਅਰਪਣ ਕੀਤੀਆਂ ਗਈਆਂ। ਸਮਾਗਮ ਦੇ ਮੁੱਖ ਮਹਿਮਾਨ ਡਾ. ਬਲਬੀਰ ਸਿੰਘ ਢੋਲ ਸਾਬਕਾ ਪੀ ਸੀ ਐੱਸ ਜਦੋਂਕਿ ਪ੍ਰਧਾਨਗੀ ਡਾ. ਮਨੋਹਰ ਸਿੰਘ, ਪ੍ਰਧਾਨ ਇੰਟਕ ਚੰਡੀਗੜ੍ਹ ਵਲੋਂ ਕੀਤੀ ਗਈ ਅਤੇ ਪ੍ਰੇਮ ਵਿਜ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰਧਾਨਗੀ ਮੰਡਲ ਵਿੱਚ ਡਾ. ਜਗਦੀਪ ਸਿੰਘ, ਕੌਂਸਲਰ ਫਾਰ ਐਂਟੀ ਡਰੱਗਜ਼ ਬੜੂ ਸਾਹਿਬ, ਪ੍ਰਿੰ. ਬਹਾਦਰ ਸਿੰਘ ਗੋਸਲ, ਜਸਵਿੰਦਰ ਸਿੰਘ ਕਾਈਨੌਰ, ਰਾਜ ਕੁਮਾਰ ਸਾਹੋਵਾਲੀਆ ਵੀ ਸ਼ਾਮਲ ਹੋਏ। ਸਮਾਗਮ ਦਾ ਆਰੰਭ ਜਗਤਾਰ ਸਿੰਘ ਜੋਗ ਵਲੋਂ ਪ੍ਰਿੰ. ਗੋਸਲ ਰਚਿਤ ਗੀਤ 'ਉੱਠੋ ਮਾਰੋ ਹੰਭਲਾ, ਦੂਰ ਕਰੋ ਹਨੇਰੇ-ਹਰ ਹਨੇਰੇ' ਗਾ ਕੇ ਕੀਤਾ ਗਿਆ। ਪ੍ਰਿੰ. ਬਹਾਦਰ ਸਿੰਘ ਗੋਸਲ ਨੇ ਆਏ ਮਹਿਮਾਨ ਨੂੰ ਜੀ ਆਇਆ ਨੂੰ ਆਖਦਿਆਂ ਦੋਹਾਂ ਪੁਸਤਕਾਂ ਦੀ ਸਮਾਜਿਕ ਮਹੱਤਤਾ ਬਾਰੇ ਵੀ ਦੱਸਿਆ ਅਤੇ ਪੁਸਤਕ ਵਿਚਲੇ ਸਮੂਹ ਲੇਖਕ-ਲੇਖਿਕਾਵਾਂ ਨੂੰ ਵਧਾਈ ਦਿੱਤੀ। ਪਹਿਲੀ ਪੁਸਤਕ 'ਆ ਨੀ ਚਿੜੀਏ ਪਾਣੀ ਪੀ' ਅਤੇ ਦੂਜੀ ਪੁਸਤਕ 'ਕਲਮ ਅਤੇ ਕਲਾ ਦਾ ਸੁਮੇਲ' ਇਕੱਠੀਆਂ ਹੀ ਪ੍ਰਧਾਨਗੀ ਮੰਡਲ ਵਲੋਂ ਲੋਕ ਅਰਪਣ ਕੀਤੀਆਂ ਗਈਆਂ। ਪਹਿਲੀ ਪੁਸਤਕ ਬਾਰੇ ਜਸਵਿੰਦਰ ਸਿੰਘ ਕਾਈਨੌਰ ਨੇ ਬੋਲਦਿਆਂ ਕਿਹਾ ਕਿ ਇਹ ਪੁਸਤਕ ਸਾਂਭਣਯੋਗ ਤੇ ਬੱਚਿਆਂ ਲਈ ਹਰਮਨ ਪਿਆਰੀ ਹੈ। ਦੂਜੀ ਪੁਸਤਕ ਬਾਰੇ ਪੇਪਰ ਰਾਜ ਕੁਮਾਰ ਸਾਹੋਵਾਲੀਆ ਨੇ ਪੜ੍ਹਦੇ ਹੋਏ, ਇਸ ਨੂੰ ਲੇਖਕ ਦੀ ਬਾਕਮਾਲ ਰਚਨਾ ਦੱਸਿਆ।ਇਸ ਮੌਕੇ ਬੋਲਦਿਆਂ ਮੁੱਖ ਮਹਿਮਾਨ ਡਾ. ਬਲਬੀਰ ਸਿੰਘ ਢੋਲ ਨੇ ਪ੍ਰਿੰ. ਗੋਸਲ ਨੂੰ 121ਵੀਂ ਪੁਸਤਕ ਦੇ ਲੋਕ ਅਰਪਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਇਹ ਪੁਸਤਕ ਵਾਤਾਵਰਣ ਪ੍ਰੇਮੀਆਂ ਲਈ ਤੇ ਸਾਡੇ ਬੱਚਿਆਂ ਲਈ ਬਹੁਤ ਹੀ ਲਾਹੇਵੰਦ ਹੈ। ਉਨ੍ਹਾਂ ਦੂਜੀ ਪੁਸਤਕ ਨੂੰ ਹਰ ਬੱਚੇ ਕੋਲ ਪਹੁੰਚਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਪ੍ਰਧਾਨਗੀ ਕਰ ਰਹੇ ਡਾ. ਮਨੋਹਰ ਸਿੰਘ ਨੇ ਕਿਹਾ ਕਿ ਪੁਸਤਕਾਂ ਦੀ ਘਰ ਘਰ ਪਹੁੰਚ ਲਈ ਜ਼ਰੂਰੀ ਵਾਤਾਵਰਣ ਵਾਸਤੇ ਲੋੜੀਂਦੇ ਉਪਰਾਲੇ ਕਰਨ ਲਈ ਕਿਹਾ ਅਤੇ ਉਨ੍ਹਾਂ ਨੇ ਦੋਹਾਂ ਪੁਸਤਕਾਂ ਨੂੰ ਉੱਤਮ ਪੁਸਤਕਾਂ ਦਾ ਦਰਜਾ ਦਿੱਤਾ। ਵਿਸ਼ੇਸ਼ ਮਹਿਮਾਨ ਪ੍ਰੇਮ ਵਿਜ ਅਤੇ ਡਾ. ਜਗਦੀਪ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਹਾਜ਼ਰ ਸ਼ਖਸ਼ੀਅਤਾਂ ਡਾ. ਜਗਦੀਪ ਸਿੰਘ, ਮਿਤਾਲੀ ਸਿੰਘ, ਬਲਬੀਰ ਸਿੰਘ ਢੋਲ, ਜਗਤਾਰ ਸਿੰਘ ਜੋਗ ਤੋਂ ਇਲਾਵਾ ਪੁਸਤਕ ਵਿਚਲੇ ਲੇਖਕ ਅਤੇ ਲੇਖਿਕਾਵਾਂ ਚਰਨਜੀਤ ਕੌਰ ਬਾਠ, ਨੀਲਮ ਨਾਰੰਗ ਐਡਵੋਕੇਟ, ਜਸਵਿੰਦਰ ਸਿੰਘ ਕਾਈਨੌਰ, ਗੁਰਦਰਸ਼ਨ ਸਿੰਘ ਮਾਵੀ, ਡਾ. ਮਨਜੀਤ ਸਿੰਘ ਮਝੈਲ, ਬਹਾਦਰ ਸਿੰਘ ਗੋਸਲ, ਰਾਜ ਕੁਮਾਰ ਸਾਹੋਵਾਲੀਆ, ਮੰਦਰ ਗਿੱਲ ਸਾਹਿਬਚੰਦੀਆਂ, ਤੇਜਾ ਸਿੰਘ ਥੂਹਾ, ਬਲਜਿੰਦਰ ਸ਼ੇਰਗਿੱਲ, ਕ੍ਰਿਸ਼ਨ ਰਾਹੀ, ਪਿਆਰਾ ਸਿੰਘ ਰਾਹੀ, ਅਵਤਾਰ ਸਿੰਘ ਮਹਿਤਪੁਰੀ, ਮੰਜੂ ਸ਼ਾਰਦਾ, ਪਾਲ ਅਜਨਬੀ, ਅਮਰਜੀਤ ਬਠਲਾਣਾ, ਡਾ. ਪੰਨਾ ਲਾਲ ਮੁਸਤਫਾਬਾਦੀ, ਰਣਜੋਧ ਸਿੰਘ ਰਾਣਾ, ਡਾ. ਰਵਿੰਦਰ ਸਿੰਘ ਲੁਬਾਣਾ ਨੂੰ ਵੀ ਸਨਮਾਨਤ ਕੀਤਾ ਗਿਆ।



# ਹਰਜੋਤ ਕੌਰ ਲੋਹਟੀਆ ਫ਼ਿਲੌਰ ਹਲਕੇ ਤੋਂ ਇੰਚਾਰਜ ਨਿਯੁਕਤ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਆਮ ਆਦਮੀ ਪਾਰਟੀ ਵੱਲੋਂ ਹਰਜੋਤ ਕੌਰ ਲੋਹਟੀਆ (ਵਾਈਸ ਚੇਅਰਮੈਨ ਐੱਸੀ ਕਮਿਸ਼ਨ ਪੰਜਾਬ ) ਨੂੰ ਹਲਕਾ ਫਿਲੌਰ ਤੋਂ ਇੰਚਾਰਜ ਨਿਯੁਕਤ ਕੀਤੇ ਜਾਣ ਤੇ ਫ਼ਿਲੌਰ ਦੀ ਸਿਆਸਤ ਮੁੜ ਗਰਮਾ ਗਈ ਹੈ। ਜ਼ਿਕਰਯੋਗ ਕੇ ਫਿਲੋਰ ਹਲਕੇ ਤੋਂ ਇੰਚਾਰਜ ਨਿਯੁਕਤ ਹੋਣ ਲਈ ਕਈ ਸਾਰੇ ਚੋਟੀ ਦੇ ਆਗੂ ਜਿਨਾਂ ਵਿੱਚ ਉੱਘੇ ਭਲਵਾਨ ਪ੍ਰਿਤਪਾਲ ਫਗਵਾੜਾ, ਐੱਸ ਸੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ, ਦਲਿਤ ਆਗੂ ਜਰਨੈਲ ਨੰਗਲ, ਅਤੇ ਪ੍ਰਿੰਸੀਪਲ ਪ੍ਰੇਮ ਕੁਮਾਰ ਤਰਲੋਮੱਛੀ ਹੋ ਰਹੇ ਸਨ ਪਰੰਤੂ ਆਮ ਆਦਮੀ ਪਾਰਟੀ ਵੱਲੋਂ ਅੱਜ ਹਰਜੋਤ ਕੌਰ ਲੋਹਟੀਆ ਨੂੰ ਜਿਉਂ ਹੀ ਹਲਕੇ ਦੇ ਇੰਚਾਰਜ ਨਿਯੁਕਤ ਕਰਨ ਦੀ ਖਬਰ ਲੋਕਾਂ ਦੇ ਕੰਨਾਂ ਨੂੰ ਸੁਣਾਈ ਦਿੱਤੀ ਤਾਂ ਬਹੁਤ ਸਾਰੇ ਤਜਰਬੇਕਾਰ ਸਿਆਸਤਦਾਨ ਵੀ ਇਸ ਗੱਲੋਂ ਹੈਰਾਨ ਰਹਿ ਗਏ ਕਿਉਂਕਿ ਅੱਜ ਤੋਂ ਪਹਿਲਾਂ ਹਰਜੋਤ ਕੌਰ ਲੋਟੀਆ ਦਾ ਨਾਂਅ ਫਿਲੌਰ ਹਲਕੇ ਅੰਦਰ ਕਿਸੇ ਨੇ ਵੀ ਸੁਣਿਆ ਜਾਂ ਜਾਣਿਆਂ ਨਹੀਂ ਸੀ। ਜ਼ਿਕਰਯੋਗ ਹਰਜੋਤ ਕੌਰ ਲੋਹਟੀਆ 2017 ਵਿੱਚ ਵਿਧਾਨ ਸਭਾ ਚੋਣਾਂ ਅੰਦਰ ਆਮ ਆਦਮੀ ਪਾਰਟੀ ਵੱਲੋਂ ਹਲਕਾ ਬੰਗਾ ਤੋਂ ਚੋਣ ਲੜ ਚੁੱਕੇ ਹਨ ਜਦਕਿ ਉਹ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਡਾਕਟਰ ਸੁਖਵਿੰਦਰ ਸਿੰਘ ਸੁੱਖੀ ਤੋਂ ਸਿਰਫ 1800 ਵੋਟਾਂ ਦੇ ਫਰਕ ਨਾਲ ਹਾਰ ਗਏ ਸਨ, ਪਰੰਤੂ ਉਹ ਆਮ ਆਦਮੀ ਪਾਰਟੀ ਦੇ ਕਾਫੀ ਸਰਗਰਮ ਆਗੂਆਂ ਵਿੱਚੋਂ ਇੱਕ ਹਨ ਅਤੇ ਪਾਰਟੀ ਨਾਲ ਸ਼ੁਰੂ ਤੋਂ ਹੀ ਜੁੜੇ ਹੋਏ ਹਨ ਜਿਸ ਕਾਰਨ ਪਾਰਟੀ ਪ੍ਰਤੀ ਵਫਾਦਾਰੀ ਨੂੰ ਦੇਖਦੇ ਹੋਏ ਆਮ ਆਦਮੀ ਪਾਰਟੀ ਨੇ ਉਹਨਾਂ ਨੂੰ ਹਲਕਾ ਫਿਲੌਰ ਤੋਂ ਇੰਚਾਰਜ ਨਿਯੁਕਤ ਕਰਕੇ ਉਹਨਾਂ ਦੀਆਂ ਕੀਤੀਆਂ ਹੋਈਆਂ ਮਿਹਨਤਾਂ ਦਾ ਮੁੱਲ ਪਾਇਆ ਹੈ।



# ਪੰਜਾਬ ਸਰਕਾਰ ਵੱਲੋਂ ਹੜ੍ਹ ਰੋਕੂ ਕਾਰਜਾਂ ਤੇ ਆਫ਼ਤ ਪ੍ਰਬੰਧਨ ਲਈ 146 ਕਰੋੜ ਜਾਰੀ : ਮੁੰਡੀਆਂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਹੜ੍ਹ ਰੋਕੂ ਕਾਰਜਾਂ ਲਈ ਤੇ ਸੂਬੇ ਭਰ ਵਿੱਚ ਕਿਸੇ ਵੀ ਕੁਦਰਤੀ ਆਫ਼ਤ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਅਗਾਊਂ 146 ਕਰੋੜ ਰੁਪਏ ਜਾਰੀ ਕੀਤੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਆਗਾਮੀ ਮਾਨਸੂਨ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਤੇ ਹੜ੍ਹਾਂ ਜਿਹੀ ਕਿਸੇ ਵੀ ਸੰਭਾਵੀ ਆਫ਼ਤ ਵਾਲੀ ਸਥਿਤੀ ਨਾਲ ਤੁਰੰਤ ਨਜਿੱਠਣ ਲਈ ਸਰਕਾਰ ਵੱਲੋਂ ਅਗਾਊਂ ਯੋਜਨਾਬੰਦੀ ਕੀਤੀ ਗਈ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨਾਂ ਨੂੰ ਲੋੜੀਂਦੇ ਵਿੱਤੀ ਸਰੋਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ ਤਾਂ ਜੋ ਆਫ਼ਤ ਪ੍ਰਬੰਧਨ ਲਈ ਨਜਿੱਠਣ ਦੇ ਨਾਲ-ਨਾਲ ਸੰਭਾਵੀ ਹੜ੍ਹਾਂ ਦੇ ਨੁਕਸਾਨ ਨੂੰ ਸਮਾਂ ਰਹਿੰਦਿਆਂ ਘਟਾਇਆ ਜਾ ਸਕੇ।ਇਸ ਸਬੰਧੀ ਹੋਰ ਵੇਰਵੇ ਦਿੰਦਿਆਂ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਵਿੱਤੀ ਸਾਲ 2026-27 ਲਈ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਨੂੰ 100 ਕਰੋੜ ਰੁਪਏ ਦੇ ਫ਼ੰਡ ਜਾਰੀ ਕੀਤੇ ਜਾ ਚੁੱਕੇ ਹਨ ਤਾਂ ਜੋ ਜ਼ਿਲ੍ਹਾ ਪ੍ਰਸ਼ਾਸਨ ਕਿਸੇ ਵੀ ਸੰਭਾਵੀ ਕੁਦਰਤੀ ਆਫ਼ਤ ਤੋਂ ਪੈਦਾ ਹੋਣ ਵਾਲੀਆਂ ਸਥਿਤੀਆਂ ਨਾਲ ਬਿਨਾਂ ਕਿਸੇ ਦੇਰੀ ਦੇ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠ ਸਕਣ।ਉਨ੍ਹਾਂ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਕਿਸ਼ਤੀਆਂ, ਹੜ੍ਹ ਰੋਕੂ ਸਮੱਗਰੀ ਅਤੇ ਹੋਰ ਜ਼ਰੂਰੀ ਸਾਜ਼ੋ-ਸਾਮਾਨ ਦੀ ਉਪਲਬਧਤਾ ਯਕੀਨੀ ਬਣਾਉਣ ਵਾਸਤੇ ਵਾਧੂ 46 ਕਰੋੜ ਰੁਪਏ ਵੀ ਜਾਰੀ ਕੀਤੇ ਗਏ ਹਨ। ਇਸ ਤਹਿਤ ਹਰ ਜ਼ਿਲ੍ਹੇ ਨੂੰ 2 ਕਰੋੜ ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਗਈ ਹੈ ਤਾਂ ਜੋ ਕਿਸੇ ਵੀ ਐਮਰਜੈਂਸੀ ਸਥਿਤੀ ਦੌਰਾਨ ਤੁਰੰਤ ਕਾਰਵਾਈ ਕੀਤੀ ਜਾ ਸਕੇ।



# ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਦੀ ਮੰਤਰੀ ਨਾਲ ਮੀਟਿੰਗ

**ਨਕੋਦਰ (ਮਨਜੀਤ ਮਾਨ)**- ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ. 26 ਵੱਲੋਂ ਸੰਘਰਸ਼ ਨੂੰ ਤਿੱਖਾ ਰੂਪ ਦਿੰਦਿਆਂ 31 ਮਈ ਨੂੰ ਜਲ ਸਪਲਾਈ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੀ ਰਿਹਾਇਸ਼ ਦਾ ਘਿਰਾਓ ਕਰਕੇ ਪੱਕਾ ਮੋਰਚਾ ਲਾਉਣ ਦਾ ਐਲਾਨ ਕੀਤਾ ਗਿਆ ਸੀ ਜਿਸ ਦੇ ਤਹਿਤ ਜਥੇਬੰਦੀਆਂ ਦੇ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਸੰਗਰੂਰ ਦੀ ਅਗਵਾਈ ਹੇਠ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੀ ਰਿਹਾਇਸ਼ ਮੁੰਡੀਆਂ ਕਲਾਂ ਵਿਖੇ ਜਥੇਬੰਦੀ ਨਾਲ ਮੀਟਿੰਗ ਹੋਈ ਜਿਸ ਉਪਰੰਤ ਜਾਣਕਾਰੀ ਦਿੰਦਿਆਂ ਸੂਬਾ ਪ੍ਰੈੱਸ ਸਕੱਤਰ ਦਵਿੰਦਰ ਸਿੰਘ ਨਾਭਾ, ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ, ਸੂਬਾ ਵਿੱਤ ਸਕੱਤਰ ਬਲਜਿੰਦਰ ਸਿੰਘ ਸਮਾਣਾ ਨੇ ਦੱਸਿਆ ਕਿ ਜਲ ਸਪਲਾਈ ਵਿਭਾਗ ਵਿੱਚ ਇੱਕ ਵਰਕਰ ਦੇ ਰੂਪ ਵਿੱਚ ਸੇਵਾਵਾਂ ਨਿਭਾ ਰਹੇ ਇੰਨਲਿਸਟਮੈਂਟ ਤੇ ਆਊਟਸੋਰਸਿੰਗ ਕਾਮਿਆਂ ਨੂੰ ਵਿਭਾਗ ਅਧੀਨ ਲਿਆਕੇ ਰੈਗੂਲਰ ਕਰਵਾਉਣ ਸੰਬੰਧੀ ਜਥੇਬੰਦੀ ਨੂੰ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਮੀਟਿੰਗ ਕਰਨ ਉਪਰੰਤ ਇਹ ਪੂਰਨ ਭਰੋਸਾ ਦਿੱਤਾ ਹੈ ਕਿ 1 ਜੂਨ ਨੂੰ ਪੰਜਾਬ ਭਵਨ ਚੰਡੀਗੜ੍ਹ ਵਿਖੇ ਵਿਭਾਗੀ ਅਧਿਕਾਰੀਆਂ ਸਮੇਤ ਪੈਨਲ ਮੀਟਿੰਗ ਕਰਕੇ ਮੰਗਾਂ ਦਾ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਪੂਰਨ ਭਰੋਸਾ ਦਿੱਤਾ ਹੈ ਕਿ ਇਸ ਮੀਟਿੰਗ ਵਿੱਚ ਸਰਕਾਰ ਕੋਈ ਨਾ ਕੋਈ ਹੱਲ ਕੱਢਕੇ ਇੰਨਲਿਸਟਮੈਂਟ ਤੇ ਆਊਟਸੋਰਸਿੰਗ ਕਾਮਿਆਂ ਨੂੰ ਵਿਭਾਗ ਵਿੱਚ ਸ਼ਾਮਲ ਕਰੇਗੀ।ਇਸ ਉਪਰੰਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਹੈਡ ਆਫਿਸ ਪਟਿਆਲਾ ਵੱਲੋਂ ਜਥੇਬੰਦੀ ਨੂੰ ਲਿਖਤੀ ਵੀ ਮੀਟਿੰਗ ਦਾ ਸਮਾਂ ਦਿੱਤਾ ਗਿਆ ਹੈ।ਜਿਸ ਤੋਂ ਬਾਅਦ ਸੂਬਾ ਕਮੇਟੀ ਨੇ ਫੈਸਲਾ ਕੀਤਾ ਕਿ ਜੇਕਰ 1 ਜੂਨ ਨੂੰ ਵੀ ਵਾਅਦਾ ਖਿਲਾਫੀ ਕੀਤੀ ਤਾਂ 5 ਜੂਨ ਨੂੰ ਪੱਕਾ ਮੋਰਚਾ ਲਾਇਆ ਜਾਵੇਗਾ ਜਿਸ ਦੀ ਨਿਰੋਲ ਜੁਮੇਵਾਰੀ ਪੰਜਾਬ ਸਰਕਾਰ ਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਮੈਨੇਜਮੈਂਟ ਦੀ ਹੋਵੇਗੀ।ਇਸ ਮੌਕੇ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਸੰਗਰੂਰ, ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ, ਸੂਬਾ ਵਿੱਤ ਸਕੱਤਰ ਬਲਜਿੰਦਰ ਸਿੰਘ ਸਮਾਣਾ, ਸੂਬਾ ਪ੍ਰੈੱਸ ਸਕੱਤਰ ਦਵਿੰਦਰ ਸਿੰਘ ਨਾਭਾ,ਹਰਦੇਵ ਸਿੰਘ ਮੱਲੇਵਾਲ, ਪ੍ਰਦੀਪ ਸਿੰਘ ਖੱਖ, ਸੂਬਾ ਜੁਵਾਇੰਟ ਪ੍ਰੈੱਸ ਸਕੱਤਰ ਬਲਵੀਰ ਸਿੰਘ ਹਿਰਦਾਪੁਰ,ਕੁਲਵਿੰਦਰ ਸਿੰਘ ਅਟਵਾਲ, ਰਵਿੰਦਰ ਕੁਮਾਰ ਆਦਿ ਆਗੂ ਹਾਜ਼ਰ ਸਨ।



# ਬਲਬੀਰ ਸਿੱਧੂ ਵੱਲੋਂ ਚੋਣਾਂ ਦੁਬਾਰਾ ਕਰਵਾਉਣ ਦੀ ਮੰਗ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਮੋਹਾਲੀ ਨਗਰ ਨਿਗਮ ਚੋਣਾਂ ਦੇ ਅਮਲ, ਖਾਸ ਕਰਕੇ ਵੋਟਾਂ ਦੀ ਗਿਣਤੀ ਦੌਰਾਨ ਹੋਈਆਂ ਕਥਿਤ ਬੇਨਿਯਮੀਆਂ ਨੂੰ ਲੋਕਤੰਤਰ ਉੱਤੇ ਗੰਭੀਰ ਝਟਕਾ ਕਰਾਰ ਦਿੰਦਿਆਂ ਸੂਬਾ ਚੋਣ ਕਮਿਸ਼ਨ ਤੋਂ ਵਾਰਡ ਨੰਬਰ 23 ਦੇ ਬੂਥ ਨੰਬਰ 93 ਅਤੇ ਵਾਰਡ ਨੰਬਰ 2 ਦੇ ਬੂਥ ਨੰਬਰ 7 ਅਤੇ ਵਾਰਡ ਨੰਬਰ 4 ਦੇ ਬੂਥ ਨੰਬਰ 17 ਦੀ ਚੋਣ ਰੱਦ ਕਰਕੇ ਮੁੜ ਕਰਵਾਉਣ ਦੀ ਮੰਗ ਕੀਤੀ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਿੱਧੂ ਨੇ ਦੋਸ਼ ਲਗਾਇਆ ਕਿ ਵਾਰਡ ਨੰਬਰ 23 ਦੇ ਪੋਲਿੰਗ ਬੂਥ ਨੰਬਰ 93 ਅਤੇ ਵਾਰਡ ਨੰਬਰ 2 ਦੇ ਬੂਥ ਨੰਬਰ 7 ਅਤੇ ਵਾਰਡ ਨੰਬਰ 4 ਦੇ ਬੂਥ ਨੰਬਰ 17 ਵਿੱਚ ਵੋਟਿੰਗ ਅਤੇ ਗਿਣਤੀ ਦੌਰਾਨ ਗੰਭੀਰ ਖਾਮੀਆਂ ਸਾਹਮਣੇ ਆਈਆਂ। ਉਨ੍ਹਾਂ ਕਿਹਾ ਕਿ ਬੈਲਟ ਬਾਕਸ ਵਿਚੋਂ ਨਿਕਲੀਆਂ ਕਈ ਵੋਟ ਪਰਚੀਆਂ ਨਾਲ ਕਾਊਂਟਰਫਾਇਲ (ਰਸੀਦ ਵਾਲਾ ਹਿੱਸਾ) ਵੀ ਜੁੜਿਆ ਹੋਇਆ ਮਿਲਿਆ, ਜੋ ਚੋਣ ਪ੍ਰਕਿਰਿਆ ਦੇ ਨਿਯਮਾਂ ਦੀ ਉਲੰਘਣਾ ਹੈ ਅਤੇ ਬੋਗਸ ਵੋਟਿੰਗ ਦੀ ਸੰਭਾਵਨਾ ਨੂੰ ਮਜ਼ਬੂਤ ਕਰਦਾ ਹੈ ।ਉਨ੍ਹਾਂ ਦੱਸਿਆ ਕਿ ਹੋਰ ਵੀ ਚਿੰਤਾਜਨਕ ਗੱਲ ਇਹ ਸੀ ਕਿ ਕਈ ਕਾਊਂਟਰਫਾਇਲਾਂ ਉੱਤੇ ਵੋਟਰਾਂ ਦੇ ਦਸਤਖ਼ਤ ਜਾਂ ਅੰਗੂਠੇ ਦੇ ਨਿਸ਼ਾਨ ਮੌਜੂਦ ਨਹੀਂ ਸਨ। ਸਿੱਧੂ ਅਨੁਸਾਰ ਇਹ ਤੱਥ ਚੋਣ ਪ੍ਰਕਿਰਿਆ ਦੀ ਪਾਰਦਰਸ਼ਤਾ ਉੱਤੇ ਗੰਭੀਰ ਸਵਾਲ ਖੜ੍ਹੇ ਕਰਦੇ ਹਨ ਅਤੇ ਇਸ ਮਾਮਲੇ ਦੀ ਨਿਰਪੱਖ ਜਾਂਚ ਬਹੁਤ ਜ਼ਰੂਰੀ ਹੈ। ਉਨ੍ਹਾਂ ਸੂਬਾ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਕਿ ਵਾਰਡ ਨੰਬਰ 23 ਦੇ ਪੋਲਿੰਗ ਬੂਥ ਨੰਬਰ 93 ਅਤੇ ਵਾਰਡ ਨੰਬਰ 2 ਦੇ ਬੂਥ ਨੰਬਰ 7 ਅਤੇ ਵਾਰਡ ਨੰਬਰ 4 ਦੇ ਬੂਥ ਨੰਬਰ 17 ਵਿੱਚ ਚੋਣ ਨੂੰ ਰੱਦ ਕਰਕੇ ਦੁਬਾਰਾ ਵੋਟਿੰਗ ਕਰਵਾਈ ਜਾਵੇ ਅਤੇ ਪੋਲਿੰਗ ਬੂਥ ਨੰਬਰ 93 ਨਾਲ ਸੰਬੰਧਤ ਸਾਰੇ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ।



# ਅਹਿਲਿਆਬਾਈ ਦੀ ਜਯੰਤੀ ਮਨਾਈ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਵਿਧਾਨ ਸਭਾ ਸਪੀਕਰ ਹਰਵਿੰਦਰ ਕਲਿਆਨ ਨੇ ਦੇਵੀ ਅਹਿਲਿਆਬਾਈ ਹੋਲਕਰ ਦੀ ਜਯੰਤੀ ਦੇ ਮੌਕੇ 'ਤੇ ਜ਼ਿਲ੍ਹਾ ਕਰਨਾਲ ਦੇ ਪਿੰਡ ਸਦਰਪੁਰ, ਰਸੂਲਪੁਰ ਕਲਾਂ ਅਤੇ ਘਰੌਂਡਾ ਵਿੱਚ ਆਯੋਜਿਤ ਵੱਖ-ਵੱਖ ਪ੍ਰੋਗਰਾਮਾਂ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਦੇਵੀ ਅਹਿਲਿਆਬਾਈ ਹੋਲਕਰ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਉਨ੍ਹਾਂ ਨੂੰ ਪ੍ਰਣਾਮ ਕੀਤਾ।

ਹਰਵਿੰਦਰ ਕਲਿਆਣ ਨੇ ਕਿਹਾ ਕਿ ਦੇਵੀ ਅਹਿਲਿਆਬਾਈ ਹੋਲਕਰ ਨੇ ਆਪਣਾ ਸਾਰਾ ਜੀਵਨ ਸਮਾਜ, ਰਾਸ਼ਟਰ ਅਤੇ ਸੰਸਕ੍ਰਿਤੀ ਲਈ ਸਮਰਪਿਤ ਕੀਤਾ। ਉਨ੍ਹਾਂ ਨੇ ਬਹੁਤ ਮੁਸ਼ਕਲ ਸਮੇਂ ਵਿੱਚ, ਜਦੋਂ ਦੇਸ਼ ਬਾਹਰੀ ਹਮਲਿਆਂ ਅਤੇ ਕੁਰੀਤੀਆਂ ਨਾਲ ਜੂਝ ਰਿਹਾ ਸੀ, ਸਮਾਜ ਅਤੇ ਸੰਸਕ੍ਰਿਤੀ ਨੂੰ ਬਚਾਉਣ ਦਾ ਬੀੜਾ ਚੁੱਕਿਆ।

# ਮਹਿਲਾ ਡਾਕਟਰ 'ਤੇ ਦੋ ਅਣਪਛਾਤੇ ਵਿਅਕਤੀਆਂ ਵੱਲੋਂ ਹਮਲਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਿਵਲ ਹਸਪਤਾਲ ਡੇਰਾਬੱਸੀ ਦੇ ਐਨਸਥੀਸੀਆ ਵਿਭਾਗ ਦੀ ਮਹਿਲਾ ਡਾਕਟਰ ਜੋਤਨੂਰ 'ਤੇ ਦੋ ਅਣਪਛਾਤੇ ਵਿਅਕਤੀਆਂ ਵੱਲੋਂ ਕੀਤੇ ਗਏ ਹਮਲੇ ਨੇ ਸ਼ਹਿਰ ਦੀ ਕਾਨੂੰਨ-ਵਿਵਸਥਾ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਪੁਲਿਸ ਵੱਲੋਂ ਕੋਈ ਠੋਸ ਕਾਰਵਾਈ ਨਾ ਕੀਤੇ ਜਾਣ ਤੋਂ ਨਾਰਾਜ਼ ਸਿਵਲ ਹਸਪਤਾਲ ਦੇ ਸਮੂਹ ਡਾਕਟਰਾਂ ਅਤੇ ਸਟਾਫ਼ ਨੇ ਰੋਸ ਵਜੋਂ ਪੂਰਾ ਦਿਨ ਓ.ਪੀ.ਡੀ. ਸੇਵਾਵਾਂ ਮੁਕੰਮਲ ਤੌਰ 'ਤੇ ਬੰਦ ਰੱਖੀਆਂ। ਹਾਲਾਂਕਿ, ਮਰੀਜ਼ਾਂ ਦੀ ਸਹੂਲਤ ਲਈ ਐਮਰਜੈਂਸੀ (ਆਪਾਤਕਾਲੀਨ) ਸੇਵਾਵਾਂ ਨਿਰੰਤਰ ਜਾਰੀ ਰਹੀਆਂ। ਪ੍ਰਾਪਤ ਜਾਣਕਾਰੀ ਅਨੁਸਾਰ ਡਾਕਟਰ ਜੋਤਨੂਰ ਸ਼ੁੱਕਰਵਾਰ ਸਵੇਰੇ ਵਣ ਵਿਭਾਗ ਦੇ ਦਫ਼ਤਰ ਨੇੜੇ ਆਪਣੀ ਕਾਰ ਪਾਰਕ ਕਰਕੇ ਸਿਵਲ ਹਸਪਤਾਲ ਡਿਊਟੀ 'ਤੇ ਜਾ ਰਹੇ ਸਨ। ਇਸੇ ਦੌਰਾਨ ਦੋ ਅਣਪਛਾਤੇ ਵਿਅਕਤੀ ਉਨ੍ਹਾਂ ਕੋਲ ਆਏ ਅਤੇ ਉਨ੍ਹਾਂ ਦੇ ਪੇਸ਼ੇ ਬਾਰੇ ਪੁੱਛਿਆ। ਜਦੋਂ ਡਾਕਟਰ ਨੇ ਦੱਸਿਆ ਕਿ ਉਹ ਐਨਸਥੀਸੀਆ ਮਾਹਿਰ ਹਨ, ਤਾਂ ਉਕਤ ਵਿਅਕਤੀਆਂ ਨੇ ਉਨ੍ਹਾਂ ਨਾਲ ਬਦਸਲੂਕੀ ਸ਼ੁਰੂ ਕਰ ਦਿੱਤੀ। ਹਮਲਾਵਰਾਂ ਨੇ ਆਖਿਆ ਕਿ ਉਨ੍ਹਾਂ ਦੇ ਮਰੀਜ਼ ਨੂੰ ਚੰਡੀਗੜ੍ਹ ਕਿਉਂ ਰੈਫ਼ਰ ਕੀਤਾ ਗਿਆ ਸੀ? ਇਸ ਤੋਂ ਬਾਅਦ ਉਨ੍ਹਾਂ ਨੇ ਡਾਕਟਰ ਨੂੰ ਥੱਪੜ ਮਾਰੇ ਤੇ ਮੌਕੇ ਤੋਂ ਫ਼ਰਾਰ ਹੋ ਗਏ। ?ਇਸ ਅਚਾਨਕ ਹੋਏ ਹਮਲੇ ਤੋਂ ਘਬਰਾਈ ਡਾਕਟਰ ਜੋਤਨੂਰ ਨੇ ਤੁਰੰਤ ਕਾਰ ਵਿੱਚ ਬੈਠ ਕੇ ਆਪਣੇ ਸਾਥੀ ਸਟਾਫ਼ ਨੂੰ ਸੂਚਿਤ ਕੀਤਾ, ਜਿਸ ਤੋਂ ਬਾਅਦ ਸਟਾਫ਼ ਉਨ੍ਹਾਂ ਨੂੰ ਹਸਪਤਾਲ ਲੈ ਕੇ ਆਇਆ ਅਤੇ ਡੇਰਾਬੱਸੀ ਪੁਲਿਸ ਨੂੰ ਸ਼ਿਕਾਇਤ ਦਿੱਤੀ ਗਈ। ?ਰੋਸ ਪ੍ਰਦਰਸ਼ਨ ਕਰ ਰਹੇ ਡਾਕਟਰਾਂ ਨੇ ਦੋਸ਼ ਲਾਇਆ ਕਿ ਸ਼ਿਕਾਇਤ ਦੇਣ ਦੇ 24 ਘੰਟੇ ਬਾਅਦ ਵੀ ਨਾ ਤਾਂ ਮੁਲਜ਼ਮਾਂ ਦੀ ਪਛਾਣ ਹੋ ਸਕੀ ਹੈ ਅਤੇ ਨਾ ਹੀ ਡਾਕਟਰਾਂ ਦੀ ਸੁਰੱਖਿਆ ਲਈ ਕੋਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਿਹਤ ਮੁਲਾਜ਼ਮਾਂ 'ਤੇ ਲਗਾਤਾਰ ਹੋ ਰਹੇ ਹਮਲੇ ਬੇਹੱਦ ਚਿੰਤਾਜਨਕ ਹਨ। ਪਹਿਲਾਂ ਵੀ ਅਜਿਹੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ, ਪਰ ਸਖ਼ਤ ਕਾਰਵਾਈ ਨਾ ਹੋਣ ਕਾਰਨ ਸ਼ਰਾਰਤੀ ਅਨਸਰਾਂ ਦੇ ਹੌਸਲੇ ਬੁਲੰਦ ਹਨ। ?ਸਮੂਹ ਸਟਾਫ਼ ਨੇ ਚਿਤਾਵਨੀ ਦਿੱਤੀ ਕਿ ਜਦੋਂ ਤੱਕ ਹਮਲਾਵਰਾਂ ਨੂੰ ਗ੍ਰਿਫ਼ਤਾਰ ਕਰਕੇ ਸਖ਼ਤ ਕਾਨੂੰਨੀ ਕਾਰਵਾਈ ਨਹੀਂ ਕੀਤੀ ਜਾਂਦੀ ਅਤੇ ਡਾਕਟਰਾਂ ਦੀ ਸੁਰੱਖਿਆ ਯਕੀਨੀ ਨਹੀਂ ਬਣਾਈ ਜਾਂਦੀ, ਉਦੋਂ ਤੱਕ ਓ.ਪੀ.ਡੀ. ਸੇਵਾਵਾਂ ਬੰਦ ਰਹਿਣਗੀਆਂ। ਐੱਸ ਐੱਮ ਓ ਡਾ. ਧਰਮਿੰਦਰ ਸਿੰਘ ਨੇ ਦੱਸਿਆ ਕਿ ਡਾਕਟਰ ਹੜਤਾਲ 'ਤੇ ਨਹੀਂ ਹਨ। ਮਹਿਲਾ ਡਾਕਟਰ ਨਾਲ ਹੋਈ ਬਦਸਲੂਕੀ ਅਤੇ ਕੁੱਟਮਾਰ ਸਬੰਧੀ ਪੁਲਿਸ ਨੂੰ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ। ਹਸਪਤਾਲ ਦੀ ਸੁਰੱਖਿਆ ਲਈ ਦੋ ਗਾਰਡ ਤਾਇਨਾਤ ਹਨ ਅਤੇ ਵੱਖ-ਵੱਖ ਥਾਵਾਂ 'ਤੇ ਸੀ.ਸੀ.ਟੀ.ਵੀ. ਕੈਮਰੇ ਵੀ ਲੱਗੇ ਹੋਏ ਹਨ। ?ਜਾਂਚ ਅਧਿਕਾਰੀ ਅਮਰਜੀਤ ਸਿੰਘ ਨੇ ਦੱਸਿਆ ਕਿ ਪੀੜਤ ਡਾਕਟਰ ਦੇ ਬਿਆਨ ਦਰਜ ਕਰਕੇ ਮਾਮਲਾ ਦਰਜ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਮੁਲਜ਼ਮਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।



# ਮੈਡੀਕਲ ਚੈੱਕਅੱਪ ਕੈਂਪ ਸੰਪੰਨ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਹਰ ਬਿਮਾਰੀ ਤੋਂ ਪੀੜਤ ਇਲਾਕੇ ਦੇ ਮਰੀਜ਼ਾਂ ਨੂੰ ਡਾਕਟਰੀ ਸਹਾਇਤਾ ਮੁਹਈਆ ਕਰਵਾਉਣ ਲਈ ਲੋਕ ਸੇਵਾ ਵੈਲਫੇਅਰ ਸੋਸਾਇਟੀ ਦੇ ਸਰਪ੍ਰਸਤ ਰਸ਼ਪਾਲ ਸਿੰਘ ਚਰੜ ਦੀ ਅਗਵਾਈ ਵਿੱਚ ਮਾਂ ਮਾਤੇਸ਼ਵਰੀ ਚਿੰਤਪੁਰਨੀ ਮੰਦਿਰ ਢੋਲਵਾਹਾ ਜਨੋੜੀ ਦੇ ਸੰਸਥਾਪਕ ਠਾਕੁਰ ਰਵੀ ਗਾਂਧੀ ਤੋਂ ਇਲਾਵਾ ਹੋਰ ਨਾਮਵਰ ਸ਼ਖ਼ਸੀਅਤਾਂ ਦੇ ਸਹਿਯੋਗ ਨਾਲ ਬਾਬਾ ਬੂਟਾ ਭਗਤ ਹਾਲ ਉੜਮੁੜ ਵਿਖੇ ਲਗਾਇਆ ਗਿਆ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਬੜੀ ਧੂਮਧਾਮ ਅਤੇ ਸ਼ਾਨੋ ਸ਼ੌਕਤ ਨਾਲ ਸੰਪੰਨ ਹੋ ਨਿਬੜਿਆ। ਇਸ ਵਿਸ਼ਾਲ ਮੈਡੀਕਲ ਕੈਂਪ ਵਿੱਚ ਰਿਟਾ: ਡਿਪਟੀ ਡਾਇਰੈਕਟਰ ਹੈਲਥ ਪੰਜਾਬ ਡਾਕਟਰ ਕੇਵਲ ਸਿੰਘ ਕਾਜਲ, ਸ਼੍ਰੋਮਣੀ ਅਕਾਲੀ ਦਲ ਬਾਦਲ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਸ਼ਿਵ ਸੈਨਾ ਪੰਜਾਬ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ, ਅਖਿਲ ਵਾਲਮੀਕਿ ਧਰਮ ਸਮਾਜ ਪੰਜਾਬ ਦੇ ਸੀਨੀਅਰ ਚੇਅਰਮੈਨ ਗਗਨ ਭੱਟੀ, ਸ਼ਿਵ ਸੈਨ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ, ਜਵਾਹਰ ਖੁਰਾਣਾ, ਭਾਜਪਾ ਕਾਰਜ ਕਮੇਟੀ ਮੈਂਬਰ ਪਰਮਜੀਤ ਠਾਕੁਰ, ਮਨਦੀਪ ਕੌਰ ਟਾਂਗਰਾ, ਬਾਬਾ ਸੁਖਦੇਵ ਸਿੰਘ ਬੇਦੀ, ਐੱਸ ਪੀ ਹਰਵਿੰਦਰ ਸਿੰਘ ਡੱਲੀ, ਸ੍ਰੀ 108 ਸੰਜੀਵਾ ਨੰਦ ਸਰਸਵਤੀ ਜੀ ਮਹਾਰਾਜ, ਸ੍ਰੀ 108 ਸੰਤ ਨਰੇਸ਼ ਗਿਰ ਜੀ ਮਹਾਰਾਜ, ਭਾਜਪਾ ਦੇ ਯੁਵਾ ਨੇਤਾ ਉਪਕਾਰ ਸਿੰਘ ਬਾਵਾ, ਹਰਜੀਤ ਸਿੰਘ ਖਾਲਸਾ, ਸੁਰਜੀਤ ਸਿੰਘ ਚਰੜ, ਰਵੀ ਚਰੜ, ਬੱਬੂ ਕੰਗ, ਮਨਜਿੰਦਰ ਸਿੰਘ ਮਣੀ, ਯਾਦਵਿੰਦਰ ਸਿੰਘ ਢੀਂਡਸਾ, ਜਸਕਰਨ ਸਿੰਘ ਤੋਂ ਇਲਾਵਾ ਹੋਰ ਉੱਘੀਆਂ ਸ਼ਖ਼ਸੀਅਤਾਂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਈਆਂ। ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੋਸਾਇਟੀ ਦੇ ਸਰਪ੍ਰਸਤ ਰਸ਼ਪਾਲ ਸਿੰਘ ਚਰੜ ਨੇ ਕਿਹਾ ਕਿ ਸਾਡੀ ਸੋਸਾਇਟੀ ਵੱਲੋਂ ਲਗਾਏ ਗਏ ਇਸ ਕੈਂਪ ਵਿੱਚ ਇਲਾਕੇ ਭਰ ਦੇ ਮਰੀਜ਼ਾਂ ਨੇ ਬੜੇ ਉਤਸ਼ਾਹ ਨਾਲ ਸ਼ਾਮਿਲ ਹੋ ਕੇ ਜਿੱਥੇ ਆਪਣੀਆਂ ਬਿਮਾਰੀਆਂ ਦਾ ਪੂਰਾ ਇਲਾਜ ਕਰਵਾਇਆ ਹੈ ਉਥੇ ਬਿਮਾਰੀਆਂ ਤੋਂ ਪਰਹੇਜ ਕਰਨ ਸਬੰਧੀ ਡਾਕਟਰਾਂ ਨਾਲ ਸਲਾਹ ਮਸ਼ਵਰਾ ਵੀ ਕੀਤਾ। ਉਨ੍ਹਾਂ ਕਿਹਾ ਕਿ ਮੌਸਮ ਖਰਾਬ ਹੋਣ ਦੇ ਬਾਵਜੂਦ ਵੀ ਇਸ ਕੈਂਪ ਵਿੱਚ ਮਰੀਜ਼ਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਠਾਕੁਰ ਰਵੀ ਗਾਂਧੀ ਨੇ ਲੋਕ ਸੇਵਾ ਵੈਲਫੇਅਰ ਸੋਸਾਇਟੀ ਦੇ ਸਰਪ੍ਰਸਤ ਰਸ਼ਪਾਲ ਸਿੰਘ ਚਰੜ ਨੂੰ ਇਸ ਕੈਂਪ ਦੀ ਕਾਮਯਾਬੀ ਲਈ ਵਧਾਈ ਦਿੰਦੇ ਹੋਏ ਕਿਹਾ ਕਿ ਸੋਸਾਇਟੀ ਨੇ ਅਜਿਹੇ ਕੈਂਪਾਂ ਦੀ ਜਿਹੜੀ ਮੁਹਿਮ ਸ਼ੁਰੂ ਕੀਤੀ ਹੈ ਅਸੀਂ ਉਮੀਦ ਕਰਦੇ ਹਾਂ ਕਿ ਉਹ ਅਗਾਂਹ ਵੀ ਅਜਿਹੇ ਕਾਮਯਾਬ ਕੈਂਪ ਲਗਾਉਂਦੇ ਰਹਿਣਗੇ। ਕੈਂਪ ਦੇ ਅਖੀਰ ਵਿੱਚ ਰਸ਼ਪਾਲ ਸਿੰਘ ਚਰੜ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਉਨ੍ਹਾਂ ਨੂੰ ਸਨਮਾਨਤ ਕੀਤਾ। ਉਨ੍ਹਾਂ ਨੇ ਕਿਹਾ ਕਿ ਇਸ ਵਿਸ਼ਾਲ ਕੈਂਪ ਵਿੱਚ ਵੱਖ-ਵੱਖ ਬਿਮਾਰੀਆਂ ਦੀਆਂ ਡਾਕਟਰੀ ਟੀਮਾਂ ਨੇ ਕਰੀਬ 500 ਮਰੀਜ਼ਾਂ ਦਾ ਜਨਰਲ ਅਤੇ ਕੈਂਸਰ ਦੇ 200 ਮਰੀਜ਼ਾਂ ਤੋਂ ਇਲਾਵਾ 50 ਪਹਿਲਵਾਨਾਂ ਦੀ ਬਾਡੀ ਦਾ ਚੈੱਕਅਪ ਕਰਕੇ ਜ਼ਰੂਰਤਮੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਕੈਂਪ ਦੌਰਾਨ ਮਰੀਜ਼ਾਂ ਦੇ ਮੁਫ਼ਤ ਟੈਸਟ ਕਰਕੇ ਉਨ੍ਹਾਂ ਨੂੰ ਹਰ ਪ੍ਰਕਾਰ ਦੀ ਜਾਣਕਾਰੀ ਮੁਹਈਆ ਕਰਵਾਈ ਗਈ। ਕੈਂਪ ਦੌਰਾਨ ਸਾਰਾ ਦਿਨ ਚਾਹ ਪਾਣੀ ਰੋਟੀ ਆਦਿ ਦਾ ਅਤੁੱਟ ਲੰਗਰ ਵਰਤਾਇਆ ਗਿਆ।



# ਬਾਰ੍ਹਵੀਂ ਦੇ ਹੋਣਹਾਰ ਵਿਦਿਆਰਥੀਆਂ ਦਾ ਅੱਜ ਹੋਵੇਗਾ ਸਨਮਾਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਸਰਕਾਰ ਵੱਲੋਂ ਬਾਰਵੀਂ ਜਮਾਤ ਦੇ ਹੋਣਹਾਰ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਲਈ 'ਬ੍ਰਾਈਟ ਮਾਈਂਡਜ਼ ਪੰਜਾਬ 2026' ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਮਹੱਤਵਪੂਰਨ ਸਮਾਗਮ 1 ਜੂਨ 2026 ਨੂੰ ਸਵੇਰੇ 9 ਵਜੇ ਤੋਂ ਦੁਪਹਿਰ 12 ਵਜੇ ਤੱਕ ਵਿਰਾਸਤ-ਏ-ਖਾਲਸਾ ਆਡੀਟੋਰੀਅਮ, ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਇਆ ਜਾਵੇਗਾ। ਇਸ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਪ੍ਰੇਮ ਕੁਮਾਰ ਮਿੱਤਲ, ਡਾਇਟ ਰੂਪਨਗਰ ਦੀ ਪ੍ਰਿੰਸੀਪਲ ਮੋਨਿਕਾ ਭੁਟਾਨੀ ਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਿੰਸੀਪਲ ਇੰਦਰਜੀਤ ਸਿੰਘ ਵੱਲੋਂ ਵੱਖ-ਵੱਖ ਕਮੇਟੀਆਂ ਨਾਲ ਮੀਟਿੰਗ ਕਰਕੇ ਪ੍ਰਬੰਧਾਂ ਨੂੰ ਅੰਤਿਮ ਰੂਪ ਦਿੱਤਾ ਗਿਆ। ਅਧਿਕਾਰੀਆਂ ਨੇ ਸਮਾਗਮ ਨੂੰ ਸੁਚਾਰੂ ਅਤੇ ਸਫਲ ਬਣਾਉਣ ਲਈ ਹਰ ਪੱਖ ਤੋਂ ਪੂਰੀ ਤਿਆਰੀ ਯਕੀਨੀ ਬਣਾਈ ਹੈ। ਪ੍ਰੇਮ ਕੁਮਾਰ ਮਿੱਤਲ ਅਤੇ ਇੰਦਰਜੀਤ ਸਿੰਘ ਨੇ ਦੱਸਿਆ ਕਿ ਇਸ ਸਨਮਾਨ ਸਮਾਰੋਹ ਵਿੱਚ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਇਸ ਮੌਕੇ ਜ਼ਿਲ੍ਹਾ ਰੂਪਨਗਰ ਦੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਉਹ ਵਿਦਿਆਰਥੀ ਸਨਮਾਨਤ ਕੀਤੇ ਜਾਣਗੇ ਜਿਨ੍ਹਾਂ ਨੇ ਬਾਰਵੀਂ ਜਮਾਤ ਦੀਆਂ ਸਲਾਨਾ ਪ੍ਰੀਖਿਆਵਾਂ ਵਿੱਚ 85 ਫੀਸਦੀ ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ।ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਮਨਜੀਤ ਸਿੰਘ ਮਾਵੀ, ਪ੍ਰਿੰਸੀਪਲ ਨੀਰਜ ਵਰਮਾ, ਚਰਨਜੀਤ ਸਿੰਘ ਸੈਣੀ, ਪਵਨ ਖੁਰਾਨਾ, ਗੁਰਦੀਪ ਸਿੰਘ, ਸੰਦੀਪ ਕੌਰ, ਪੂਜਾ ਗੋਇਲ, ਕਿਰਨ ਬਾਲਾ ਸਾਰੇ ਪ੍ਰਿੰਸੀਪਲ ਤੇ ਮੁੱਖ ਅਧਿਆਪਕ ਗੁਰਜਤਿੰਦਰ ਪਾਲ ਸਿੰਘ ਗਨੂਰਾ, ਰੁਪਿੰਦਰਜੀਤ ਕੌਰ, ਸੀਮਾ ਜੱਸਲ, ਨਰੇਸ਼ ਕੁਮਾਰ, ਦਿਸ਼ਾਂਤ ਮਹਿਤਾ, ਓਮ ਪ੍ਰਕਾਸ਼, ਸੁਖਜੀਤ ਸਿੰਘ, ਚਰਨਜੀਤ ਬੰਗਾ, ਕੁਲਦੀਪ ਸਿੰਘ, ਮੀਹਮਲ, ਸੁਰਜੀਤ ਸਿੰਘ ਨਾਨੋਵਾਲ ਅਤੇ ਲੈਕਚਰਾਰ ਤਰਲੋਚਨ ਸਿੰਘ ਹਾਜ਼ਰ ਸਨ।



# ਪੰਚਾਇਤ ਵੱਲੋਂ ਪੰਜਾਬ ਮੰਡੀ ਬੋਰਡ ਨੂੰ 18 ਕਿੱਲੇ ਜ਼ਮੀਨ ਮੰਡੀ ਬਣਾਉਣ ਲਈ ਦਾਨ ਦੇਣ 'ਤੇ ਬਰਸਟ ਨੇ ਕੀਤਾ ਸਨਮਾਨਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪਿੰਡ ਦਦਹੇੜਾ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਹਰਚੰਦ ਸਿੰਘ ਬਰਸਟ ਚੈਅਰਮੈਨ ਪੰਜਾਬ ਮੰਡੀ ਬੋਰਡ (ਸੂਬਾ ਜਰਨਲ ਸਕੱਤਰ ਆਮ ਆਦਮੀ ਪਾਰਟੀ ਪੰਜਾਬ) ਵੱਲੋਂ ਪਿੰਡ ਦਦਹੇੜਾਂ ਵਾਸੀਆਂ ਅਤੇ ਪੰਚਾਇਤ ਵੱਲੋ 18 ਕਿੱਲੇ ਜਮੀਨ ਪੰਜਾਬ ਮੰਡੀ ਬੋਰਡ ਨੂੰ ਮੰਡੀ ਬਣਾਉਣ ਲਈ ਦਾਨ ਕੀਤੇ ਜਾਣ ਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਅਤੇ ਸਰਪੰਚ ਤੇ ਪੰਚਾਇਤ ਨੂੰ ਸਨਮਾਨਤ ਕੀਤਾ ਗਿਆ। ਇਸ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਹਰਚੰਦ ਸਿੰਘ ਬਰਸਟ ਨੇ ਇਲਾਕਾ ਨਿਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਮੰਡੀ ਇਸ ਖੇਤਰ ਦੇ ਆਰਥਿਕ ਵਿਕਾਸ ਵਿੱਚ ਮੀਲ ਪੱਥਰ ਸਾਬਤ ਹੋਵੇਗੀ। ਇਸ ਮੰਡੀ ਦੇ ਬਣਨ ਨਾਲ ਇਲਾਕੇ ਵਿੱਚ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ ਜਿਸ ਨਾਲ ਕਿਸਾਨਾਂ ਨੂੰ ਉਨ੍ਹਾਂ ਦੀ ਮਿਹਨਤ ਦਾ ਚੰਗਾ ਮੁੱਲ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਮੰਡੀ ਪਟਿਆਲਾ ਤੋਂ ਨਾਭਾ ਮੇਨ ਰੋਡ ਤੇ ਸਥਿਤ ਹੈ, ਜਿਸ ਨਾਲ ਲਿਫਟਿੰਗ ਦੇ ਵਿੱਚ ਕੋਈ ਮੁਸ਼ਕਿਲ ਨਹੀਂ ਆਵੇਗੀ, ਸ਼ਹਿਰ ਦੇ ਨਜਦੀਕ ਹੋਣ ਕਾਰਨ ਪਟਿਆਲਾ ਮੰਡੀ ਦੇ ਵੱਧ ਰਹੇ ਬੋਝ ਨੂੰ ਘੱਟ ਕਰੇਗੀ ਅਤੇ ਕਿਸਾਨਾਂ ਨੂੰ ਆਪਣੀ ਫ਼ਸਲ ਨੇੜੇ ਅਤੇ ਆਸਾਨੀ ਨਾਲ ਵੇਚਣ ਵਿੱਚ ਸਹਾਈ ਸਿੱਧ ਹੋਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪੰਜਾਬ ਦਾ ਚਹੁੰਪਖੀ ਵਿਕਾਸ ਕੀਤਾ ਜਾ ਰਿਹਾ ਹੈ। ਆਪ ਸਰਕਾਰ ਵੱਲੋਂ ਚਾਰ ਸਾਲਾਂ ਦੌਰਾਨ ਸਾਰਿਆਂ ਗਰੰਟੀਆਂ ਪੂਰੀਆਂ ਕੀਤੀ ਗਈਆਂ ਹਨ, ਜਿਸ ਤੋਂ ਲੋਕ ਸੰਤੁਸ਼ਟ ਹਨ।ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਕ ਪਾਸੇ ਜਿੱਥੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਉੱਥੇ ਹੀ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਿਸ਼ ਤੋਂ 65 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਇਸ ਮੌਕੇ ਗੁਰਜੀਤ ਸਿੰਘ ਸਰਪੰਚ ਦਦਹੇੜਾਂ, ਗੁਰਪ੍ਰੀਤ ਸਿੰਘ, ਗੋਬਿੰਦ ਸਿੰਘ, ਗਿਆਨ ਦਾਸ, ਗੁਰਬਖਸ਼ ਸਿੰਘ, ਸੁਸ਼ੀਲਾ ਰਾਣੀ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਸ਼ਾਮ ਲਾਲ, ਅਸਲਮ ਮੁਹੰਮਦ ਜਿਲ੍ਹਾ ਮੰਡੀ ਅਫ਼ਸਰ, ਅੰਮ੍ਰਿਤਪਾਲ ਸਿੰਘ ਕਾਰਜਕਾਰੀ ਇੰਜੀਨੀਅਰ, ਰਾਮ ਸਿੰਘ ਸਰਪੰਚ ਫਤਿਹਪੁਰ, ਤਰਲੋਚਨ ਸਿੰਘ ਸਰਪੰਚ ਰੱਖੜਾ, ਰਾਠੀ ਜੀ ਗੱਜੂਮਾਜਰਾਂ, ਰਾਜਿੰਦਰ ਸਿੰਘ ਸਰਪੰਚ ਸਾਹਿਬਪੁਰਾ, ਗੁਰਪ੍ਰੀਤ ਸਿੰਘ ਸਰਪੰਚ ਆਸੇਮਾਜਰਾਂ, ਸਨਦੀਪ ਵਾਲਮਿਕੀ ਜੀ ਆਸੇਮਾਜਰਾਂ, ਨਰਿੰਦਰ ਸਿੰਘ ਬਰਸਟ, ਭੁਪਿੰਦਰ ਸਿੰਘ ਸਰਪੰਚ ਖੇੜੀ ਗੋੜੀਆਂ, ਅਕਾਸ਼ਦੀਪ ਸਿੰਘ ਸਰਪੰਚ ਬਨੇਰਾ, ਬਹਾਦਰ ਸਿੰਘ ਸਰਪੰਚ ਦੁਘਾਟ, ਅਮਰੀਕ ਸਿੰਘ ਸਰਪੰਚ ਕਕਰਾਲਾ, ਮਲਕੀਤ ਸਿੰਘ ਸਰਪੰਚ ਸੇਰਮਾਜਰਾ, ਨਵਦੀਪ ਸਿੰਘ ਸੇਰਮਾਜਰਾ, ਯਾਦਵਿੰਦਰ ਸਿੰਘ ਸਰਪੰਚ ਪਸਿਅਣਾ, ਪ੍ਰਗਟ ਸਿੰਘ ਸਰਪੰਚ ਢਕੜੱਬਾ, ਗੁਲਜਾਰ ਸਿੰਘ ਦੁਘਾਟ, ਗੁਰਜੀਤ ਸਿੰਘ ਇੰਦਰਪੁਰਾ, ਧਰਮਿੰਦਰ ਸਿੰਘ, ਗਿੰਨੀ ਤਰੋੜਾਂ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।



# ਸਮਾਜ ਸੇਵਕ ਹਰਬੰਸ ਲਾਲ ਫੌਜੀ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ 3 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਦੇ ਉੱਘੇ ਸਮਾਜ ਸੇਵਕ ਹਰਬੰਸ ਲਾਲ ਫੌਜੀ ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ ਸੀ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਉਨ੍ਹਾਂ ਦੇ ਬੇਟੇ ਰਾਜ ਕੁਮਾਰ ਭੁੰਗਰਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੇਰੇ ਪਿਤਾ ਹਰਬੰਸ ਲਾਲ ਫੌਜੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਜੀ ਦੇ ਭੋਗ 3 ਜੂਨ ਨੂੰ ਸਾਡੇ ਗ੍ਰਹਿ ਵਿਖੇ ਪਾਏ ਜਾਣਗੇ। ਉਨ੍ਹਾਂ ਦੱਸਿਆ ਕਿ ਹਰਬੰਸ ਲਾਲ ਫੌਜੀ ਦੇ ਨਮਿਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਦੇ ਅਸਥਾਨ ਤੇ ਦੁਪਹਿਰ 12 ਵਜੇ ਤੋਂ 02 ਵਜੇ ਕਰਵਾਏ ਜਾ ਰਹੇ ਹਨ। ਉਪਰੰਤ ਭਾਈ ਸੁਖਚੈਨ ਸਿੰਘ ਮੁੱਖ ਗ੍ਰੰਥੀ ਭੁੰਗਰਨੀ ਵੈਰਾਗਮਈ ਕੀਰਤਨ ਕਰਨਗੇ।ਸ਼ਰਧਾਂਜਲੀ ਸਮਾਗਮ ਦੌਰਾਨ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ ਹਰਬੰਸ ਲਾਲ ਫੌਜੀ ਨੂੰ ਸ਼ਰਧਾਂਜਲੀ ਭੇਟ ਕਰਨਗੇ।



# ਨੌਜਵਾਨ ਦਾ ਗੋਲੀਆਂ ਮਾਰ ਕੇ ਕਤਲ

**ਬੰਗਾ (ਅਵਤਾਰ ਕਲੇਰ)**- ਕਸਬਾ ਔੜ ਵਿਖੇ ਅਣਪਛਾਤੇ ਹਮਲਾਵਰਾਂ ਵੱਲੋਂ ਨਿਸ਼ਾਨ ਸਿੰਘ ਨਾਂਅ ਦੇ ਨੌਜਵਾਨ 'ਤੇ ਤਾਬੜਤੋੜ 11 ਫਾਇਰ ਕਰਕੇ ਉਸ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਇਸ ਖ਼ੂਨੀ ਵਾਰਦਾਤ ਦੌਰਾਨ ਨੌਜਵਾਨ ਦੇ ਸਰੀਰ 'ਤੇ 7 ਗੋਲੀਆਂ ਲੱਗੀਆਂ, ਜਿਸ ਕਾਰਨ ਪੂਰੇ ਇਲਾਕੇ ਵਿੱਚ ਦਹਿਸ਼ਤ ਅਤੇ ਸਨਸਨੀ ਦਾ ਮਾਹੌਲ ਪੈਦਾ ਹੋ ਗਿਆ ਹੈ। ਸੂਤਰਾਂ ਮੁਤਾਬਕ ਨਿਸ਼ਾਨ ਸਿੰਘ ਜਦੋਂ ਆਪਣੇ ਘਰ ਜਾ ਰਿਹਾ ਸੀ, ਤਾਂ ਰਸਤੇ ਵਿੱਚ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਦੋ ਅਣਪਛਾਤੇ ਹਮਲਾਵਰਾਂ ਨੇ ਉਸ ਨੂੰ ਘੇਰ ਲਿਆ ਤੇ ਉਸ ਉੱਤੇ ਅੰਨ੍ਹੇਵਾਹ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਵਾਰਦਾਤ ਤੋਂ ਬਾਅਦ ਹਮਲਾਵਰ ਮੌਕੇ ਤੋਂ ਫ਼ਰਾਰ ਹੋ ਗਏ। ਘਟਨਾ ਸਥਾਨ ਦੇ ਕੋਲੋਂ ਲੰਘ ਰਹੇ ਇੱਕ ਰਾਹਗੀਰ ਨੇ ਹੌਸਲਾ ਦਿਖਾਉਂਦਿਆਂ ਖ਼ੂਨ ਨਾਲ ਲੱਥਪੱਥ ਨਿਸ਼ਾਨ ਸਿੰਘ ਨੂੰ ਤੁਰੰਤ ਨਵਾਂਸ਼ਹਿਰ ਦੇ ਇੱਕ ਨਿੱਜੀ ਹਸਪਤਾਲ ਪਹੁੰਚਾਇਆ। ਉੱਥੇ ਮੌਜੂਦ ਡਾਕਟਰਾਂ ਨੇ ਜਾਂਚ ਤੋਂ ਬਾਅਦ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕ ਦੇ ਸਾਥੀ ਸਮੀਰ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਨਿਸ਼ਾਨ ਸਿੰਘ ਨੂੰ ਪਿਛਲੇ ਕਈ ਦਿਨਾਂ ਤੋਂ ਲਗਾਤਾਰ ਜਾਨੋਂ ਮਾਰਨ ਦੀਆਂ ਧਮਕੀਆਂ ਵਾਲੇ ਫ਼ੋਨ ਆ ਰਹੇ ਸਨ। ਕੁਝ ਮਹੀਨੇ ਪਹਿਲਾਂ ਵੀ ਨਿਸ਼ਾਨ ਸਿੰਘ 'ਤੇ ਜਿੰਮ ਦੇ ਅੰਦਰ ਜਾਨਲੇਵਾ ਹਮਲਾ ਹੋਇਆ ਸੀ। ਸਮੀਰ ਮੁਤਾਬਕ ਇਨ੍ਹਾਂ ਧਮਕੀਆਂ ਤੇ ਹਮਲੇ ਸੰਬੰਧੀ ਲਿਖਤੀ ਜਾਣਕਾਰੀ ਪੁਲਿਸ ਨੂੰ ਦਿੱਤੀ ਗਈ ਸੀ।



ਘਟਨਾ ਦੀ ਸੂਚਨਾ ਮਿਲਦਿਆਂ ਹੀ ਭਾਰੀ ਗਿਣਤੀ ਵਿੱਚ ਪੁਲਿਸ ਫੋਰਸ ਵਾਰਦਾਤ ਵਾਲੀ ਥਾਂ 'ਤੇ ਪਹੁੰਚ ਗਈ ਅਤੇ ਆਲੇ-ਦੁਆਲੇ ਦੇ ਇਲਾਕੇ ਨੂੰ ਸੀਲ ਕਰਕੇ ਜਾਂਚ ਸ਼ੁਰੂ ਕਰ ਦਿੱਤੀ। ਦੂਜੇ ਪਾਸੇ, ਨਵਾਂਸ਼ਹਿਰ ਦੇ ਨਿੱਜੀ ਹਸਪਤਾਲ ਵਿਖੇ ਡੀ ਐੱਸ ਪੀ ਪੰਕਜ ਸ਼ਰਮਾ ਤੇ ਐੱਸ ਪੀ (ਜਾਂਚ) ਸਰਬਜੀਤ ਸਿੰਘ ਬਾਹੀਆ ਪੁਲਿਸ ਪਾਰਟੀ ਸਮੇਤ ਪਹੁੰਚੇ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਮ੍ਰਿਤਕ ਦੇ ਪਰਿਵਾਰਿਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰ ਲਿਆ ਗਿਆ ਹੈ। ਦੋਸ਼ੀਆਂ ਨੂੰ ਜਲਦ ਫੜਨ ਲਈ ਪੁਲਿਸ ਦੀਆਂ ਵੱਖ-ਵੱਖ ਟੀਮਾਂ ਵੱਲੋਂ ਇਲਾਕੇ ਵਿੱਚ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਮਾਪੇ-ਅਧਿਆਪਕ ਮਿਲਣੀ

**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਦੀ ਅਗਵਾਈ ਹੇਠ ਨਰਸਰੀ ਤੋਂ ਬਾਰ੍ਹਵੀਂ ਜਮਾਤ ਦੇ ਪ੍ਰਿਓਡਿਕ-1 ਦੇ ਨਤੀਜਿਆਂ ਸਬੰਧੀ ਮਾਪੇ-ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਮਾਪੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।



ਅਧਿਆਪਕਾਂ ਵੱਲੋਂ ਮਾਪਿਆਂ ਨੂੰ ਪ੍ਰਿਓਡਿਕ -1 ਦੇ ਨਤੀਜਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਤੇ ਵਿਦਿਆਰਥੀਆਂ ਦੀਆਂ ਖੂਬੀਆਂ ਤੇ ਸੁਧਾਰ ਯੋਗ ਖੇਤਰਾਂ ਬਾਰੇ ਵੀ ਚਰਚਾ ਕੀਤੀ ਗਈ। ਮਾਪਿਆਂ ਨੂੰ ਬੱਚਿਆਂ ਦੀ ਨਿਯਮਿਤ ਪੜ੍ਹਾਈ, ਘਰੇਲੂ ਕਾਰਜ ਅਤੇ ਸਕੂਲ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ.ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀ.ਨਿਮਰਤਾ ਕੌਰ ਨੇ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਪਿਆਂ ਅਤੇ ਅਧਿਆਪਕਾਂ ਦਾ ਆਪਸੀ ਸਹਿਯੋਗ ਵਿਦਿਆਰਥੀਆਂ ਦੀ ਸਫਲਤਾ ਲਈ ਬਹੁਤ ਮਹੱਤਵਪੂਰਨ ਹੈ। ਮਾਪੇ-ਅਧਿਆਪਕ ਮਿਲਣੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਅਕਾਦਮਿਕ ਪ੍ਰਗਤੀ ਨੂੰ ਹੋਰ ਬਿਹਤਰ ਬਣਾਉਣਾ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਹੈ।

# ਗਰੀਬ ਦਾ ਮੂੰਹ ਗੁਰੂ ਦੀ ਗੋਲਕ ਸੰਸਥਾ ਵੱਲੋਂ ਦਾਨੀ ਸੱਜਣਾਂ ਨੂੰ ਲਗਾਤਾਰ ਸਨਮਾਨਤ ਕੀਤਾ ਜਾ ਰਿਹਾ : ਅਜਨੋਹਾ

**ਮੇਹਟੀਆਣਾ (ਜਗਤਾਰ ਸਿੰਘ ਡੁੰਗਰਾਣੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੱਖ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ।



ਸੰਸਥਾ ਵੱਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਨੂੰ ਸਹਿਯੋਗ ਦੇਣ ਵਾਲੀਆਂ ਸੰਗਤਾਂ ਦਾ ਲਗਾਤਾਰ ਸਨਮਾਨ ਕੀਤਾ ਜਾ ਰਿਹਾ ਹੈ। ਸਿੱਖ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੀ ਭੈਣ ਗੁਰਦਿਆਲ ਕੌਰ ਪਿੰਡ ਸਾਹਲੋਂ ਦੇ ਪੋਤੇ ਸਤਵੀਰ ਸਿੰਘ ਕਾਲਾ ਕਨੇਡਾ ਨੂੰ ਸੰਸਥਾ ਦਾ ਸਹਿਯੋਗ ਕਰਨ ਲਈ ਸਨਮਾਨਤ ਕੀਤਾ ਗਿਆ। ਇਸ ਮੌਕੇ ਹਾਜ਼ਰ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਸਤਵੀਰ ਸਿੰਘ ਕਾਲਾ ਕਨੇਡਾ ਸਾਹਲੋਂ, ਅਮਨ ਕੌਰ, ਭੁਪਿੰਦਰ ਕੌਰ ਅਜਨੋਹਾ, ਸੁਰਜਨ ਕੌਰ ਇਟਲੀ ਕਰਨਾਣਾ ਆਦਿ ਹਾਜ਼ਰ ਸਨ।

# ਬੀ ਐੱਸ ਸੀ ਨਰਸਿੰਗ ਦਾ ਨਤੀਜਾ ਰਿਹਾ 100 ਫੀਸਦੀ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ ਦੀ ਕਲਾਸ ਬੀ ਐੱਸ ਸੀ ਨਰਸਿੰਗ ਦੂਜਾ ਸਾਲ (ਚੌਥਾ ਸਮੈਸਟਰ) ਦਾ ਸ਼ਾਨਦਾਰ 100 ਫੀਸਦੀ ਨਤੀਜਾ ਆਇਆ ਹੈ। ਇਸ ਸਬੰਧੀ



ਜਾਣਕਾਰੀ ਦਿੰਦਿਆਂ ਮੈਡਮ ਰਮਨਦੀਪ ਕੌਰ ਪ੍ਰਿੰਸੀਪਲ ਨੇ ਦੱਸਿਆ ਕਿ ਬੀ ਐੱਸ ਨਰਸਿੰਗ (ਦੂਜਾ ਸਾਲ, ਚੌਥਾ ਸਮੈਸਟਰ) ਕਲਾਸ ਵਿਚੋਂ ਪਹਿਲਾ ਸਥਾਨ ਗੁਰਪ੍ਰੀਤ ਮਹਿਮੀ ਪੁੱਤਰੀ ਨਿਰਮਲ ਦਾਸ-ਚਰਨਜੀਤ ਕੌਰ ਜ਼ਿਲ੍ਹਾ ਹੁਸ਼ਿਆਰਪੁਰ ਨੇ ਸ਼ਾਨਦਾਰ 7.71 ਗਰੇਡ ਅੰਕ ਪ੍ਰਾਪਤ ਕਰਕੇ ਕੀਤਾ। ਦੂਸਰਾ ਸਥਾਨ ਹਰਨੂਰ ਕੌਰ ਪੁੱਤਰੀ ਕੁਲਵਿੰਦਰ ਸਿੰਘ- ਨਿਰਮਲਜੀਤ ਕੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ 7.17 ਗਰੇਡ ਅੰਕਾਂ ਨਾਲ ਅਤੇ ਤੀਜਾ ਸਥਾਨ ਸਿਮਰਨ ਪੁੱਤਰੀ ਰਜਨੀਸ਼ ਚੋਪੜਾ- ਨੀਲਮ ਚੋਪੜਾ ਫਗਵਾੜਾ ਨੇ 7.05 ਗਰੇਡ ਅੰਕਾਂ ਨਾਲ ਹਾਸਲ ਕੀਤਾ ਹੈ।ਕਾਲਜ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਸਮੂਹ ਟਰੱਸਟ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਨਰਸਿੰਗ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ, ਅਧਿਆਪਕਾਂ ਅਤੇ ਪ੍ਰਿੰਸੀਪਲ ਨੂੰ ਸ਼ਾਨਦਾਰ ਨਤੀਜੇ ਲਈ ਹਾਰਦਿਕ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਸਮੂਹ ਨਰਸਿੰਗ ਵਿਦਿਆਰਥੀਆਂ ਨੂੰ ਪ੍ਰੇਰਨਾ ਦਿੰਦੇ ਕਿਹਾ ਕਿ ਜਦੋਂ ਆਪਣੀ ਮਿਹਨਤ, ਲਗਨ ਅਤੇ ਆਤਮ-ਵਿਸ਼ਵਾਸ ਨਾਲ ਪੜ੍ਹਾਈ ਕਰਕੇ, ਪ੍ਰੀਖਿਆ ਦਿੱਤੀ ਜਾਂਦੀ ਹੈ ਤਾਂ ਉਹ ਹਰ ਮੰਜ਼ਿਲ ਹਾਸਲ ਕਰ ਸਕਦੇ ਹਨ ਅਤੇ ਜੀਵਨ ਵਿਚ ਹਮੇਸ਼ਾਂ ਕਾਮਯਾਬੀ ਮਿਲਦੀ ਹੈ । ਇਸ ਮੌਕੇ ਮੈਡਮ ਸੁਖਮਿੰਦਰ ਕੌਰ ਉੱਭੀ, ਸਰਬਜੀਤ ਕੌਰ ਕਲਾਸ ਇੰਚਾਰਜ, ਮਨਦੀਪ ਕੌਰ, ਸੰਦੀਪ ਸੂਦਨ, ਹਰਦੀਪ ਕੌਰ ਤੇ ਟੌਪਰ ਨਰਸਿੰਗ ਵਿਦਿਆਰਥੀ ਹਾਜ਼ਰ ਸਨ।

# 29 ਤੱਕ ਕੀਤੇ ਗਏ ਸਾਰੇ ਵਾਅਦੇ ਕੀਤੇ ਜਾਣਗੇ ਪੂਰੇ : ਨਾਇਬ ਸਿੰਘ ਸੈਣੀ

## ਬਾਬਾ ਸਾਹਿਬ ਸੰਵਿਧਾਨ ਨਿਰਮਾਤਾ ਨਹੀਂ ਸਗੋਂ ਕਰੋੜਾਂ ਵਾਂਝਿਆਂ ਦੇ ਸੁਪਨਿਆਂ ਦੇ ਵੀ ਨਿਰਮਾਤਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਕੁਸ਼ਲ ਅਗਵਾਈ ਹੇਠ ਡਬਲ ਇੰਜਣ ਸਰਕਾਰ ਧਾਨਕ ਸਮਾਜ ਦੇ ਸਨਮਾਨ ਦੀ ਪ੍ਰਹਿਰੀ ਹੈ। ਸਮਾਜ ਦੇ ਅਧਿਕਾਰਾਂ ਦੀ ਰੱਖਿਆ ਕਰਨਾ, ਬੱਚਿਆਂ ਨੂੰ ਬਿਹਤਰ ਭਵਿੱਖ ਦੇਣਾ ਅਤੇ ਸਮਾਜ ਨੂੰ ਨਵੀਆਂ ਉਚਾਈਆਂ 'ਤੇ ਪਹੁੰਚਾਉਣਾ ਉਨ੍ਹਾਂ ਦੀ ਸਰਵਉੱਚ ਪ੍ਰਾਥਮਿਕਤਾ ਹੈ।ਮੁੱਖ ਮੰਤਰੀ ਸ਼ਨੀਵਾਰ ਨੂੰ ਚੰਡੀਗੜ੍ਹ ਵਿਖੇ ਧਾਨਕ ਸਮਾਜ ਦੇ ਨੁਮਾਇੰਦਿਆਂ ਨਾਲ ਆਯੋਜਿਤ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਇਸ ਵਿੱਚ ਹਰਿਆਣਾ, ਚੰਡੀਗੜ੍ਹ ਤੋਂ ਇਲਾਵਾ ਪੰਜਾਬ ਦੇ ਨੁਮਾਇੰਦੇ ਵੀ ਸ਼ਾਮਲ ਹੋਏ।ਮੁੱਖ ਮੰਤਰੀ ਨੇ ਕਿਹਾ ਕਿ 29 ਜੂਨ ਨੂੰ ਭਿਵਾਨੀ ਵਿੱਚ ਸੰਤ ਕਬੀਰਦਾਸ ਜਯੰਤੀ ਮਨਾਈ ਜਾਵੇਗੀ। ਇਸੇ ਤਰ੍ਹਾਂ ਪੰਜਾਬ ਦੇ ਅਬੋਹਰ ਅਤੇ ਲੁਧਿਆਣਾ ਵਿੱਚ ਵੀ ਆਯੋਜਿਤ ਕੀਤੇ ਜਾਣ ਵਾਲੇ ਜਯੰਤੀ ਸਮਾਰੋਹਾਂ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਉਨ੍ਹਾਂ ਦੀ ਹਰ ਸਮੱਸਿਆ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 2029 ਤੱਕ ਭਾਜਪਾ ਸਰਕਾਰ ਵੱਲੋਂ ਕੀਤੇ ਗਏ ਸਾਰੇ ਵਾਅਦੇ ਪੂਰੇ ਕੀਤੇ ਜਾਣਗੇ। ਹੁਣ ਤੱਕ 63 ਸੰਕਲਪ ਪੂਰੇ ਕੀਤੇ ਜਾ ਚੁੱਕੇ ਹਨ ਅਤੇ 153 ਸੰਕਲਪਾਂ 'ਤੇ ਤੇਜ਼ੀ ਨਾਲ ਕੰਮ ਚੱਲ ਰਿਹਾ ਹੈ।ਮੁੱਖ ਮੰਤਰੀ ਨੇ ਕਿਹਾ ਕਿ ਧਾਨਕ ਸਮਾਜ ਦਾ ਇਤਿਹਾਸ ਸਭਾਵੀਮਾਨ, ਤਿਆਗ ਅਤੇ ਰਾਸ਼ਟਰ ਨਿਰਮਾਣ ਦਾ ਰਿਹਾ ਹੈ। ਚਾਹੇ ਦੇਸ਼ ਦੀ ਆਜ਼ਾਦੀ ਦੀ ਲੜਾਈ ਹੋਵੇ, ਸਮਾਜ ਸੁਧਾਰ ਦੀ ਲਹਿਰ ਹੋਵੇ ਜਾਂ ਅੱਜ ਦੇ ਵਿਕਸਤ ਭਾਰਤ ਦੇ ਨਿਰਮਾਣ ਦੀ ਯਾਤਰਾ ਹੋਵੇ, ਸਮਾਜ ਹਰ ਮੋਰਚੇ 'ਤੇ ਮੋਹਰੀ ਰਿਹਾ ਹੈ। ਸੰਤ ਕਬੀਰ ਦਾਸ ਦਾ ਵੀ ਇਹੋ ਸੰਦੇਸ਼ ਸੀ ਕਿ ਕਿਰਤ ਹੀ ਸਨਮਾਨ ਦਾ ਸਭ ਤੋਂ ਵੱਡਾ ਆਧਾਰ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰੀ ਸੇਵਾਵਾਂ ਵਿੱਚ ਅਨੁਸੂਚਿਤ ਜਾਤੀਆਂ ਲਈ ਰਾਖਵੇਂ 20 ਫੀਸਦੀ ਕੋਟੇ ਵਿੱਚੋਂ 10 ਫੀਸਦੀ ਹਿੱਸਾ ਵਿਸ਼ੇਸ਼ ਤੌਰ 'ਤੇ ਵਾਂਝੀਆਂ ਅਨੁਸੂਚਿਤ ਜਾਤੀਆਂ ਲਈ ਰਾਖਵਾਂ ਕੀਤਾ ਹੈ। ਇਹ ਸਮਾਜਿਕ ਨਿਆਂ ਦੀ ਦਿਸ਼ਾ ਵਿੱਚ ਇਤਿਹਾਸਕ ਕਦਮ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਅਸੀਂ ਗਰੀਬ, ਵਾਂਝੇ ਅਤੇ ਸ਼ੋਸ਼ਿਤ ਸਮਾਜ ਦੇ ਅਧਿਕਾਰਾਂ ਦੀ ਗੱਲ ਕਰਦੇ ਹਾਂ, ਉਦੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਮਹਾਨ ਸ਼ਖਸੀਅਤ ਸਾਡੇ ਸਾਹਮਣੇ ਖੜ੍ਹੀ ਦਿਖਾਈ ਦਿੰਦੀ ਹੈ। ਬਾਬਾ ਸਾਹਿਬ ਸਿਰਫ ਸੰਵਿਧਾਨ ਨਿਰਮਾਤਾ ਨਹੀਂ ਸਨ, ਉਹ ਕਰੋੜਾਂ ਵਾਂਝਿਆਂ ਦੇ ਸੁਪਨਿਆਂ ਦੇ ਨਿਰਮਾਤਾ ਵੀ ਸਨ। ਉਨ੍ਹਾਂ ਨੇ ਸਾਨੂੰ ਸੰਵਿਧਾਨ ਵਿੱਚ ਹਰ ਵਿਅਕਤੀ ਨੂੰ ਬਰਾਬਰ ਅਧਿਕਾਰ, ਬਰਾਬਰ ਮੌਕੇ ਅਤੇ ਸਨਮਾਨ ਨਾਲ ਜਿਊਣ ਦਾ ਅਧਿਕਾਰ ਦਿੱਤਾ। ਉਨ੍ਹਾਂ ਦਾ ਦਿੱਤਾ ਮੰਤਰ ਸਿੱਖਿਅਤ ਬਣੋ, ਸੰਗਠਿਤ ਰਹੋ ਅਤੇ ਸੰਘਰਸ਼ ਕਰੋ ਅੱਜ ਵੀ ਕਿਸੇ ਵੀ ਸਮਾਜ ਦੇ ਵਿਕਾਸ ਦਾ ਮਾਰਗਦਰਸ਼ਕ ਸਿਧਾਂਤ ਹੈ। ਪ੍ਰੋਗਰਾਮ ਵਿੱਚ ਰਾਜ ਸੂਚਨਾ ਕਮਿਸ਼ਨਰ ਅਮਰ ਜੀਤ ਸਿੰਘ, ਪੂਰਵ ਮੰਤਰੀ ਅਨੂਪ ਧਾਨਕ, ਬਾਬੂ ਰਾਮ ਅਬੋਹਰ ਨੇ ਵੀ ਆਪਣੇ ਵਿਚਾਰ ਰੱਖੇ। ਰਾਜਪਾਲ ਇੰਦੋਰਾ, ਵਿਜੇ ਖਟਕ ਲੁਧਿਆਣਾ, ਧਰਮਬੀਰ ਡਾਵਲਾ, ਹੀਰਾਲਾਲ, ਰਾਮੇਸ਼ਵਰ ਸਮੇਤ ਕਈ ਡੀ.ਐਸ.ਸੀ ਸਮਾਜ ਦੇ ਅਧਿਕਾਰੀ ਮੌਜੂਦ ਰਹੇ।

# ਮੈਗਾ ਪੀ ਟੀ ਐੱਮ ਕਰਕੇ ਸਕੂਲਾਂ 'ਚ ਮਨਾਇਆ ਗਿਆ ਸਿੱਖਿਆ ਦਾ ਮਹਾਂ-ਜਸ਼ਨ

**ਨਵਾਂਸ਼ਹਿਰ (ਮਨੋਜ ਲਾਡੀ)**- ਨੀਤੀ ਆਯੋਗ ਦੀ ਸਿੱਖਿਆ ਗੁਣਵੱਤਾ ਰਿਪੋਰਟ 2026 ਵਿੱਚ ਪੰਜਾਬ ਵੱਲੋਂ ਦੇਸ਼ ਭਰ ਵਿੱਚ ਪਹਿਲਾ ਸਥਾਨ ਹਾਸਲ ਕਰਨ ਦੀ ਸ਼ਾਨਦਾਰ ਪ੍ਰਾਪਤੀ ਨੂੰ ਅਧਿਆਪਕਾਂ, ਮਾਪਿਆਂ ਅਤੇ ਵਿਦਿਆਰਥੀਆਂ ਨਾਲ ਸਾਂਝਾ ਕਰਨ ਲਈ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਮੂਹ ਸਰਕਾਰੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਮੈਗਾ ਪੀ ਟੀ ਐੱਮ ਤੇ ਮਾਪਿਆਂ ਦੀ ਵਰਕਸ਼ਾਪ ਰਾਹੀਂ ਸਿੱਖਿਆ ਦਾ ਮਹਾਂ ਜਸ਼ਨ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ/ਐਲੀਮੈਂਟਰੀ) ਅਨੀਤਾ ਸ਼ਰਮਾ ਅਤੇ ਉਪ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ) ਲਖਵੀਰ ਸਿੰਘ ਨੇ ਦੱਸਿਆ ਕਿ ਮੈਗਾ ਪੀ.ਟੀ.ਐਮ ਅਤੇ ਮਾਪਿਆਂ ਦੀ ਵਰਕਸ਼ਾਪ ਰਾਹੀਂ ਪੰਜਾਬ ਦੀ ਸਿੱਖਿਆ ਖੇਤਰ ਵਿੱਚ ਪ੍ਰਾਪਤ ਕੀਤੀ ਗਈ ਇਸ ਇਤਿਹਾਸਕ ਸਫਲਤਾ ਨੂੰ ਲੋਕਾਂ ਤੱਕ ਪਹੁੰਚਾਇਆ ਗਿਆ



ਅਤੇ ਸਕੂਲਾਂ ਵਿੱਚ ਕੰਮ ਕਰਦੇ ਸਮੂਹ ਸਟਾਫ ਦੀ ਮਿਹਨਤ ਦੀ ਹੌਂਸਲਾ ਅਫ਼ਜ਼ਾਈ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸ ਮੌਕੇ ਬੋਰਡ ਪ੍ਰੀਖਿਆਵਾਂ ਵਿੱਚ ਸਕੂਲ ਪੱਧਰ 'ਤੇ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਕਿਸੇ ਵੀ ਵਿਸ਼ੇ ਵਿੱਚ 100 ਫੀਸਦੀ ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਜੇ ਈ ਈ, ਕਲੇਟ ਅਤੇ ਹੋਰ ਪ੍ਰਤੀਯੋਗੀ ਪ੍ਰੀਖਿਆਵਾਂ ਕਲੀਅਰ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ। ਅੱਪਰ ਪ੍ਰਾਇਮਰੀ ਸਕੂਲਾਂ ਵਿੱਚ ਹੁਨਰ ਸਿੱਖਿਆ ਨਾਲ ਜੁੜੇ ਇੰਟਰਨਸਿਪ ਲਈ ਜਾ ਰਹੇ ਵਿਦਿਆਰਥੀਆਂ ਨੂੰ ਗੁੱਡ ਲੱਕ ਸਰਟੀਫਿਕੇਟ ਦਿੱਤੇ ਗਏ। ਇਸੇ ਤਰ੍ਹਾਂ ਇੰਗਲਿਸ਼ ਐੱਜ ਪ੍ਰੋਗਰਾਮ ਅਧੀਨ ਘੱਟੋ-ਘੱਟ ਇਕ ਪ੍ਰੋਫੀਸ਼ੈਂਸੀ ਲੈਵਲ ਤੱਕ ਪ੍ਰਗਤੀ ਕਰਨ ਵਾਲੇ ਵਿਦਿਆਰਥੀਆਂ ਨੂੰ ਮਾਪੇ ਵਰਕਸ਼ਾਪ ਦੌਰਾਨ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਵਰਕਸ਼ਾਪ ਦੌਰਾਨ ਮਾਪਿਆਂ ਨੂੰ ਗਰਮੀ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਨੂੰ ਛੁੱਟੀਆਂ ਦੇ ਕੰਮ ਰਾਹੀਂ ਸਿੱਖਿਆ ਨਾਲ ਜੋੜ ਕੇ ਰੱਖਣ ਅਤੇ ਛੁੱਟੀਆਂ ਤੋਂ ਬਾਅਦ ਬੱਚਿਆਂ ਨੂੰ ਮੁੜ ਸਕੂਲ ਵਾਪਸੀ ਲਈ ਪ੍ਰੇਰਿਤ ਕਰਨ ਸਬੰਧੀ ਵੀ ਜਾਗਰੂਕ ਕੀਤਾ ਗਿਆ। ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਦੱਸਿਆ ਕਿ ਇਸ ਸਿੱਖਿਆ ਦਾ ਮਹਾਂ ਜਸ਼ਨ ਵਿੱਚ ਸਮੂਹ ਮਾਪਿਆਂ ਅਤੇ ਪਤਵੰਤਿਆ ਨੇ ਭਰਵੀਂ ਸਮੂਲੀਅਤ ਕੀਤੀ ਅਤੇ ਬੱਚਿਆਂ ਦੇ ਮਾਪਿਆ ਨੂੰ ਉਹਨਾਂ ਦੇ ਬੱਚਿਆਂ ਦੀ ਪ੍ਰਗਤੀ ਬਾਰੇ ਦੱਸਿਆ।ਇਸ ਸਿੱਖਿਆ ਦਾ ਮਹਾਂ ਜਸ਼ਨ ਦੌਰਾਨ ਜਿਲ੍ਹਾ ਪੱਧਰੀ ਟੀਮਾਂ ਵਲੋਂ ਵੀ ਨਿਰੀਖਣ ਕੀਤਾ ਗਿਆ।

# ਡਾ. ਈਸ਼ਾਂਕ ਨੇ 404 ਲਾਭਪਾਤਰੀ ਪਰਵਾਰਾਂ ਨੂੰ ਵੰਡੀਆਂ ਰਾਸ਼ਨ ਕਿੱਟਾਂ

**ਹੁਸ਼ਿਆਰਪੁਰ/ਚੱਬੇਵਾਲ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)** ਲੋੜਵੰਦ ਪਰਵਾਰਾਂ ਦੀ ਸਹਾਇਤਾ ਕਰਨਾ ਅਤੇ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਹਰ ਯੋਗ



ਵਿਅਕਤੀ ਤੱਕ ਪਹੁੰਚਾਉਣਾ ਮੇਰੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਇਹ ਵਿਚਾਰ ਸਾਂਝੇ ਕਰਦਿਆਂ ਚੱਬੇਵਾਲ ਦੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਰਾਸ਼ਨ ਵੰਡ ਵਰਗੇ ਉਪਰਾਲੇ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਨੂੰ ਰਾਹਤ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਹਨਾਂ ਪਿੰਡ ਬੱਸੀ ਕਲਾਂ ਵਿੱਚ ਮੇਰੀ ਰਸੋਈ ਯੋਜਨਾ ਤਹਿਤ ਰਾਸ਼ਨ ਕਿੱਟਾਂ ਵੰਡਣ ਮੌਕੇ ਇਹ ਵਿਚਾਰ ਪ੍ਰਗਟ ਕੀਤੇ।ਇਸ ਮੌਕੇ 404 ਰਾਸ਼ਨ ਕਾਰਡ ਧਾਰਕ ਪਰਵਾਰਾਂ ਦੇ ਕੁੱਲ 1528 ਮੈਂਬਰਾਂ ਨੂੰ ਰਾਸ਼ਨ ਸਮੱਗਰੀ ਦਾ ਲਾਭ ਪ੍ਰਦਾਨ ਕੀਤਾ ਗਿਆ। ਇਸ ਦੌਰਾਨ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਲੋੜਵੰਦ ਪਰਵਾਰ ਤੱਕ ਸਹਾਇਤਾ ਪਹੁੰਚਾਉਣ ਲਈ ਵਚਨਬੱਧ ਹੈ ਅਤੇ ਉਹ ਲਗਾਤਾਰ ਇਹ ਯਕੀਨੀ ਬਣਾਉਣ ਲਈ ਯਤਨਸ਼ੀਲ ਹਨ ਕਿ ਕੋਈ ਵੀ ਯੋਗ ਵਿਅਕਤੀ ਸਰਕਾਰੀ ਯੋਜਨਾਵਾਂ ਦੇ ਲਾਭ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਲੋੜਵੰਦ ਪਰਿਵਾਰ ਆਪਣੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਵਿੱਚ ਮੁਸ਼ਕਲ ਦਾ ਸਾਹਮਣਾ ਨਾ ਕਰੇ।ਵਿਧਾਇਕ ਨੇ ਦੱਸਿਆ ਕਿ ਸਿੱਖਿਆ, ਸਿਹਤ, ਬਿਜਲੀ ਅਤੇ ਸਮਾਜਿਕ ਸੁਰੱਖਿਆ ਨਾਲ ਸੰਬੰਧਿਤ ਕਈ ਯੋਜਨਾਵਾਂ ਲੋਕਾਂ ਨੂੰ ਰਾਹਤ ਪਹੁੰਚਾਉਣ ਦੇ ਉਦੇਸ਼ ਨਾਲ ਲਾਗੂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰੀ ਯੋਜਨਾਵਾਂ ਬਾਰੇ ਜਾਣਕਾਰੀ ਪ੍ਰਾਪਤ ਕਰਨ ਅਤੇ ਆਪਣੀ ਯੋਗਤਾ ਅਨੁਸਾਰ ਉਨ੍ਹਾਂ ਦਾ ਲਾਭ ਲੈਣ। ਉਹਨਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸਹਾਇਤਾ ਲਈ ਹਲਕਾ ਵਾਸੀ ਬੇਝਿਜਕ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਸਰਪੰਚ ਸੀਮਾ ਚੱਢਾ ਨੇ ਕਿਹਾ ਕਿ ਚੱਬੇਵਾਲ ਹਲਕੇ ਦੇ ਲੋਕ ਆਪਣੇ ਵਿਧਾਇਕ ਦੀ ਕਾਰਜਸ਼ੈਲੀ ਤੋਂ ਬਹੁਤ ਪ੍ਰਭਾਵਿਤ ਹਨ ।

# ਸੰਯੁਕਤ ਕਿਸਾਨ ਮੋਰਚਾ ਭਲਕੇ ਨੂੰ ਡਿਪਟੀ ਕਮਿਸ਼ਨਰਾਂ ਨੂੰ ਦੇਵੇਗਾ ਮੰਗ ਪੱਤਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇੱਥੇ ਸੰਯੁਕਤ ਕਿਸਾਨ ਮੋਰਚਾ ਨਾਲ ਸੰਬੰਧਤ ਵੱਖ-ਵੱਖ ਕਿਸਾਨ ਜਥੇਬੰਦੀਆਂ ਦੀ ਇਕ ਮੀਟਿੰਗ ਗੁਰਦੁਆਰਾ ਸ਼ੀਸ਼ਗੰਜ ਸਾਹਿਬ ਵਿਖੇ ਹੋਈ। ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਦੋ ਜੂਨ ਨੂੰ ਕੇਂਦਰ ਸਰਕਾਰ ਨਾਲ ਸੰਬੰਧਤ ਮੰਗਾਂ ਦਾ ਮੰਗ ਪੱਤਰ ਡਿਪਟੀ ਕਮਿਸ਼ਨਰ ਰਾਹੀਂ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਭੇਜਿਆ ਜਾਵੇਗਾ। ਜਿਸ ਵਿੱਚ ਮੰਗ ਕੀਤੀ ਜਾਵੇਗੀ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਤੇ ਹਰਿਆਣਾ ਦੀ ਪੱਕੀ ਨੁਮਾਇੰਦਗੀ ਦਾ ਹੱਕ ਖੋਹਣ ਵਾਲਾ ਨੋਟੀਫਕੇਸ਼ਨ ਰੱਦ ਕੀਤਾ ਜਾਵੇ, ਪੰਜਾਬ 'ਚ ਖੇਤੀ ਲਈ ਖਾਦਾਂ ਦੀ ਪੂਰੀ ਸਪਲਾਈ ਯਕੀਨੀ ਬਣਾਈ ਜਾਵੇ, ਯੂਰੀਆ ਖਾਦ ਦੀ ਕੀਮਤ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ, ਸਬਸਿਡੀ ਵਿੱਚ ਕਟੌਤੀ ਬਹਾਲ ਕੀਤੀ ਜਾਵੇ ਤੇ ਯੂਰੀਆ ਦੇ ਥੈਲੇ ਨੂੰ ਪੂਰਾ 50 ਕਿਲੋ ਦਾ ਕੀਤਾ ਜਾਵੇ। ਡੀਜ਼ਲ, ਪੈਟਰੋਲ ਤੇ ਰਸੋਈ ਗੈਸ ਦੇ ਵਧਾਏ ਹੋਏ ਰੇਟ ਰੱਦ ਕੀਤੇ ਜਾਣ, ਸਾਰੀਆਂ ਫਸਲਾਂ ਦੀ ਘੱਟੋ ਘੱਟ ਸਮਰਥਨ ਮੁੱਲ 'ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ। ਐਮ ਐਸ ਪੀ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ



ਅਨੁਸਾਰ ਦਿੱਤੀ ਜਾਵੇ। ਪੰਜਾਬ ਦੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਕਰਜ਼ਾ ਮੁਕਤ ਕੀਤਾ ਜਾਵੇ, ਕਾਰਪੋਰੇਟ ਘਰਾਣਿਆਂ ਵਾਂਗ ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ 'ਤੇ ਲੀਕ ਮਾਰੀ ਜਾਵੇ, ਸਹਿਕਾਰੀ ਤੇ ਲੈਂਡ ਮਾਰਗੇਜ ਬੈਂਕਾਂ ਵਿੱਚ ਵੀ ਵੱਧ ਟਾਈਮ ਸੈਟਲਮੈਂਟ ਸਕੀਮ ਲਾਗੂ ਕੀਤੀ ਜਾਵੇ। ਇਸ ਮੰਗ ਪੱਤਰ ਵਿੱਚ ਇਹ ਵੀ ਮੰਗ ਕੀਤੀ ਜਾਵੇਗੀ ਕਿ ਅਮਰੀਕਾ ਦੇ ਦਬਾਅ ਹੇਠ ਕੀਤਾ ਜਾ ਰਿਹਾ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ। ਬਿਜਲੀ ਸੋਧ ਬਿੱਲ 2025 ਨੂੰ ਵਾਪਸ ਲਿਆ ਜਾਵੇ, ਬੀਜ ਬਿੱਲ 2025 ਨੂੰ ਵਾਪਸ ਲਿਆ ਜਾਵੇ, ਮਨਰੇਗਾ ਕਾਨੂੰਨ ਨੂੰ ਬਹਾਲ ਕੀਤਾ ਜਾਵੇ, ਜਦਕਿ ਵੀ ਬੀ ਜੀ ਰਾਮ ਜੀ ਕਾਨੂੰਨ ਨੂੰ ਰੱਦ ਕੀਤਾ ਜਾਵੇ। ਮੰਗ ਪੱਤਰ ਵਿੱਚ ਇਹ ਵੀ ਮੰਗ ਕੀਤੀ ਜਾਵੇਗੀ ਕਿ ਕਿਸਾਨ ਅੰਦੋਲਨ ਤੋਂ ਪਹਿਲਾਂ ਅਤੇ ਬਾਅਦ ਵਿੱਚ ਕਿਸਾਨਾਂ ਮਜ਼ਦੂਰਾਂ ਤੇ ਦਰਜ ਪਰਚੇ ਰੱਦ ਕੀਤੇ ਜਾਣ।

ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 2 ਜੂਨ ਨੂੰ ਸਵੇਰੇ 10 ਵਜੇ ਸਾਰੇ ਕਿਸਾਨ ਜਥੇਬੰਦੀਆਂ ਦੇ ਵਰਕਰ ਡਿਪਟੀ ਕਮਿਸ਼ਨਰ ਦਫਤਰ ਮੂਹਰੇ ਪੁੱਜਣ। ਅੱਜ ਦੀ ਇਸ ਮੀਟਿੰਗ ਵਿੱਚ ਕਾਮਰੇਡ ਸੁਰਜੀਤ ਸਿੰਘ ਢੇਰ, ਗੁਰਨਾਮ ਸਿੰਘ ਔਲਖ, ਜੈਮਲ ਸਿੰਘ ਭੜੀ, ਦਰਸ਼ਨ ਸਿੰਘ ਬੜਵਾ, ਕੁਲਦੀਪ ਸਿੰਘ ਖਾਨਪੁਰ, ਮੱਘਰ ਸਿੰਘ ਰੋਪੜ, ਮਨਜੀਤ ਸਿੰਘ ਖੈਰਾਬਾਦ ਸਮੇਤ ਹੋਰ ਆਗੂ ਵੀ ਹਾਜ਼ਰ ਸਨ।

# ਮੁਹਾਲੀ ਕੰਪਲੈਕਸ ਵਿਖੇ ਸੂਫੀਆਨਾ ਸੰਗੀਤਮਈ ਸ਼ਾਮ

**ਮੋਹਾਲੀ (ਗੁਰਜੀਤ ਬਿੱਲਾ)**- ਭਾਰਤੀ ਸ਼ਾਸਤਰੀ ਕਲਾ ਦੇ ਪ੍ਰਚਾਰ-ਪ੍ਰਸਾਰ, ਸੰਰੱਖਣ ਅਤੇ ਵਿਕਾਸ ਲਈ ਸਮਰਪਤ ਸੰਸਥਾ ਪ੍ਰਾਚੀਨ ਕਲਾ ਕੇਂਦਰ ਪਿਛਲੇ ਸੱਤ ਦਹਾਕਿਆਂ ਤੋਂ ਨਿਰੰਤਰ ਕਲਾ ਅਤੇ ਸਭਿਆਚਾਰ ਦੀ ਸੇਵਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਇਸ ਹੀ ਕੜੀ ਅਧੀਨ ਕੇਂਦਰ ਵੱਲੋਂ ਆਪਣੇ ਮੋਹਾਲੀ ਕੰਪਲੈਕਸ ਸਥਿਤ ਡਾ. ਸ਼ੋਭਾ ਕੋਸਰ ਆਡੀਟੋਰੀਅਮ ਵਿੱਚ ਸੂਫ਼ੀਆਨਾ ਕਲਾਮਾਂ ਨਾਲ ਸਜੀ ਇੱਕ ਵਿਸ਼ੇਸ਼ ਸੰਗੀਤਮਈ ਸ਼ਾਮ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਡਾ. ਸ਼ੋਭਾ ਕੋਸਰ, ਰਜਿਸਟਰਾਰ ਪ੍ਰਾਚੀਨ ਕਲਾ ਕੇਂਦਰ ਅਤੇ ਪ੍ਰਿੰਸੀਪਲ ਐਸ. ਚੌਧਰੀ ਪ੍ਰਧਾਨ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਸੁਹਾਵਣੀ ਸ਼ਾਮ ਵਿੱਚ ਸ਼ਹਿਰ ਦੇ ਬਹੁਪੱਖੀ ਅਤੇ ਪ੍ਰਤਿਭਾਸ਼ਾਲੀ ਕਲਾਕਾਰ ਡਾ. ਜਸਬੀਰ ਸਿੰਘ ਨੇ ਆਪਣੀ ਮਨਮੋਹਕ ਪੇਸ਼ਕਾਰੀ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ।ਕਾਰਜਕ੍ਰਮ ਦੀ ਸ਼ੁਰੂਆਤ ਹਜ਼ਰਤ ਸੁਲਤਾਨ ਬਾਹੂ ਦੇ ਪ੍ਰਸਿੱਧ ਕਲਾਮ ਅਲਿਫ ਅੱਲਾਹ ਨਾਲ ਹੋਈ । ਇਸ ਤੋਂ ਬਾਅਦ ਬਾਬਾ ਬੁੱਲੇ ਸ਼ਾਹ ਦਾ ਪ੍ਰਸਿੱਧ ਕਲਾਮ ਭਾਵੇਂ ਤੂੰ ਜਾਣ ਨਾ ਜਾਣ ਵੇ ਪੇਸ਼ ਕੀਤਾ ਗਿਆ ।ਉਸ ਤੋਂ ਬਾਅਦ ਡਾ. ਜਸਬੀਰ ਸਿੰਘ ਨੇ ਮਸ਼ਹੂਰ ਸੂਫੀ ਕਵੀ ਸ਼ਾਹ ਹੁਸੈਨ ਦੇ ਸੁੰਦਰ ਕਲਾਮ ਮਾਏ ਨੀ ਮੈਂ ਕਿਨੂੰ ਆਖਾਂ ਦੀ ਰੂਹਾਨੀ ਪੇਸ਼ਕਾਰੀ ਕਰਕੇ ਸਰੋਤਿਆਂ ਨੂੰ ਮੰਤਰਮੁਗਧ ਕਰ ਦਿੱਤਾ। ਇਸ ਤੋਂ ਅੱਗੇ ਉਨ੍ਹਾਂ ਨੇ ਮੀਆਂ ਮੁਹੰਮਦ ਬਖ਼ਸ਼ ਦੇ ਪ੍ਰਸਿੱਧ ਕਲਾਮ ਸੈਫ-ਉਲ-ਮਲੂਕ ਨੂੰ ਪੇਸ਼ ਕੀਤਾ।ਸੰਗੀਤਮਈ ਮਹਿਫ਼ਲ ਨੂੰ ਅੱਗੇ ਵਧਾਉਂਦੇ ਹੋਏ ਉਨ੍ਹਾਂ ਨੇ ਪ੍ਰਸਿੱਧ ਲੋਕ ਅਤੇ ਸੂਫ਼ੀ ਗੀਤ ਮੈਂ ਜਾਣਾ ਜੋਗੀ ਦੇ ਨਾਲ ਸਮੇਤ ਕਈ ਹੋਰ ਮਸ਼ਹੂਰ ਸੂਫ਼ੀ ਅਤੇ ਲੋਕ ਗੀਤ ਪੇਸ਼ ਕੀਤੇ।ਕਾਰਜਕ੍ਰਮ ਦੇ ਅੰਤ ਵਿੱਚ ਡਾ. ਜਸਬੀਰ ਸਿੰਘ ਨੂੰ ਉਨ੍ਹਾਂ ਦੀ ਸ਼ਾਨਦਾਰ ਪੇਸ਼ਕਾਰੀ ਅਤੇ ਕਲਾ ਦੇ ਖੇਤਰ ਵਿੱਚ ਯੋਗਦਾਨ ਲਈ ਪ੍ਰਾਚੀਨ ਕਲਾ ਕੇਂਦਰ ਵੱਲੋਂ ਪ੍ਰਤਿਸ਼ਠਿਤ ਸੁਰਮਣੀ ਸਨਮਾਨ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦਾ ਸੁੰਦਰ ਸਾਥ ਰਹਿਮਤ ਸਿੱਧੂ ਨੇ ਤਬਲੇ 'ਤੇ, ਗੁਰਦੀਪ ਸਿੰਘ ਨੇ ਬਾਂਸਰੀ 'ਤੇ ਅਤੇ ਅਮਨ ਕੁਮਾਰ ਨੇ ਸਾਰੰਗੀ 'ਤੇ ਦਿੱਤਾ। ਇਸ ਤੋਂ ਇਲਾਵਾ ਅਨੀਕੇਤ ਅਤੇ ਵਰਿੰਦਰ ਵਿਕੀ ਨੇ ਬੈਕ ਵੋਕਲ ਸਹਿਯੋਗ ਦਿੱਤਾ। ਸਾਰੇ ਸੰਗਤਕਾਰਾਂ ਨੂੰ ਵੀ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# ਦਲਿਤ ਭਾਈਚਾਰੇ ਦਾ ਅਪਮਾਨ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਜੰਗਰਾਲ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਕਾਂਗਰਸ ਦੇ ਅਨੁਸੂਚਿਤ ਵਿਭਾਗ ਦੇ ਉਪ ਚੇਅਰਮੈਨ ਅਸ਼ਵਨੀ ਜੰਗਰਾਲ ਨੇ ਧੂਰੀ ਵਿੱਚ ਨਗਰ ਨਿਗਮ ਚੋਣ ਪ੍ਰਚਾਰ ਦੌਰਾਨ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਕਥਿਤ ਤੌਰ 'ਤੇ ਕੀਤੀ ਗਈ ਜਾਤੀਵਾਦੀ ਟਿੱਪਣੀ ਦੀ ਸਖ਼ਤ ਨਿੰਦਾ ਕੀਤੀ ਹੈ।ਅਸ਼ਵਨੀ ਜੰਗਰਾਲ ਨੇ ਕਿਹਾ ਕਿ ਅਨੁਸੂਚਿਤ ਜਾਤੀ ਭਾਈਚਾਰੇ ਵਿਰੁੱਧ ਕੋਈ ਵੀ ਅਪਮਾਨਜਨਕ ਟਿੱਪਣੀ ਅਸਵੀਕਾਰਨਯੋਗ ਹੈ ਤੇ ਇਸ ਨੂੰ ਕਿਸੇ ਵੀ ਕੀਮਤ 'ਤੇ



ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਅੱਗੇ ਕਿਹਾ ਕਿ ਜਨਤਕ ਜੀਵਨ ਵਿੱਚ ਵਿਅਕਤੀਆਂ ਨੂੰ ਆਪਣੇ ਸ਼ਬਦਾਂ ਦੀ ਚੋਣ ਵਿੱਚ ਖਾਸ ਸਾਵਧਾਨੀ ਵਰਤਣੀ ਚਾਹੀਦੀ ਹੈ, ਕਿਉਂਕਿ ਉਨ੍ਹਾਂ ਦੇ ਬਿਆਨਾਂ ਦਾ ਸਮਾਜ 'ਤੇ ਵਿਆਪਕ ਪ੍ਰਭਾਵ ਪੈਂਦਾ ਹੈ। ਜੰਗਰਾਲ ਨੇ ਕਿਹਾ ਕਿ ਦਲਿਤ ਭਾਈਚਾਰਾ ਦੇਸ਼ ਅਤੇ ਸੂਬੇ ਦੀ ਤਰੱਕੀ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਿਹਾ ਹੈ ਅਤੇ ਉਹ ਭਾਸ਼ਾ ਜੋ ਕਿਸੇ ਵੀ ਭਾਈਚਾਰੇ ਦੇ ਮਾਣ-ਸਨਮਾਨ ਦਾ ਅਪਮਾਨ ਕਰਦੀ ਹੈ, ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਸੰਵਿਧਾਨ ਦੀ ਭਾਵਨਾ ਦੇ ਵਿਰੁੱਧ ਹੈ। ਅਸ਼ਵਨੀ ਜੰਗਰਾਲ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ, ਜੋ ਛੋਟੇ-ਛੋਟੇ ਮੁੱਦਿਆਂ 'ਤੇ ਆਪਣੇ ਰਾਜਨੀਤਿਕ ਵਿਰੋਧੀਆਂ ਵਿਰੁੱਧ ਮੋਰਚਾ ਖੋਲ੍ਹਦੀ ਹੈ ਅਤੇ ਬਿਆਨਬਾਜ਼ੀ ਕਰਦੀ ਰਹਿੰਦੀ ਹੈ, ਇਸ ਗੰਭੀਰ ਮਾਮਲੇ 'ਤੇ ਪੂਰੀ ਤਰ੍ਹਾਂ ਚੁੱਪ ਹੈ। ਉਨ੍ਹਾਂ ਕਿਹਾ ਕਿ ਦਲਿਤ ਭਾਈਚਾਰੇ ਨਾਲ ਸਬੰਧਤ ਮੁੱਦੇ 'ਤੇ ਭਾਜਪਾ ਦੀ ਚੁੱਪੀ ਉਸ ਦੇ ਦੋਹਰੇ ਮਾਪਦੰਡਾਂ ਨੂੰ ਉਜਾਗਰ ਕਰਦੀ ਹੈ। ਜੰਗਰਾਲ ਨੇ ਸਵਾਲ ਕੀਤਾ ਕਿ ਜਦੋਂ ਭਾਜਪਾ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਦੇ ਬਿਆਨਾਂ ਤੇ ਤੁਰੰਤ ਪ੍ਰਤੀਕਿਰਿਆ ਦਿੰਦੀ ਹੈ, ਤਾਂ ਫਿਰ ਪਾਰਟੀ ਲੀਡਰਸ਼ਿਪ ਅਤੇ ਇਸਦੇ ਦਲਿਤ ਨੇਤਾ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੁਆਰਾ ਕੀਤੀਆਂ ਗਈਆਂ ਕਥਿਤ ਜਾਤੀਵਾਦੀ ਟਿੱਪਣੀਆਂ 'ਤੇ ਚੁੱਪ ਕਿਉਂ ਹਨ।

# ਸਾਂਝੇ ਫਰੰਟ ਵੱਲੋਂ 30 ਜੂਨ ਤੱਕ ਜ਼ਿਲ੍ਹਾ ਕਨਵੈਨਸ਼ਨਾਂ ਕਰਕੇ ਅਗਲੇ ਸੰਘਰਸ਼ ਦੀ ਤਿਆਰੀ ਤੇਜ਼

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ ਜੋ ਕੈਬਨਿਟ ਸਬ ਕਮੇਟੀ ਬਣਾਈ ਹੋਈ ਹੈ, ਉਸ ਵੱਲੋਂ ਮਾਨਯੋਗ ਹਾਈ ਕੋਰਟ ਵਿੱਚ ਜੋ ਸੀਲ ਬੰਦ ਲਿਫਾਫਾ ਦਿੱਤਾ ਗਿਆ ਸੀ ਉਹ ਹੁਣ ਜੱਗ ਜਾਹਰ ਹੋ ਗਿਆ ਹੈ।ਇਸ 'ਤੇ ਸਖ਼ਤ ਟਿੱਪਣੀ ਕਰਦਿਆਂ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਤੇ ਕਨਵੀਰਜ਼ ਸਤੀਸ਼ ਰਾਣਾ, ਰਣਜੀਤ ਸਿੰਘ ਰਾਣਵਾ, ਕਰਮ ਸਿੰਘ ਧਨੋਆ, ਧਨਵੰਤ ਸਿੰਘ ਭੱਠਲ, ਭਜਨ ਸਿੰਘ ਗਿੱਲ, ਕੁਲਵਿੰਦਰ ਸਿੰਘ ਢਿੱਲੋਂ, ਗਗਨਦੀਪ ਸਿੰਘ ਭੁੱਲਰ, ਜਰਮਨਜੀਤ ਸਿੰਘ, ਮਨਜੀਤ ਸਿੰਘ ਬਾਸਰਕੇ, ਸੁਖਦੇਵ ਸਿੰਘ ਸੈਣੀ,ਬਾਜ ਸਿੰਘ ਖਹਿਰਾ, ਕੁਲਦੀਪ ਸਿੰਘ, ਜਗਦੀਸ਼ ਸਿੰਘ ਚਾਹਲ, ਜਸਵੀਰ ਸਿੰਘ ਤਲਵਾੜਾ, ਰਾਧੇ ਸ਼ਾਮ, ਸੁਰਜੀਤ ਸਿੰਘ ਗਗੜਾ, ਬੋਬਿੰਦਰ ਸਿੰਘ, ਕਰਮਜੀਤ ਸਿੰਘ ਬੀਹਲਾ ਅਤੇ ਦਿਗਵਿਜੇ ਪਾਲ ਸ਼ਰਮਾ ਨੇ ਆਖਿਆ ਕਿ ਕੈਬਨਿਟ ਸਬ ਕਮੇਟੀ ਵੱਲੋਂ ਮਾਨਯੋਗ ਹਾਈਕੋਰਟ ਵਿੱਚ ਸੀਲਬੰਦ ਲਿਫਾਫੇ ਰਾਹੀਂ ਗਲਤ ਤੱਥ ਅਤੇ ਅੰਕੜੇ ਪੇਸ਼ ਕਰਕੇ ਜਿੱਥੇ



ਆਪਣੇ ਆਪ ਨੂੰ ਮੁੜ ਕਟਹਿਰੇ ਵਿੱਚ ਖੜਾ ਕਰ ਲਿਆ ਹੈ ਉੱਥੇ ਕੈਬਨਿਟ ਸਬ ਕਮੇਟੀ ਵੱਲੋਂ ਮਾਨਯੋਗ ਅਦਾਲਤ ਨੂੰ ਗੁੰਮਰਾਹ ਕਰਨ ਦਾ ਕੋਝਾ ਯਤਨ ਕੀਤਾ ਗਿਆ ਹੈ। ਆਗੂਆਂ ਆਖਿਆ ਕਿ ਜੇਕਰ ਕੈਬਨਿਟ ਸਬ ਕਮੇਟੀ ਨੇ ਤੱਥ ਪੇਸ਼ ਕਰਨੇ ਹੀ ਸਨ ਤਾਂ ਉਹਨਾਂ ਨੂੰ ਚਾਹੀਦਾ ਸੀ ਕਿ ਪੰਜਾਬ ਦੇ ਵੱਖਰੇ ਤਨਖਾਹ ਕਮਿਸ਼ਨ ਦਾ ਪਿਛੋਕੜ ਕੀ ਹੈ। ਆਗੂਆਂ ਆਖਿਆ ਕਿ 15 ਸਫੇ ਦੀ ਸੀਲਬੰਦ ਰਿਪੋਰਟ ਦੇਣ ਸਮੇਂ ਸਮੁੱਚੇ ਕੈਟਾਗਰੀ ਦੀ ਤੁਲਨਾ ਉਹਨਾਂ ਸਟੇਟਾਂ ਨਾਲ ਵੀ ਕਰਦੇ ਜੋ ਪੰਜਾਬ ਨਾਲੋਂ ਵੱਧ ਤਨਖਾਹ ਸਕੇਲ ਦੇ ਰਹੀਆਂ ਹਨ। ਉਨਾਂ ਰਾਜਾਂ ਦੀ ਗੱਲ ਵੀ ਕਰਦੇ ਜੋ ਆਪਣੇ ਮੁਲਾਜ਼ਮਾਂ ਨੂੰ 58 ਅਤੇ 60% ਮਹਿੰਗਾਈ ਭੱਤਾ ਦੇ ਰਹੇ ਹਨ, ਜੋ ਪੁਰਾਣੀ ਪੈਨਸ਼ਨ ਦੇ ਰਹੇ ਹਨ, ਜੋ ਵੱਖ ਵੱਖ ਤਰ੍ਹਾਂ ਦੇ ਭੱਤੇ ਦੇ ਰਹੇ ਹਨ, ਜਿਨਾਂ ਰਾਜਾਂ ਵਿੱਚ ਤਿੰਨ ਸਾਲ ਦੇ ਪਰੋਵੇਸ਼ਨਲ ਪੀਰੀਅਡ ਤੇ ਮੁਲਾਜ਼ਮਾਂ ਦੀ ਲੁੱਟ ਨਹੀਂ ਹੋ ਰਹੀ ਹੈ। ਇਸ ਦੇ ਨਾਲ ਇਹਨਾਂ ਨੂੰ ਇਹ ਵੀ ਤੁਲਨਾ ਕਰਨੀ ਚਾਹੀਦੀ ਸੀ ਕਿ ਅਸੀਂ ਆਸ਼ਾ ਵਰਕਰਾਂ, ਮਿਡ-ਡੇ-ਮੀਲ ਵਰਕਰਾਂ ਅਤੇ ਆਂਗਣਵਾੜੀ ਵਰਕਰਾਂ ਨੂੰ ਕੀ ਦੇ ਰਹੇ ਹਨ ਅਤੇ ਪੰਜਾਬ ਤੋਂ ਵੱਧ ਕਿਹੜੇ ਰਾਜ ਦੇ ਰਹੇ ਹਨ। ਸਾਂਝਾ ਫਰੰਟ ਦੇ ਉਕਤ ਆਗੂਆਂ ਨੇ ਆਖਿਆ ਕਿ ਕੈਬਨਿਟ ਸਬ ਕਮੇਟੀ ਦੀ ਇਹ ਝੂਠੀ ਤੇ ਤੱਥਹੀਣ ਰਿਪੋਰਟ ਸਿਰਫ ਤੇ ਸਿਰਫ ਮੁਲਾਜ਼ਮਾ ਤੇ ਪੈਨਸ਼ਨਰਾਂ ਨੂੰ ਡਰਾਉਣ ਤੇ ਧਮਕਾਉਣ ਦਾ ਇੱਕ ਕੋਝਾ ਯਤਨ ਹੈ। ਜਿਸ ਨੂੰ ਪੰਜਾਬ ਦੇ 7 ਲੱਖ ਮੁਲਾਜ਼ਮ ਅਤੇ ਪੈਨਸ਼ਨਰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਨਗੇ। ਆਗੂਆਂ ਆਖਿਆ ਕਿ ਸਾਂਝਾ ਫਰੰਟ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ 30 ਜੂਨ ਤੱਕ ਜਿਲ੍ਹਾ ਕਨਵੈਨਸ਼ਨਾ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਅਗਲੇ ਸੰਘਰਸ਼ ਲਈ ਤਿਆਰ ਕੀਤਾ ਜਾਵੇਗਾ।

# ਮੇਲਾ ਪੰਜ ਪੀਰ 4 ਤੋਂ 5 ਤੱਕ ਮਨਾਇਆ ਜਾਵੇਗਾ

**ਨਵਾਂਸ਼ਹਿਰ (ਮਨੋਜ ਲਾਡੀ)**- ਹਜ਼ਰਤ ਦਰਬਾਰ ਪੰਜ ਪੀਰ ਬੰਗਾ ਰੋਡ ਵਿਖੇ ਸਲਾਨਾ ਜੋੜ ਮੇਲਾ 4,5 ਜੂਨ ਨੂੰ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾਪੂਰਵਕ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਦਰਬਾਰ ਦੇ ਗੱਦੀ ਨਸ਼ੀਨ ਬਾਬਾ ਮਹਿਤਾਬ ਅਹਿਮਦ ਕਾਦਰੀ ਚਿਸਤੀ ਨੇ ਦੱਸਿਆ ਹੈ ਕਿ 4 ਜੂਨ ਵੀਰਵਾਰ ਨੂੰ ਚਿਰਾਗ ਰੋਸ਼ਨ ਕੀਤੇ ਜਾਣਗੇ। ਰਾਤ 8ਵਜੇ ਕਵਾਲੀਆਂ ਦਾ ਪ੍ਰੋਗਰਾਮ ਕੀਤਾ ਜਾਵੇਗਾ 5 ਜੂਨ ਸ਼ੁਕਰਵਾਰ ਨੂੰ ਸਵੇਰੇ 9 ਵਜੇ ਝੰਡੇ ਚੜਾਉਣ 9:30 ਚਾਦਰ ਚੜਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਬਾਬਾ ਮਹਿਤਾਬ ਅਹਿਮਦ ਕਾਂਦਰੀ ਨੇ ਸਮੁੱਚੇ ਨਗਰ ਦੀ ਖੁਸ਼ਹਾਲੀ ਤੇ ਸੁੱਖ ਸ਼ਾਂਤੀ ਲਈ ਫਰਿਆਦ ਕੀਤੀ ਜਾਵੇਗੀ। ਬਾਬਾ ਮਹਿਤਾਬ ਅਹਿਮਦ ਕਾਂਦਰੀ ਨੇ ਦੱਸਿਆ ਕਿ ਮੁੱਖ ਮਹਿਮਾਨ ਡੀ ਜੀ ਪੀ ਪੰਜਾਬ ਹੋਣਗੇ।



ਬੰਟੀ ਕਵਾਲ,ਰਾਝਨ ਅਲੀ, ਇਸ਼ਰਤ ਅਲੀ, ਸਨਾ ਫਤਿਹ ਅਲੀ ਖਾਨ, ਸਰਦਾਰ ਅਲੀ ਮੁੰਨਾ ਨਿਜਾਮੀ ਕਵਾਲ ਦਿੱਲੀ ਵਾਲੇ ਸਵੇਰੇ 10ਵਜੇ ਤੋਂ ਕਵਾਲੀਆਂ ਪ੍ਰੋਗਰਾਮ ਪੇਸ਼ ਕਰਨਗੇ। ਮਹੇਸ਼ ਸਾਜਨ, ਸਟੇਜ ਨਿਭਾਉਣਗੇ। ਸੰਗਤਾ ਨੂੰ ਆਸ਼ੀਰਵਾਦ ਦੇਣ ਲਈ ਵੱਖ ਵੱਖ ਡੇਰੇਆ ਤੋ ਸੰਤ ਫਕੀਰ ਸ਼ਿਰਕਤ ਕਰਨਗੇ।ਇਸ ਮੌਕੇ ਰਮਨਦੀਪ ਬੈਸ, ਰੋਹਿਤ ਮਹਾਲੋਂ, ਸੁਖਬੀਰ, ਪਿੰਸ, ਮਾਨ, ਭਾਈਕੇ ਐਗਰੋ ਵਰਕਸ ਬੰਗਾ ਰੋਡ ਗੁਰਮੇਲ ਸਿੰਘ ਮਹਿੰਦਰਪਾਲ, ਜਸਵੀਰ ਸਿੰਘ, ਸ਼ਾਦੀ ਸਰਤਾਜ ਅਹਿਮਦ ਮੁਮਤਾਜ਼ ਅਹਿਮਦ, ਐਹਿਤਾਬ ਅਹਿਮਦ, ਇਮਰਾਨ ਅਹਿਮਦ, ਸਲਮਾਨ ਅਹਿਮਦ,ਪਰਵੇਜ਼ ਖਾਨ, ਸੰਜੇ ਖਾਨ, ਨਦੀਮ ਅਹਿਮਦ, ਨਾਵੇਦ ਅਹਿਮਦ, ਸੋਨੂੰ ਇਬਰਾਹਿਮ ਗੁਰਮੇਲ ਸਿੰਘ ਮੇਲੇ ਵਿੱਚ ਕਰਨਗੇ। ਠੰਡੇ ਮਿਠੇ ਜਲ ਤੇ ਮੇਲੇ 'ਚ ਦੋਨੋ ਦਿਨ ਲੰਗਰ ਅਤੁਟ ਵਰਤਾਇਆ ਜਾਵੇਗਾ।

# ਅੱਜ ਨਵੀਂ ਹਰਿਆਣਾ ਉਦਯੋਗਿਕ ਨੀਤੀ-2026 ਦੀ ਸ਼ੁਰੂਆਤ ਹੋਵੇਗੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਹਰਿਆਣਾ ਸਰਕਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਕਸਿਤ ਭਾਰਤ-2047 ਵਿਜ਼ਨ ਨੂੰ ਧਰਾਤਲ 'ਤੇ ਉਤਾਰਨ ਦੀ ਦਿਸ਼ਾ ਵਿੱਚ ਤੇਜ਼ੀ ਨਾਲ ਕੰਮ ਕਰ ਰਹੀ ਹੈ। ਇਸੇ ਕੜੀ ਵਿੱਚ ਰਾਜ ਸਰਕਾਰ ਨੇ ਵਿਕਸਿਤ ਹਰਿਆਣਾ ਵਿਜ਼ਨ ਡਾਕੂਮੈਂਟ ਤਿਆਰ ਕਰਵਾਇਆ ਹੈ, ਜਿਸ ਦੇ ਤਹਿਤ ਹਰ ਵਿਭਾਗ ਲਈ ਸਾਲ 2030-31 ਤੱਕ ਦਾ ਸਪੱਸ਼ਟ ਰੋਡਮੈਪ ਅਤੇ ਪੜਾਅਵਾਰ ਕਾਰਜ ਯੋਜਨਾ ਤਿਆਰ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਇਹ ਸਿਰਫ਼ ਇੱਕ ਨੀਤੀ ਦਸਤਾਵੇਜ਼ ਨਹੀਂ ਹੈ, ਸਗੋਂ ਹਰਿਆਣਾ ਨੂੰ ਆਉਣ ਵਾਲੇ ਸਾਲਾਂ ਵਿੱਚ ਉਦਯੋਗਿਕ, ਤਕਨੀਕੀ, ਖੇਤੀਬਾੜੀ ਅਤੇ ਰੋਜ਼ਗਾਰ ਦੇ ਖੇਤਰ ਵਿੱਚ ਰਾਸ਼ਟਰੀ ਅਗਵਾਈ ਦਿਵਾਉਣ ਦੀ ਇੱਕ ਵਿਆਪਕ ਰਣਨੀਤੀ ਹੈ।

# ਜੀ ਆਰ ਡੀ ਨਰਸਿੰਗ ਕਾਲਜ 'ਚ ਤੰਬਾਕੂ ਵਿਰੋਧੀ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਰਜਿ ਟਾਂਡਾ ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਵਿਖੇ ਤੰਬਾਕੂ ਵਿਰੋਧੀ ਦਿਵਸ ਮਨਾਇਆ ਗਿਆ। ਇਸ ਸੰਬੰਧੀ ਵਿਦਿਅਕ ਸੰਸਥਾਵਾਂ ਦੇ ਮੁੱਖ ਪ੍ਰਬੰਧਕ ਪ੍ਰਦੀਪ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਤੇ ਦਿਸ਼ਾ ਨਿਰਦੇਸ਼ਾਂ ਤਹਿਤ ਮੈਨੇਜਰ ਸਰਬਜੀਤ ਸਿੰਘ ਮੋਮੀ ਅਤੇ ਪ੍ਰਿੰਸੀਪਲ ਰੇਨੂ ਬਾਲਾ ਦੀ ਅਗਵਾਈ ਹੇਠ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ



ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਤੰਬਾਕੂ ਖਾਣਾ ਲੋਕਾਂ ਲਈ ਹਾਨੀਕਾਰਕ ਹੈ ਅਤੇ ਇਸ ਦੇ ਸੇਵਨ ਨਾਲ ਇਨਸਾਨ ਜਿੱਥੇ ਕੈਂਸਰ ਵਰਗੀ ਭਿਆਨਕ ਬਿਮਾਰੀ ਦਾ ਸ਼ਿਕਾਰ ਹੁੰਦਾ ਹੈ ਉੱਥੇ ਤੰਬਾਕੂ ਦੇ ਸੇਵਨ ਨਾਲ ਹੋਰ ਕਈ ਤਰ੍ਹਾਂ ਦੀਆਂ ਅਲਾਮਤਾਂ ਮਨੁੱਖ ਦੇ ਸਰੀਰ ਨੂੰ ਲੱਗਦੀਆਂ ਹਨ। ਉਨ੍ਹਾਂ ਕਿਹਾ ਕਿ ਤੰਬਾਕੂ ਦਾ ਸੇਵਨ ਬਹੁਤ ਹੀ ਖਤਰਨਾਕ ਹੈ ਅਤੇ ਇਨਸਾਨ ਨੂੰ ਇਸ ਭੈੜੇ ਨਸ਼ੇ ਤੋਂ ਦੂਰ ਰਹਿਣਾ ਚਾਹੀਦਾ ਹੈ। ਉਨ੍ਹਾਂ ਹੋਰ ਕਿਹਾ ਕਿ ਦੁਕਾਨਾਂ, ਸਟੋਰਾਂ, ਖੋਖਿਆਂ 'ਤੇ ਜੋ ਤੰਬਾਕੂ ਸ਼ਰੇਆਮ ਵਿਕ ਰਿਹਾ ਹੈ ਉਹ ਬੰਦ ਹੋਣਾ ਚਾਹੀਦਾ ਹੈ ਤਾਂ ਕਿ ਆਮ ਲੋਕ ਇਸ ਦੀ ਲਪੇਟ ਵਿੱਚ ਨਾ ਆਉਣ। ਇਸ ਮੌਕੇ ਪ੍ਰਿੰਸੀਪਲ ਰੇਨੂ ਬਾਲਾ ਨੇ ਵੀ ਸੰਬੋਧਨ ਕਰਦਿਆਂ ਕਿਹਾ ਕਿ ਤੰਬਾਕੂ ਦੇ ਭੈੜੇ ਨਸ਼ੇ ਤੋਂ ਹਰੇਕ ਇਨਸਾਨ ਨੂੰ ਦੂਰ ਰਹਿਣਾ ਚਾਹੀਦਾ ਹੈ ਅਤੇ ਇਸ ਦੇ ਸੇਵਨ ਨੂੰ ਰੋਕਣ ਲਈ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਉਪਰਾਲੇ ਕਰਨੇ ਚਾਹੀਦੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਐਡਮਿਨਿਸਟਰੇਟਰ ਦਲਜਿੰਦਰ ਕੌਰ, ਐਡਮਿਸ਼ਨ ਸੈਲ ਇੰਚਾਰਜ ਲਵਲੀ ਸੈਣੀ, ਰਮਨਦੀਪ ਕੌਰ, ਮਨਪ੍ਰੀਤ ਕੌਰ, ਤਰੁਣ ਸੈਣੀ, ਲਖਵਿੰਦਰ ਕੌਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਜਸਲੀਨ ਕੌਰ, ਪ੍ਰਿਅੰਕਾ, ਕਸ਼ਮੀਰ ਕੌਰ, ਆਰਤੀ ਜਾਜਾ ਤੋਂ ਇਲਾਵਾ ਨਰਸਿੰਗ ਕਾਲਜ ਦਾ ਹੋਰ ਸਟਾਫ ਵੀ ਹਾਜ਼ਰ ਸੀ।

# 'ਵਿਸ਼ਵ ਤੰਬਾਕੂ ਨਿਸ਼ੇਧ ਦਿਵਸ' ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਚਲਾਏ ਅਤੇ ਪ੍ਰਬੰਧਿਤ ਦਿਸ਼ਾ - ਐਨ ਇਨੀਸ਼ੀਏਟਿਵ ਤਹਿਤ ਇੰਨੋਸੈਂਟ ਹਾਰਟਸ ਨੇ 'ਵਿਸ਼ਵ ਤੰਬਾਕੂ ਨਿਸ਼ੇਧ ਦਿਵਸ' ਮਨਾਇਆ। ਇੰਨੋਸੈਂਟ ਹਾਰਟਸ ਸਕੂਲ ਦੀਆਂ ਸਾਰੀਆਂ ਪੰਜ ਬ੍ਰਾਂਚਾਂ-ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ ਦੇ ਨਾਲ-ਨਾਲ ਇੰਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਅਤੇ ਇੰਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਲੋਹਾਰਾਂ ਵਿੱਚ ਇਹ ਦਿਵਸ ਬੜੇ ਉਤਸ਼ਾਹ ਅਤੇ ਵਚਨਬੱਧਤਾ ਨਾਲ ਮਨਾਇਆ ਗਿਆ। ਇਸ ਸਾਲ ਦਾ ਆਯੋਜਨ ਨਸ਼ਿਆਂ ਨੂੰ ਨਾ ਕਹੋ ਅਤੇ ਜੀਵਨ ਨੂੰ ਹਾਂ ਕਹੋ ਵਿਸ਼ੇ 'ਤੇ ਕੇਂਦ੍ਰਿਤ ਰਿਹਾ। ਵਿਦਿਆਰਥੀਆਂ ਨੂੰ ਤੰਬਾਕੂ ਅਤੇ ਨਸ਼ੀਲੇ ਪਦਾਰਥਾਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਸਪੋਰਟਸ ਅਤੇ ਵੈੱਲਨੈੱਸ ਕਲੱਬ ਵੱਲੋਂ ਤੰਬਾਕੂ ਸੇਵਨ ਦੇ ਖਤਰਿਆਂ ਨੂੰ ਦਰਸਾਉਂਦਾ ਇੱਕ ਪ੍ਰਭਾਵਸ਼ਾਲੀ ਨੁੱਕੜ ਨਾਟਕ ਪੇਸ਼ ਕੀਤਾ




ਗਿਆ। ਇਸ ਤੋਂ ਇਲਾਵਾ ਪੋਸਟਰ ਬਣਾਉਣ, ਨਾਅਰਾ ਲੇਖਣ ਅਤੇ ਲੇਖ ਲੇਖਣ ਮੁਕਾਬਲੇ ਵੀ ਕਰਵਾਏ ਗਏ। ਕਲਾਸ ਮਾਰਗਦਰਸ਼ਕਾਂ ਨੇ ਵਿਦਿਆਰਥੀਆਂ ਨਾਲ ਵਿਚਾਰ-ਵਟਾਂਦਰਾ ਕਰਕੇ ਇਸ ਗੰਭੀਰ ਸਮਾਜਿਕ ਸਮੱਸਿਆ ਪ੍ਰਤੀ ਜਾਗਰੂਕਤਾ ਫੈਲਾਉਣ ਦਾ ਯਤਨ ਕੀਤਾ। ਇੰਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਵਿੱਚ ਰੈੱਡ ਰਿਬਨ ਕਲੱਬ (ਆਰ ਆਰ ਸੀ) ਵੱਲੋਂ ਏਕ ਭਾਰਤ ਸ਼੍ਰੇਸ਼ਠ ਭਾਰਤ ਪਹਿਲਕਦਮੀ ਤਹਿਤ ਤੰਬਾਕੂ ਸਾਨੂੰ ਅਤੇ ਸਾਡੇ ਗ੍ਰਹਿ ਨੂੰ ਨਸ਼ਟ ਕਰ ਰਿਹਾ ਹੈ ਵਿਸ਼ੇ 'ਤੇ ਇੱਕ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਕਮਿਟ ਟੂ ਕਵਿਟ (ਤੰਬਾਕੂ ਛੱਡਣ ਦਾ ਸੰਕਲਪ ਲਓ) ਸੰਦੇਸ਼ 'ਤੇ ਆਧਾਰਿਤ ਪੋਸਟਰ ਬਣਾਉਣ ਮੁਕਾਬਲੇ ਵਿੱਚ ਵਿਦਿਆਰਥੀ-ਅਧਿਆਪਕਾਂ ਨੇ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਆਪਣੇ ਰਚਨਾਤਮਕ ਪੋਸਟਰਾਂ ਰਾਹੀਂ ਭਾਗੀਦਾਰਾਂ ਨੇ ਇਹ ਸੰਦੇਸ਼ ਦਿੱਤਾ ਕਿ ਸਿਗਰੇਟ ਪੀਣਾ ਤੇ ਤੰਬਾਕੂ ਚੱਬਣਾ ਸਰੀਰਕ ਅਤੇ ਮਾਨਸਿਕ ਸਿਹਤ ਲਈ ਗੰਭੀਰ ਖਤਰਾ ਹੈ।ਆਰ ਆਰ ਸੀ ਇੰਚਾਰਜ ਤਰੁਣਜੋਤੀ ਕੌਰ ਨੇ ਵਿਦਿਆਰਥੀ-ਅਧਿਆਪਕਾਂ ਨੂੰ ਆਪਣੇ ਸਮਾਜਿਕ ਵਾਤਾਵਰਣ ਪ੍ਰਤੀ ਸਚੇਤ ਰਹਿਣ ਅਤੇ ਕਿਸੇ ਵੀ ਵਸਤੂ ਦਾ ਸੇਵਨ ਉਸਦੇ ਤੱਤਾਂ ਬਾਰੇ ਸਹੀ ਜਾਣਕਾਰੀ ਤੋਂ ਬਿਨਾਂ ਨਾ ਕਰਨ ਦੀ ਸਲਾਹ ਦਿੱਤੀ। ਕਲੱਬ ਦੇ ਵਲੰਟੀਅਰਾਂ ਨੇ ਪਾਵਰਪੌਇੰਟ ਪ੍ਰਸਤੁਤੀਆਂ ਰਾਹੀਂ ਮਹੱਤਵਪੂਰਨ ਤੱਥ ਸਾਂਝੇ ਕੀਤੇ। ਉਨ੍ਹਾਂ ਦੱਸਿਆ ਕਿ ਤੰਬਾਕੂ ਹਰ ਸਾਲ ਅੱਠ ਮਿਲੀਅਨ ਤੋਂ ਵੱਧ ਲੋਕਾਂ ਦੀ ਜਾਨ ਲੈਂਦਾ ਹੈ ਅਤੇ ਇਸ ਦੀ ਖੇਤੀ, ਉਤਪਾਦਨ, ਵੰਡ, ਵਰਤੋਂ ਅਤੇ ਕੂੜੇ-ਕਰਕਟ ਕਾਰਨ ਵਾਤਾਵਰਣ ਨੂੰ ਵੀ ਗੰਭੀਰ ਨੁਕਸਾਨ ਪਹੁੰਚਦਾ ਹੈ।

ਪ੍ਰੋਗਰਾਮ ਦਾ ਸਮਾਪਨ ਸ਼ਪਥ ਗ੍ਰਹਿਣ ਸਮਾਰੋਹ ਨਾਲ ਹੋਇਆ, ਜਿਸ ਵਿੱਚ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਸਮਾਜ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਅਤੇ ਇੱਕ ਸਿਹਤਮੰਦ ਤੇ ਤੰਬਾਕੂ-ਮੁਕਤ ਭਵਿੱਖ ਦੀ ਸਿਰਜਣਾ ਲਈ ਸਾਂਝੇ ਤੌਰ 'ਤੇ ਕੰਮ ਕਰਨ ਦਾ ਸੰਕਲਪ ਲਿਆ।

## ਵਾਰਡ ਨੰਬਰ 13 ਤੋਂ ਜੇਤੂ ਹਨੀ ਕਾਂਸਲ ਨੇ ਡਾ. ਜਵੰਧਾ ਦਾ ਕਰਵਾਇਆ ਮੂੰਹ ਮਿੱਠਾ



**ਭਵਾਨੀਗੜ੍ਹ (ਰਾਜ ਖੁਰਮੀ)**-ਨਗਰ ਕੌਂਸਲ ਭਵਾਨੀਗੜ੍ਹ ਦੀਆਂ ਚੋਣਾਂ ਵਿੱਚ ਵਾਰਡ ਨੰਬਰ 13 ਤੋਂ ਵੱਡੇ ਅੰਤਰ ਨਾਲ ਜਿੱਤ ਦਰਜ ਕਰਨ ਵਾਲੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਨੀ ਕਾਂਸਲ ਵੱਲੋਂ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ।ਇਸ ਮੌਕੇ ਜੇਤੂ ਉਮੀਦਵਾਰ ਨੇ ਡਾ. ਜਵੰਧਾ ਤੋਂ ਆਸ਼ੀਰਵਾਦ ਵੀ ਲਿਆ ਤੇ ਚੋਣਾਂ ਦੌਰਾਨ ਮਿਲੇ ਭਰਪੂਰ ਸਹਿਯੋਗ ਲਈ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਹਨੀ ਕਾਂਸਲ ਨੇ ਕਿਹਾ ਕਿ ਚੋਣ ਪ੍ਰਚਾਰ ਦੌਰਾਨ ਡਾ. ਮਿੰਕੂ ਜਵੰਧਾ ਵੱਲੋਂ ਦਿੱਤੀ ਗਈ ਯੋਗ ਅਗਵਾਈ, ਸੁਚੱਜੀ ਰਣਨੀਤੀ ਤੇ ਵਰਕਰਾਂ ਦੀ ਦਿਨ-ਰਾਤ ਕੀਤੀ ਮਿਹਨਤ ਸਦਕਾ ਹੀ ਇਹ ਸ਼ਾਨਦਾਰ ਜਿੱਤ ਸੰਭਵ ਹੋ ਸਕੀ ਹੈ।ਉਨ੍ਹਾਂ ਕਿਹਾ ਕਿ ਵਾਰਡ ਵਾਸੀਆਂ ਨੇ ਜਿਹੜਾ ਭਰੋਸਾ ਉਨ੍ਹਾਂ 'ਤੇ ਜਤਾਇਆ ਹੈ, ਉਹ ਉਸ 'ਤੇ ਖਰਾ ਉਤਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਹਨੀ ਕਾਂਸਲ ਨੂੰ ਜਿੱਤ ਦੀ ਵਧਾਈ ਦਿੰਦਿਆਂ ਕਿਹਾ ਕਿ ਇਹ ਜਿੱਤ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੇ ਪਾਰਟੀ ਵਰਕਰਾਂ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ।ਉਨ੍ਹਾਂ ਭਰੋਸਾ ਜਤਾਇਆ ਕਿ ਨਵੇਂ ਚੁਣੇ ਗਏ ਕੌਂਸਲਰ ਵਾਰਡ ਨੰਬਰ 13 ਦੇ ਵਿਕਾਸ ਲਈ ਬਿਨਾਂ ਕਿਸੇ ਭੇਦਭਾਵ ਦੇ ਕੰਮ ਕਰਨਗੇ ਤੇ ਲੋਕਾਂ ਦੀਆਂ ਉਮੀਦਾਂ 'ਤੇ ਪੂਰੇ ਉਤਰਨਗੇ।ਇਸ ਮੌਕੇ ਪਾਰਟੀ ਦੇ ਕਈ ਸੀਨੀਅਰ ਆਗੂ ਤੇ ਵਰਕਰ ਵੀ ਮੌਜੂਦ ਰਹੇ। ਜਿੱਤ ਦੀ ਖ਼ੁਸ਼ੀ ਮੌਕੇ ਹਾਜ਼ਰ ਆਗੂਆਂ ਤੇ ਵਰਕਰਾਂ ਨੇ ਇੱਕ-ਦੂਜੇ ਨੂੰ ਵਧਾਈਆਂ ਦੇ ਕੇ ਖ਼ੁਸ਼ੀ ਸਾਂਝੀ ਮਨਾਈ।

## ਮੁੱਖ ਮੰਤਰੀ ਦੀ ਅਗਵਾਈ ਹੇਠ ਕਰਾਵਾਂਗੇ ਚੌਤਰਫ਼ਾ ਵਿਕਾਸ : ਵਿਕਰਾਂਤ ਚੱਠਾ



**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਆਲ ਇੰਡੀਆ ਐਫ.ਸੀ.ਆਈ. ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਦੇ ਸਪੁੱਤਰ ਵਿਕਰਾਂਤ ਸਿੰਘ ਚੱਠਾ, ਜਿਨ੍ਹਾਂ ਨੇ ਹਾਲ ਹੀ ਵਿੱਚ ਨਗਰ ਕੌਂਸਲ ਚੋਣਾਂ ਦੌਰਾਨ ਵਾਰਡ ਨੰਬਰ 10 ਤੋਂ 'ਆਪ' ਉਮੀਦਵਾਰ ਵਜੋਂ ਸ਼ਾਨਦਾਰ ਤੇ ਵੱਡੀ ਜਿੱਤ ਦਰਜ ਕੀਤੀ ਹੈ, ਨੇ ਲੋਕਾਂ ਦਾ ਦਿਲੋਂ ਧੰਨਵਾਦ ਕੀਤਾ।ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਚੱਠਾ ਪਰਵਾਰ ਦਾ ਮੁੱਖ ਮਕਸਦ ਹਮੇਸ਼ਾ ਲੋਕਾਂ ਦੇ ਸੁੱਖ-ਦੁੱਖ ਵਿੱਚ ਸਾਂਝੀਦਾਰ ਬਣਨਾ ਰਿਹਾ ਹੈ ਤੇ ਇਹ ਪਰਿਵਾਰ ਪਹਿਲਾਂ ਦੀ ਤਰ੍ਹਾਂ ਹੀ ਭਵਿੱਖ ਵਿੱਚ ਵੀ ਹਰ ਵੇਲੇ ਜਨਤਾ ਦੀ ਸੇਵਾ ਲਈ ਹਾਜ਼ਰ ਰਹੇਗਾ।ਨਵ-ਨਿਯੁਕਤ ਕੌਂਸਲਰ ਵਿਕਰਾਂਤ ਸਿੰਘ ਚੱਠਾ ਨੇ ਵਿਸ਼ਵਾਸ ਦਿਵਾਇਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਧੂਰੀ ਸ਼ਹਿਰ ਦਾ ਚੁਫੇਰਿਓਂ ਵਿਕਾਸ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਵਾਰਡ ਨੰਬਰ 10 ਦੇ ਨਾਲ-ਨਾਲ ਸਮੁੱਚੇ ਸ਼ਹਿਰ ਦੀਆਂ ਬੁਨਿਆਦੀ ਸਮੱਸਿਆਵਾਂ ਜਿਵੇਂ ਕਿ ਸਾਫ਼ ਪਾਣੀ, ਸੜਕਾਂ, ਸਟਰੀਟ ਲਾਈਟਾਂ ਤੇ ਸੀਵਰੇਜ ਸਿਸਟਮ ਨੂੰ ਪਹਿਲ ਦੇ ਆਧਾਰ 'ਤੇ ਦਰੁਸਤ ਕੀਤਾ ਜਾਵੇਗਾ।

## ਆਰਸੈਟੀ ਨੇ ਮਸ਼ਰੂਮ ਦੀ ਕਾਸ਼ਤ ਸੰਬੰਧੀ ਦਿੱਤੀ ਟ੍ਰੇਨਿੰਗ



**ਸਰਹਿੰਦ ਮੰਡੀ (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਤੋਂ ਬਚਾ ਕੇ ਮੁੱਖ ਧਾਰਾ ਨਾਲ ਜੋੜਨ ਲਈ ਬਾਹਮਣ ਮਾਜਰਾ ਸਥਿਤ ਸਰਕਾਰੀ ਨਸ਼ਾ ਮੁਕਤੀ ਤੇ ਪੁਨਰਵਾਸ ਕੇਂਦਰ ਵਿੱਚ ਇਲਾਜ ਦੇ ਨਾਲ-ਨਾਲ ਕਿੱਤਾਮੁਖੀ ਟ੍ਰੇਨਿੰਗ ਵੀ ਮੁਹੱਈਆ ਕਰਵਾਈ ਜਾ ਰਹੀ ਹੈ।ਇਸ ਤਹਿਤ ਐੱਸ.ਬੀ.ਆਈ. ਆਰਸੈਟੀ ਦੇ ਗ੍ਰਾਮੀਣ ਸਵੈ-ਰੋਜ਼ਗਾਰ ਟ੍ਰੇਨਿੰਗ ਸੰਸਥਾਨ ਵੱਲੋਂ ਮਸ਼ਰੂਮ ਕਲਟੀਵੇਸ਼ਨ ਸਬੰਧੀ ਵਿਸ਼ੇਸ਼ ਕੌਸ਼ਲ ਵਿਕਾਸ ਟ੍ਰੇਨਿੰਗ ਕੋਰਸ ਆਯੋਜਿਤ ਕੀਤਾ ਗਿਆ, ਜਿਸ ਵਿੱਚ ਭਾਗ ਲੈਣ ਵਾਲੇ ਸਿਖਿਆਰਥੀਆਂ ਨੂੰ 10 ਦਿਨਾਂ ਦੀ ਟ੍ਰੇਨਿੰਗ ਦਿੱਤੀ ਗਈ।ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੀ ਅਗਵਾਈ ਹੇਠ ਸਟੇਟ ਬੈਂਕ ਆਫ ਇੰਡੀਆ ਆਰਸੈਟੀ ਦੇ ਗ੍ਰਾਮੀਣ ਸਵੈ-ਰੋਜ਼ਗਾਰ ਟ੍ਰੇਨਿੰਗ ਸੰਸਥਾਨ ਵੱਲੋਂ ਪੁਨਰਵਾਸ ਕੇਂਦਰ ਵਿੱਚ ਨੌਜਵਾਨਾਂ ਨੂੰ ਸਵੈ-ਰੋਜ਼ਗਾਰ ਨਾਲ ਜੋੜਨ ਤੇ ਉਨ੍ਹਾਂ ਨੂੰ ਆਤਮਨਿਰਭਰ ਬਣਾਉਣ ਲਈ ਇਹ ਵਿਸ਼ੇਸ਼ ਟ੍ਰੇਨਿੰਗ ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਅਸਿਸਟੈਂਟ ਸਿਵਲ ਸਰਜਨ ਡਾ. ਕੇ. ਡੀ. ਸਿੰਘ, ਡਿਪਟੀ ਮੈਡੀਕਲ ਕਮਿਸ਼ਨਰ ਡਾਕਟਰ ਸਰਿਤਾ, ਸਾਈਕੈਟਰਿਸਟ ਡਾਕਟਰ ਸਨਪ੍ਰੀਤ, ਆਰਸੈਟੀ ਡਾਇਰੈਕਟਰ ਮੈਡਮ ਬਬੀਤਾ ਸੰਧੂ, ਜ਼ਿਲ੍ਹਾ ਟ੍ਰੇਨਿੰਗ ਤੇ ਪਲੇਸਮੈਂਟ ਅਫਸਰ (ਪੀ.ਐੱਸ.ਡੀ.ਐਮ.) ਸ੍ਰੀ ਰਾਜਬੀਰ ਸਿੰਘ, ਜ਼ਿਲ੍ਹਾ ਕੌਸ਼ਲ ਵਿਕਾਸ ਮੈਨੇਜਰ (ਪੀ.ਐੱਸ.ਡੀ.ਐਮ.) ਮੁਕੇਸ਼ ਕੁਮਾਰ ਤੋਂ ਇਲਾਵਾ ਸਿਹਤ ਵਿਭਾਗ ਤੇ ਆਰਸੈਟੀ ਸੈਂਟਰ ਦੇ ਹੋਰ ਅਧਿਕਾਰੀ ਮੌਜੂਦ ਸਨ।

## ਭਾਜਪਾ ਆਗੂ ਦਿਓਲ ਤੇ ਖਹਿਰਾ ਨੇ ਕੇਵਲ ਸਿੰਘ ਢਿੱਲੋਂ ਨਾਲ ਕੀਤੀ ਮੁਲਾਕਾਤ



**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਭਾਜਪਾ ਹਾਈਕਮਾਂਡ ਵੱਲੋਂ ਹਾਲ ਹੀ ਵਿੱਚ ਨਿਯੁਕਤ ਕੀਤੇ ਗਏ ਨਵੇਂ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਭਾਜਪਾ ਜ਼ਿਲ੍ਹਾ ਸੰਗਰੂਰ ਦੇ ਆਗੂ ਰਣਦੀਪ ਸਿੰਘ ਦਿਓਲ ਤੇ ਆਗੂ ਰਮਨਦੀਪ ਸਿੰਘ ਖਹਿਰਾ ਨੇ ਮੁਲਾਕਾਤ ਕਰਕੇ ਉਨ੍ਹਾਂ ਨੂੰ ਇਸ ਵੱਕਾਰੀ ਜ਼ਿੰਮੇਵਾਰੀ ਲਈ ਦਿਲੋਂ ਮੁਬਾਰਕਬਾਦ ਦਿੱਤੀ ਹੈ।ਰਣਦੀਪ ਦਿਓਲ ਤੇ ਰਮਨਦੀਪ ਖਹਿਰਾ ਨੇ ਹਾਈਕਮਾਂਡ ਦੇ ਇਸ ਫੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੂਬਾ ਪ੍ਰਧਾਨ ਵਜੋਂ ਕੇਵਲ ਸਿੰਘ ਢਿੱਲੋਂ ਦੀ ਨਿਯੁਕਤੀ ਨਾਲ ਪੰਜਾਬ ਵਿੱਚ ਪਾਰਟੀ ਵਰਕਰਾਂ ਅੰਦਰ ਇੱਕ ਨਵਾਂ ਉਤਸ਼ਾਹ ਤੇ ਊਰਜਾ ਦੇਖਣ ਨੂੰ ਮਿਲ ਰਹੀ ਹੈ।ਉਨ੍ਹਾਂ ਭਰੋਸਾ ਜਤਾਇਆ ਕਿ ਢਿੱਲੋਂ ਦੀ ਗਤੀਸ਼ੀਲ ਲੀਡਰਸ਼ਿਪ ਤੇ ਲੰਬੇ ਸਿਆਸੀ ਤਜਰਬੇ ਸਦਕਾ ਭਾਜਪਾ ਸੂਬੇ ਵਿੱਚ ਨਵੀਆਂ ਬੁਲੰਦੀਆਂ ਨੂੰ ਛੂਹੇਗੀ।ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰੇ ਵਰਕਰਾਂ ਤੇ ਆਗੂਆਂ ਨੂੰ ਨਾਲ ਲੈ ਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ? ਤੱਕ ਪਹੁੰਚਾਇਆ ਜਾਵੇਗਾ।

## ਰੇਲਵੇ ਫ਼ਿਰੋਜ਼ਪੁਰ ਮੰਡਲ ਵੱਲੋਂ ਉਦਯੋਗਾਂ ਨੂੰ ਮਾਲ ਢੋਆ-ਢੁਆਈ ਲਈ ਪ੍ਰੇਰਿਤ ਕਰਨ ਸੰਬੰਧੀ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੇਲਵੇ ਦੇ ਮਾਲ ਭਾੜਾ ਕਾਰੋਬਾਰ ਨੂੰ ਹੁਲਾਰਾ ਦੇਣ ਤੇ ਉਦਯੋਗਾਂ ਨਾਲ ਬਿਹਤਰ ਤਾਲਮੇਲ ਸਥਾਪਤ ਕਰਨ ਦੇ ਉਦੇਸ਼ ਨਾਲ ਫ਼ਿਰੋਜ਼ਪੁਰ ਮੰਡਲ ਦੀ ਬਿਜ਼ਨੈੱਸ ਡਿਵੈਲਪਮੈਂਟ ਯੂਨਿਟ ਵੱਲੋਂ ਹੁਸ਼ਿਆਰਪੁਰ ਵਿਖੇ ਇਕ ਮੀਟਿੰਗ ਕੀਤੀ ਗਈ। ਇਸ ਬੈਠਕ ਵਿੱਚ ਰੇਲਵੇ ਦੇ ਸੀਨੀਅਰ ਅਧਿਕਾਰੀਆਂ ਤੇ ਇਲਾਕੇ ਦੇ ਪ੍ਰਮੁੱਖ ਉਦਯੋਗਪਤੀਆਂ ਨੇ ਹਿੱਸਾ ਲਿਆ। ਇਸ ਮੀਟਿੰਗ ਵਿੱਚ ਰਿਲਾਇੰਸ ਇੰਡਸਟਰੀਜ਼ ਲਿਮਟਿਡ ਹੁਸ਼ਿਆਰਪੁਰ ਵੱਲੋਂ ਪਲਾਂਟ ਹੈੱਡ ਰਾਜੇਸ਼ ਅਰੋੜਾ ਤੇ ਸੈਂਚੁਰੀ ਪਲਾਈਬੋਰਡਸ (ਇੰਡੀਆ) ਲਿਮਟਿਡ ਵੱਲੋਂ ਪਲਾਂਟ ਹੈੱਡ ਅਨੂਪ ਸ਼ਰਮਾ ਹਾਜ਼ਰ ਹੋਏ। ਰੇਲਵੇ ਵਿਭਾਗ ਦੀ ਅਗਵਾਈ ਸੀਨੀਅਰ ਮੰਡਲ ਕਮਰਸ਼ੀਅਲ ਮੈਨੇਜਰ (ਫ਼ਰੇਟ) ਪਰਮਦੀਪ ਸਿੰਘ ਸੈਣੀ ਤੇ ਕਮਰਸ਼ੀਅਲ ਇੰਸਪੈਕਟਰ ਨਿਤੇਸ਼ ਸ਼ਰਮਾ ਨੇ ਕੀਤੀ। ਬੀਡੀਯੂ ਦੀ ਇਸ ਮੀਟਿੰਗ ਦੌਰਾਨ ਰੇਲਵੇ ਵੱਲੋਂ ਉਦਯੋਗਾਂ ਨੂੰ ਦਿੱਤੀਆਂ ਜਾ ਰਹੀਆਂ ਮਾਲ ਢੋਆ-ਢੁਆਈ ਦੀਆਂ ਸਹੂਲਤਾਂ, ਸਮੇਂ ਸਿਰ ਰੇਕ (ਮਾਲ ਗੱਡੀ) ਦੀ ਉਪਲਬਧਤਾ, ਲੋਡਿੰਗ ਤੇ ਅਨਲੋਡਿੰਗ ਦੇ ਪ੍ਰਬੰਧਾਂ ਤੇ ਮਾਲ ਦੀ ਸੁਖਾਲੀ ਆਵਾਜਾਈ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਦੇ ਨਾਲ ਹੀ ਭਵਿੱਖ ਵਿਚ ਫ਼ਰੇਟ ਟ੍ਰੈਫਿਕ (ਮਾਲ ਭਾੜਾ) ਵਧਾਉਣ ਦੀਆਂ ਸੰਭਾਵਨਾਵਾਂ 'ਤੇ ਵੀ ਵਿਚਾਰ-ਵਟਾਂਦਰਾ ਹੋਇਆ। ਰੇਲਵੇ ਅਧਿਕਾਰੀਆਂ ਨੇ ਉਦਯੋਗਪਤੀਆਂ ਦੀਆਂ ਲੋੜਾਂ ਤੇ ਉਨ੍ਹਾਂ ਵੱਲੋਂ ਦਿੱਤੇ ਗਏ ਸੁਝਾਵਾਂ ਨੂੰ ਬੜੇ ਧਿਆਨ ਨਾਲ ਸੁਣਿਆ। ਸੀਨੀਅਰ ਮੰਡਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਕਿਹਾ ਭਾਰਤੀ ਰੇਲਵੇ ਉਦਯੋਗਾਂ ਨੂੰ ਸੁਰੱਖਿਅਤ, ਕਿਫ਼ਾਇਤੀ ਤੇ ਵਾਤਾਵਰਣ ਪੱਖੀ ਆਵਾਜਾਈ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਅਸੀਂ ਸਾਰੇ ਵੱਡੇ ਉਦਯੋਗਾਂ ਨੂੰ ਅਪੀਲ ਕਰਦੇ ਹਾਂ ਕਿ ਉਹ ਆਪਣਾ ਵੱਧ ਤੋਂ ਵੱਧ ਮਾਲ ਰੇਲਵੇ ਰਾਹੀਂ ਭੇਜਣ। ਮੀਟਿੰਗ ਵਿੱਚ ਰਿਲਾਇੰਸ ਇੰਡਸਟਰੀਜ਼ ਤੇ ਸੈਂਚੁਰੀ ਪਲਾਈਬੋਰਡਸ ਦੇ ਪ੍ਰਬੰਧਕਾਂ ਨੇ ਰੇਲਵੇ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਰੇਲਵੇ ਨਾਲ ਬਿਹਤਰ ਤਾਲਮੇਲ ਬਣਾਈ ਰੱਖਣਗੇ ਤੇ ਆਉਣ ਵਾਲੇ ਸਮੇਂ ਵਿੱਚ ਰੇਲਵੇ ਰਾਹੀਂ ਮਾਲ ਦੀ ਆਵਾਜਾਈ ਵਧਾਉਣ ਲਈ ਆਪਣਾ ਸਕਾਰਾਤਮਕ ਸਹਿਯੋਗ ਦੇਣਗੇ।

# ਤੇਲ ਕੀਮਤਾਂ 'ਚ ਵਾਧੇ ਖਿਲਾਫ ਮਲੌਦ 'ਚ ਕਾਂਗਰਸ ਵੱਲੋਂ ਪ੍ਰਦਰਸ਼ਨ

### ਮੋਦੀ ਸਰਕਾਰ ਨੇ ਤੇਲ ਕੀਮਤਾਂ 'ਚ ਵਾਧਾ ਕਰਕੇ ਆਮ ਲੋਕਾਂ 'ਤੇ ਭਾਰੀ ਬੋਝ ਪਾਇਆ : ਲੱਖਾ ਪਾਇਲ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਦੀ ਅਗਵਾਈ ਹੇਠ ਡੀਜ਼ਲ ਤੇ ਪੈਟਰੋਲ ਦੀਆਂ ਕੀਮਤਾਂ ਵਿੱਚ ਮੋਦੀ ਸਰਕਾਰ ਵੱਲੋਂ ਕੀਤੇ ਗਏ ਭਾਰੀ ਵਾਧੇ ਨੂੰ ਲੈ ਕੇ ਮਲੌਦ ਸ਼ਹਿਰ ਅੰਦਰ ਅਨੋਖੇ ਢੰਗ ਨਾਲ ਖੱਚਰ ਰੇਹੜੇ 'ਤੇ ਚੜ੍ਹ ਕੇ ਭਾਜਪਾ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਲਈ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਕਾਂਗਰਸ ਦੇ ਪ੍ਰਧਾਨ ਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਨੇ ਸ਼ਿਰਕਤ ਕੀਤੀ। ਉਨ੍ਹਾ ਕਿਹਾ ਕਿ ਭਾਜਪਾ ਦੀ ਸਰਕਾਰ ਨੇ ਡੀਜ਼ਲ ਤੇ ਪੈਟਰੋਲ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਕਰਕੇ ਪਹਿਲਾਂ ਹੀ ਆਰਥਿਕ ਮੰਦੀ ਦਾ ਸਾਹਮਣਾ ਕਰ ਰਹੀ ਕਿਸਾਨੀ ਨੂੰ ਹੋਰ ਡੋਬ ਦਿੱਤਾ ਹੈ। ਉਨ੍ਹਾ ਕਿਹਾ ਕਿ ਭਾਜਪਾ ਦੀ ਸੋਚ ਹਮੇਸ਼ਾ ਹੀ ਪੰਜਾਬ ਵਿਰੋਧੀ ਰਹੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣੇ ਸਰਮਾਏਦਾਰ ਮਿੱਤਰਾਂ ਦੇ ਤਾਂ ਕਰੋੜਾਂ ਅਰਬਾਂ ਰੁਪਏ ਦੇ ਕਰਜ਼ੇ ਮੁਆਫ ਕਰ ਸਕਦਾ ਹੈ, ਪਰ ਆਮ ਲੋਕਾਂ ਦੀ ਵਰਤੋਂ ਵਿੱਚ ਆਉਣ ਵਾਲੇ ਡੀਜ਼ਲ ਤੇ ਪੈਟਰੋਲ ਦੀਆਂ ਕੀਮਤਾਂ ਨਹੀਂ ਘਟਾ ਸਕਦਾ। ਸਾਬਕਾ ਵਿਧਾਇਕ ਲੱਖਾ ਪਾਇਲ ਨੇ ਕਿਹਾ ਕਿ ਪੰਜਾਬ ਦੇ ਲੋਕ ਤੇਲ ਦੀਆਂ ਵਧੀਆਂ ਕੀਮਤਾਂ ਨੂੰ ਲੈ ਕੇ ਖੱਚਰ ਰੇਹੜੇ 'ਤੇ ਚੜ੍ਹਨ ਲਈ ਮਜਬੂਰ ਹਨ। ਮਲੌਦ ਸ਼ਹਿਰ ਅੰਦਰ ਰੋਸ ਪ੍ਰਦਰਸ਼ਨ ਕਰਨ ਸਮੇਂ ਕਾਂਗਰਸ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੇ ਭਾਜਪਾ ਸਰਕਾਰ ਖਿਲਾਫ ਜ਼ਬਰਦਸਤ ਰੋਸ ਮਾਰਚ ਕੀਤਾ ਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਖਿਲਾਫ ਨਾਅਰੇਬਾਜ਼ੀ ਕੀਤੀ। ਇਸ ਮੌਕੇ ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਭਾਜਪਾ ਸਰਕਾਰ ਪੰਜਾਬ ਨਾਲ ਹਮੇਸ਼ਾ ਹੀ ਮਾੜਾ ਕਰਦੀ ਆ ਰਹੀ ਹੈ। ਪਹਿਲਾਂ ਵੀ ਪੰਜਾਬ ਦੇ ਕਿਸਾਨਾਂ ਨੇ ਲੰਬਾ ਸਮਾਂ ਅੰਦੋਲਨ ਕਰਕੇ ਭਾਜਪਾ ਸਰਕਾਰ ਵੱਲੋਂ ਲਿਆਂਦੇ ਤਿੰਨ ਕਾਲੇ ਕਾਨੂੰਨਾਂ ਨੂੰ ਮੋਦੀ ਤੋਂ ਵਾਪਸ ਕਰਵਾਇਆ ਸੀ, ਹੁਣ ਵੀ ਭਾਜਪਾ ਨੇ ਜੇਕਰ ਮਹਿੰਗਾਈ ਤੇ ਡੀਜ਼ਲ ਪੈਟਰੋਲ ਦੀਆਂ ਕੀਮਤਾਂ ਨੂੰ ਘਟਾਉਣ ਲਈ ਕੁਝ ਨਾ ਕੀਤਾ ਤਾਂ ਭਾਜਪਾ ਲੋਕ ਰੋਹ ਦਾ ਸਾਹਮਣਾ ਕਰਨ ਲਈ ਤਿਆਰ ਰਹੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਿੰਦਰ ਕੁਮਾਰ ਢੀਂਗਰਾ ਸ਼ਹਿਰੀ ਪ੍ਰਧਾਨ, ਟੀਨੂ ਘਲੋਟੀ ਬਲਾਕ ਪ੍ਰਧਾਨ ਦੋਰਾਹਾ, ਅਰਵਿੰਦਰਦੀਪ ਸਿੰਘ ਜੱਸਾ ਰੋੜੀਆਂ ਕੌਂਸਲਰ, ਅਵਤਾਰ ਸਿੰਘ ਤਾਰੀ ਰਾਮਗੜ੍ਹ ਸਰਦਾਰਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਨਿਰਮਲ ਸਿੰਘ ਗੋਗਾ ਚੇਅਰਮੈਨ ਬਲਾਕ ਸੰਮਤੀ ਮਲੌਦ, ਗੁਰਦੀਪ ਸਿੰਘ ਜੁਲਮਗੜ੍ਹ ਸਾਬਕਾ ਵਾਈਸ ਚੇਅਰਮੈਨ, ਗੁਰਮੁੱਖ ਸਿੰਘ ਗੋਮੀ ਸਿਆੜ ਮੈਂਬਰ ਬਲਾਕ ਸੰਮਤੀ, ਜਤਿੰਦਰ ਸਿੰਘ ਚੋਮੋ ਚੇਅਰਮੈਨ ਕਿਸਾਨ ਸੈੱਲ, ਗੁਰਪ੍ਰੀਤ ਸਿੰਘ ਗੋਪੀ ਸੋਮਲ ਖੇੜੀ ਕੌਂਸਲਰ, ਭਗਤ ਸਿੰਘ ਮਿੰਟੂ ਸਿਉੜਾ ਸੋਸ਼ਲ ਮੀਡੀਆ ਇੰਚਾਰਜ, ਰਣਜੀਤ ਸਿੰਘ ਪਾਇਲ ਪੀ ਏ, ਦਿਲਬਾਗ ਸਿੰਘ ਲਹਿਲ, ਕ੍ਰਿਸ਼ਨ ਦੇਵ ਜੋਗੀਮਾਜਰਾ ਮੈਂਬਰ ਬਲਾਕ ਸੰਮਤੀ, ਬਲਵਿੰਦਰ ਸਿੰਘ ਸੀਹਾ ਦੋਦ ਮੀਤ ਪ੍ਰਧਾਨ, ਪਰਮਜੀਤ ਸਿੰਘ ਕਾਲਾ ਝੱਮਟ ਮੀਤ ਪ੍ਰਧਾਨ, ਰਾਜਵਿੰਦਰ ਸਿੰਘ ਸੋਹੀਆ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਚੋਪੜਾ ਸੋਸ਼ਲ ਮੀਡੀਆ ਕੁਆਰਡੀਨੇਟਰ, ਹਰਪ੍ਰੀਤ ਸਿੰਘ ਲਹਿਲ ਜਨਰਲ ਸਕੱਤਰ, ਰਾਮ ਸਿੰਘ ਸੋਮਲ ਖੇੜੀ ਪ੍ਰਧਾਨ ਐੱਸ ਸੀ ਵਿੰਗ, ਟਿੰਮਾ ਉਕਸੀ, ਨਿਰਭੈ ਸਿੰਘ ਸੇਖਾ, ਗੁਰੀ ਲਸਾੜਾ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਸਿਲਵਰ ਓਕਸ ਸਕੂਲ ਵੱਲੋਂ ਅੱਠ ਦਿਨਾ ਸਿਨਰਜੀ-2 ਸਮਰ ਕੈਂਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਲਵਰ ਓਕਸ ਸਕੂਲ ਰਾਮਪੁਰਾ ਵੱਲੋਂ ਸਾਲ 2026 ਦੀਆਂ ਗਰਮੀਆਂ ਦੀਆਂ ਛੁੱਟੀਆਂ ਨੂੰ ਹੋਰ ਵੀ ਰਚਨਾਤਮਕ, ਪ੍ਰਭਾਵਸ਼ਾਲੀ ਤੇ ਯਾਦਗਾਰ ਬਣਾਉਣ ਲਈ ਅੱਠ ਦਿਨਾਂ ਦਾ ਸਿਨਰਜੀ-2 ਸਮਰ ਕੈਂਪ ਲਾਇਆ ਗਿਆ, ਜਿਸ ਵਿੱਚ ਐੱਲ.ਕੇ.ਜੀ. ਤੋਂ ਲੈ ਕੇ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਇਸ ਸਮਰ ਕੈਂਪ ਦੇ ਉਦਘਾਟਨੀ ਸਮਾਰੋਹ ਮੌਕੇ ਸਿਲਵਰ ਓਕਸ ਸਕੂਲ, ਰਾਮਪੁਰਾ ਰੋਡ ਦੀ ਨਿਰਦੇਸ਼ਕਾ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਤੇ ਸਿਲਵਰ ਓਕਸ ਸਪੋਰਟਸ ਅਕੈਡਮੀ ਦੇ ਡਾਇਰੈਕਟਰ ਸ੍ਰ. ਨਵਦੀਪ ਸਿੰਘ ਸੰਧੂ ਦਾ ਨਿੱਘਾ ਸਵਾਗਤ ਕੀਤਾ ਗਿਆ।ਸਮਾਰੋਹ ਦੀ ਸ਼ੁਰੂਆਤ ਜੋਤੀ ਪ੍ਰਜਵਲਿਤ ਕਰਕੇ ਕੀਤੀ ਗਈ, ਜੋ ਗਿਆਨ, ਸਕਾਰਾਤਮਕਤਾ ਤੇ ਤਰੱਕੀ ਦਾ ਪ੍ਰਤੀਕ ਸੀ।ਇਸ ਤੋਂ ਬਾਅਦ ਰੰਗ-ਬਰੰਗੇ ਗੁਬਾਰੇ ਆਕਾਸ਼ ਵਿੱਚ ਉਡਾ ਕੇ ਸਿਨਰਜੀ-2 ਸਮਰ ਕੈਂਪ ਦਾ ਸ਼ੁਭ-ਆਰੰਭ ਕੀਤਾ ਗਿਆ।ਗੁਬਾਰਿਆਂ ਦੀ ਉਡਾਣ ਬੱਚਿਆਂ ਦੇ ਸੁਪਨਿਆਂ, ਉਮੀਦਾਂ ਤੇ ਅਸੀਮ ਸੰਭਾਵਨਾਵਾਂ ਦਾ ਪ੍ਰਤੀਕ ਬਣੀ।ਸਕੂਲ ਨਿਰਦੇਸ਼ਕਾ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਨੇ ਵਿਦਿਆਰਥੀਆਂ ਨੂੰ ਇਸ ਸਮਰ ਕੈਂਪ ਨੂੰ ਆਪਣੀਆਂ ਲੁਕੀਆਂ ਹੋਈਆਂ ਯੋਗਤਾਵਾਂ ਨੂੰ ਪਛਾਨਣ, ਆਤਮਵਿਸ਼ਵਾਸ ਵਿਕਸਿਤ ਕਰਨ ਤੇ ਨਵੀਆਂ ਜੀਵਨ ਕਲਾ ਸਿੱਖਣ ਦੇ ਸੁਨਹਿਰੀ ਮੌਕੇ ਵਜੋਂ ਵਰਤਣ ਲਈ ਪ੍ਰੇਰਿਤ ਕੀਤਾ।ਸਿਲਵਰ ਓਕਸ ਸਪੋਰਟਸ ਅਕੈਡਮੀ ਦੇ ਡਾਇਰੈਕਟਰ ਸ੍ਰ. ਨਵਦੀਪ ਸਿੰਘ ਸੰਧੂ ਨੇ ਬੱਚਿਆਂ ਨੂੰ ਖੇਡ ਭਾਵਨਾ, ਟੀਮ ਵਰਕ ਤੇ ਦ੍ਰਿੜ੍ਹ ਨਿਸ਼ਚੇ ਨਾਲ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ।ਸਕੂਲ ਨਿਰਦੇਸ਼ਕਾ ਵੱਲੋਂ ਸਕੂਲ ਪ੍ਰਿੰਸੀਪਲ ਤੇ ਪੂਰੀ ਟੀਮ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।ਉਦਘਾਟਨ ਸਮਾਰੋਹ ਦੇ ਅੰਤ ਤੱਕ ਸਾਰੇ ਬੱਚਿਆਂ ਦੇ ਚਿਹਰਿਆਂ 'ਤੇ ਖ਼ੁਸ਼ੀ, ਉਤਸ਼ਾਹ ਤੇ ਨਵੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਦੀ ਬੇਸਬਰੀ ਸਾਫ਼ ਨਜ਼ਰ ਆ ਰਹੀ ਸੀ।

## ਕੇਵਲ ਢਿੱਲੋਂ ਨੂੰ ਪ੍ਰਧਾਨ ਬਣਾਏ ਜਾਣ 'ਤੇ ਭਾਜਪਾ ਵਰਕਰਾਂ ਲੱਡੂ ਵੰਡੇ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਨਵ-ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਪਾਰਟੀ ਦੀ ਕਮਾਨ ਸੌਂਪੇ ਜਾਣ ਦੀ ਖ਼ੁਸ਼ੀ ਵਿੱਚ ਫਿਰੋਜ਼ਪੁਰ ਵਿਖੇ ਸਾਬਕਾ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਦੇ ਗ੍ਰਹਿ ਵਿਖੇ ਜਸ਼ਨ ਦਾ ਮਾਹੌਲ ਦੇਖਣ ਨੂੰ ਮਿਲਿਆ।ਇਸ ਮੌਕੇ ਉਨ੍ਹਾਂ ਦੇ ਸਪੁੱਤਰ ਹੀਰਾ ਸੋਢੀ ਨੇ ਆਪਣੇ ਸਾਥੀਆਂ ਸਮੇਤ ਲੱਡੂ ਵੰਡ ਕੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ।ਸਮਾਗਮ ਦੌਰਾਨ ਹੀਰਾ ਸੋਢੀ ਅਤੇ ਹਾਜ਼ਰ ਭਾਜਪਾ ਆਗੂਆਂ ਤੇ ਵਰਕਰਾਂ ਨੇ ਕੇਵਲ ਸਿੰਘ ਢਿੱਲੋਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਭਾਜਪਾ ਪੰਜਾਬ ਵਿੱਚ ਹੋਰ ਮਜ਼ਬੂਤ ਹੋਵੇਗੀ ਤੇ ਸੰਗਠਨ ਨੂੰ ਨਵੀਂ ਦਿਸ਼ਾ ਮਿਲੇਗੀ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਨਵੇਂ ਪ੍ਰਧਾਨ ਦੀ ਅਗਵਾਈ ਵਿੱਚ ਪਾਰਟੀ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰੇਗੀ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਮਜ਼ਬੂਤੀ ਨਾਲ ਅੱਗੇ ਵਧੇਗੀ।ਇਸ ਮੌਕੇ ਵਰਕਰਾਂ ਨੇ ਇਕ-ਦੂਜੇ ਦਾ ਮੂੰਹ ਮਿੱਠਾ ਕਰਵਾਇਆ ਤੇ ਨਾਅਰੇਬਾਜ਼ੀ ਕਰਦਿਆਂ ਆਪਣੀ ਖ਼ੁਸ਼ੀ ਸਾਂਝੀ ਕੀਤੀ।ਸਮਾਗਮ ਦੌਰਾਨ ਭਾਜਪਾ ਦੇ ਕਈ ਆਗੂ, ਵਰਕਰ ਤੇ ਸਮਰਥਕ ਵੀ ਹਾਜ਼ਰ ਰਹੇ।

# ਨਗਰ ਕੌਂਸਲ ਗਿੱਦੜਬਾਹਾ ਦੇ ਜੇਤੂ ਉਮੀਦਵਾਰਾਂ ਨੂੰ ਦਿੱਤੀ ਵਧਾਈ

### ਗਿੱਦੜਬਾਹਾ ਦੇ ਲੋਕਾਂ ਨੇ ਵਿਕਾਸ ਕਾਰਜਾਂ 'ਤੇ ਲਾਈ ਮੋਹਰ : ਡਿੰਪੀ ਢਿੱਲੋਂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਨਗਰ ਕੌਂਸਲ ਗਿੱਦੜਬਾਹਾ ਦੇ ਚੋਣ ਨਤੀਜਿਆਂ ਤੋਂ ਬਾਅਦ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਪਾਰਟੀ ਦੇ ਮੁੱਖ ਦਫਤਰ ਵਿਖੇ ਜੇਤੂ ਉਮੀਦਵਾਰ ਵਾਰਡ ਨੰਬਰ 1 ਦੇ ਹਰਪ੍ਰੀਤ ਕੌਰ, ਵਾਰਡ ਨੰਬਰ 2 ਦੇ ਮੁਨਤਾਜ ਸਿੰਘ, ਵਾਰਡ ਨੰਬਰ 3 ਦੇ ਮਨਜਿੰਦਰ ਕੌਰ, ਵਾਰਡ ਨੰਬਰ 4 ਦੇ ਐਡਵੋਕੇਟ ਲਗਨਪ੍ਰੀਤ ਸਿੰਘ ਲਾਲੀ, ਵਾਰਡ ਨੰਬਰ 5 ਦੇ ਗਗਨਦੀਪ ਕੌਰ, ਵਾਰਡ ਨੰਬਰ 7 ਦੇ ਸ਼ਿਵਾਨੀ, ਵਾਰਡ ਨੰਬਰ 8 ਦੇ ਮਾਧੋਦਾਸ ਸਿੰਘ, ਵਾਰਡ ਨੰਬਰ 9 ਦੇ ਸਿਮਰਨ ਕੌਰ, ਵਾਰਡ ਨੰਬਰ 10 ਦੇ ਭਿੰਦਰ ਸਿੰਘ, ਵਾਰਡ ਨੰਬਰ 11 ਦੇ ਜਸਵੀਨ ਕੌਰ, ਵਾਰਡ ਨੰਬਰ 12 ਦੇ ਰਮੇਸ਼ ਕੁਮਾਰ ਫੌਜੀ, ਵਾਰਡ ਨੰਬਰ 13 ਦੇ ਬਲਜੀਤ ਕੌਰ, ਵਾਰਡ ਨੰਬਰ 14 ਦੇ ਜਸਵੀਰ ਸਿੰਘ, ਵਾਰਡ ਨੰਬਰ 16 ਦੇ ਧਰਮਿੰਦਰ ਕੁਮਾਰ, ਵਾਰਡ ਨੰਬਰ 17 ਦੇ ਮਹਾਂਵੀਰ ਪੋਡੀ, ਵਾਰਡ ਨੰਬਰ 18 ਦੇ ਗੌਰਵ ਜੈਨ ਤੇ ਵਾਰਡ ਨੰਬਰ 19 ਦੇ ਗੀਤਾਂਸ਼ੂ ਗਰਗ ਨੂੰ ਸਨਮਾਨਤ ਕੀਤਾ।ਇਸ ਮੌਕੇ ਐੱਮਐੱਲਏ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਜੇਤੂ ਉਮੀਦਵਾਰਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੇ ਸਾਰੇ ਵਰਕਰਾਂ, ਸਪੋਟਰਾਂ ਤੇ ਆਗੂਆਂ ਦੀ ਮਿਹਨਤ ਦਾ ਨਤੀਜਾ ਹੈ ਤੇ ਗਿੱਦੜਬਾਹਾ ਨਿਵਾਸੀਆਂ ਨੇ ਵਿਕਾਸ ਕਾਰਜਾਂ 'ਤੇ ਮੋਹਰ ਲਗਾਈ ਹੈ।ਉਨ੍ਹਾਂ ਨਗਰ ਕੌਂਸਲ ਦੇ ਮੈਂਬਰਾਂ ਨੂੰ ਗਿੱਦੜਬਾਹਾ ਦੇ ਵਿਕਾਸ ਕਾਰਜਾਂ ਲਈ ਨਿਰਪੱਖ ਹੋ ਕੇ ਪਾਰਟੀਬਾਜ਼ੀ ਤੋਂ ਉੱਪਰ ਹੋ ਕੇ ਕੰਮ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਗਿੱਦੜਬਾਹਾ ਦੇ ਵਿਕਾਸ ਲਈ ਫੰਡ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਸਮੇਂ ਪੰਜਾਬ ਦੀ ਖੁਸ਼ਹਾਲੀ ਤੇ ਵਿਕਾਸ ਦੇ ਕੰਮ ਕਰਨ ਲਈ ਤਤਪਰ ਹੈ। ਸਰਕਾਰ ਹਰ ਵਰਗ ਦੀਆਂ ਸਹੂਲਤਾਂ ਲਈ ਨਵੀਆਂ ਨਵੀਆਂ ਯੋਜਨਾਵਾਂ ਲੈ ਕੇ ਆ ਰਹੀ ਹੈ।ਇਸ ਮੌਕੇ ਸੰਦੀਪ ਸਿੰਘ ਸਨੀ ਢਿੱਲੋਂ, ਸੀਨੀਅਰ ਆਗੂ ਅਸ਼ੋਕ ਬੁੱਟਰ, ਕਰਮਜੀਤ ਸਿੰਘ, ਮਲਕੀਤ ਸਿੰਘ, ਲਖਵੀਰ ਸਿੰਘ ਮਿੰਟੂ ਵਾਲੀਆ, ਰਵਿੰਦਰ ਕੁਮਾਰ, ਲਖਵਿੰਦਰ ਸਿੰਘ ਬਦਰੂ, ਬਲਰਾਜ ਸਿੰਘ ਮਾਨ, ਸੁਖਮੰਦਰ ਸਿੰਘ ਤੇ ਦੀਪਕ ਬੁੱਟਰ ਤੋਂ ਇਲਾਵਾ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

## ਨਵੇਂ ਡਾਕਘਰ ਦਾ ਕੀਤਾ ਉਦਘਾਟਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡਾਕ ਸੇਵਾਵਾਂ ਦੇ ਡਾਇਰੈਕਟਰ ਸ੍ਰੀ ਪਰਵੀਨ ਕੁਮਾਰ ਨੇ ਬੀਤੇ ਦਿਨ ਮੇਨ ਗੇਟ 'ਤੇ ਯੂਨੀਵਰਸਿਟੀ ਦੁਆਰਾ ਪ੍ਰਦਾਨ ਕੀਤੇ ਗਏ ਮਹਾਰਾਜਾ ਰਣਜੀਤ ਸਿੰਘ ਯੂਨੀਵਰਸਿਟੀ ਸਬ ਡਾਕਘਰ ਦੇ ਨਵੇਂ ਦਫ਼ਤਰ ਦਾ ਉਦਘਾਟਨ ਕੀਤਾ।ਪਹਿਲਾਂ ਇਹ ਦਫ਼ਤਰ ਯੂਨੀਵਰਸਿਟੀ ਦੇ ਅੰਦਰ ਮਾਰਕੀਟ ਕੰਪਲੈਕਸ ਵਿੱਚ ਸਥਿਤ ਸੀ, ਇਸ ਲਈ ਆਮ ਜਨਤਾ ਤੇ ਯੂਨੀਵਰਸਿਟੀ ਦੇ ਆਸ-ਪਾਸ ਦੇ ਹੋਰ ਦਫ਼ਤਰਾਂ ਨੂੰ ਡਾਕ ਵਿਭਾਗ ਦੀਆਂ ਸੇਵਾਵਾਂ ਤੱਕ ਪਹੁੰਚਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਹੁਣ ਆਮ ਜਨਤਾ ਦੇ ਨਾਲ-ਨਾਲ ਯੂਨੀਵਰਸਿਟੀ ਸਟਾਫ਼ ਡਾਕ ਵਿਭਾਗ ਦੁਆਰਾ ਪ੍ਰਦਾਨ ਕੀਤੀਆਂ ਜਾਣ ਵਾਲੀਆਂ ਸੇਵਾਵਾਂ ਜਿਵੇਂ ਕਿ ਡਾਕਘਰ ਸੇਵਿੰਗ ਬੈਂਕ ਸਮੇਤ ਬੱਚਤ ਖਾਤੇ, ਜੋ ਭਾਰਤ ਸਰਕਾਰ ਦੀਆਂ ਨਵੀਆਂ ਸਕੀਮਾਂ ਨੂੰ ਆਸਾਨੀ ਨਾਲ ਪ੍ਰਾਪਤ ਕਰ ਸਕਦਾ ਹੈ।ਟੀਡੀ/ਐੱਫਡੀਐੱਸ, ਸੀਨੀਅਰ ਸਿਟੀਜ਼ਨ ਸੇਵਿੰਗ ਸਕੀਮਾਂ (ਐੱਸਸੀਐੱਸ), ਐੱਸਐੱਸਏ ਖਾਤੇ, ਪੀਪੀਐੱਫ ਖਾਤੇ, ਕੇਵੀਪੀ/ਐੱਨਐੱਸਸੀ, ਪੀਐੱਲਆਈ ਤੇ ਆਰਪੀਐੱਲਆਈ ਵਰਗੇ ਡਾਕ ਜੀਵਨ ਬੀਮਾ, ਡਾਕ ਸੇਵਾਵਾਂ ਜਿਵੇਂ ਕਿ ਪੱਤਰਾਂ ਦੀ ਬੁਕਿੰਗ, ਸਪੀਡ ਪੋਸਟ, ਪਾਰਸਲ, ਅੰਤਰਰਾਸ਼ਟਰੀ ਡਾਕ ਤੇ ਪਾਰਸਲ ਪੈਕਿੰਗ ਸੇਵਾ ਆਦਿ।ਸ੍ਰੀ ਮਹੇਸ਼ ਬਿੰਦਲ, ਸੁਪਰਡੈਂਟ ਆਫ ਡਾਕਘਰ ਬਠਿੰਡਾ ਨੇ ਡਾਇਰੈਕਟਰ ਡਾਕ ਸੇਵਾਵਾਂ ਤੇ ਯੂਨੀਵਰਸਿਟੀ ਫੈਕਲਟੀ ਦਾ ਉਨ੍ਹਾਂ ਦੇ ਸਮਰਥਨ ਲਈ ਧੰਨਵਾਦ ਕੀਤਾ।

# ਐੱਸ ਆਈ ਆਰ ਲਈ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਹੈੱਲਪ ਡੈਸਕ ਸਥਾਪਤ




**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮੁੱਖ ਚੋਣ ਅਫ਼ਸਰ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੋਟਰ ਸੂਚੀਆਂ ਦੀ ਸਪੈਸ਼ਲ ਇਨਟੈਂਸਿਵ ਰੀਵਿਜ਼ਨ (ਐੱਸ ਆਈ ਆਰ) ਨੂੰ ਧਿਆਨ ਵਿੱਚ ਰੱਖਦਿਆਂ ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਬਠਿੰਡਾ ਵਿਖੇ ਇੱਕ ਵਿਸ਼ੇਸ਼ ਹੈਲਪ ਡੈਸਕ ਸਥਾਪਤ ਕੀਤਾ ਗਿਆ ਹੈ।ਇਹ ਹੈਲਪ ਡੈਸਕ ਜ਼ਿਲ੍ਹਾ ਚੋਣ ਦਫ਼ਤਰ, ਕਮਰਾ ਨੰਬਰ 321 ਏ ਵਿਖੇ ਸਥਾਪਤ ਕੀਤਾ ਗਿਆ ਹੈ।ਇਹ ਜਾਣਕਾਰੀ ਸਾਂਝੀ ਕਰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਇਸ ਹੈਲਪ ਡੈਸਕ ਦਾ ਮੁੱਖ ਉਦੇਸ਼ ਐੱਸ.ਆਈ.ਆਰ. ਪ੍ਰਕਿਰਿਆ ਦੌਰਾਨ ਚੋਣਾਂ ਨਾਲ ਸਬੰਧਤ ਸੇਵਾਵਾਂ ਆਸਾਨੀ ਨਾਲ ਲੋਕਾਂ ਤੱਕ ਪਹੁੰਚਾਉਣਾ ਹੈ।ਇਸ ਦੇ ਨਾਲ ਹੀ ਸਾਰੇ ਯੋਗ ਨਾਗਰਿਕਾਂ, ਖਾਸ ਕਰਕੇ ਦਿਵਿਆਂਗ ਵਿਅਕਤੀਆਂ, ਪ੍ਰਵਾਸੀ ਵੋਟਰਾਂ ਤੇ ਸੀਨੀਅਰ ਸਿਟੀਜ਼ਨਾਂ ਦੀ ਚੋਣ ਪ੍ਰਕਿਰਿਆ ਵਿੱਚ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਈ ਜਾਵੇਗੀ। ਇਸ ਹੈਲਪ ਡੈਸਕ ਰਾਹੀਂ ਵੋਟਰਾਂ ਨੂੰ ਕਈ ਮਹੱਤਵਪੂਰਨ ਸੇਵਾਵਾਂ ਤੇ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਹੈਲਪ ਡੈਸਕ 'ਤੇ ਆਉਣ ਵਾਲੇ ਨਾਗਰਿਕਾਂ ਨੂੰ ਐੱਸ.ਆਈ.ਆਰ. ਦੀ ਸਮਾਂ-ਸੀਮਾ ਬਾਰੇ ਪੂਰੀ ਜਾਣਕਾਰੀ ਦੇ ਨਾਲ-ਨਾਲ ਨਵੀਂ ਵੋਟਰ ਰਜਿਸਟ੍ਰੇਸ਼ਨ, ਵੋਟ ਵਿੱਚ ਸੋਧ ਜਾਂ ਨਾਮ ਕਟਵਾਉਣ ਲਈ ਲੋੜੀਂਦੇ ਦਸਤਾਵੇਜ਼ਾਂ ਸਬੰਧੀ ਵੀ ਜਾਣਕਾਰੀ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਵੋਟਰਾਂ ਨੂੰ ਸਾਲ 2003 ਦੀ ਆਖਰੀ ਐੱਸ ਆਈ ਆਰ ਵੋਟਰ ਸੂਚੀ ਨਾਲ ਰਿਕਾਰਡ ਖੋਜਣ ਤੇ ਜੋੜਨ ਵਿੱਚ ਵੀ ਸਹਾਇਤਾ ਦਿੱਤੀ ਜਾਵੇਗੀ।ਹੈਲਪ ਡੈਸਕ ਦਾ ਸਟਾਫ ਵੋਟਰਾਂ ਨੂੰ ਐਨਿਊਮਰੇਸ਼ਨ ਫਾਰਮ ਭਰਨ ਤੇ ਜਮ੍ਹਾਂ ਕਰਵਾਉਣ ਵਿੱਚ ਆਨਲਾਈਨ ਤੇ ਆਫ਼ਲਾਈਨ ਦੋਵੇਂ ਢੰਗਾਂ ਰਾਹੀਂ ਸਹਾਇਤਾ ਦੇਵੇਗਾ।ਪ੍ਰਵਾਸੀ ਵੋਟਰਾਂ ਨੂੰ ਉਨ੍ਹਾਂ ਦੇ ਮੌਜੂਦਾ ਤੇ ਪਿਛਲੇ ਵਿਧਾਨ ਸਭਾ ਹਲਕਿਆਂ ਦੀ ਪਛਾਣ ਕਰਨ ਲਈ ਵਿਸ਼ੇਸ਼ ਮਦਦ ਦਿੱਤੀ ਜਾਵੇਗੀ ਤਾਂ ਜੋ ਉਨ੍ਹਾਂ ਦੀ ਸਹੀ ਥਾਂ 'ਤੇ ਰਜਿਸਟ੍ਰੇਸ਼ਨ ਯਕੀਨੀ ਬਣਾਈ ਜਾ ਸਕੇ।ਨਾਗਰਿਕਾਂ ਨੂੰ ਵੋਟਰ ਹੈਲਪਲਾਈਨ ਨੰਬਰ 1950 ਤੇ ਆਲ-ਇਨਕਲੂਸਿਵ ਮੋਬਾਈਲ ਐਪਲੀਕੇਸ਼ਨ ਦੀਆਂ ਵਿਸ਼ੇਸ਼ਤਾਵਾਂ ਬਾਰੇ ਵੀ ਜਾਣੂ ਕਰਵਾਇਆ ਜਾਵੇਗਾ। ਸ੍ਰੀ ਧੀਮਾਨ ਨੇ ਹੈਲਪ ਡੈਸਕ 'ਤੇ ਤਾਇਨਾਤ ਸਟਾਫ ਨੂੰ ਉਪਰੋਕਤ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਵੋਟਰਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਐੱਸ.ਆਈ.ਆਰ. ਤਹਿਤ ਚੱਲ ਰਹੀ ਇਸ ਮਹੱਤਵਪੂਰਨ ਚੋਣ ਪ੍ਰਕਿਰਿਆ ਵਿੱਚ ਹੈਲਪ ਡੈਸਕ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।

## ਕਾਂਗਰਸੀ ਉਮੀਦਵਾਰ ਬੂਟਾ ਸਿੱਧੂ ਤੇ ਲੱਖਾ ਸਿੱਧੂ ਨੇ ਮਨਾਈ ਜਿੱਤ ਦੀ ਖ਼ੁਸ਼ੀ



**ਬਠਿੰਡਾ (ਰਾਜੀਵ ਗੋਇਲ)**-ਨਗਰ ਪੰਚਾਇਤ ਭਗਤਾ ਦੀ ਚੋਣ ਵਿੱਚ ਆਮ ਆਦਮੀ ਪਾਰਟੀ ਦੀ ਮੁੱਛ ਦਾ ਸਵਾਲ ਬਣੇ ਵਾਰਡ ਨੰਬਰ 10 ਤੋਂ ਲਖਵੀਰ ਸਿੰਘ ਲੱਖਾ ਤੇ ਵਾਰਡ ਨੰਬਰ 2 ਤੋਂ ਬੂਟਾ ਸਿੰਘ ਸਿੱਧੂ ਵੱਲੋਂ ਆਪਣੇ ਸਮਰਥਕਾਂ ਨਾਲ ਮਿਲ ਜਿੱਤ ਦੀ ਖ਼ੁਸ਼ੀ ਮਨਾਈ ਗਈ।ਬੂਟਾ ਸਿੱਧੂ ਵੱਲੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਕਰੀਬ 425 ਵੋਟਾਂ ਦੇ ਫਰਕ ਨਾਲ ਮਾਤ ਦਿੱਤੀ ਗਈ ਤੇ ਲਖਵੀਰ ਸਿੰਘ ਲੱਖਾ ਵੱਲੋਂ ਅਕਾਲੀ ਦਲ ਦੇ ਉਮੀਦਵਾਰ ਨੂੰ ਕਰੀਬ 50 ਵੋਟਾਂ ਦੇ ਫਰਕ ਨਾਲ ਹਰਾਇਆ ਗਿਆ ਹੈ।ਦੱਸਣਾ ਬਣਦਾ ਹੈ ਕਿ ਬੂਟਾ ਸਿੱਧੂ ਕਾਂਗਰਸ ਦੇ ਸਭ ਤੋਂ ਮਜ਼ਬੂਤ ਦਾਅਵੇਦਾਰ ਵਜੋਂ ਜਾਣੇ ਜਾਂਦੇ ਹਨ ਤੇ ਲਖਵੀਰ ਸਿੰਘ ਲੱਖਾ ਇੱਕ ਦਰਵੇਸ਼ ਤੇ ਨਰਮ ਸੁਭਾਓ ਦੇ ਮਾਲਕ ਹਨ, ਜਿਸ ਕਾਰਨ ਉਨ੍ਹਾਂ ਦੀ ਜਿੱਤ ਦਾ ਮੁੱਖ ਕਾਰਨ ਉਨ੍ਹਾਂ ਦੀ ਸਾਦਗੀ ਤੇ ਨਿਮਰਤਾ ਬਣੀ।ਜਿੱਤਣ ਤੋਂ ਬਾਅਦ ਜੇਤੂ ਉਮੀਦਵਾਰਾਂ ਦੇ ਘਰਾਂ ਵਿੱਚ ਖ਼ੁਸ਼ੀ ਦਾ ਮਾਹੌਲ ਬਣਿਆ ਰਿਹਾ।

## ਬਾਬਾ ਪੰਜ ਪੀਰ ਦੀ ਦਰਗਾਹ 'ਤੇ ਲੱਗਿਆ ਮੇਲਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਅਰਨੇਟੂ ਵਿਖੇ ਪੀਰ ਬਾਬਾ ਪੰਜ ਪੀਰ ਦਾ ਸਾਲਾਨਾ ਮੇਲਾ ਸ਼ਰਧਾ, ਧੂਮਧਾਮ ਤੇ ਧਾਰਮਿਕ ਰਸਮਾਂ ਨਾਲ ਮਨਾਇਆ ਗਿਆ।ਮੇਲੇ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਤੇ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਮੁੱਖ ਮਹਿਮਾਨ ਵਜੋਂ ਸਮਾਜ ਸੇਵੀ ਆਗੂ ਬੀਬੀ ਪਲਵਿੰਦਰ ਕੌਰ ਹਰਿਆਉ ਤੇ ਵਿਸ਼ੇਸ਼ ਮਹਿਮਾਨ ਵਜੋਂ ਸ਼ਹੀਦ ਊਧਮ ਸਿੰਘ ਯੂਥ ਕਲੱਬ ਪਾਤੜਾਂ ਦੇ ਪ੍ਰਧਾਨ ਅਮਨ ਕੰਬੋਜ ਮੌਲਵੀਵਾਲਾ ਨੇ ਸ਼ਿਰਕਤ ਕੀਤੀ।ਸੱਭਿਆਚਾਰਕ ਮੇਲੇ ਦੌਰਾਨ ਪ੍ਰਸਿੱਧ ਕਲਾਕਾਰ ਪਾਲ ਹੀਰਾ, ਸੋਨੂ ਵਰਤੀਆ ਤੇ ਹੈਪੀ ਕਾਠ ਨੇ ਪੀਰ ਬਾਬਾ ਦੇ ਦਰਬਾਰ ਵਿੱਚ ਹਾਜ਼ਰੀ ਲਗਵਾਈ।ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਲਈ ਲੰਗਰ ਤੇ ਹੋਰ ਸੁਵਿਧਾਵਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।ਕਮੇਟੀ ਪ੍ਰਧਾਨ ਫੌਜੀ ਰਾਮ ਨੇ ਸਮੂਹ ਸੰਗਤ, ਸੇਵਾਦਾਰਾਂ ਤੇ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ। ਫੋਟੋ : ਪਿੰਡ ਅਰਨੇਟੂ ਵਿਖੇ ਪੀਰ ਬਾਬਾ ਦੇ ਮੇਲੇ ਤੇ ਹਾਜ਼ਰੀ ਭਰਦੇ ਹੋਏ ਮੁੱਖ ਮਹਿਮਾਨ ਬੀਬੀ ਪਲਵਿੰਦਰ ਕੌਰ ਹਰਿਆਊ ਅਤੇ ਅਮਨ ਕੰਬੋਜ ਮੌਲਵੀਵਾਲਾ।

## ਟਰੱਕ ਦੀ ਫੇਟ ਵੱਜਣ ਕਾਰਨ ਮੋਟਰਸਾਈਕਲ ਚਾਲਕ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਵਿਖੇ ਵਾਪਰੇ ਇੱਕ ਸੜਕ ਹਾਦਸੇ ਦੌਰਾਨ ਇੱਕ ਮੋਟਰਸਾਈਕਲ ਸਵਾਰ ਵਿਅਕਤੀ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।

ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਜਗਦੀਸ਼ ਸਿੰਘ (61) ਵਾਸੀ ਸ਼ਹੀਦ ਭਗਤ ਸਿੰਘ ਨਗਰ, ਮੋਰਿੰਡਾ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਮੰਡੀ ਗੋਬਿੰਦਗੜ੍ਹ ਤੋਂ ਖੰਨਾ ਵੱਲ ਨੂੰ ਜਾ ਰਿਹਾ ਸੀ ਤਾਂ ਮੰਡੀ ਗੋਬਿੰਦਗੜ੍ਹ ਦੇ ਬੱਤੀਆਂ ਵਾਲੇ ਚੌਕ ਨਜ਼ਦੀਕ ਪਹੁੰਚਣ 'ਤੇ ਇੱਕ ਤੇਜ਼ ਰਫ਼ਤਾਰ ਟਰੱਕ ਨੇ ਉਸ ਦੇ ਮੋਟਰਸਾਈਕਲ ਨੂੰ ਫੇਟ ਮਾਰ ਦਿੱਤੀ।ਇਸ ਹਾਦਸੇ ਦੌਰਾਨ ਜ਼ਿਆਦਾ ਸੱਟਾਂ ਲੱਗਣ ਕਾਰਨ ਜਗਦੀਸ਼ ਸਿੰਘ ਦੀ ਮੌਤ ਹੋ ਗਈ।ਮ੍ਰਿਤਕ ਦੇ ਪੁੱਤਰ ਦੇ ਬਿਆਨਾਂ 'ਤੇ ਟਰੱਕ ਦੇ ਡਰਾਈਵਰ ਖਿਲਾਫ ਕੇਸ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਜੇਤੂ ਭਾਜਪਾ ਉਮੀਦਵਾਰਾਂ ਨੂੰ ਪ੍ਰਧਾਨ ਵੱਲੋਂ ਵਧਾਈ, ਵੋਟਰਾਂ ਦਾ ਕੀਤਾ ਧੰਨਵਾਦ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਗਰ ਨਿਗਮ ਚੋਣਾਂ ਦੇ ਨਤੀਜਿਆਂ ਮਗਰੋਂ ਜ਼ਿਲ੍ਹਾ ਭਾਜਪਾ ਪ੍ਰਧਾਨ ਨੇ ਵਾਰਡ ਨੰਬਰ 21 ਤੋਂ ਭਾਜਪਾ ਉਮੀਦਵਾਰ ਅਜੇ ਕੁਮਾਰ ਵਿੱਕੀ ਸਿਤਾਰਾ, ਵਾਰਡ ਨੰਬਰ 23 ਤੋਂ ਯੋਗੇਸ਼ ਕੁਮਾਰ ਤੇ ਵਾਰਡ ਨੰਬਰ 24 ਤੋਂ ਹੇਮ ਲਤਾ ਨੂੰ ਜਿੱਤ ਦੀ ਵਧਾਈ ਦਿੰਦਿਆਂ ਸਮੁੱਚੇ ਵੋਟਰਾਂ ਤੇ ਸਪੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਵੱਲੋਂ ਮਿਲਿਆ ਸਹਿਯੋਗ ਪੰਜਾਬ ਭਾਜਪਾ ਨੂੰ ਬੁਲੰਦੀਆਂ ਸਰ ਕਰਨ ਲਈ ਪ੍ਰੇਰਿਤ ਕਰਦਾ ਹੈ।ਉਨ੍ਹਾਂ ਕਿਹਾ ਕਿ ਜਿਹੜੇ ਭਾਜਪਾ ਉਮੀਦਵਾਰ ਜਿੱਤ ਪ੍ਰਾਪਤ ਨਹੀਂ ਕਰ ਸਕੇ ਉਹ ਮਾਯੂਸ ਨਾ ਹੋਣ, ਕਿਉਂਕਿ ਹਾਰ ਵੀ ਮਨੁੱਖ ਨੂੰ ਟੀਚੇ ਸਰ ਕਰਨ ਦਾ ਹੌਸਲਾ ਪੈਦਾ ਕਰਦੀ ਹੈ ਤੇ ਉਹ ਮਨੁੱਖ ਹਮੇਸ਼ਾ ਆਪਣੀ ਹਾਰ ਨੂੰ ਜਿੱਤ ਵਿੱਚ ਤਬਦੀਲ ਕਰਨ ਲਈ ਯਤਨਸ਼ੀਲ ਰਹਿੰਦਾ ਹੈ।ਡਾ. ਹਰਜੋਤ ਕਮਲ ਨੇ ਕਿਹਾ ਕਿ ਜਦੋਂ ਉਹ ਵਿਧਾਇਕ ਰਹੇ ਸਨ, ਉਸ ਸਮੇਂ ਵੀ ਆਪਣੇ ਸਾਥੀਆਂ ਨੂੰ ਮਜ਼ਬੂਤ ਕੀਤਾ ਤੇ ਲੋਕਾਂ ਨੇ ਉਨ੍ਹਾਂ ਦੀ ਨਿਸ਼ਠਾ ਤੇ ਮਿਹਨਤ ਨੂੰ ਦੇਖਦਿਆਂ ਕਾਮਯਾਬ ਕੀਤਾ ਸੀ।ਉਨ੍ਹਾਂ ਆਗਾਹ ਕੀਤਾ ਕਿ ਇਸੇ ਤਰ੍ਹਾਂ ਮਿਹਨਤ ਜਾਰੀ ਰੱਖੀ ਜਾਵੇ, ਲੋਕ ਆਉਣ ਵਾਲੇ ਸਮੇਂ ਵਿੱਚ ਜ਼ਰੂਰ ਫਤਿਹ ਬਖ਼ਸ਼ਣਗੇ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦਾ ਸਮਾਂ ਹੁਣ ਜ਼ਿਆਦਾ ਨਹੀਂ ਬਚਿਆ ਤੇ ਆਉਣ ਵਾਲੇ ਸਮੇਂ ਵਿੱਚ ਭਾਜਪਾ ਦੇ ਉਮੀਦਵਾਰ ਹੀ ਵਾਰਡਾਂ ਵਿੱਚ ਵਿਕਾਸ ਦੇ ਕੰਮ ਅੱਗੇ ਵਧਾਉਣਗੇ। ਉਨ੍ਹਾਂ ਮੋਗਾ ਦੇ ਸਾਰੇ ਵੋਟਰਾਂ ਦਾ ਦੁਬਾਰਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੂੰ ਮਿਲੇ ਸਹਿਯੋਗ ਨਾਲ ਭਾਜਪਾ ਹੋਰ ਜੋਸ਼ ਨਾਲ ਅੱਗੇ ਵਧੇਗੀ ਤੇ ਜਨ ਸੰਪਰਕ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਭਾਵੇਂ ਇਨ੍ਹਾਂ ਨਤੀਜਿਆਂ 'ਚ ਪਾਰਟੀ ਦੀ ਉਮੀਦਾਂ ਤੋਂ ਘੱਟ ਰਹੇ ਹਨ, ਪਰ ਇਹ ਵੀ ਜ਼ਿਕਰਯੋਗ ਹੈ ਕਿ ਕਈ ਮਜ਼ਬੂਤ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਪਹਿਲਾਂ ਹੀ ਰੱਦ ਕਰ ਦਿੱਤੇ ਗਏ ਸਨ।ਇਸ ਤੋਂ ਇਲਾਵਾ ਨਤੀਜਿਆਂ ਦੌਰਾਨ ਵੀ ਸੱਤਾ ਦੇ ਦਬਾਅ ਦੇ ਦੋਸ਼ ਸਾਹਮਣੇ ਆਏ, ਜਿਸ ਕਾਰਨ ਕੁਝ ਸੀਟਾਂ 'ਤੇ ਭਾਜਪਾ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ।ਇਸ ਮੌਕੇ ਸੀਨੀਅਰ ਭਾਜਪਾ ਆਗੂ ਭਜਨ ਸਤਾਰਾ, ਭਾਜਪਾ ਆਗੂ ਦੇਵ ਪ੍ਰਿਆ ਤਿਆਗੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਤੇ ਵਰਕਰ ਹਾਜ਼ਰ ਸਨ।

## ਸਰਕਾਰੀ ਪ੍ਰਾਇਮਰੀ ਸਕੂਲ ਰੁਕਨਾ ਕਾਸਮ 'ਚ ਅਧਿਆਪਕ-ਮਾਪੇ ਮਿਲਣੀ



**ਜਲਾਲਾਬਾਦ (ਬਲਵਿੰਦਰ ਸਿੰਘ)**-30 ਮਈ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਰੁਕਨਾ ਕਾਸਮ ਵਿਖੇ ਮੈਗਾ ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ 'ਚ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਹੋਏ। ਜ਼ਿਲ੍ਹਾ ਸਿੱਖਿਆ ਅਫਸਰ (ਐਲੀ. ਸਿ) ਦੇ ਨਿਰਦੇਸ਼ਾਂ ਅਨੁਸਾਰ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸ਼੍ਰੀਮਤੀ ਸੁਸ਼ੀਲ ਕੁਮਾਰੀ ਦੀ ਅਗਵਾਈ ਅਧੀਨ ਸੈਂਟਰ ਹੈਡ ਟੀਚਰ ਅਸ਼ੋਕ ਕੁਮਾਰ ਦੀ ਦੇਖ-ਰੇਖ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਰੁਕਨਾ ਕਾਸਮ ਵਿਖੇ ਮੈਗਾ ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ।ਇਸ ਮਿਲਣੀ ਦਾ ਮੁੱਖ ਉਦੇਸ਼ ਮਾਪਿਆਂ ਨੂੰ ਪੰਜਾਬ ਸਕੂਲ ਸਿੱਖਿਆ ਵਿਭਾਗ ਦੁਆਰਾ ਸਿੱਖਿਆ ਦੇ ਖੇਤਰ ਦੇ ਵਿੱਚ ਆਈ ਕ੍ਰਾਂਤੀ ਤੋਂ ਜਾਣੂ ਕਰਾਉਣਾ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਮਾਪਿਆਂ ਦੇ ਸਹਿਯੋਗੀ ਯੋਗਦਾਨ ਪਾਉਣ ਤੋਂ ਹੈ।ਸਕੂਲ ਪ੍ਰਬੰਧਕ ਮੈਡਮ ਸਰਬਜੀਤ ਕੌਰ ਨੇ ਦੱਸਿਆ ਕਿ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਸਰਕਾਰ ਦੇ ਯਤਨਾਂ ਤੇ ਅਧਿਆਪਕਾਂ ਦੇ ਸਖਤ ਮਿਹਨਤ ਸਦਕਾ ਬੋਰਡ ਦੀ ਪ੍ਰੀਖਿਆਵਾਂ ਦਾ ਨਤੀਜਾ ਸ਼ਾਨਦਾਰ ਰਿਹਾ।ਜ਼ਿਕਰਯੋਗ ਹੈ ਕਿ ਕੇਂਦਰ ਦੇ ਸਰਵੇਖਣ ਅਨੁਸਾਰ ਪੰਜਾਬ ਦੇ ਸਰਕਾਰੀ ਸਕੂਲ ਪੂਰੇ ਦੇਸ਼ ਭਰ ਤੋਂ ਪਹਿਲੇ ਨੰਬਰ ਤੇ ਆਏ ਹਨ। ਇਸ ਦੌਰਾਨ ਜਮਾਤ ਵਿੱਚ ਪਹਿਲੀਆਂ ਤਿੰਨ ਪੁਜੀਸ਼ਨਾਂ ਤੇ ਹੋਰ ਪ੍ਰਾਪਤੀਆਂ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਹਾਜ਼ਰ ਸਟਾਫ ਦੁਆਰਾ ਮੈਗਾ ਮਾਪੇ ਅਧਿਆਪਕ ਮਿਲਣੀ ਦੌਰਾਨ ਵੱਡੀ ਗਿਣਤੀ 'ਚ ਹਾਜ਼ਰ ਮਾਪਿਆਂ ਦਾ ਸਵਾਗਤ ਕੀਤਾ ਗਿਆ ਤੇ ਛੁੱਟੀਆਂ ਦੌਰਾਨ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਜੋੜੀ ਰੱਖਣ ਲਈ ਪ੍ਰੇਰਤ ਕੀਤਾ ਗਿਆ।

# ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਪੰਜਾਬ 'ਵਰਸਿਟੀ ਦੀ ਜ਼ੋਨਲ ਮੀਟਿੰਗ ਤੇ ਰਾਸ਼ਟਰੀ ਖੇਡ ਸੈਮੀਨਾਰ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੇ ਇਸ ਨਾਲ ਮਾਨਤਾ ਪ੍ਰਾਪਤ ਕਾਲਜਾਂ ਵਿੱਚ ਖੇਡ ਪ੍ਰਦਰਸ਼ਨ ਦੇ ਵਿਕਾਸ ਨੂੰ ਲੈ ਕੇ ਇੱਕ ਵਿਸ਼ੇਸ਼ ਜ਼ੋਨਲ ਮੀਟਿੰਗ ਤੇ ਰਾਸ਼ਟਰੀ ਸੈਮੀਨਾਰ ਕੀਤਾ ਗਿਆ।ਕਾਲਜ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਖੇਡ ਵਿਭਾਗ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ ਵਿੱਚ ਲੁਧਿਆਣਾ, ਫਿਰੋਜ਼ਪੁਰ ਤੇ ਮੋਗਾ ਜ਼ੋਨ ਦੇ ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲਾਂ ਤੇ ਖੇਡ ਫੈਕਲਟੀ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਇਸ ਦੌਰਾਨ 'ਪੰਜਾਬ ਵਿੱਚ ਜ਼ਮੀਨੀ ਪੱਧਰ 'ਤੇ ਖੇਡਾਂ ਨੂੰ ਉਤਸ਼ਾਹਤ ਕਰਨਾ : ਭਵਿੱਖ ਲਈ ਇੱਕ ਰੋਡਮੈਪ' ਵਿਸ਼ੇ 'ਤੇ ਕਰਵਾਏ ਗਏ ਰਾਸ਼ਟਰੀ ਸੈਮੀਨਾਰ ਦੌਰਾਨ ਸੂਬੇ ਵਿੱਚ ਖੇਡਾਂ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ।

ਸਮਾਗਮ ਦੇ ਆਰੰਭ ਵਿੱਚ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਖੇਡਾਂ ਦੇ ਖੇਤਰ ਵਿੱਚ ਕਾਲਜ ਵੱਲੋਂ ਪਾਏ ਜਾ ਰਹੇ ਯੋਗਦਾਨ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਰੀਰਕ ਸਿੱਖਿਆ ਤੇ ਖੇਡ ਵਿਭਾਗ ਦੇ ਡਾਇਰੈਕਟਰ ਡਾ. ਰਾਕੇਸ਼ ਮਲਿਕ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਦਿਆਂ ਕੁੰਜੀਵਤ ਭਾਸ਼ਣ ਦਿੱਤਾ। ਸੈਮੀਨਾਰ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਹੋਰਨਾਂ ਸਰੋਤ ਵਿਅਕਤੀਆਂ ਵਿੱਚ ਡੀ ਐੱਸ ਓ ਸ੍ਰ. ਕੁਲਦੀਪ ਸਿੰਘ ਚੁੱਘ, ਦੇਵ ਸਮਾਜ ਕਾਲਜ ਸੈਕਟਰ-45 ਚੰਡੀਗੜ੍ਹ ਦੇ ਪ੍ਰਿੰਸੀਪਲ ਡਾ. ਨੀਰੂ ਮਲਿਕ ਤੇ ਗੁਰੂ ਨਾਨਕ ਕਾਲਜ ਨਾਰੰਗਵਾਲ ਦੇ ਪ੍ਰੋ. ਸੁਰੇਸ਼ ਕੁਮਾਰ ਨੇ ਵੀ ਖੇਡਾਂ ਨਾਲ ਜੁੜੇ ਵੱਖ-ਵੱਖ ਪਹਿਲੂਆਂ 'ਤੇ ਆਪਣੇ ਅਹਿਮ ਵਿਚਾਰ ਸਾਂਝੇ ਕੀਤੇ।

ਇਸ ਸੈਮੀਨਾਰ ਦੌਰਾਨ ਮੁੱਖ ਤੌਰ 'ਤੇ ਤਿੰਨ ਵਿਸ਼ਿਆਂ 'ਤੇ ਚਰਚਾ ਕੀਤੀ ਗਈ, ਜਿਨ੍ਹਾਂ ਵਿੱਚ ਪੰਜਾਬ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਤੇ ਖੇਡਾਂ ਨੂੰ ਉਤਸ਼ਾਹਤ ਕਰਨਾ, ਪਿੰਡਾਂ ਤੋਂ ਲੈ ਕੇ ਓਲੰਪਿਕ ਪੋਡੀਅਮ ਤੱਕ ਖੇਡ ਪ੍ਰਣਾਲੀ ਨੂੰ ਮਜ਼ਬੂਤ ਕਰਨਾ ਤੇ ਖੇਡਾਂ ਦੇ ਵਿਕਾਸ ਵਿੱਚ ਵਿੱਦਿਅਕ ਸੰਸਥਾਵਾਂ ਦੀ ਭੂਮਿਕਾ ਸ਼ਾਮਲ ਸਨ।ਸਮਾਗਮ ਦੇ ਅੰਤ ਵਿੱਚ ਸੈਮੀਨਾਰ ਦੇ ਪ੍ਰਬੰਧਕੀ ਸਕੱਤਰ ਡਾ. ਨਿਰਲੇਪ ਕੌਰ ਨੇ ਸਾਰੇ ਬੁਲਾਰਿਆਂ, ਪ੍ਰਿੰਸੀਪਲਾਂ ਤੇ ਖੇਡ ਅਧਿਆਪਕਾਂ ਦਾ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਤਹਿ ਦਿਲੋਂ ਧੰਨਵਾਦ ਕੀਤਾ।ਇਸ ਸੈਮੀਨਾਰ ਵਿੱਚ ਡਾ. ਨਿਧੀ ਸਰੂਪ, ਪ੍ਰੋ. ਦੀਪਿਕਾ ਰਾਇਚਨ ਤੇ ਡਾ. ਕਰਮਜੀਤ ਸਿੰਘ ਨੇ ਯੋਗਦਾਨ ਪਾਇਆ।ਮੰਚ ਸੰਚਾਲਨ ਦੀ ਭੂਮਿਕਾ ਡਾ. ਲਵਲੀਨ ਬੈਂਸ, ਡਾ. ਨਿਧੀ ਸਰੂਪ ਤੇ ਪ੍ਰੋ. ਦੀਪਿਕਾ ਨੇ ਅਦਾ ਕੀਤੀ।ਇਸ ਮੌਕੇ ਏ ਐੱਸ ਕਾਲਜ ਫ਼ਾਰ ਵਿਮੈਨ, ਖੰਨਾ ਤੋਂ ਪ੍ਰਿੰਸੀਪਲ ਡਾ. ਨੀਤੂ ਓਹਰੀ, ਐੱਮ ਐੱਸ ਕੇ ਕਾਲਜ ਤਲਵੰਡੀ ਭਾਈ ਤੋਂ ਪ੍ਰਿੰਸੀਪਲ ਡਾ. ਰਾਜਵਿੰਦਰ ਕੌਰ, ਮਾਲਵਾ ਸੈਂਟਰਲ ਕਾਲਜ ਤੋਂ ਪ੍ਰਿੰਸੀਪਲ ਡਾ. ਤ੍ਰਿਪਤਾ, ਏ ਐੱਸ ਐਜੂਕੇਸ਼ਨ ਕਾਲਜ, ਖੰਨਾ ਤੋਂ ਪ੍ਰਿੰਸੀਪਲ ਡਾ. ਪਵਨ ਕੁਮਾਰ, ਜੀ ਐੱਚ ਜੀ ਖ਼ਾਲਸਾ ਕਾਲਜ, ਗੁਰੂਸਰ ਸਧਾਰ ਤੋਂ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ, ਦੇਵ ਸਮਾਜ ਕਾਲਜ ਫ਼ਿਰੋਜ਼ਪੁਰ ਤੋਂ ਪ੍ਰਿੰਸੀਪਲ ਡਾ. ਸੰਗੀਤਾ ਤੇ ਖ਼ਾਲਸਾ ਕਾਲਜ ਫਾਰ ਵਿਮੈਨ ਸਿੱਧਵਾਂ ਖੁਰਦ ਤੋਂ ਪ੍ਰਿੰਸੀਪਲ ਡਾ. ਸਤਿੰਦਰ ਕੌਰ ਉਚੇਚੇ ਤੌਰ 'ਤੇ ਸ਼ਾਮਲ ਹੋਏ।ਇਸ ਸਮਾਗਮ ਦੇ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮੂਹ ਸਟਾਫ਼ ਨੂੰ ਮੁਬਾਰਕਬਾਦ ਦਿੱਤੀ।

## ਕੰਕਰੀਟ ਕਵਿਤਾ ਗਤੀਵਿਧੀਆਂ ਕਰਾਈਆਂ



**ਜਗਰਾਉਂ (ਅਮਿਤ ਖੰਨਾ)**-ਜੀ.ਐਚ.ਜੀ. ਅਕੈਡਮੀ ਵਿੱਚ ਜਮਾਤ ਛੇਵੀਂ ਤੋਂ ਅੱਠਵੀਂ ਦੇ ਵਿਦਿਆਰਥੀਆਂ ਲਈ ਕੰਕਰੀਟ ਕਵਿਤਾ ਗਤੀਵਿਧੀ ਦਾ ਆਯੋਜਨ ਕੀਤਾ ਗਿਆ।ਇਸ ਗਤੀਵਿਧੀ ਦਾ ਉਦੇਸ਼ ਵਿਦਿਆਰਥੀਆਂ ਦੀ ਰਚਨਾਤਮਕਤਾ, ਭਾਸ਼ਾਈ ਯੋਗਤਾ ਤੇ ਕਲਾਤਮਕ ਪ੍ਰਗਟਾਵੇ ਨੂੰ ਉਤਸ਼ਾਹਤ ਕਰਨਾ ਸੀ।ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਰੁੱਖ, ਦਿਲ, ਸੂਰਜ ਤੇ ਲਹਿਰ ਵਰਗੀਆਂ ਵੱਖ-ਵੱਖ ਆਕਾਰਾਂ ਵਿੱਚ ਕਵਿਤਾਵਾਂ ਲਿਖੀਆਂ। ਸ਼ਬਦਾਂ ਨੂੰ ਵਿਸ਼ੇ ਦੇ ਅਨੁਸਾਰ ਆਕਾਰ ਦੇ ਕੇ ਉਨ੍ਹਾਂ ਨੇ ਕਵਿਤਾ ਤੇ ਕਲਾ ਦਾ ਸੁੰਦਰ ਮੇਲ ਪੇਸ਼ ਕੀਤਾ।ਉਨ੍ਹਾਂ ਦੀਆਂ ਰਚਨਾਵਾਂ ਨੇ ਦਰਸਾਇਆ ਕਿ ਸ਼ਬਦਾਂ ਦੀ ਰਚਨਾਤਮਕ ਪੇਸ਼ਕਾਰੀ ਕਿਵੇਂ ਕਵਿਤਾ ਦੇ ਭਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਸਕਦੀ ਹੈ।ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੇ ਆਪਣੀ ਕਲਪਨਾਸ਼ਕਤੀ, ਲਿਖਣ ਕੌਸ਼ਲ ਤੇ ਕਲਾਤਮਕ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਰੰਗ-ਬਿਰੰਗੀਆਂ ਤੇ ਆਕਰਸ਼ਕ ਪੇਸ਼ਕਾਰੀਆਂ ਨੇ ਸਭ ਦਾ ਧਿਆਨ ਆਪਣੇ ਵੱਲ ਖਿੱਚਿਆ ਤੇ ਸਾਹਿਤ ਪ੍ਰਤੀ ਵਿਦਿਆਰਥੀਆਂ ਦੀ ਦਿਲਚਸਪੀ ਨੂੰ ਹੋਰ ਵਧਾਇਆ।

# ਚਿਰਾਂ ਤੱਕ ਚੇਤਿਆਂ 'ਚ ਵੱਸਦੀ ਰਹੇਗੀ ਅੰਗੋਲ ਦੇ ਲੋਕਾਂ ਦੀ ਮਹਿਮਾਨਨਿਵਾਜ਼ੀ

**ਅੰਗੋਲ (ਗਿਆਨ ਸੈਦਪੁਰੀ)** ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ ਨੈਸ਼ਨਲ ਕੌਂਸਲ ਦੀ ਤਿੰਨ ਦਿਨਾਂ ਚੱਲੀ ਮੀਟਿੰਗ ਚਿਰਾਂ ਤੱਕ ਚੇਤਿਆਂ 'ਚ ਵਸਦੀਆਂ ਰਹਿਣ ਵਾਲੀਆਂ ਯਾਦਾਂ ਛੱਡਦੀ ਹੋਈ ਸਫਲਤਾ ਪੂਰਵਕ ਸਮਾਪਤ ਹੋਈ। ਭਾਰਤੀ ਖੇਤ ਮਜ਼ਦੂਰ ਯੂਨੀਅਨ ਆਂਧਰਾ ਪ੍ਰਦੇਸ਼ ਦੇ ਜਨਰਲ ਸਕੱਤਰ ਕਾਮਰੇਡ ਏ ਸ਼ੇਖਰ ਦੀ ਦੇਖ ਰੇਖ ਵਿੱਚ ਰਿਹਾਇਸ਼ ਅਤੇ ਖਾਣੇ ਦੇ ਉੱਚਤਮ ਪ੍ਰਬੰਧ ਲਈ ਦਰਾਵੜੀ ਸੱਭਿਅਤਾ ਨੂੰ ਸੰਭਾਲੀ ਬੈਠੇ ਅੰਗੋਲ ਸ਼ਹਿਰ ਦੇ ਲੋਕਾਂ ਦੀ ਸਾਰੇ ਨੈਸ਼ਨਲ ਕੌਂਸਲ ਦੇ ਮੈਂਬਰਾਂ ਨੇ ਭਰਪੂਰ ਪ੍ਰਸ਼ੰਸਾ ਕੀਤੀ। ਇਹਨਾਂ ਵੱਲੋਂ ਮਹਿਮਾਨਾਂ ਲਈ ਤਿਆਰ ਕੀਤੇ ਜਾਂਦੇ ਰਹੇ ਸਵਾਦੀ ਪਕਵਾਨਾਂ ਵਿੱਚ ਮੂੰਗੀ ਦੀ ਦਾਲ ਤੋਂ ਲੈ ਕੇ ਮਹਿੰਗੇ ਮੁੱਲ ਵਾਲੀ ਝੀਂਗਾ ਮੱਛੀ ਸ਼ਾਮਲ ਰਹੀ।ਨਾਸ਼ਤਾ, ਦੁਪਹਿਰ ਦਾ ਖਾਣਾ ਅਤੇ ਰਾਤ ਦੇ ਖਾਣੇ ਤੋਂ ਇਲਾਵਾ ਮੀਟਿੰਗ ਦੌਰਾਨ ਵੱਖ-ਵੱਖ ਫਲ ਤੇ ਸ਼ਰਬਤ ਵਰਤਾਏ ਜਾਂਦੇ ਰਹੇ। ਇਥੋਂ ਦਾ ਸਭ ਤੋਂ ਮਸ਼ਹੂਰ ਫਲ ਅੰਬ ਹੈ। ਸਾਂਬਰ ਤੇ



ਨਾਰੀਅਲ ਦੀ ਚਟਨੀ ਦੀ ਹਰ ਖਾਣੇ ਵੇਲੇ ਸਰਦਾਰੀ ਰਹਿੰਦੀ ਹੈ।ਰੇਲਵੇ ਸਟੇਸ਼ਨ ਤੋਂ ਲੈ ਕੇ ਭਾਰਤੀ ਕਮਿਊਨਿਸਟ ਪਾਰਟੀ ਦੇ ਦਫਤਰ ਤੱਕ ਦਾ ਸਾਰਾ ਰਸਤਾ ਲਾਲ ਝੰਡਿਆਂ ਤੇ ਵੱਖ ਵੱਖ ਬੈਨਰਾਂ ਨਾਲ ਸਜਾਇਆ ਹੋਇਆ ਮਿਲਿਆ।ਮੀਟਿੰਗ ਦੌਰਾਨ ਸੰਜੀਦਾ ਵਿਚਾਰਾਂ ਦੇ ਨਾਲ ਨਾਲ ਸੰਗੀਤ ਦੀ ਛਹਿਬਰ ਵੀ ਲੱਗਦੀ ਰਹੀ। ਇਪਟਾ ਦੇ ਕਲਾਕਾਰਾਂ ਵੱਲੋਂ ਮਜ਼ਦੂਰ ਤੇ ਦਲਿਤ ਵਰਗ ਦੇ ਸਰੋਕਾਰਾਂ ਦੀ ਗੱਲ ਕੀਤੀ ਜਾਂਦੀ ਰਹੀ। ਮੀਟਿੰਗ ਦੀ ਸਮਾਪਤੀ ਵੀ ਸੰਗੀਤਿਕ ਧੁਨਾਂ ਨਾਲ ਹੋਈ।ਮੀਟਿੰਗ ਦੀ ਸਮਾਪਤੀ 'ਤੇ ਲਗਭਗ ਜਨਰਲ ਕੌਂਸਲ ਦੇ ਸਾਰੇ ਮੈਂਬਰਾਂ ਨੂੰ ਇਥੋਂ ਵੀਹ ਕੁ ਕਿਲੋਮੀਟਰ ਦੂਰ ਕੋਚਾਪਟੀਨਮ ਬੀਚ ਦੀ ਸੈਰ ਕਰਵਾਈ ਗਈ। ਸਮੁੰਦਰ ਦੀਆਂ ਲਹਿਰਾਂ ਦੇ ਅੰਗ ਸੰਗ ਹੋ ਕੇ ਵੱਖ ਵੱਖ ਸੂਬਿਆਂ ਦੇ ਮੈਂਬਰਾਂ ਨੇ ਤਸਵੀਰਾਂ ਖਿਚਵਾਈਆਂ।ਜਨਰਲ ਕੌਂਸਲ ਦੀ ਮੀਟਿੰਗ ਦੇ ਮੁੱਖ ਪ੍ਰਬੰਧਕ ਕਾਮਰੇਡ ਏ ਸ਼ੇਖਰ ਨੇ ਕਮਿਊਨਿਸਟਾਂ ਲਈ ਬੀਚ ਦੀ ਮਹੱਤਤਾ ਦੱਸਦਿਆ ਕਿਹਾ ਕਿ 1936-37 ਵਿੱਚ ਇਥੇ ਸੀ ਪੀ ਆਈ ਸਿਧਾਂਤਕ ਸਕੂਲ ਲੱਗਦੇ ਰਹੇ ਹਨ। ਉਹਨਾਂ ਇਹ ਵੀ ਦੱਸਿਆ ਕਿ ਕੋਚਾਪਟੀਨਮ ਬੀਚ ਬੰਗਾਲ ਦੀ ਖਾੜੀ ਦਾ ਹਿੱਸਾ ਹੈ।

# ਲੁਧਿਆਣਾ ਸੈਂਟਰਲ ਜੇਲ੍ਹ ਤੋਂ ਕਵਿਤਾਵਾਂ ਤੇ ਗੀਤਾਂ ਦਾ 'ਗੁਲਦਸਤਾ' ਪੁਸਤਕ ਰਲੀਜ਼

**ਚੰਡੀਗੜ੍ਹ (ਸੁਰਜੀਤ ਸੁਮਨ)**- 'ਅਪਰਾਧ ਦੀ ਦੁਨੀਆਂ ਬੜੀ ਘਿਨਾਉਣੀ ਹੈ। ਇਸ ਵਿੱਚ ਆਮ ਤੇ ਭੋਲੇ-ਭਾਲੇ ਵਿਅਕਤੀ ਕਦੋਂ ਤੇ ਕਿਹੜੇ ਹਾਲਾਤਾਂ ਵਿੱਚ ਫਸ ਜਾਣ, ਕੁਝ ਪਤਾ ਨਹੀਂ ਲਗਦਾ। ਬਹੁਤੇ ਲੋਕ ਸੁੱਤੇ ਸਿੱਧ ਹੀ ਇਸ ਦੁਨੀਆਂ ਵਿੱਚ ਪ੍ਰਵੇਸ਼ ਜਾਂਦੇ ਹਨ, ਜਿਨ੍ਹਾਂ ਦਾ ਕੋਈ ਕਸੂਰ ਵੀ ਨਹੀਂ ਹੁੰਦਾ। ਕਸੂਰਵਾਰ ਕੋਈ ਹੋਰ ਹੁੰਦਾ ਹੈ, ਜਦਕਿ ਸਜ਼ਾ ਕੋਈ ਹੋਰ ਭੁਗਤਦਾ ਹੈ। ਇਸ ਲਈ ਅਸੀਂ ਇਸ ਸੰਸਥਾ ਦਾ ਗਠਨ ਕੀਤਾ ਹੈ ਤਾਂ ਜੋ ਜੇਲ੍ਹਾਂ ਵਿੱਚ ਸਜ਼ਾ ਭੁਗਤ ਰਹੇ ਨਿਰਦੋਸ਼ ਲੋਕਾਂ ਨੂੰ ਪ੍ਰੇਰਿਆ ਜਾਵੇ ਅਤੇ ਉਨ੍ਹਾਂ ਦੇ ਅੰਦਰਲੀ ਕਲਾ ਨੂੰ ਜਗਾ ਕੇ ਉਨ੍ਹਾਂ ਨੂੰ ਰਾਹਤ ਦੇਣ ਦਾ ਕੋਈ ਉਪਰਾਲਾ ਕਰ ਸਕੀਏ।' ਵੇਲਬਾ ਫਾਊਂਡੇਸ਼ਨ, ਚੰਡੀਗੜ੍ਹ ਦੇ ਸੰਸਥਾਪਕ ਡਾ. ਪਰਿਕਸ਼ਿਤ ਬਾਂਸਲ ਵੱਲੋਂ ਪੰਜਾਬ ਕਲਾ ਭਵਨ ਚੰਡੀਗੜ੍ਹ ਵਿਖੇ ਲੁਧਿਆਣਾ ਸੈਂਟਰਲ ਜੇਲ੍ਹ ਤੋਂ ਕਵਿਤਾਵਾਂ ਅਤੇ ਗੀਤਾਂ ਦਾ 'ਗੁਲਦਸਤਾ' ਪੁਸਤਕ ਰਲੀਜ਼ ਕਰਨ ਵੇਲੇ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਪੁਸਤਕ ਦੇ ਸ਼ੁਰੂ ਵਿੱਚ ਦਰਜ ਨਵਤੇਜ ਭਾਰਤੀ ਲੀਲਾ ਦੀਆਂ ਕਾਵਿ ਸਤਰਾਂ 'ਮੈਂ ਚੁਰਸਤੇ ਵਿੱਚ ਦੀਵਾ ਜਗਾ ਦਿੱਤਾ ਹੈ/ ਦੀਵੇ ਦਾ ਕਰਮ ਰੌਸ਼ਨੀ ਦੇਣਾ ਹੈ/ ਰਾਹ ਦੱਸਣਾ ਨਹੀਂ' ਬੋਲਦਿਆਂ ਕਿਹਾ ਕਿ ਮੈਂ ਇਸ ਸੰਸਥਾ ਦਾ ਗਠਨ ਭਾਈ ਘਨਈਆ ਜੀ ਤੋਂ ਪ੍ਰੇਰਿਤ ਹੁੰਦਿਆਂ ਕੀਤਾ ਹੈ।



ਜ਼ਿਕਰਯੋਗ ਹੈ ਕਿ ਇਸ ਪੁਸਤਕ ਵਿੱਚ ਡਾ. ਬਾਂਸਲ ਵੱਲੋਂ ਉਨ੍ਹਾਂ ਕੈਦੀਆਂ ਵੱਲੋਂ ਰਚੀਆਂ ਕਵਿਤਾਵਾਂ ਸ਼ਾਮਿਲ ਕੀਤੀਆਂ ਗਈਆਂ ਹਨ, ਜਿਨ੍ਹਾਂ ਦੇ ਮਨ ਦੀ ਆਵਾਜ਼ ਅਕਸਰ ਸੁਣੀ ਨਹੀਂ ਜਾਂਦੀ। ਉਹ ਆਪਣੇ ਮਨ ਦੀ ਪੀੜਾ ਗੀਤਾਂ ਕਵਿਤਾਵਾਂ ਰਾਹੀਂ ਸ਼ਬਦਾਂ ਵਿੱਚ ਪਰੋਅ ਕੇ ਆਪਣੇ ਕੋਲ ਹੀ ਰੱਖ ਲੈਂਦੇ ਹਨ। ਉਨ੍ਹਾਂ ਦੀਆਂ ਇਹ ਰਚਨਾਵਾਂ ਕਿਧਰੇ ਛਪਦੀਆਂ ਵੀ ਨਹੀਂ। ਡਾ. ਬਾਂਸਲ ਨੇ ਕਿਹਾ ਕਿ ਵੈਲਬਾ ਫਾਊਂਡੇਸ਼ਨ ਰਾਹੀਂ ਅਸੀਂ ਇਨ੍ਹਾਂ ਕੈਦੀਆਂ ਦੇ ਮਨ ਦੀ ਆਵਾਜ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਉਪਰਾਲਾ ਕੀਤਾ ਹੈ। ਗੁਲਦਸਤਾ ਨੂੰ ਪੰਜਾਬੀ ਰੂਪ ਦੇਣ ਵਾਲ਼ੇ ਡਾ. ਯੋਗ ਰਾਜ ਅੰਗਰਿਸ਼ ਨੇ ਕਿਹਾ ਕਿ ਇਹ ਕਵਿਤਾਵਾਂ ਅਤੇ ਗੀਤਾਂ ਦੀ ਪੁਸਤਕ ਨਹੀਂ-ਇਹ ਮਨੁੱਖੀ ਆਤਮਾ ਦੇ ਉਹ ਫੁੱਲ ਹਨ, ਜੋ ਕਠੋਰ ਹਾਲਾਤਾਂ ਦੀ ਤਿੱਖੀ ਧੁੱਪ ਵਿੱਚ ਵੀ ਖਿੜ ਪਏ ਹਨ। ਉਨ੍ਹਾਂ ਡਾ. ਬਾਂਸਲ ਦੇ ਇਸ ਉਪਰਾਲੇ ਨੂੰ ਸਮੇਂ ਦੀ ਨਬਜ਼ ਤੇ ਹੱਥ ਧਰਨ ਦਾ ਜ਼ੇਰਾ ਕਰਨ ਵਾਲਾ ਵਿਲੱਖਣ ਤੇ ਸਲਾਖਾਂ ਦੇ ਪਿੱਛੇ ਦੀ ਆਵਾਜ਼ ਸੁਣਨ ਵਾਲਾ ਕਾਰਜ ਕਿਹਾ। ਇਸ ਮੌਕੇ ਡਾ. ਬਾਂਸਲ ਨੇ ਫਾਉਂਡੇਸ਼ਨ ਦੇ ਇਸ ਕਾਰਜ ਨੂੰ ਸਿਰੇ ਚੜ੍ਹਾਉਣ ਲਈ ਪ੍ਰਮੁੱਖ ਸਕੱਤਰ ਜੇਲ੍ਹਾਂ ਭਾਵਨਾ ਗਰਗ, ਮੁਹੰਮ ਤਈਅਬ, ਆਈਏਐਸ, ਅਰੁਣਪਾਲ ਸਿੰਘ, ਆਈ ਪੀ ਐੱਸ, ਹਰਚਨ ਸਿੰਘ ਗਿੱਲ, ਸੁਪਰਡੰਟ ਕੇਂਦਰੀ ਜੇਲ੍ਹ ਲੁਧਿਆਣਾ ਕੁਲਵੰਤ ਸਿੰਘ ਅਤੇ ਹਰਬੰਸ ਸਿੰਘ ਦੇ ਨਾਲ ਹੋਰਾਂ ਦਾ ਵੀ ਧੰਨਵਾਦ ਕੀਤਾ।

## ਜਨਮ ਦਿਨ ਮੁਬਾਰਕ



ਕਬੀਰ ਸਿੰਘ
ਸ਼ਹੀਦ ਭਗਤ ਸਿੰਘ ਨਗਰ

# ਜਸਵੀਰ ਸਿੰਘ ਰੱਕੜ ਪੰਜਾਬ ਰਾਜ ਸਹਿਕਾਰੀ ਮੁਲਾਜ਼ਮ ਸੰਘ ਦੇ ਸੂਬਾ ਪ੍ਰਧਾਨ ਨਿਯੁਕਤ

**ਮਾਹਿਲਪੁਰ (ਸ਼ਫਰੀ)** - ਜਿਲ੍ਹਾਂ ਸ਼ਹੀਦ ਭਗਤ ਸਿੰਘ ਨਗਰ ਦੀ ਬਲਾਚੌਰ ਤਹਿਸੀਲ ਦੇ ਪਿੰਡ ਰੱਕੜਾਂ ਬੇਟ ਦੇ ਵਾਸੀ ਜਸਵੀਰ ਸਿੰਘ ਰੱਕੜ ਨੂੰ ਸਹਿਕਾਰਤਾ ਵਿਭਾਗ ਨਾਲ ਸਬੰਧਿਤ ਵੱਖ-ਵੱਖ ਯੂਨੀਅਨਾਂ ਦੇ ਆਗੂਆਂ ਵਲੋਂ ਪੰਜਾਬ ਰਾਜ ਸਹਿਕਾਰੀ ਮੁਲਾਜ਼ਮ ਸੰਘ ਦਾ ਸੂਬਾ ਪ੍ਰਧਾਨ ਬਣਾਇਆ ਗਿਆ ਹੈ। ਇਹ ਚੋਣ ਸਰਬਸੰਮਤੀ ਨਾਲ ਕੀਤੀ ਗਈ ਜਿਸ ਵਿਚ ਮਾਰਕਫੈੱਡ, ਮਿਲਕਫੈਡ, ਪੰਜਾਬ ਖੇਤੀਬਾੜੀ ਸਹਿਕਾਰੀ ਸਭਾਵਾਂ, ਪੰਜਾਬ ਰਾਜ ਸਹਿਕਾਰੀ ਬੈਂਕ ਅਤੇ ਲੈਂਡ ਮਾਰਗੇਜ ਬੈਂਕ ਯੂਨੀਅਨ ਦੇ ਸੂਬਾ ਪ੍ਰਧਾਨ ਮੌਜੂਦ ਰਹੇ।ਇਸ ਮੌਕੇ ਕੀਤੀ ਚੋਣ ਵਿਚ ਜਸਵੀਰ ਸਿੰਘ ਗਿੱਲ ਨੂੰ ਸੀਨੀਅਰ ਮੀਤ ਪ੍ਰਧਾਨ, ਰਾਜਵੀਰ ਸਿੰਘ ਭੰਗੂ ਨੂੰ ਜਨਰਲ ਸਕੱਤਰ, ਸੁਖਦੇਵ ਸਿੰਘ ਬਠਿੰਡਾ ਨੂੰ ਵਿੱਤ ਸਕੱਤਰ, ਜਗਦੀਪ ਸਿੰਘ ਨੂੰ ਕਾਨੂੰਨੀ ਸਲਾਹਕਾਰ, ਗੁਲਜ਼ਾਰ ਸਿੰਘ ਨੂੰ ਤਾਲਮੇਲ ਸਕੱਤਰ, ਸਤੀਸ਼ ਕੁਮਾਰ ਸਿੰਗਲਾ ਨੂੰ ਪ੍ਰੈੱਸ ਸਕੱਤਰ ਬਣਾਇਆ ਹੈ। ਈਸ਼ ਵਡੇਰਾ, ਸੰਜੀਵ ਸ਼ਰਮਾ, ਅੰਗਰੇਜ਼ ਸਿੰਘ, ਮਨਦੀਪ ਕੌਰ, ਸੰਦੀਪ ਰਾਣਾ, ਗੁਰਤੇਜ ਸਿੰਘ, ਸ਼ਿੰਗਾਰਾ ਸਿੰਘ ਲੰਗੇਰੀ, ਗੁਰਪਿੰਦਰ ਸਿੰਘ ਘੁੰਮਣ ਅਤੇ ਕੁਲਵੰਤ ਸਿੰਘ ਨੂੰ ਕਾਰਜਕਾਰੀ ਮੈਂਬਰ ਬਣਾਇਆ ਗਿਆ ਹੈ।

# ਅਰੂਟ ਮਹਾਰਾਜ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਮਾਗਮ

**ਕਪੂਰਥਲਾ (ਮਨਜੀਤ ਮਾਨ)**- ਅਰੋੜਾ ਮਹਾਂਸਭਾ ਕਪੂਰਥਲਾ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵਲੋਂ ਸ੍ਰੀ ਅਰੂਟ ਮਹਾਰਾਜ ਦੇ ਜਨਮ ਦਿਹਾੜੇ ਨੂੰ ਸਮਰਪਿਤ ਇਕ ਵਿਸ਼ੇਸ਼ ਸਮਾਗਮ ਰਮਣੀਕ ਹੋਟਲ ਕਪੂਰਥਲਾ ਵਿਖੇ ਕਰਵਾਇਆ ਗਿਆ। ਸਮਾਗਮ ਦੌਰਾਨ ਅਰੋੜਾ



ਮਹਾਂਸਭਾ ਦੇ ਰਾਸ਼ਟਰੀ ਚੇਅਰਮੈਨ ਧਰਮਪਾਲ ਗਰੋਵਰ, ਪੰਜਾਬ ਦੇ ਵਾਈਸ ਪ੍ਰਧਾਨ ਕੌਮਾਂਤਰੀ ਸ਼ਾਇਰ ਕੰਵਰ ਇਕਬਾਲ ਸਿੰਘ, ਜ਼ਿਲ੍ਹਾ ਪ੍ਰਧਾਨ ਨਵਜੀਤ ਸਿੰਘ ਰਾਜੂ ਨੇ ਸ੍ਰੀ ਅਰੂਟ ਮਹਾਰਾ ਦੇ ਜੀਵਨ ਅਤੇ ਉਨ੍ਹਾਂ ਵਲੋਂ ਦਿੱਤੇ ਗਏ ਸਮਾਜਿਕ ਅਤੇ ਧਾਰਮਿਕ ਸ਼ੰਦੇਸ਼ਾਂ ਬਾਰੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਅਰੂਟ ਮਹਾਰਾਜ ਦੀ ਪ੍ਰਤਿਮਾ ਦੇ ਸਨਮੁਖ ਜੋਤੀ ਜਗਾ ਕੇ ਲੱਡੂਆਂ ਦਾ ਪ੍ਰਸਾਦ ਵੰਡਿਆ ਗਿਆ। ਪੂਜਾ ਅਰਾਧਨਾ ਉਪਰੰਤ ਫਰੂਟ ਦਾ ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਅਰੋੜਾ ਸਮਾਜ ਦੇ ਸਤਿਕਾਰਯੋਗ ਮੈਂਬਰ ਸ਼ਹਿਰੀ ਪ੍ਰਧਾਨ ਜੀਤ ਅਰੋੜਾ, ਅਸ਼ੋਕ ਅਰੋੜਾ, ਗੁਲਸ਼ਨ ਅਰੋੜਾ, ਜ਼ਿਲ੍ਹਾ ਸੈਕਟਰੀ ਸੰਜੀਵ ਬਜਾਜ, ਨਰਾਇਣ ਅਰੋੜਾ, ਪਰਮਜੀਤ ਪਸਰੀਚਾ, ਕਪਿਲ ਗਰੋਵਰ, ਕਰਨ ਗਰੋਵਰ, ਸਚਿਨ ਅਰੋੜਾ, ਪੁਸ਼ਪਿੰਦਰ ਸਿੰਘ, ਫਤਿਹਜੀਤ ਸਿੰਘ, ਰਜਿੰਦਰ ਪਾਲ ਸਿੰਘ, ਸੁਮੇਸ਼ ਬਜਾਜ, ਅਮਨ ਸਚਦੇਵਾ, ਸੁਮਿਤ ਸਚਦੇਵਾ, ਦੀਪਕ ਅਰੋੜਾ, ਸੀਨੀਅਰ ਪੱਤਰਕਾਰ ਗੌਰਵ ਮੜੀਆ ਅਤੇ ਅਜੇ ਸੱਭਰਵਾਲ ਮੀਡੀਆ ਇੰਚਾਰਜ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।ਧਰਮਪਾਲ ਗਰੋਵਰ, ਕੰਵਰ ਇਕਬਾਲ ਸਿੰਘ ਤੇ ਨਵਜੀਤ ਸਿੰਘ ਰਾਜੂ ਆਦਿ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸੰਸਥਾ ਵੱਲੋਂ ਕੀਤੇ ਜਾ ਰਹੇ ਲੋਕ ਹਿੱਤ ਕਾਰਜਾਂ ਦਾ ਵਿਸ਼ੇਸ਼ ਵਰਨਣ ਕੀਤਾ।ਸਮੂਹ ਮੈਂਬਰਾਂ ਵਲੋਂ ਅਰੂਟ ਮਹਾਰਾਜ ਦੇ ਦਰਸਾਏ ਮਾਰਗ ਤੇ ਚੱਲਣ ਅਤੇ ਸਮਾਜਿਕ ਭਲਾਈ ਦੇ ਕਾਰਜਾਂ ਨੂੰ ਹੋਰ ਮਜ਼ਬੂਤ ਕਰਨ ਦਾ ਸੰਕਲਪ ਲਿਆ ਗਿਆ।

# ਅੱਖਾਂ ਦਾ ਮੁਫਤ ਚੈੱਕਅੱਪ ਕੈਂਪ ਲਗਾਇਆ

**ਫਗਵਾੜਾ (ਡਾ. ਰਮਨ)**- ਫਗਵਾੜਾ ਸ਼ਹਿਰ ਦੀ ਇੱਕ ਮਸ਼ਹੂਰ ਸਮਾਜ ਸੇਵੀ ਸੰਸਥਾ 'ਲਾਈਟ ਫਾਰ ਲਾਈਵਜ਼' ਨੇ ਸਥਾਨਕ ਗੁਰੂ ਹਰਗੋਬਿੰਦ ਨਗਰ ਦੇ ਬਲੱਡ ਬੈਂਕ ਵਿਖੇ ਲੋਕਾਂ ਦੀ ਭਲਾਈ ਲਈ ਇੱਕ ਮੁਫ਼ਤ ਅੱਖਾਂ ਦਾ ਚੈੱਕਅਪ ਕੈਂਪ



ਲਗਾਇਆ, ਜਿਸ ਦੀ ਦੇਖਰੇਖ ਲਾਈਟ ਫਾਰ ਲਾਈਵਜ਼ ਦੀ ਪ੍ਰਧਾਨ ਅਤੇ ਹਿਊਮਨ ਰਾਇਟਸ ਕੌਂਸਲ ਆਫ ਇੰਡੀਆ ਵੂਮੈਨ ਸੈੱਲ ਦੀ ਰਾਸ਼ਟਰੀ ਉਪ ਪ੍ਰਧਾਨ ਅਨੂ ਸ਼ਰਮਾ ਨੇ ਕੀਤੀ। ਪ੍ਰਸਿੱਧ ਅੱਖਾਂ ਦੇ ਡਾਕਟਰ ਡਾ. ਤੁਸ਼ਾਰ ਅਗਰਵਾਲ ਨੇ ਕੈਂਪ ਵਿੱਚ ਮਰੀਜ਼ਾਂ ਦੀ ਜਾਂਚ ਕੀਤੀ ਅਤੇ ਲਗਭਗ 200 ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ। ਕੈਂਪ ਦਾ ਉਦਘਾਟਨ ਮਰੀਜ਼ਾਂ ਦੁਆਰਾ ਖੁਦ ਜੋਤ ਜਗਾ ਕੇ ਕੀਤਾ ਗਿਆ। ਇਸ ਮੌਕੇ ਲੰਗਰ ਵੀ ਅਟੁੱਟ ਵਰਤਾਇਆ ਗਿਆ। ਸੰਸਥਾ ਦੀ ਮੁਖੀ ਅਨੂ ਸ਼ਰਮਾ ਨੇ ਕਿਹਾ ਕਿ ਲਾਈਟ ਫਾਰ ਲਾਈਵਜ਼ ਹਮੇਸ਼ਾ ਸਮਾਜ ਸੇਵਾ ਵਿੱਚ ਸਭ ਤੋਂ ਅੱਗੇ ਰਹੀ ਹੈ ਅਤੇ ਅਜਿਹੇ ਲੋਕਾਂ ਦੀ ਭਲਾਈ ਲਈ ਕੰਮ ਕਰਦੀ ਰਹੇਗੀ। ਉਨ੍ਹਾਂ ਅੱਗੇ ਕਿਹਾ ਕਿ ਸੈਲੀਬ੍ਰਿਟੀਜ਼ ਦੀ ਬਜਾਏ ਮਰੀਜ਼ਾਂ ਤੋਂ ਇਸ ਕੈਂਪ ਦਾ ਉਦਘਾਟਨ ਕਰਵਾ ਕੇ, ਉਨ੍ਹਾਂ ਨੇ ਇੱਕ ਵਿਲੱਖਣ ਪਰੰਪਰਾ ਸ਼ੁਰੂ ਕੀਤੀ ਹੈ ਤਾਂ ਜੋ ਆਮ ਲੋਕਾਂ ਨੂੰ ਵੀ ਸਤਿਕਾਰ ਅਤੇ ਮਾਣ ਮਿਲ ਸਕੇ। ਅਨੂ ਸ਼ਰਮਾ ਨੇ ਕਿਹਾ ਕਿ ਅੱਖਾਂ ਸਾਡੇ ਸਰੀਰ ਦਾ ਇੱਕ ਮਹੱਤਵਪੂਰਨ ਅੰਗ ਹਨ। ਉਨ੍ਹਾਂ ਕਿਹਾ ਕਿ ਹਰ ਕੋਈ ਜਾਣਦਾ ਹੈ ਕਿ ਕੰਪਿਊਟਰ ਅਤੇ ਮੋਬਾਈਲ ਫੋਨ ਦੀ ਲੰਬੇ ਸਮੇਂ ਤੱਕ ਵਰਤੋਂ ਨਾ ਸਿਰਫ਼ ਅੱਖਾਂ ਨੂੰ ਨੁਕਸਾਨ ਪਹੁੰਚਾਉਂਦੀ ਹੈ ਬਲਕਿ ਅੱਖਾਂ ਨਾਲ ਸਬੰਧਤ ਗੰਭੀਰ ਸਮੱਸਿਆਵਾਂ ਦਾ ਕਾਰਨ ਵੀ ਬਣਦੀ ਹੈ। ਇਸ ਲਈ, ਸਾਨੂੰ ਮੋਬਾਈਲ ਫੋਨ ਅਤੇ ਕੰਪਿਊਟਰ ਦੀ ਵਰਤੋਂ ਘੱਟ ਕਰਨੀ ਚਾਹੀਦੀ ਹੈ। ਕੈਂਪ ਦੌਰਾਨ, ਡਾ. ਤੁਸ਼ਾਰ ਅਗਰਵਾਲ ਨੇ ਅੱਖਾਂ ਦੀ ਦੇਖਭਾਲ ਬਾਰੇ ਜਾਣਕਾਰੀ ਦਿੱਤੀ ਅਤੇ ਜ਼ੋਰ ਦਿੱਤਾ ਕਿ ਸਾਡੀਆਂ ਅੱਖਾਂ ਸਰੀਰ ਦਾ ਇੱਕ ਬਹੁਤ ਹੀ ਨਾਜ਼ੁਕ ਹਿੱਸਾ ਹਨ, ਅਤੇ ਇਸ ਲਈ, ਉਨ੍ਹਾਂ ਦਾ ਬਹੁਤ ਧਿਆਨ ਨਾਲ ਇਲਾਜ ਕੀਤਾ ਜਾਣਾ ਚਾਹੀਦਾ ਹੈ।ਇਸ ਮੌਕੇ ਕੁਮੁਦ ਸ਼ਰਮਾ, ਗੀਟਾ ਫਲੋਰਾ, ਸੀਮਾ ਕਾਲੜਾ, ਮਨਜੀਤ ਕੌਰ, ਪਰਮਵੀਰ ਸਿੰਘ, ਮੀਨੂੰ ਗਰਗ, ਕੁਲਵੰਤ ਰਾਏ ਪੱਬੀ, ਪ੍ਰਸਿੱਧ ਗਾਇਕ ਜਸਵੀਰ ਮਾਹੀ ਵੀ ਹਾਜ਼ਰ ਸਨ।

# ਨਿਰਮਲ ਕੁਟੀਆ ਟੂਟੋਮਜਾਰਾ ਵਿਖੇ ਹਰਪੋਲ ਸਿੰਘ ਦਾ ਜਨਮ ਦਿਨ ਮਨਾਇਆ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਨਿਰਮਲ ਕੁਟੀਆ ਟੂਟੋਮਜਾਰਾ ਜਨਮ ਅਸਥਾਨ ਬ੍ਰਹਮਲੀਨ ਸੰਤ ਬਾਬਾ ਦਲੇਲ ਸਿੰਘ ਮਹਾਰਾਜ ਜੀ ਦੇ ਮੁੱਖ ਸੰਚਾਲਕ ਸੰਤ ਬਾਬਾ ਮੱਖਣ ਸਿੰਘ ਜੀ ਤੇ ਸੰਤ ਬਲਵੀਰ ਸਿੰਘ ਸ਼ਾਸਤਰੀ ਵੱਲੋਂ ਪ੍ਰਾਪਤ ਜਾਣਕਾਰੀ ਅਨੁਸਾਰ ਨਿਰਮਲ ਕੁਟੀਆ ਪਿੰਡ ਟੂਟੋਮਜ਼ਾਰਾ ਵਿਖੇ ਕਾਕਾ ਹਰਪੋਲ ਸਿੰਘ ਇੰਗਲੈਂਡ ਨਿਵਾਸੀ ਦਾ 50ਵਾਂ ਜਨਮ ਦਿਨ ਖੁਸ਼ੀਆਂ ਨਾਲ ਮਨਾਇਆ ਗਿਆ। ਇਸ ਸਬੰਧ ਵਿੱਚ ਕੁਟੀਆ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਪਾਠ ਦੇ ਭੋਗ ਤੋਂ ਸੰਤ ਬਲਵੀਰ ਸਿੰਘ ਸ਼ਾਸਤਰੀ ਅਤੇ ਸੰਤ ਗੁਰਚਰਨ ਸਿੰਘ ਪੰਡਵੇ ਵਾਲਿਆਂ ਨੇ ਸੰਗਤਾਂ ਨੂੰ ਕਥਾ ਕੀਰਤਨ ਨਾਲ ਨਿਹਾਲ ਕੀਤਾ ਅਤੇ ਕਾਕਾ ਹਰਪੋਲ ਸਿੰਘ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ। ਸੰਤ ਬਾਬਾ ਮੱਖਣ ਸਿੰਘ ਨੇ ਸੰਗਤਾਂ ਨੂੰ ਸਤਿਨਾਮ ਵਾਹਿਗੁਰੂ ਦਾ ਜਾਪ ਕਰਵਾਇਆ। ਇਸ ਮੌਕੇ ਕੇਕ ਕੱਟਿਆ ਗਿਆ ਤੇ ਗੁਰੂ ਕਾ ਲੰਗਰ ਅਟੁੱਟ ਚੱਲਿਆ। ਮਹਾਂਪੁਰਸ਼ਾਂ ਵੱਲੋਂ ਕਾਕਾ ਹਰਪਾਲ ਸਿੰਘ ਤੇ ਉਨਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ।

# ਸੰਤ ਬਾਬਾ ਉਂਕਾਰ ਨਾਥ ਕਾਲਾ ਬਾਹੀਆਂ ਵਾਲਿਆਂ ਦਾ ਸਾਲਾਨਾ ਬਰਸੀ ਸਮਾਗਮ ਮਨਾਇਆ

**ਕਿਸ਼ਨਗੜ੍ਹ (ਸੁਖਜੀਤ ਕੁਮਾਰ )**- ਨਜ਼ਦੀਕੀ ਪਿੰਡ ਕਾਲਾ ਬਾਹੀਆਂ ਵਿਖੇ ਮਹਾਨ ਤਪੱਸਵੀ ਬ੍ਰਹਮਲੀਨ ਸੰਤ ਬਾਬਾ ਉਂਕਾਰ ਨਾਥ ਜੀ ਕਾਲਾ ਬਾਹੀਆ ਵਾਲਿਆਂ ਦਾ 39ਵਾਂ ਸਾਲਾਨਾ ਬਰਸੀ ਸਮਾਗਮ ਗਰਾਮ ਪੰਚਾਇਤ ਕਾਲਾ ਬਾਹੀਆ,ਸਮੂਹ ਨਗਰ ਤੇ ਇਲਾਕਾ ਨਿਵਾਸੀ ਸੰਗਤਾਂ ਵਲੋਂ ਬੜੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ 'ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਲੜੀਵਾਰ ਪਾਠਾਂ ਦੇ ਭੋਗ ਪਾਏ ਗਏ ਅਰਦਾਸ ਉਪਰੰਤ ਕੀਰਤਨ ਦੀਵਾਨ ਸਜਾਏ ਗਏ ਜਿਸ ਵਿੱਚ ਕਥਾ ਵਾਚਕ ਭਾਈ ਫਰਿਆਦ ਸਿੰਘ, ਕੀਰਤਨੀ ਜੱਥਾ ਭਾਈ ਦਵਿੰਦਰ ਸਿੰਘ ਸੋਢੀ ਅਤੇ ਭਾਈ ਸੁਖਵਿੰਦਰ ਸਿੰਘ ਜਗਰਾਵਾਂ, ਕਵੀਸ਼ਰ ਜਥਾ ਭਾਈ ਤਰਲੋਚਨ ਸਿੰਘ ਦੌਲੀਕੇ ਵਾਲੇ ਅਤੇ ਢਾਡੀ ਜੱਥਾ ਗਿਆਨੀ ਜਗਜੀਤ ਸਿੰਘ ਜਲਵਾ ਆਦਿ ਵੱਲੋਂ ਸੰਗਤਾਂ ਨੂੰ ਸ਼ਬਦ ਕੀਰਤਨ, ਕਥਾ ਵਿਚਾਰਾਂ ਅਤੇ ਵੀਰਰੱਸੀ ਢਾਡੀ ਵਾਰਾਂ ਨਾਲ ਗੁਰੂ ਇਤਿਹਾਸ ਸਰਵਣ ਕਰਵਾਇਆ ਗਿਆ । ਇਸ ਮੌਕੇ ਸਮਾਜਿਕ, ਧਾਰਮਿਕ ਤੇ ਵੱਖ-ਵੱਖ ਪਾਰਟੀਆਂ ਦੇ ਸਿਆਸੀ ਆਗੂਆਂ ਤੇ ਸੰਤ ਮਹਾਂਪੁਰਸ਼ਾਂ ਵੱਲੋਂ ਬ੍ਰਹਮਲੀਨ ਸੰਤ ਬਾਬਾ ਉਂਕਾਰ ਨਾਥ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਪ੍ਰਬੰਧਕਾਂ ਵਿੱਚੋਂ ਸਰਪੰਚ ਪਰਮਜੀਤ ਪਾਲ ਕਾਲਾ ਬਾਹੀਆਂ,



ਰਣਜੀਤ ਸਿੰਘ ਬਾਹੀਆ, ਰਵਿੰਦਰ ਪਾਲ, ਬਲਵਿੰਦਰ ਸਿੰਘ, ਸੁਰਿੰਦਰ ਕੌਰ , ਬਲਵੀਰ ਕੌਰ, ਪਰਮਿੰਦਰ ਕੌਰ, (ਸਾਰੇ ਪੰਚ) ਹੈਡ ਗ੍ਰੰਥੀ ਬਾਬਾ ਲੱਖਾ ਸਿੰਘ, ਸਤਨਾਮ ਸਿੰਘ ਬਾਹੀਆ, ਦਰਸ਼ਨ ਸਿੰਘ ਫੌਜੀ, ਜਥੇਦਾਰ ਗੁਰਦੀਪ ਸਿੰਘ ਬਾਹੀਆ ਆਦਿ ਵੱਲੋ ਸਾਂਝੇ ਤੌਰ ਤੇ ਵਿਧਾਇਕ ਬਲਕਾਰ ਸਿੰਘ, ਸਾਬਕਾ ਕੈਬਨਿਟ ਮੰਤਰੀ ਮਹਿੰਦਰ ਸਿੰਘ ਕੇ ਪੀ, ਸਾਬਕਾ ਵਿਧਾਇਕ ਚੌਧਰੀ ਸੁਰਿੰਦਰ ਸਿੰਘ, ਸੀਨੀਅਰ ਕਾਂਗਰਸੀ ਆਗੂ ਸੇਵਾਮੁਕਤ ਐੱਸ ਐੱਸ ਪੀ ਰਜਿੰਦਰ ਸਿੰਘ, ਬਸਪਾ ਆਗੂ ਐਡਵੋਕੇਟ ਬਲਵਿੰਦਰ ਕੁਮਾਰ, ਸਾਬਕਾ ਚੇਅਰਮੈਨ ਰਜਿੰਦਰਪਾਲ ਸਿੰਘ ਰਾਣਾ ਰੰਧਾਵਾ, ਗੁਰਜਿੰਦਰ ਸਿੰਘ ਭਤੀਜਾ ਮੈਂਬਰ ਜ਼ਿਲ੍ਹਾ ਪਰਿਸ਼ਦ, ਸਰਪੰਚ ਪ੍ਰਦੀਪ ਕੁਮਾਰ ਦੀਪਾ ਬੱਲਾਂ, ਬਲਾਕ ਪ੍ਰਧਾਨ ਅਮਰਜੀਤ ਸਿੰਘ ਕੰਗ, ਚੇਅਰਮੈਨ ਗੁਰਪਾਲ ਸਿੰਘ ਪਾਲਾ ਮਾਂਗੇਕੀ ਆਦਿ ਸ਼ਖਸੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਬੀਬੀ ਬਲਵਿੰਦਰ ਕੌਰ, ਸੇਵਾ ਮੁਕਤ ਪ੍ਰਿੰਸੀਪਲ ਚਰਨਾ ਰਾਮ, ਬਲਵਿੰਦਰ ਸਿੰਘ ਬਾਹੀਆ, ਸੰਦੀਪ ਸਿੰਘ ਬੁੱਟਰ, ਮਹਿੰਦਰ ਸਿੰਘ ਬਾਹੀਆ, ਨੰਬਰਦਾਰ ਸੁਰਿੰਦਰ ਸਿੰਘ ਬਾਹੀਆ, ਸੁਖਜਿੰਦਰ ਸਿੰਘ ਮੰਡ, ਪ੍ਰਦੁਮਣ ਸਿੰਘ ਬਾਹੀਆ, ਸੇਵਾ ਮੁਕਤ ਇੰਸ. ਮੋਹਨ ਸਿੰਘ ਕੰਧਾਲਾ ਗੁਰੂ, ਸਰਪੰਚ ਰਾਜਵਿੰਦਰ ਸਿੰਘ ਰਾਜਾ ਈਸਪੁਰ, ਸਾਬਕਾ ਸਰਪੰਚ ਹਰਸਲਿੰਦਰ ਸਿੰਘ ਢਿੱਲੋਂ ਮੱਖਣ ਸਿੰਘ ਰਹੀਮਪੁਰ, ਸ਼ਾਦੀ ਲਾਲ ਬੱਲਾਂ, ਗੁਰਦੇਵ ਸਿੰਘ ਮਾਹਲ ਆਦਿ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਸਮਾਗਮ ਦੌਰਾਨ ਮੰਚ ਸੰਚਾਲਨ ਦੀਆਂ ਸੇਵਾਵਾਂ ਹਰਵਿੰਦਰ ਸਿੰਘ ਵੀਰ ਵੱਲੋਂ ਬਾਖੂਬੀ ਨਿਭਾਈਆਂ ਗਈਆਂ।

# ਖਾਲਸਾ ਕਾਲਜ ਦੀਆਂ 2 ਵਿਦਿਆਰਥਣਾਂ ਨੇ ਮੈਰਿਟ ਸੂਚੀ 'ਚ ਪਹਿਲਾ ਤੇ ਦੂਜਾ ਸਥਾਨ ਕੀਤਾ ਹਾਸਿਲ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਪੰਜਾਬ 'ਵਰਸਿਟੀ ਚੰਡੀਗੜ੍ਹ ਵਲੋਂ ਚਾਰ ਸਾਲਾ ਇੰਟਗ੍ਰੇਟਿਡ ਕੋਰਸ ਬੀ ਐੱਸ ਸੀ ਬੀ ਐੱਡ ਪੰਜਵੇਂ ਸਮੈਸਟਰ ਦੇ ਐਲਾਨੇ ਗਏ ਨਤੀਜੇ ਵਿਚ ਬੱਬਰ



ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੀਆਂ ਦੋ ਵਿਦਿਆਰਥਣਾਂ ਭਾਵਿਆ ਅਤੇ ਹਰਮਨਪ੍ਰੀਤ ਕੌਰ ਨੇ ਮੈਰਿਟ ਸੂਚੀ ਵਿਚ ਚੌਥੀ ਵਾਰ ਕ੍ਰਮਵਾਰ ਪਹਿਲਾ ਤੇ ਦੂਜਾ ਸਥਾਨ ਹਾਸਿਲ ਕੀਤਾ ਹੈ ।

ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ 'ਵਰਸਿਟੀ ਵਲੋਂ ਚਾਰ ਸਾਲਾ ਇੰਟਗ੍ਰੇਟਿਡ ਕੋਰਸ ਬੀ ਐੱਸ ਸੀ ਬੀ ਐੱਡ ਪੰਜਵੇਂ ਸਮੈਸਟਰ ਦੇ ਐਲਾਨੇ ਗਏ ਨਤੀਜੇ ਵਿਚ ਵਿਦਿਆਰਥਣ ਭਾਵਿਆ ਨੇ 93.46 ਫੀਸਦੀ ਅੰਕ ਲੈ ਕੇ ਮੈਰਿਟ ਸੂਚੀ ਵਿਚ ਪਹਿਲਾ ਅਤੇ ਹਰਮਨਪ੍ਰੀਤ ਕੌਰ ਨੇ 91.06 ਫੀਸਦੀ ਅੰਕ ਲੈ ਕੇ ਮੈਰਿਟ ਸੂਚੀ ਵਿਚ ਦੂਜਾ ਸਥਾਨ ਹਾਸਿਲ ਕੀਤਾ ਹੈ। ਵਿਦਿਆਰਥਣ ਸਾਨੀਆ ਨੇ 81.13 ਫੀਸਦੀ ਅੰਕ ਲੈ ਕੇ ਕਾਲਜ ਵਿਚੋਂ ਤੀਜੇ ਸਥਾਨ 'ਤੇ ਰਹੀ ਹੈ । ਪ੍ਰਿੰਸੀਪਲ ਡਾ. ਹੀਰਾ ਨੇ ਦੱਸਿਆ ਕਿ ਦੋਵੇਂ ਵਿਦਿਆਰਥਣਾਂ ਭਾਵਿਆ ਅਤੇ ਹਰਮਨਪ੍ਰੀਤ ਕੌਰ ਪਹਿਲੇ, ਦੂਜੇ, ਤੀਜੇ ਅਤੇ ਚੌਥੇ ਸਮੈਸਟਰ ਵਿਚ ਵੀ ਮੈਰਿਟ ਸੂਚੀ 'ਚ ਪਹਿਲਾ ਅਤੇ ਦੂਜਾ ਸਥਾਨ ਹਾਸਿਲ ਕਰ ਚੁੱਕੀਆਂ ਹਨ ਤੇ ਹੁਣ ਪੰਜਵੀਂ ਵਾਰ ਦੋਵੇਂ ਵਿਦਿਆਰਥਣਾਂ ਨੇ ਮੈਰਿਟ ਸੂਚੀ 'ਚ ਮਾਅਰਕਾ ਮਾਰਦੇ ਹੋਏ ਆਪਣਾ, ਆਪਣੇ ਮਾਪਿਆਂ ਅਤੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ।

# ਸੁਖਦੀਪ ਕੌਰ ਨੇ ਗਿਣਤੀ ਪ੍ਰਕਿਰਿਆ 'ਤੇ ਲਗਾਏ ਦੋਸ਼

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੋਹਾਲੀ ਦੇ ਬੱਲੋਮਾਜਰਾ ਪਿੰਡ (ਵਾਰਡ ਨੰਬਰ 47) ਤੋਂ ਨਗਰ ਨਿਗਮ ਚੋਣਾਂ ਲੜ ਰਹੀ ਭਾਜਪਾ ਉਮੀਦਵਾਰ ਸੁਖਦੀਪ ਕੌਰ ਨੇ ਮੋਹਾਲੀ ਪ੍ਰਸ਼ਾਸਨ ਅਤੇ ਪੁਲਿਸ ਤੇ ਚੋਣ ਨਤੀਜਿਆਂ



ਦੌਰਾਨ ਤਾਕਤ ਦੀ ਵਰਤੋਂ ਕਰਨ ਅਤੇ ਸਰਕਾਰ ਦੇ ਅਧੀਨ ਕੰਮ ਕਰਨ ਦਾ ਦੋਸ਼ ਲਗਾਇਆ ਹੈ।ਸੁਖਦੀਪ ਕੌਰ ਨੇ ਮੋਹਾਲੀ ਪ੍ਰਸ਼ਾਸਨ ਅਤੇ ਪੁਲਿਸ 'ਤੇ ਦੋਸ਼ ਲਗਾਉਂਦੇ ਹੋਏ ਕਿਹਾ ਕਿ 29 ਮਈ ਨੂੰ ਐਲਾਨੇ ਗਏ ਚੋਣ ਨਤੀਜਿਆਂ ਦੌਰਾਨ ਉਸ ਨੂੰ 'ਆਪ' ਉਮੀਦਵਾਰ ਪਰਮਿੰਦਰ ਕੌਰ ਤੋਂ ਇੱਕ ਵੋਟ ਨਾਲ ਹਾਰਨ ਵਾਲਾ ਐਲਾਨ ਦਿੱਤਾ ਗਿਆ ਸੀ। 1,624 ਪੋਲ ਹੋਈਆਂ ਵੋਟਾਂ ਵਿੱਚੋਂ, ਉਸ ਨੂੰ 424 ਮਿਲੇ, ਜਦੋਂ ਕਿ ਪਰਮਿੰਦਰ ਕੌਰ ਨੂੰ 425 ਮਿਲੇ ਤੇ ਉਸ ਨੂੰ ਜੇਤੂ ਐਲਾਨ ਦਿੱਤਾ ਗਿਆ। ਉਸ ਨੇ ਐੱਸ ਡੀ ਐੱਮ ਦਮਨਦੀਪ ਕੌਰ, ਸ਼ਮਿੰਦਰ ਸਿੰਘ ਤੇ ਹੋਰਾਂ ਨਾਲ ਗਿਣਤੀ ਪ੍ਰਕਿਰਿਆ 'ਤੇ ਇਤਰਾਜ਼ ਜਤਾਇਆ। ਹਾਲਾਂਕਿ ਦਮਨਪ੍ਰੀਤ ਕੌਰ ਨੇ ਉਸ ਦੀ ਬੇਨਤੀ ਨੂੰ ਨਜ਼ਰਅੰਦਾਜ਼ ਕਰ ਦਿੱਤਾ ਤੇ ਪੁਲਿਸ ਨੂੰ ਬੁਲਾ ਕੇ ਉਸ ਨੂੰ ਹਾਲ ਤੋਂ ਬਾਹਰ ਕੱਢ ਦਿੱਤਾ। ਉਨ੍ਹਾਂ ਨੇ ਭਾਰੀ ਹੰਗਾਮਾ ਕੀਤਾ ਅਤੇ ਪ੍ਰਸ਼ਾਸਨ ਅਤੇ ਪੁਲਿਸ ਫੋਰਸ ਦੀ ਧੱਕੇਸ਼ਾਹੀ ਵਿਰੁੱਧ ਵਿਰੋਧ ਕੀਤਾ, ਪਰ ਕੋਈ ਹੱਲ ਨਹੀਂ ਨਿਕਲਿਆ।

ਸੁਖਦੀਪ ਕੌਰ ਨੇ ਕਿਹਾ ਕਿ ਉਨ੍ਹਾਂ ਨੇ ਜੇਤੂ ਉਮੀਦਵਾਰ ਨੂੰ ਦਿੱਤੇ ਗਏ ਜਿੱਤਣ ਦੇ ਸਰਟੀਫਿਕੇਟ 'ਤੇ ਉਨ੍ਹਾਂ ਦੇ ਦਸਤਖਤ ਕਰਵਾਉਣ ਬਾਰੇ ਵੀ ਸੋਚਣ ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਮੰਗ ਕੀਤੀ ਕਿ ਉਨ੍ਹਾਂ ਦੇ ਵਾਰਡ ਵਿੱਚ ਦੁਬਾਰਾ ਨਿਰਪੱਖ ਚੋਣਾਂ ਕਰਵਾਈਆਂ ਜਾਣ।

# ਮੋਹਾਲੀ ਮਿਊਂਸੀਪਲ ਕਾਰਪੋਰੇਸ਼ਨ ਦੇ ਚੋਣ ਅਮਲ ਦੌਰਾਨ ਗੰਭੀਰ ਖਾਮੀਆਂ ਸਾਹਮਣੇ ਆਈਆਂ : ਬਲਬੀਰ ਸਿੱਧੂ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਮੋਹਾਲੀ ਨਗਰ ਨਿਗਮ ਚੋਣਾਂ ਦੇ ਅਮਲ, ਖਾਸ ਕਰਕੇ ਵੋਟਾਂ ਦੀ ਗਿਣਤੀ ਦੌਰਾਨ ਹੋਈਆਂ ਕਥਿਤ ਬੇਨਿਯਮੀਆਂ ਨੂੰ ਲੋਕਤੰਤਰ ਉੱਤੇ ਗੰਭੀਰ ਝਟਕਾ ਕਰਾਰ ਦਿੰਦਿਆਂ ਸੂਬਾ ਚੋਣ ਕਮਿਸ਼ਨ ਤੋਂ ਵਾਰਡ ਨੰਬਰ 23 ਦੇ ਬੂਥ ਨੰਬਰ 93 ਅਤੇ ਵਾਰਡ ਨੰਬਰ 2 ਦੇ ਬੂਥ ਨੰਬਰ 7 ਅਤੇ ਵਾਰਡ ਨੰਬਰ 4 ਦੇ ਬੂਥ ਨੰਬਰ 17 ਦੀ ਚੋਣ ਰੱਦ ਕਰਕੇ ਮੁੜ ਕਰਵਾਉਣ ਦੀ ਮੰਗ ਕੀਤੀ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਿੱਧੂ ਨੇ ਦੋਸ਼ ਲਗਾਇਆ ਕਿ ਵਾਰਡ ਨੰਬਰ 23 ਦੇ ਪੋਲਿੰਗ ਬੂਥ ਨੰਬਰ 93 ਅਤੇ ਵਾਰਡ ਨੰਬਰ 2 ਦੇ ਬੂਥ ਨੰਬਰ 7 ਅਤੇ ਵਾਰਡ ਨੰਬਰ 4 ਦੇ ਬੂਥ ਨੰਬਰ 17 ਵਿੱਚ ਵੋਟਿੰਗ ਅਤੇ ਗਿਣਤੀ ਦੌਰਾਨ ਗੰਭੀਰ ਖਾਮੀਆਂ ਸਾਹਮਣੇ ਆਈਆਂ। ਉਨ੍ਹਾਂ ਕਿਹਾ ਕਿ ਬੈਲਟ ਬਾਕਸ ਵਿਚੋਂ ਨਿਕਲੀਆਂ ਕਈ ਵੋਟ ਪਰਚੀਆਂ ਨਾਲ ਕਾਊਂਟਰਫਾਇਲ (ਰਸੀਦ ਵਾਲਾ ਹਿੱਸਾ) ਵੀ ਜੁੜਿਆ ਹੋਇਆ ਮਿਲਿਆ, ਜੋ ਚੋਣ ਪ੍ਰਕਿਰਿਆ ਦੇ ਨਿਯਮਾਂ ਦੀ ਉਲੰਘਣਾ ਹੈ ਅਤੇ ਬੋਗਸ ਵੋਟਿੰਗ ਦੀ ਸੰਭਾਵਨਾ ਨੂੰ ਮਜ਼ਬੂਤ ਕਰਦਾ ਹੈ।ਉਨ੍ਹਾਂ ਦੱਸਿਆ ਕਿ ਹੋਰ ਵੀ ਚਿੰਤਾਜਨਕ ਗੱਲ ਇਹ ਸੀ ਕਿ ਕਈ ਕਾਊਂਟਰਫਾਇਲਾਂ ਉੱਤੇ ਵੋਟਰਾਂ ਦੇ ਦਸਤਖ਼ਤ ਜਾਂ ਅੰਗੂਠੇ ਦੇ ਨਿਸ਼ਾਨ ਮੌਜੂਦ ਨਹੀਂ ਸਨ। ਸਿੱਧੂ ਅਨੁਸਾਰ ਇਹ ਤੱਥ ਚੋਣ ਪ੍ਰਕਿਰਿਆ ਦੀ ਪਾਰਦਰਸ਼ਤਾ ਉੱਤੇ ਗੰਭੀਰ ਸਵਾਲ ਖੜ੍ਹੇ ਕਰਦੇ ਹਨ ਅਤੇ ਇਸ ਮਾਮਲੇ ਦੀ ਨਿਰਪੱਖ ਜਾਂਚ ਬਹੁਤ ਜ਼ਰੂਰੀ ਹੈ।ਸਿੱਧੂ ਨੇ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਛੱਡ ਕੇ ਬਾਕੀ ਸਾਰੇ ਉਮੀਦਵਾਰਾਂ ਨੇ ਰਿਟਰਨਿੰਗ ਅਫ਼ਸਰ ਕੋਲ ਲਿਖਤੀ ਰੂਪ ਵਿੱਚ ਇਤਰਾਜ਼ ਦਰਜ ਕਰਵਾਉਂਦੇ ਹੋਏ ਇਸ ਬੂਥ ਦੀ ਗਿਣਤੀ ਰੋਕਣ ਅਤੇ ਨਤੀਜਾ ਨਾ ਐਲਾਨਣ ਦੀ ਮੰਗ ਕੀਤੀ ਸੀ। ਪਰ ਇਸ ਦੇ ਬਾਵਜੂਦ ਨਾ ਸਿਰਫ਼ ਗਿਣਤੀ ਜਾਰੀ ਰੱਖੀ ਗਈ, ਸਗੋਂ ਰਸੀਦ ਵਾਲੇ ਹਿੱਸਿਆਂ ਨੂੰ ਵੋਟ ਪਰਚੀਆਂ ਤੋਂ ਵੱਖ ਕਰਕੇ ਗਿਣਤੀ ਕਰਨ ਦੇ ਹੁਕਮ ਵੀ ਦਿੱਤੇ ਗਏ, ਜਿਸ ਨਾਲ ਚੋਣ ਅਮਲ ਦੀ ਨਿਰਪੱਖਤਾ ਸਵਾਲਾਂ ਦੇ ਘੇਰੇ ਵਿੱਚ ਆ ਗਈ ਹੈ।ਉਨ੍ਹਾਂ ਸੂਬਾ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਕਿ ਵਾਰਡ ਨੰਬਰ 23 ਦੇ ਪੋਲਿੰਗ ਬੂਥ ਨੰਬਰ 93 ਅਤੇ ਵਾਰਡ ਨੰਬਰ 2 ਦੇ ਬੂਥ ਨੰਬਰ 7 ਅਤੇ ਵਾਰਡ ਨੰਬਰ 4 ਦੇ ਬੂਥ ਨੰਬਰ 17 ਵਿੱਚ ਚੋਣ ਨੂੰ ਰੱਦ ਕਰਕੇ ਦੁਬਾਰਾ ਵੋਟਿੰਗ ਕਰਵਾਈ ਜਾਵੇ ਅਤੇ ਪੋਲਿੰਗ ਬੂਥ ਨੰਬਰ 93 ਨਾਲ ਸੰਬੰਧਤ ਸਾਰੇ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ। ਸਿੱਧੂ ਨੇ ਇਹ ਵੀ ਦੋਸ਼ ਲਗਾਇਆ ਕਿ ਚੋਣ ਪ੍ਰਕਿਰਿਆ ਦੇ ਸ਼ੁਰੂਆਤੀ ਪੜਾਅ ਤੋਂ ਹੀ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਕਿਹਾ ਕਿ ਕਈ ਥਾਵਾਂ 'ਤੇ ਨਾਮਜ਼ਦਗੀਆਂ ਦਾਖ਼ਲ ਕਰਨ ਵਿੱਚ ਰੁਕਾਵਟਾਂ ਪੈਦਾ ਕੀਤੀਆਂ ਗਈਆਂ, ਇਤਰਾਜ਼ਹੀਣ ਸਰਟੀਫਿਕੇਟ ਜਾਰੀ ਕਰਨ ਵਿੱਚ ਦੇਰੀ ਕੀਤੀ ਗਈ ਅਤੇ ਬਿਨਾਂ ਵਾਜਬ ਕਾਰਨਾਂ ਦੇ ਕਈ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਰੱਦ ਕੀਤੇ ਗਏ।ਇਸ ਮੌਕੇ ਹਰਵਿੰਦਰ ਸਿੰਘ ਧਾਰੀਵਾਲ ਫੇਜ਼ -6 ਉਮੀਦਵਾਰ ਵਾਰਡ ਨੰਬਰ-2, ਕੁਲਦੀਪ ਚੰਦ ਸੈਕਟਰ 66, ਰਘਬੀਰ ਸਿੰਘ ਫੇਜ਼-1, ਅਸ਼ੋਕ ਕੌਂਡਲ ਸਾਬਕਾ ਕੌਂਸਲਰ ਸਰਦਾਰ ਲਖਬੀਰ ਸਿੰਘ , ਕਰਮਜੀਤ ਸਿੰਘ ਸਿੱਧੂ, ਸਤਵਿੰਦਰ ਸਿੰਘ ਗਰੇਵਾਲ ਵੀ ਹਾਜ਼ਰ ਸਨ।

# ਇਮਾਨ ਸਿੰਘ ਮਾਨ 3 ਨੂੰ ਸੰਗਤਾਂ ਨੂੰ ਸੰਬੋਧਨ ਕਰਨਗੇ : ਸਿੰਗੜੀਵਾਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ 13 ਜੂਨ ਨੂੰ ਫਗਵਾੜਾ ਵਿਖੇ ਬੇਗਮਪੁਰਾ ਖਾਲਸਾ ਲਹਿਰ ਦਾ



ਆਰੰਭ ਕਰਨ ਲਈ ਵੱਡਾ ਇਕੱਠ ਕੀਤਾ ਜਾ ਰਿਹਾ ਹੈ ਪਾਰਟੀ ਦੇ ਇਸ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਮਕੇਰੀਆਂ ਵਿਖੇ ਸਰਕਲ ਪ੍ਰਧਾਨ ਪਰਮਿੰਦਰ ਸਿੰਘ ਖਾਲਸਾ ਦੀ ਅਗਵਾਈ ਹੇਠ 3 ਜੂਨ ਨੂੰ ਵਿਸ਼ੇਸ਼ ਮੀਟਿੰਗ ਹੋ ਰਹੀ ਹੈ ਜਿਸ ਵਿੱਚ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਅਤੇ ਡਾਕਟਰ ਹਰਜਿੰਦਰ ਸਿੰਘ ਜੱਖੂ ਦੁਆਬਾ ਇੰਚਾਰਜ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋ ਕੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਨਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪਾਰਟੀ ਦਫਤਰ ਵਿਖੇ ਹੋਈ ਵਿਸ਼ੇਸ਼ ਮੀਟਿੰਗ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਆ ਕਰਦੇ ਕੀਤਾ। ਇਸ ਸਮੇਂ ਸਿੰਗੜੀਵਾਲਾ ਨੇ ਕਿਹਾ ਕਿ ਸਿਆਸੀ ਤੌਰ ਤੇ ਤਬਦੀਲੀ ਲਿਆਉਣ ਲਈ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੇ ਸਿਧਾਂਤਾਂ ਅਨੁਸਾਰ ਚੱਲਣ ਲਈ ਬੇਗਮਪੁਰਾ ਖਾਲਸਾ ਲਹਿਰ ਆਰੰਭ ਕਰਨੀ ਸਿੱਖ ਕੌਮ ਅਤੇ ਪੰਜਾਬ ਦੇ ਲੋਕਾਂ ਲਈ ਬਹੁਤ ਮਹੱਤਵਪੂਰਨ ਕਾਰਜ ਹੈ। ਇਸ ਕਾਰਜ ਨੂੰ ਪੂਰਾ ਕਰਨ ਲਈ ਇਸ ਸਮੇਂ ਪਾਰਟੀ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਜਾਣਗੀਆਂ।

ਇਸ ਸਮੇਂ ਸਿੰਗੜੀਵਾਲਾ ਨੇ ਕਿਹਾ ਕਿ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਸ਼ਹਾਦਤ ਦਾ ਜਾਮ ਪੀਣ ਵਾਲੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲੇ ਤੇ ਉਹਨਾਂ ਦੇ ਸ਼ਹੀਦ ਹੋਏ ਸਾਥੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ 6 ਜੂਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜ਼ਿਲ੍ਹੇ ਤੋਂ ਵੱਡੀ ਪੱਧਰ ਤੇ ਹਾਜ਼ਰੀ ਦਿੱਤੀ ਜਾਵੇਗੀ। ਇਸ ਸਮੇਂ ਸੰਦੀਪ ਸਿੰਘ ਖਾਲਸਾ ਟਾਂਡਾ, ਬੀਬੀ ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ, ਪਰਮਿੰਦਰ ਸਿੰਘ ਖਾਲਸਾ ਮੁਕੇਰੀਆਂ, ਹਰਵਿੰਦਰ ਸਿੰਘ ਹੀਰਾ, ਜਗਦੀਸ਼ ਸਿੰਘ ਚੱਬੇਵਾਲ ਆਦਿ ਹਾਜ਼ਰ ਸਨ।



ਮੋਰਿੰਡਾ ਵਾਰਡ ਨੰਬਰ ਸੱਤ ਤੋਂ ਕਾਂਗਰਸ ਪਾਰਟੀ ਦੀ ਜੇਤੂ ਉਮੀਦਵਾਰ ਪਿੰਕੀ ਕੌਰ ਆਪਣੇ ਪਤੀ ਬਲਵੀਰ ਸਿੰਘ ਲਾਲਾ ਅਤੇ ਸਮਰਥਕਾਂ ਨਾਲ
(ਫੋਟੋ ਤੇ ਵੇਰਵਾ : ਨਿਹਾਲ ਸਿੰਘ ਕਲਸੀ ਮੋਰਿੰਡਾ)



ਮੋਰਿੰਡਾ ਨਗਰ ਕੌਂਸਲ ਵਾਰਡ ਨੰਬਰ 11 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਸਿਕੰਦਰ ਕੌਰ ਸ਼ੇਰਗਿਲ ਜਿੱਤਣ ਉਪਰੰਤ ਆਪਣੇ ਸਮਰਥਕਾਂ ਨਾਲ
(ਫੋਟੋ ਤੇ ਵੇਰਵਾ : ਨਿਹਾਲ ਸਿੰਘ ਕਲਸੀ ਮੋਰਿੰਡਾ)

# ਸੇਵਾ-ਮੁਕਤੀ ਸਮਾਗਮ ਮੌਕੇ ਜਗੀਰ ਸਿੰਘ ਸਹੋਤਾ ਸਨਮਾਨਤ

**ਜਲੰਧਰ (ਰਾਜੇਸ਼ ਥਾਪਾ)**- ਗੁਰਬਚਨ ਸਿੰਘ ਸਹੋਤਾ ਕਾਨੂੰਗੋ ਤੇ ਮਾਤਾ ਗੁਰਬਖਸ਼ ਕੌਰ ਸਹੋਤਾ ਦੇ ਗ੍ਰਹਿ ਵਿਖੇ ਪਿੰਡ ਜੀਆ ਸਹੋਤਾ ਖੁਰਦ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ 6 ਮਈ 1966 ਨੂੰ ਜਨਮੇ ਜਗੀਰ ਸਿੰਘ ਸਹੋਤਾ ਦੇ ਪੰਜਾਬ ਸਮਾਲ ਇੰਡਸਟਰੀ ਅਤੇ ਐਕਸਪੋਰਟ ਕਾਰਪੋਰੇਸ਼ਨ ਲਿਮਟਿਡ ਚੰਡੀਗੜ੍ਹ ਦੀ ਬ੍ਰਾਂਚ ਮਿੰਨੀ ਫੋਕਲ ਪੁਆਇੰਟ ਟਾਂਡਾ ਤੋਂ ਬਤੌਰ ਸੁਪਰਵਾਈਜ਼ਰ ਮਿਤੀ 31 ਮਈ ਨੂੰ ਸੇਵਾ ਮੁਕਤ ਹੋ ਗਏ ਹਨ। ਉਹਨਾਂ ਦੀ ਸੇਵਾ ਮੁਕਤੀ ਦੇ ਸੰਬੰਧ ਵਿੱਚ ਪੀ ਐੱਸ ਆਈ ਈ ਸੀ ਦੇ ਦਫ਼ਤਰ ਫੋਕਲ ਪੁਆਇੰਟ ਜਲੰਧਰ ਵਿਖੇ ਸਨਮਾਨ ਸਮਾਰੋਹ ਸਮਾਗਮ ਕੀਤਾ ਗਿਆ। ਸਨਮਾਨ ਸਮਾਰੋਹ ਸਮਾਗਮ ਵਿੱਚ ਸੇਵਾ ਮੁਕਤ ਜਗੀਰ ਸਿੰਘ ਸਹੋਤਾ ਸੁਪਰਵਾਈਜ਼ਰ ਦੇ ਨਾਲ ਉਹਨਾਂ ਦੀ ਜੀਵਨ ਸਾਥਣ ਰਾਜਵਿੰਦਰ ਕੌਰ ਸਹੋਤਾ ਐਡਮਿਨ ਅਫ਼ਸਰ ਐਮ ਈ ਐੱਸ, ਬੇਟੀ ਡਾਕਟਰ ਮਨਪ੍ਰੀਤ ਕੌਰ ਸਹੋਤਾ, ਐਮ ਡੀ ਐੱਸ, ਬੇਟਾ ਡਾਕਟਰ ਅੰਮ੍ਰਿਤਪਾਲ ਸਿੰਘ ਸਹੋਤਾ ਵੀ ਹਾਜ਼ਰ ਹੋਏ।

ਸਨਮਾਨ ਸਮਾਰੋਹ ਦੀ ਸਮੁੱਚੀ ਕਾਰਵਾਈ ਨੂੰ ਪ੍ਰਧਾਨ ਰਜਿੰਦਰ ਸਿੰਘ ਰਿਆੜ ਨੇ ਚਲਾਇਆ। ਇਸ ਮੌਕੇ 'ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ



ਸੂਬਾ ਪ੍ਰਧਾਨ ਸਾਥੀ ਸਤੀਸ਼ ਰਾਣਾ, ਆਲ ਇੰਡੀਆ ਸਟੇਟ ਗੌਰਮਿੰਟ ਪੈਨਸ਼ਨਰਜ਼ ਫੈਡਰੇਸ਼ਨ ਦੇ ਕੌਮੀ ਸਕੱਤਰ ਮਨਜੀਤ ਸਿੰਘ ਸੈਣੀ,ਪੀ ਐੱਸ ਈ ਆਈ ਸੀ ਜਥੇਬੰਦੀ ਦੇ ਚੇਅਰਮੈਨ ਰਵਿੰਦਰ ਸਿੰਘ ਰੰਧਾਵਾ, ਮੁੱਖ ਦਫਤਰ ਚੰਡੀਗੜ੍ਹ ਦੇ ਪ੍ਰਧਾਨ ਰਣਜੋਧ ਸਿੰਘ, ਜਨਰਲ ਸਕੱਤਰ ਗੁਰਦੀਪ ਸਿੰਘ ਭਾਟੀਆ,ਪ ਸ ਸ ਫ ਅਤੇ ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਯੂਨੀਅਨ ਜਲੰਧਰ ਦੇ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ, ਜਨਰਲ ਸਕੱਤਰ ਅਮਰੀਕ ਸਿੰਘ ਸੇਖੋਂ, ਗੁਰਨਾਮ ਸਿੰਘ ਰਾਮਾ ਮੰਡੀ,ਪੀ ਐੱਸ ਪੀ ਸੀ ਦੇ ਸਹਾਇਕ ਸੂਬਾ ਪ੍ਰੈੱਸ ਸਕੱਤਰ ਕੁਲਦੀਪ ਸਿੰਘ ਕੌੜਾ ਆਦਿ ਨੇ ਸੰਬੋਧਨ ਕਰਦੇ ਹੋਏ ਜਿੱਥੇ ਸਾਥੀ ਜਗੀਰ ਸਿੰਘ ਸਹੋਤਾ ਵਲੋਂ ਪੂਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਆਪਣੇ ਪਰਿਵਾਰ ਪ੍ਰਤੀ ਅਤੇ ਵਿਭਾਗੀ ਨਿਭਾਈਆਂ ਜ਼ਿੰਮੇਵਾਰੀਆਂ ਦੀ ਪੁਰਜ਼ੋਰ ਸ਼ਲਾਘਾ ਕੀਤੀ ਉੱਥੇ ਉਹਨਾਂ ਵਲੋਂ ਬਤੌਰ ਚੇਅਰਮੈਨ ਪੀ ਐੱਸ ਆਈ ਈ ਸੀ ਜੋਨ ਜਲੰਧਰ, ਸੂਬਾ ਸੀਨੀਅਰ ਮੀਤ ਪ੍ਰਧਾਨ ਚੰਡੀਗੜ੍ਹ, ਸੀਨੀਅਰ ਮੀਤ ਪ੍ਰਧਾਨ ਪ ਸ ਸ ਫ ਜਲੰਧਰ, ਸੀਨੀਅਰ ਮੀਤ ਪ੍ਰਧਾਨ ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਯੂਨੀਅਨ ਜਲੰਧਰ, ਸੀਨੀਅਰ ਮੈਂਬਰ ਗੁਰੂ ਨਾਨਕ ਵੈੱਲਫੇਅਰ ਚੈਰੀਟੇਬਲ ਸੁਸਾਇਟੀ (ਰਜਿ) ਜਲੰਧਰ, ਪ੍ਰਧਾਨ ਨੌਜਵਾਨ ਧਾਰਮਿਕ ਕਮੇਟੀ ਜੀਆ ਸਹੋਤਾ ਖੁਰਦ ਜ਼ਿਲ੍ਹਾ ਹੁਸ਼ਿਆਰਪੁਰ ਦੀਆਂ ਨਿਭਾਈਆਂ ਜ਼ਿੰਮੇਵਾਰੀਆਂ ਦੀ ਵੀ ਭਰਪੂਰ ਸ਼ਲਾਘਾ ਕਰਦੇ ਹੋਏ ਕਾਮਨਾ ਕੀਤੀ ਕਿ ਉਹਨਾਂ ਦੀ ਸਿਹਤ ਅਤੇ ਸੇਧ ਜ਼ਿੰਦਗੀ ਦੇ ਆਖ਼ਰੀ ਪੜਾਅ ਤੱਕ ਵਧੀਆ ਰਹੇ ਤਾਂ ਜੋ ਉਹ ਜਥੇਬੰਦੀਆਂ ਪ੍ਰਤੀ ਅਤੇ ਸਮਾਜ ਵਿੱਚ ਫੈਲੀਆਂ ਬੁਰਾਈਆਂ ਨੂੰ ਦੂਰ ਕਰਨ ਲਈ ਆਪਣਾ ਬਣਦਾ ਯੋਗਦਾਨ ਪਾਉਂਦੇ ਰਹਿਣ। ਸਮਾਗਮ ਦੇ ਅਖੀਰ ਵਿੱਚ ਜਗੀਰ ਸਿੰਘ ਸਹੋਤਾ ਨੂੰ ਵੱਖ ਵੱਖ ਵਿਭਾਗੀ ਜਥੇਬੰਦੀਆਂ ਦੇ ਸ਼ਾਮਲ ਆਗੂਆਂ ਵਲੋਂ ਉਹਨਾਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਅਤੇ ਹੋਰ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ ਗਿਆ।ਅਖੀਰ ਵਿੱਚ ਪ੍ਰਧਾਨ ਗੋਬਿੰਦ ਅਤੇ ਜਗੀਰ ਸਿੰਘ ਸਹੋਤਾ ਨੇ ਆਏ ਹੋਏ ਸਮੂਹ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਸਮੂਹ ਸਾਥੀਆਂ ਨੂੰ ਤਿਆਰ ਕੀਤਾ ਲੰਗਰ ਦਾ ਪ੍ਰਸ਼ਾਦ ਛਕ ਕੇ ਜਾਣ ਦੀ ਬੇਨਤੀ ਕੀਤੀ।ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਓਮ ਪ੍ਰਕਾਸ਼, ਕਰਮਜੀਤ ਸੋਨੂ, ਅਮਰੀਕ ਸਿੰਘ, ਤਰਲੋਕ ਸਿੰਘ, ਵਿਕਾਸ, ਮਨਪ੍ਰੀਤ ਸਿੰਘ, ਮੋਹਣ ਲਾਲ, ਦੇਸ ਰਾਜ, ਰਾਮ ਕਿਸ਼ੋਰ, ਆਨੰਦ, ਰਾਮੇਸ਼, ਰਵਿੰਦਰ ਸਿੰਘ, ਇੰਦਰਜੀਤ ,ਰਾਮ ਭਜਨ, ਗੁਰਬਚਨ ਸਿੰਘ ਕਾਨੂੰਗੋ ਆਦਿ ਸਾਥੀ ਹਾਜ਼ਰ ਹੋਏ।

# ਮਾਸਟਰ ਰਾਮ ਗੋਪਾਲ ਪੀ ਟੀ ਆਈ ਨੂੰ ਸੇਵਾ-ਮੁਕਤੀ ਮੌਕੇ ਦਿੱਤੀ ਨਿੱਘੀ ਵਿਦਾਇਗੀ

**ਫਗਵਾੜਾ (ਡਾ. ਰਮਨ)**- ਸਿੱਖਿਆ ਵਿਭਾਗ ਵਿੱਚ 34 ਸਾਲ ਦੀ ਬੇਦਾਗ ਸੇਵਾ ਨਿਭਾਉਣ ਉਪਰੰਤ ਸਰਕਾਰੀ ਹਾਈ ਸਕੂਲ ਪਿੰਡ ਚੱਕ ਪ੍ਰੇਮਾ ਤਹਿਸੀਲ ਫਗਵਾੜਾ ਵਿਖੇ ਬਤੌਰ ਪੀ.ਟੀ.ਆਈ. ਅਧਿਆਪਕ ਸੇਵਾ ਮੁਕਤ ਹੋਏ ਮਾਸਟਰ ਰਾਮ ਗੋਪਾਲ ਨੂੰ ਨਿੱਘੀ ਵਿਦਾਇਗੀ ਦੇਣ ਲਈ ਇਕ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਅੰਮ੍ਰਿਤਪਾਲ ਸਿੰਘ ਕੁਲਾਰ ਸਮਾਜ ਸੇਵੀ, ਮਾ. ਵਰਿੰਦਰ ਸਿੰਘ ਕੰਬੋਜ ਸੀਨੀਅਰ ਅਧਿਆਪਕ ਆਗੂ, ਬਲਵਿੰਦਰ ਸਿੰਘ ਨਿਧੜਕ ਇੰਚਾਰਜ ਸਰਕਾਰੀ ਮਿਡਲ ਸਕੂਲ ਮਲਕਪੁਰ, ਹੈੱਡਮਾਸਟਰ ਸਤੀਸ਼ ਕੁਮਾਰ ਸਰਕਾਰੀ ਹਾਈ ਸਕੂਲ ਖਲਵਾੜਾ, ਮਾ. ਰਵਿੰਦਰ ਪਾਲ ਨਰੂੜ ਅਤੇ ਮਾ. ਸਤਪਾਲ ਦਾਦਰਾ ਨੇ ਸੇਵਾ ਮੁਕਤ ਹੋਏ ਮਾਸਟਰ ਰਾਮ ਗੋਪਾਲ ਨੂੰ ਚੰਗੇ ਭਵਿੱਖ ਅਤੇ ਸਿਹਤਯਾਬੀ ਲਈ ਸ਼ੁੱਭ ਇੱਛਾਵਾਂ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਨੇ ਆਪਣੀ ਪੂਰੀ ਸੇਵਾ ਦੌਰਾਨ ਇਮਾਨਦਾਰੀ, ਮਿਹਨਤ ਅਤੇ ਸਮਰਪਣ ਦੀ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਦੇ ਨਾਲ-ਨਾਲ ਅਨੁਸ਼ਾਸਨ ਅਤੇ ਨੈਤਿਕ ਕਦਰਾਂ-ਕੀਮਤਾਂ ਦੀ ਸਿੱਖਿਆ ਦੇ ਕੇ ਸਮਾਜ ਨੂੰ ਚੰਗੇ ਨਾਗਰਿਕ ਪ੍ਰਦਾਨ ਕਰਨ ਵਿੱਚ ਅਹਿਮ ਯੋਗਦਾਨ ਪਾਇਆ ਗਿਆ ਹੈ। ਸਮਾਗਮ ਦੌਰਾਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ



ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਗੀਤ, ਕਵਿਤਾਵਾਂ ਅਤੇ ਭੰਗੜੇ ਰਾਹੀਂ ਮਾਸਟਰ ਰਾਮ ਗੋਪਾਲ ਨੂੰ ਸਨਮਾਨ ਭੇਟ ਕੀਤਾ ਗਿਆ। ਇਸ ਮੌਕੇ ਐਸ.ਐਮ.ਸੀ. ਕਮੇਟੀ, ਵੱਖ-ਵੱਖ ਅਧਿਆਪਕਾਂ ਅਤੇ ਗ੍ਰਾਮ ਪੰਚਾਇਤ ਵੱਲੋਂ ਉਨ੍ਹਾਂ ਨੂੰ ਖੂਬਸੂਰਤ ਤੋਹਫੇ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਮਾਸਟਰ ਰਾਮ ਗੋਪਾਲ ਨੇ ਸਕੂਲ ਸਟਾਫ, ਵਿਦਿਆਰਥੀਆਂ ਅਤੇ ਸਿੱਖਿਆ ਵਿਭਾਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੇ ਸੇਵਾਕਾਲ ਦੌਰਾਨ ਮਿਲੇ ਸਹਿਯੋਗ ਅਤੇ ਪਿਆਰ ਨੂੰ ਉਹ ਹਮੇਸ਼ਾ ਯਾਦ ਰੱਖਣਗੇ। ਸਮਾਗਮ ਦੇ ਅੰਤ ਵਿੱਚ ਸਮੂਹ ਹਾਜ਼ਰੀਨ ਨੇ ਉਨ੍ਹਾਂ ਦੇ ਤੰਦਰੁਸਤ ਅਤੇ ਖੁਸ਼ਹਾਲ ਜੀਵਨ ਲਈ ਸ਼ੁੱਭ ਇੱਛਾਵਾਂ ਦਿੱਤੀਆਂ। ਸਟੇਜ ਦੀ ਸੇਵਾ ਮੈਡਮ ਤਜਿੰਦਰ ਕੌਰ ਨੇ ਬਾਖੂਬੀ ਨਿਭਾਈ। ਇਸ ਮੌਕੇ ਗੁਰਦੀਪ ਸਿੰਘ ਘੁੰਮਣ, ਨਰਿੰਦਰ ਕੁਮਾਰ ਗੁਲਾਬਗੜ੍ਹ, ਪਰਮਜੀਤ ਸਿੰਘ, ਜਗਦੀਸ਼ ਕੌਰ, ਰਾਕੇਸ਼ ਕੁਮਾਰ, ਹਰਜੀਤ ਕੁਮਾਰ ਗੁਲਾਬਗੜ੍ਹ, ਗੁਰਮੇਜ ਲਾਲ, ਮੈਡਮ ਕ੍ਰਿਸ਼ਨ ਪ੍ਰਭਾ, ਪਰਮਿੰਦਰ ਸਿੰਘ, ਬਲਵੀਰ ਸਿੰਘ, ਪਿਆਰਾ ਸਿੰਘ ਸੰਗਤਪੁਰ, ਜਸਵੀਰ ਲਾਲ ਨੰਬਰਦਾਰ, ਦਵਿੰਦਰ ਕੌਰ, ਸਰਬਜੀਤ ਸਿੰਘ, ਮੈਡਮ ਸੀਤਾ ਰਾਣੀ, ਗੁਰਵਿੰਦਰ ਕੌਰ, ਪਰਮਜੀਤ ਰਾਮ, ਕਰਮਜੀਤ ਸਿੰਘ, ਜਗਜੀਤ ਕੌਰ, ਮੰਗਲ ਸੈਨ, ਡਾ. ਹਰਸ਼ਰਨ ਸਿੰਘ, ਜਸਵਿੰਦਰ ਕੌਰ, ਜਸਵਿੰਦਰ ਸਿੰਘ ਘੁੰਮਣ, ਨੰਬਰਦਾਰ ਕੁਲਦੀਪ ਸਿੰਘ ਘੁੰਮਣ, ਸੋਨੀ, ਪਰਮਿੰਦਰ ਸਿੰਘ ਸਾਬਕਾ ਪੰਚ ਆਦਿ ਹਾਜ਼ਰ ਸਨ।